24-JAN-PAGE-1.qxd 1/23/2023 10:11 PM Page 1


ਮੰਗਲਵਾਰ, 24 ਜਨਵਰੀ, 2023

11 ਮਾਘ { ਨਾਨਕਸ਼ਾਹੀ 554 / ਬਿਕਰਮੀ 2079

ਜਿਲਦ/VOL. : 71

ਅੰਕ/NO. : 235

# ਨਵਾਂ ਜ਼ਮਾਨਾ

DAILY NAWAN ZAMANA • TUESDAY, 24 JANUARY, 2023

ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12



**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV







## ਪਾਕਿਸਤਾਨ ਦੀ ਬੱਤੀ ਗੁੱਲ

**ਇਸਲਾਮਾਬਾਦ** : ਪਾਕਿਸਤਾਨ ਵਿਚ ਆਰਥਿਕ ਸੰਕਟ ਵਧਣ ਤੋਂ ਬਾਅਦ ਸੋਮਵਾਰ ਜ਼ਿਆਦਾਤਰ ਹਿੱਸਿਆਂ ਵਿਚ ਬਿਜਲੀ ਸੰਕਟ ਖੜ੍ਹਾ ਹੋ ਗਿਆ। ਕੌਮੀ ਗਰਿੱਡ ਵਿਚ ਤਕਨੀਕੀ ਨੁਕਸ ਕਾਰਨ ਲਾਹੌਰ, ਕਰਾਚੀ, ਇਸਲਾਮਾਬਾਦ, ਪੇਸ਼ਾਵਰ ਸਣੇ ਕਈ ਸ਼ਹਿਰਾਂ ਵਿਚ ਬਿਜਲੀ ਗੁੱਲ ਹੋ ਗਈ। 22 ਜ਼ਿਲ੍ਹਿਆਂ ਵਿਚ ਸਵੇਰ ਦੇ ਸਾਢੇ ਸੱਤ ਵਜੇ ਤੋਂ ਬਾਅਦ ਬਿਜਲੀ ਸਪਲਾਈ ਬੰਦ ਹੋ ਗਈ।

## ਹਿਜਾਬ ਮਾਮਲੇ 'ਤੇ ਤਿੰਨ ਮੈਂਬਰੀ ਬੈਂਚ ਬਣੇਗਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਦੱਸਿਆ ਕਿ ਉਹ ਕਰਨਾਟਕ ਦੇ ਸਕੂਲਾਂ 'ਚ ਹਿਜਾਬ ਦੇ ਮਾਮਲੇ 'ਤੇ ਫੈਸਲਾ ਸੁਣਾਉਣ ਲਈ ਤਿੰਨ ਜੱਜਾਂ ਦੀ ਬੈਂਚ ਬਣਾਉਣ 'ਤੇ ਵਿਚਾਰ ਕਰੇਗੀ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਵੀ ਰਾਮ ਸੁਬਰਾਮਨੀਅਨ ਅਤੇ ਜੇ ਬੀ ਪਾਰਦੀਵਾਲਾ ਦੀ ਬੈਂਚ ਨੇ ਸੀਨੀਅਰ ਵਕੀਲ ਮੀਨਾਕਸ਼ੀ ਅਰੋੜਾ ਦੀਆਂ ਅਰਜ਼ੀਆਂ ਦਾ ਨੋਟਿਸ ਲਿਆ, ਜਿਸ ਵਿਚ ਦੱਸਿਆ ਗਿਆ ਸੀ ਕਿ 6 ਫਰਵਰੀ ਤੋਂ ਸੂਬੇ 'ਚ ਕੁਝ ਜਮਾਤਾਂ ਲਈ ਹੋਣ ਵਾਲੀਆਂ ਪ੍ਰੈਕਟੀਕਲ ਪ੍ਰੀਖਿਆਵਾਂ ਨੂੰ ਧਿਆਨ 'ਚ ਰੱਖਦੇ ਹੋਏ ਅੰਤਰਿਮ ਹੁਕਮ ਜਾਰੀ ਕਰਨ ਦੀ ਲੋੜ ਹੈ।

## ਸੁਪਰੀਮ ਕੋਰਟ ਰਾਣਾ ਆਯੂਬ ਦੀ ਗੱਲ ਸੁਣੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਉਹ ਪੱਤਰਕਾਰ ਰਾਣਾ ਆਯੂਬ ਦੀ ਉਸ ਪਟੀਸ਼ਨ 'ਤੇ 25 ਜਨਵਰੀ ਨੂੰ ਸੁਣਵਾਈ ਕਰੇਗੀ, ਜਿਸ 'ਚ ਗਾਜ਼ੀਆਬਾਦ ਦੀ ਇੱਕ ਵਿਸ਼ੇਸ਼ ਪੀ ਐੱਮ ਐੱਲ ਏ ਅਦਾਲਤ ਵੱਲੋਂ ਈ ਡੀ ਰਾਹੀਂ ਦਾਇਰ ਕੀਤੇ ਗਏ ਮਨੀ ਲਾਂਡਰਿੰਗ ਮਾਮਲੇ 'ਚ ਉਸ ਨੂੰ ਜਾਰੀ ਕੀਤੇ ਸੰਮਨ ਨੂੰ ਚੁਣੌਤੀ ਦਿੱਤੀ ਗਈ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਵੀ ਰਾਮ ਸੁਬਰਾਮਨੀਅਮ ਅਤੇ ਜੇ ਬੀ ਪਾਰਦੀਵਾਲਾ ਦੀ ਬੈਂਚ ਨੇ ਸੀਨੀਅਰ ਵਕੀਲ ਵਰਿੰਦਾ ਗਰੋਵਰ ਵੱਲੋਂ ਜ਼ਿਕਰ ਕੀਤੇ ਜਾਣ ਤੋਂ ਬਾਅਦ ਇਹ ਮਾਮਲਾ ਦਰਜ ਕੀਤਾ। ਗਰੋਵਰ ਨੇ ਅਦਾਲਤ ਨੂੰ ਦੱਸਿਆ ਕਿ ਜਿਸ ਬੈਂਚ ਨੇ ਸੋਮਵਾਰ ਇਸ ਮਾਮਲੇ 'ਤੇ ਸੁਣਵਾਈ ਕਰਨੀ ਸੀ, ਉਹ ਮੌਜੂਦ ਨਹੀਂ ਹੈ।

## ਕੋਸ਼ਿਆਰੀ ਅਹੁਦਾ ਛੱਡਣਗੇ



**ਮੁੰਬਈ** : ਮਹਾਰਾਸ਼ਟਰ ਦੇ ਰਾਜਪਾਲ ਭਗਤ ਸਿੰਘ ਕੋਸ਼ਿਆਰੀ ਨੇ ਸੋਮਵਾਰ ਐਲਾਨ ਕੀਤਾ ਕਿ ਉਹ ਰਾਜਪਾਲ ਦਾ ਅਹੁਦਾ ਛੱਡ ਦੇਣਗੇ ਤੇ ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਾਰੀਆਂ ਸਿਆਸੀ ਜ਼ਿੰਮੇਵਾਰੀਆਂ ਤੋਂ ਮੁਕਤ ਹੋਣ ਦੀ ਇੱਛਾ ਦੱਸ ਦਿੱਤੀ ਹੈ। ਕੋਸ਼ਿਆਰੀ ਸ਼ਿਵਾਜੀ ਬਾਰੇ ਦਿੱਤੇ ਬਿਆਨਾਂ ਕਾਰਨ ਚਰਚਾ ਵਿਚ ਸਨ। ਇਸ ਤੋਂ ਪਹਿਲਾਂ ਉਨ੍ਹਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਮਾਰਗ-ਦਰਸ਼ਨ ਵੀ ਮੰਗਿਆ ਸੀ।

## ਮੰਦਰ 'ਚ ਹਾਰ ਪਾਉਂਦੀ ਕਰੇਨ ਡਿੱਗੀ, 4 ਮੌਤਾਂ

**ਚੇਨਈ** : ਅਰਾਕੋਨਮ 'ਚ ਮੰਡਿਆਮਨ ਮੰਦਰ 'ਚ ਤਿਉਹਾਰ ਵੇਲੇ ਕਰੇਨ ਡਿੱਗਣ ਨਾਲ ਚਾਰ ਜਣਿਆਂ ਦੀ ਮੌਤ ਹੋ ਗਈ ਤੇ 9 ਜ਼ਖਮੀ ਹੋ ਗਏ। ਕਰੇਨ ਚਲਾਉਣ ਵਾਲੇ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ। ਇਹ ਪਤਾ ਲੱਗਾ ਹੈ ਕਿ ਮੰਦਰ ਵਿਚ ਕੁਝ ਜਣੇ ਕਰੇਨ ਰਾਹੀਂ ਮੂਰਤੀਆਂ ਨੂੰ ਹਾਰ ਪਾ ਰਹੇ ਸਨ, ਜਦਕਿ ਤਿਉਹਾਰ 'ਚ ਕਰੇਨਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਨਹੀਂ ਸੀ।

# ਬ੍ਰਿਜ ਮੋਹਨ ਖਿਲਾਫ ਯੌਨ ਸ਼ੋਸ਼ਣ ਦੀ ਜਾਂਚ ਮੈਰੀ ਕੌਮ ਦੀ ਕਮੇਟੀ ਕਰੇਗੀ





**ਨਵੀਂ ਦਿੱਲੀ** : ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਮੋਹਨ ਸ਼ਰਨ ਸਿੰਘ ਵੱਲੋਂ ਮਹਿਲਾ ਪਹਿਲਵਾਨਾਂ ਦਾ ਸ਼ੋਸ਼ਣ ਕਰਨ ਦੇ ਮਾਮਲੇ ਦੀ ਜਾਂਚ ਪੰਜ ਮੈਂਬਰੀ ਕਮੇਟੀ ਕਰੇਗੀ, ਜਿਸ ਦੀ ਅਗਵਾਈ ਸਾਬਕਾ ਉੱਘੀ ਮੁੱਕੇਬਾਜ਼ ਖਿਡਾਰਨ ਮੈਰੀ ਕੌਮ ਕਰੇਗੀ।

ਇਹ ਕਮੇਟੀ ਫੈਡਰੇਸ਼ਨ ਦੀਆਂ ਰੋਜ਼ਾਨਾ ਦੀਆਂ ਸਰਗਰਮੀਆਂ ਦੀ ਵੀ ਨਿਗਰਾਨੀ ਕਰੇਗੀ ਤੇ ਸਰਕਾਰ ਨੂੰ ਆਪਣੀ ਰਿਪੋਰਟ ਸੌਂਪੇਗੀ। ਇਸ ਕਮੇਟੀ ਦੇ ਹੋਰਨਾਂ ਮੈਂਬਰਾਂ 'ਚ ਉਲੰਪਿਕ ਤਮਗਾ ਜੇਤੂ ਪਹਿਲਵਾਨ ਯੋਗੇਸ਼ਵਰ ਦੱਤ, ਸਾਬਕਾ ਬੈਡਮਿੰਟਨ ਖਿਡਾਰੀ ਅਤੇ ਮਿਸ਼ਨ ਉਲੰਪਿਕ ਸੈੱਲ ਦੀ ਮੈਂਬਰ ਤ੍ਰਿਪਤੀ ਮੁਰਗੁੰਡੇ, ਸਾਬਕਾ ਟਾਪਸ ਸੀ ਈ ਓ ਰਾਜਗੋਪਾਲਨ ਅਤੇ ਸਾਬਕਾ ਸਾਈ ਕਾਰਜਕਾਰੀ ਨਿਰਦੇਸ਼ਕ ਰਾਧਿਕਾ ਸ੍ਰੀਮਨ ਸ਼ਾਮਲ ਹਨ।

ਇਸ ਕਮੇਟੀ ਦਾ ਐਲਾਨ ਖੇਡ ਮੰਤਰੀ ਅਨੁਰਾਗ ਠਾਕੁਰ ਨੇ ਸੋਮਵਾਰ ਕੀਤਾ। ਪਿਛਲੇ ਦਿਨੀਂ ਜੰਤਰ-ਮੰਤਰ 'ਤੇ ਧਰਨੇ ਦੌਰਾਨ ਕੌਮਾਂਤਰੀ ਮਹਿਲਾ ਪਹਿਲਵਾਨ ਵਿਨੇਸ਼ ਫੋਗਾਟ ਨੇ ਦੋਸ਼ ਲਾਇਆ ਸੀ ਕਿ ਪ੍ਰਧਾਨ ਤੇ ਕੋਚ ਕੌਮੀ ਕੈਂਪਾਂ ਦੌਰਾਨ ਮਹਿਲਾ ਪਹਿਲਵਾਨਾਂ ਦਾ ਯੌਨ ਸ਼ੋਸ਼ਣ ਕਰਦੇ ਰਹੇ ਹਨ।

# ਲੈਫਟੀਨੈਂਟ ਗਵਰਨਰ ਕਸ਼ਮੀਰੀ ਪੰਡਤਾਂ ਤੋਂ ਮੁਆਫੀ ਮੰਗਣ : ਰਾਹੁਲ



**ਜੰਮੂ** : ਇਹ ਦੋਸ਼ ਲਾਉਂਦਿਆਂ ਕਿ ਕਸ਼ਮੀਰੀ ਪੰਡਤ ਸਰਕਾਰ ਦੇ ਹੱਥੋਂ ਬੇਇਨਸਾਫੀ ਦਾ ਸਾਹਮਣਾ ਕਰ ਰਹੇ ਹਨ, ਰਾਹੁਲ ਗਾਂਧੀ ਨੇ ਸੋਮਵਾਰ ਕਿਹਾ ਕਿ ਜਦੋਂ ਕਸ਼ਮੀਰੀ ਪੰਡਤਾਂ ਦਾ ਵਫਦ ਲੈਫਟੀਨੈਂਟ ਗਵਰਨਰ ਨੂੰ ਮਿਲਣ ਗਿਆ ਤਾਂ ਉਨ੍ਹਾ ਵਫਦ ਨੂੰ ਕਿਹਾ ਕਿ ਤੁਹਾਨੂੰ ਭੀਖ ਨਹੀਂ ਮੰਗਣੀ ਚਾਹੀਦੀ।

ਉਨ੍ਹਾ ਕਿਹਾ—ਮੈਂ ਲੈਫਟੀਨੈਂਟ ਗਵਰਨਰ ਜੀ ਨੂੰ ਕਹਿਣਾ ਚਾਹੁੰਦਾ ਹਾਂ ਕਿ ਉਹ ਭੀਖ ਨਹੀਂ, ਆਪਣਾ ਹੱਕ ਮੰਗ ਰਹੇ ਹਨ। ਤੁਹਾਨੂੰ ਕਸ਼ਮੀਰੀ ਪੰਡਤਾਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ।

ਰਾਹੁਲ ਨੇ ਇਹ ਬਿਆਨ ਸਵੇਰੇ ਸਾਂਬਾ ਜ਼ਿਲ੍ਹੇ ਵਿਚ ਭਾਰਤ ਜੋੜੋ ਯਾਤਰਾ ਦੌਰਾਨ ਉਨ੍ਹਾ ਨਾਲ ਕਸ਼ਮੀਰੀ ਪੰਡਤਾਂ ਦੀ ਮੁਲਾਕਾਤ ਤੋਂ ਬਾਅਦ ਦਿੱਤਾ। ਕਸ਼ਮੀਰੀ ਪੰਡਤਾਂ ਨੇ ਉਨ੍ਹਾ ਨੂੰ ਦੱਸਿਆ ਕਿ ਉਨ੍ਹਾਂ ਨੂੰ ਦਹਿਸ਼ਤਗਰਦ ਚੁਣ-ਚੁਣ ਕੇ ਮਾਰ ਰਹੇ ਹਨ। ਰਾਹੁਲ ਨੇ ਸਤਵਾਰੀ 'ਚ ਦਿਨ ਦੀ ਯਾਤਰਾ ਖਤਮ ਹੋਣ 'ਤੇ ਲੋਕਾਂ ਨੂੰ ਸੰਬੋਧਨ ਵੀ ਕੀਤਾ।

## ਚੰਗੀ ਕੁੜੀ ਮਿਲਣ 'ਤੇ ਵਿਆਹ ਕਰਵਾ ਲਵਾਂਗਾ

**ਨਵੀਂ ਦਿੱਲੀ** : ਰਾਹੁਲ ਗਾਂਧੀ ਦਾ ਕਹਿਣਾ ਹੈ ਕਿ ਉਹ ਉਦੋਂ ਵਿਆਹ ਕਰ ਲੈਣਗੇ, ਜਦੋਂ ਚੰਗੀ ਕੁੜੀ ਮਿਲ ਗਈ। ਉਨ੍ਹਾ ਦੇ ਪਰਵਾਰ ਨੇ ਇਸ ਲਈ ਉਚ ਮਾਪਦੰਡ ਰੱਖੇ ਹੋਏ ਹਨ। 52 ਸਾਲਾ ਸਾਬਕਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਉਹ ਵਿਆਹ ਦੇ ਖਿਲਾਫ ਨਹੀਂ। ਉਨ੍ਹਾ ਆਪਣੇ ਮਾਪਿਆਂ ਰਾਜੀਵ ਅਤੇ ਸੋਨੀਆ ਗਾਂਧੀ ਦੇ ਵਿਆਹ ਦੀ ਗੱਲ ਕਰਦਿਆਂ ਕਿਹਾ ਕਿ ਉਹ ਇੱਕ-ਦੂਜੇ ਨਾਲ ਬਹੁਤ ਪਿਆਰ ਕਰਦੇ ਸਨ। ਰਾਹੁਲ ਨੇ ਕਿਹਾ ਕਿ ਜਦੋਂ ਉਨ੍ਹਾ ਦੀ ਜ਼ਿੰਦਗੀ ਵਿਚ ਸਹੀ ਕੁੜੀ ਆਵੇਗੀ ਤਾਂ ਉਹ ਜ਼ਰੂਰ ਵਿਆਹ ਕਰਵਾਉਣਗੇ।

# ਸੈਂਕੜੇ ਲਿਟਰ ਨਕਲੀ ਦੁੱਧ ਬਰਾਮਦ

**ਮਲੋਟ** : ਇਥੋਂ ਦੇ ਐਡਵਰਡਗੰਜ ਗੈੱਸਟ ਹਾਊਸ ਨੇੜੇ ਗਲੀ ਵਿਚ ਡੇਅਰੀ 'ਤੇ ਸੋਮਵਾਰ ਬਾਅਦ ਦੁਪਹਿਰ ਸਿਹਤ ਵਿਭਾਗ ਨੇ ਛਾਪਾ ਮਾਰ ਕੇ ਸੈਂਕੜੇ ਲਿਟਰ ਰਿਫਾਇੰਡ ਤੋਂ ਤਿਆਰ ਕੀਤਾ ਨਕਲੀ ਦੁੱਧ ਅਤੇ ਰਿਫਾਇੰਡ ਦੇ ਟੀਨ ਬਰਾਮਦ ਕੀਤੇ। ਡਾ. ਊਸ਼ਾ ਗੋਇਲ ਅਤੇ ਅਭਿਨਵ ਨੇ ਦੱਸਿਆ ਕਿ ਮਲੋਟ ਸ਼ਹਿਰ ਦੀ ਇਕ ਗਲੀ ਵਿਚ ਇਕ ਕਿਰਾਏ ਦੇ ਮਕਾਨ 'ਚ ਨਕਲੀ ਦੁੱਧ ਤਿਆਰ ਕੀਤੇ ਜਾਣ ਦੀ ਸੂਚਨਾ ਮਿਲੀ ਸੀ, ਜਿਸ ਉਪਰੰਤ ਉਨ੍ਹਾਂ ਦੱਸੀ ਥਾਂ 'ਤੇ ਛਾਪੇਮਾਰੀ ਕੀਤੀ ਤਾਂ ਦੋ ਟੈਂਕਰ ਦੁੱਧ, ਇਕ ਵਿੱਚ ਡੇਢ ਅਤੇ ਦੂਜੇ ਵਿਚ ਲੱਗਭੱਗ ਢਾਈ ਕੁਇੰਟਲ ਦੁੱਧ ਨਾਲ ਰਿਫਾਇੰਡ ਤੇ ਹੋਰ ਕੈਮੀਕਲ ਵੀ ਬਰਾਮਦ ਕੀਤਾ ਗਿਆ, ਜਿਸ ਤੋਂ ਨਕਲੀ ਦੁੱਧ ਤਿਆਰ ਕੀਤਾ ਜਾਂਦਾ ਸੀ।

ਉਨ੍ਹਾ ਦੱਸਿਆ ਕਿ ਇਕ ਲਿਟਰ ਰਿਫਾਇੰਡ ਤੋਂ ਲੱਗਭੱਗ 20 ਲਿਟਰ ਦੁੱਧ ਤਿਆਰ ਕਰਦੇ ਸਨ। ਇਹ ਵੀ ਦੱਸਿਆ ਕਿ ਸੁਨਾਮ ਦਾ ਰਹਿਣ ਵਾਲਾ ਡੇਅਰੀ ਦਾ ਮਾਲਕ ਹਰ ਛੇ ਮਹੀਨਿਆਂ ਬਾਅਦ ਆਪਣਾ ਟਿਕਾਣਾ ਬਦਲ ਲੈਂਦਾ ਸੀ।

# ਸਰਕਾਰੀ ਪ੍ਰਿੰਟਿੰਗ ਪ੍ਰੈੱਸ ਨੂੰ ਅਤਿ-ਆਧੁਨਿਕ ਬਣਾਇਆ ਜਾਵੇਗਾ : ਅਮਨ ਅਰੋੜਾ



**ਚੰਡੀਗੜ੍ਹ** : ਪੰਜਾਬ ਦੇ ਪ੍ਰਿੰਟਿੰਗ ਅਤੇ ਸਟੇਸਨਰੀ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਮੋਹਾਲੀ ਵਿਖੇ ਸਥਿਤ ਸਰਕਾਰੀ ਪ੍ਰੈੱਸ ਨੂੰ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਲਈ ਇੱਕ ਵਿਆਪਕ ਯੋਜਨਾ ਉਲੀਕ ਰਹੀ ਹੈ। ਉਹ ਸੋਮਵਾਰ ਸਰਕਾਰੀ ਪ੍ਰਿੰਟਿੰਗ ਪ੍ਰੈੱਸ ਦੇ ਸੰਚਾਲਨ ਦਾ ਜਾਇਜ਼ਾ ਲੈਣ ਅਤੇ ਵਿਭਾਗ ਦੇ ਕੰਮਕਾਜ ਨੂੰ ਹੋਰ ਸੁਚਾਰੂ ਬਣਾਉਣ ਲਈ ਉਥੇ ਪੁੱਜੇ। ਅਰੋੜਾ ਨੇ ਹਾਲ ਹੀ ਵਿੱਚ ਇਸ ਵਿਭਾਗ ਦੇ ਮੰਤਰੀ ਵਜੋਂ ਅਹੁਦਾ ਸੰਭਾਲਿਆ ਹੈ। ਉਨ੍ਹਾਂ ਨੇ ਪਿਛਲੇ ਹਫਤੇ ਪਟਿਆਲਾ ਵਿਖੇ ਸਰਕਾਰੀ ਪ੍ਰਿੰਟਿੰਗ ਪ੍ਰੈੱਸ ਦਾ ਵੀ ਦੌਰਾ ਕੀਤਾ ਸੀ। ਅਰੋੜਾ ਨੇ ਪ੍ਰਮੁੱਖ ਸਕੱਤਰ ਪ੍ਰਿੰਟਿੰਗ ਅਤੇ ਸਟੇਸ਼ਨਰੀ ਵੀ ਕੇ ਮੀਨਾ, ਕੰਟਰੋਲਰ ਪੁਨੀਤ ਗੋਇਲ ਅਤੇ ਵਧੀਕ ਕੰਟਰੋਲਰ ਆਨੰਦ ਸਾਗਰ ਸ਼ਰਮਾ ਨਾਲ ਪ੍ਰਿੰਟਿੰਗ ਪ੍ਰੈੱਸ ਦੇ ਸਾਰੇ ਸੈਕਸ਼ਨਾਂ ਦਾ ਦੌਰਾ ਕੀਤਾ ਅਤੇ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਗੱਲਬਾਤ ਵੀ ਕੀਤੀ।

# ਸੂਚਨਾ ਤਕਨਾਲੋਜੀ ਐਕਟ 'ਚ ਤਜਵੀਜ਼ਤ ਸੋਧਾਂ ਮੀਡੀਆ 'ਤੇ ਸੈਂਸਰਸ਼ਿਪ ਦੇ ਤੁਲ : ਰੈਡੀ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**- ਇੰਡੀਅਨ ਜਰਨਲਿਸਟਸ ਯੂਨੀਅਨ (ਆਈ ਜੇ ਯੂ) ਨੇ ਕੇਂਦਰ ਸਰਕਾਰ ਵਲੋਂ ਸੂਚਨਾ ਤਕਨਾਲੋਜੀ ਐਕਟ ਵਿੱਚ ਤਜਵੀਜ਼ਤ ਸੋਧਾਂ ਨੂੰ ਪਿਛਲੇ ਦਰਵਾਜਿਓਂ ਮੀਡੀਆ 'ਤੇ ਸੈਂਸਰਸ਼ਿਪ ਲਾਉਣ ਦੇ ਤੁਲ ਕਰਾਰ ਦਿੱਤਾ ਹੈ। ਇੰਡੀਅਨ ਜਰਨਲਿਸਟਸ ਯੂਨੀਅਨ ਦੇ ਪ੍ਰਧਾਨ ਸ੍ਰੀਨਿਵਾਸ ਰੈਡੀ, ਸਕੱਤਰ ਜਨਰਲ ਬਲਵਿੰਦਰ ਸਿੰਘ ਜੰਮੂ ਨੇ ਕਿਹਾ ਹੈ ਕਿ ਆਈ ਟੀ ਐਕਟ ਵਿੱਚ ਤਜਵੀਜਤ ਸੋਧਾਂ ਕਰਕੇ ਪ੍ਰੈੱਸ ਇਨਫਰਮੇਸ਼ਨ ਬਿਊਰੋ (ਪੀ ਆਈ ਬੀ) ਜਾਂ ਕਿਸੇ ਸਰਕਾਰੀ ਏਜੰਸੀ ਨੂੰ ਆਨਲਾਈਨ ਪਲੇਟਫਾਰਮਾਂ ਤੋਂ ਖਬਰ ਜਾਂ ਕੋਈ ਜਾਣਕਾਰੀ ਹਟਾਉਣ ਦਾ ਅਧਿਕਾਰ ਦੇਣ ਦਾ ਮਾਮਲਾ ਐਮਰਜੈਂਸੀ ਦੇ ਦਿਨਾਂ ਦੀ ਯਾਦ ਤਾਜ਼ਾ ਕਰਵਾ ਦਿੰਦਾ ਹੈ। ਵਰਨਣਯੋਗ ਹੈ ਕਿ ਐਮਰਜੈਂਸੀ ਦੌਰਾਨ ਪੀ ਆਈ ਬੀ ਹੀ ਖਬਰਾਂ ਲਾਉਣ, ਹਟਾਉਣ ਦਾ ਫੈਸਲਾ ਕਰਦੀ ਸੀ। ਪਿਛਲੇ ਦਿਨੀਂ ਆਈ ਟੀ ਕਾਨੂੰਨ ਵਿੱਚ ਤਬਦੀਲੀ ਕਰਨ ਦਾ ਖਰੜਾ ਤਿਆਰ ਕੀਤਾ ਗਿਆ ਹੈ ਜਿਸ ਵਿਚ ਪੀ ਆਈ ਬੀ ਜਾਂ ਕਿਸੇ ਹੋਰ ਸਰਕਾਰੀ ਏਜੰਸੀ ਨੂੰ ਆਨਲਾਈਨ ਪਲੇਟਫਾਰਮਾਂ ਤੋਂ ਖਬਰਾਂ ਹਟਾਉਣ ਦਾ ਅਧਿਕਾਰ ਦੇਣ ਦੀ ਵਿਵਸਥਾ ਕੀਤੀ ਗਈ ਹੈ। ਇਸ ਵਿਚ ਇਕ ਵਾਰ ਹਟਾਈ ਗਈ ਖਬਰ ਨੂੰ ਮੁੜ ਲਗਵਾਉਣ ਜਾਂ ਅਪੀਲ ਕਰਨ ਦੀ ਵੀ ਵਿਵਸਥਾ ਨਹੀਂ ਹੈ।

ਯਾਦ ਰਹੇ ਸਾਲ 2015 ਵਿੱਚ ਸੁਪਰੀਮ ਕੋਰਟ ਨੇ ਆਈ ਟੀ ਐਕਟ ਦੀ ਧਾਰਾ 66ਏ ਰੱਦ ਕਰ ਦਿੱਤੀ ਸੀ ਕਿਉਂਕਿ ਇਹ ਗੈਰਸੰਵਿਧਾਨਕ ਸੀ ਤੇ ਇਹ ਸੰਵਿਧਾਨ ਦੇ ਆਰਟੀਕਲ 19 (2) ਵਿੱਚ ਬੋਲਣ ਦੀ ਆਜ਼ਾਦੀ ਦੇ ਮਿਲੇ ਅਧਿਕਾਰਾਂ ਦੇ ਵਿਰੁੱਧ ਹੈ। ਸ਼ੋਸ਼ਲ ਮੀਡੀਆ ਵਿੱਚ ਗੈਰਵਾਜਬ ਵੀ ਪੋਸਟਾਂ ਵੀ ਚਲਦੀਆਂ ਹਨ ਪਰ ਸ਼ੋਸ਼ਲ ਮੀਡੀਆ ਵੱਡੇ ਪੱਧਰ ਸੂਚਨਾਵਾਂ ਅਤੇ ਜਾਣਕਾਰੀਆਂ ਦੇਣ ਦਾ ਵੱਡਾ ਸਾਧਨ ਵੀ ਹੈ। ਅਸੀਂ ਮੰਗ ਕਰਦੇ ਹਾਂ ਕਿ ਸਰਕਾਰ ਪ੍ਰਸਤਾਵਿਤ ਖਰੜੇ ਨੂੰ ਫੌਰੀ ਰੱਦ ਕਰੇ। ਇਸ ਮੰਤਵ ਲਈ ਆਜ਼ਾਦਨਾ ਸੰਸਥਾ ਕਾਇਮ ਕਰੇ ਜਿਸ ਵਿੱਚ ਮੀਡੀਆ ਦੇ ਨੁਮਾਇੰਦੇ ਹੋਣ।

# 27 ਜਨਵਰੀ ਨੂੰ 500 ਆਮ ਆਦਮੀ ਕਲੀਨਿਕ ਹੋਣਗੇ ਸ਼ੁਰੂ, ਮਾਨ ਅੰਮ੍ਰਿਤਸਰ 'ਚ ਕਰਨਗੇ ਉਦਘਾਟਨ



**ਚੰਡੀਗੜ੍ਹ (ਗੁਰਜੀਤ ਬਿੱਲਾ)**

27 ਜਨਵਰੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਦੇ ਲੋਕਾਂ ਨੂੰ 500 ਆਮ ਆਦਮੀ ਕਲੀਨਿਕ (ਮੁਹੱਲਾ ਕਲੀਨਿਕ) ਤੋਹਫੇ ਵਜੋਂ ਸਮਰਪਤ ਕਰਨਗੇ। ਇਸ ਤੋਂ ਪਹਿਲਾਂ ਉਨ੍ਹਾ ਆਜ਼ਾਦੀ ਦਿਵਸ ਮੌਕੇ 15 ਅਗਸਤ ਨੂੰ ਪਹਿਲੇ ਪੜਾਅ ਵਿੱਚ ਬਣਾਏ ਗਏ 100 ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਸੀ। ਹੁਣ 400 ਨਵੇਂ ਕਲੀਨਿਕਾਂ ਦੇ ਮੁਕੰਮਲ ਹੋਣ ਤੋਂ ਬਾਅਦ ਪੰਜਾਬ ਵਿੱਚ ਆਮ ਆਦਮੀ ਕਲੀਨਿਕਾਂ ਦੀ ਕੁੱਲ ਗਿਣਤੀ 500 ਹੋ ਜਾਵੇਗੀ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਸੋਮਵਾਰ ਨੂੰ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 27 ਜਨਵਰੀ ਨੂੰ ਅੰਮ੍ਰਿਤਸਰ 'ਚ ਇੱਕ ਉਦਘਾਟਨੀ ਪ੍ਰੋਗਰਾਮ ਹੋਵੇਗਾ, ਜਿੱਥੇ ਮੁੱਖ ਮੰਤਰੀ ਭਗਵੰਤ ਮਾਨ ਨਵੇਂ ਮੁਹੱਲਾ ਕਲੀਨਿਕਾਂ ਦਾ ਉਦਘਾਟਨ ਕਰਨਗੇ, ਜਦਕਿ 'ਆਪ' ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਚੀਮਾ ਨੇ ਕਿਹਾ ਕਿ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ

● ਬਾਕੀ ਸਫ਼ਾ 2 'ਤੇ

## ਵਿਸ਼ੇਸ਼ ਸਪਲੀਮੈਂਟ



ਗਣਤੰਤਰ ਦਿਵਸ ਮੌਕੇ **ਸਮਰਾਲਾ** ਤੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਸੁਰਜੀਤ ਸਿੰਘ** ਨਾਲ 98154-61301 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

## ਅੱਜ-ਨਾਮਾ

ਚਾਈਨਾ ਡੋਰ ਨਹੀਂ ਅਜੇ ਤੱਕ ਫੜੀ ਜਾਂਦੀ,
ਵਿਕਦਾ ਪਿਆ ਬਾਜ਼ਾਰ ਵਿੱਚ ਮਾਲ ਮੀਆਂ।
ਜੀਹਦੇ ਫਸ ਜਾਂਦੀ ਰਾਹ ਵਿੱਚ ਜਾਂਦਿਆਂ ਦੇ,
ਡਿੱਗ ਪੈਣ ਸੜਕ ਦੇ ਉੱਤੇ ਨਿਢਾਲ ਮੀਆਂ।
ਕੱਟ ਕੇ ਗਰਦਨ ਆ ਕਿਸੇ ਦੀ ਮੌਤ ਹੁੰਦੀ,
ਜ਼ਖਮੀ ਹੋਇਆਂ ਦਾ ਬੁਰਾ ਹੈ ਹਾਲ ਮੀਆਂ।
ਕਹੀਏ ਪੁਲਸ ਨੂੰ ਕਰੋ ਇਹ ਬੰਦ ਵਿਕਰੀ,
ਲਾਰਿਆਂ ਨਾਲ ਹੀ ਦੇਣ ਉਹ ਟਾਲ ਮੀਆਂ।
ਮਰਦੇ ਰਹਿੰਦੇ ਹਨ ਅਜੇ ਤੱਕ ਆਮ ਲੋਕੀਂ,
ਜਿਹੜਿਆਂ ਕੋਲ ਨਾ ਕੋਈ ਵੀ ਟੇਕ ਮੀਆਂ।
ਉਸ ਦਿਨ ਹੋ ਜਾਊਗੀ ਤੇਜ਼ ਮੁਹਿੰਮ ਇਹੀ,
ਲੱਗਾ ਵੱਡਿਆਂ ਨੂੰ ਜਿਸ ਦਿਨ ਸੇਕ ਮੀਆਂ।

-ਤੀਸ ਮਾਰ ਖਾਂ

# 'ਸੈਂਡ ਸ਼ਾਰਕ' ਨੇਵੀ 'ਚ ਸ਼ਾਮਲ



**ਮੁੰਬਈ** : ਈ ਐੱਨ ਐੱਸ ਵਗੀਰ ਨੂੰ ਭਾਰਤੀ ਜਲ ਸੈਨਾ ਵਿਚ ਸੋਮਵਾਰ ਸ਼ਾਮਲ ਕੀਤਾ ਗਿਆ, ਜਿਹੜੀ ਅਜਿਹੀ ਸ਼੍ਰੇਣੀ ਦੀ ਪੰਜਵੀਂ ਪਣਡੁੱਬੀ ਹੈ। ਇਸ ਪਣਡੁੱਬੀ ਨੂੰ ਮੁੰਬਈ ਦੇ ਨੇਵਲ ਡਾਕਯਾਰਡ ਵਿਚ ਜਲ ਸੈਨਾ ਮੁਖੀ ਐਡਮਿਰਲ ਆਰ ਹਰੀ ਕੁਮਾਰ ਦੀ ਮੌਜੂਦਗੀ ਵਿਚ ਸ਼ਾਮਲ ਕੀਤਾ ਗਿਆ।

ਇਹ ਪਣਡੁੱਬੀ ਸਮੁੰਦਰ ਵਿਚ ਬਾਰੂਦੀ ਸੁਰੰਗਾਂ ਵਿਛਾਉਣ ਦਾ ਵੀ ਕੰਮ ਕਰ ਸਕਦੀ ਹੈ। ਇਸ ਦੀ ਖਾਸੀਅਤ ਕਾਰਨ ਇਸ ਨੂੰ ਸੈਂਡ ਸ਼ਾਰਕ ਦਾ ਨਾਂਅ ਦਿੱਤਾ ਗਿਆ ਹੈ। ਇਸ ਦਾ ਨਿਰਮਾਣ ਭਾਰਤ ਵਿਚ ਕੀਤਾ ਗਿਆ ਹੈ। ਭਾਰਤੀ ਜਲ ਸੈਨਾ ਅਨੁਸਾਰ ਇਹ ਪਣਡੁੱਬੀ ਭਾਰਤੀ ਜਲ ਸੈਨਾ ਦੀ ਸਮਰੱਥਾ ਨੂੰ ਵਧਾਏਗੀ।

## ਸ਼ਾਦੀ ਮੁਬਾਰਕ



**ਰਣਜੀਤ ਸਿੰਘ ਮਿਆਣੀ (ਲੁਧਿਆਣਾ)**

ਨੇ ਬਿਨਾਂ ਦਾਜ-ਦਹੇਜ਼ ਕਰਵਾਈ ਆਪਣੀ ਸ਼ਾਦੀ ਮੌਕੇ
ਮਾਸਟਰ ਹਰਪਾਲ ਸਿੰਘ ਘੁੰਮਣ ਰਾਹੀਂ
'ਨਵਾਂ ਜ਼ਮਾਨਾ' ਨੂੰ 5 ਹਜ਼ਾਰ ਰੁਪਏ
ਦੀ ਸਹਾਇਤਾ ਭੇਜੀ ਹੈ।

**ਅਦਾਰਾ ਧੰਨਵਾਦੀ ਹੈ ਤੇ ਉਹਨਾਂ ਦੇ ਸਫਲ ਗ੍ਰਹਿਸਥੀ ਜੀਵਨ ਦੀ ਕਾਮਨਾ ਕਰਦਾ ਹੈ।**


ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ।
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥



ਸਵ: ਸ. ਹਰਬੰਸ ਸਿੰਘ ਕੰਡਾ
1921-2023

ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਪਿਤਾ

**ਸ. ਹਰਬੰਸ ਸਿੰਘ ਕੰਡਾ ਜੀ**

ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਮਿਤੀ 20 ਜਨਵਰੀ 2023 ਦਿਨ ਸ਼ੁੱਕਰਵਾਰ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ । ਉਹਨਾਂ ਦੀ ਆਤਮਿਕ ਸ਼ਾਂਤੀ ਲਈ

**ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ**

ਮਿਤੀ 24 ਜਨਵਰੀ 2023 ਦਿਨ ਮੰਗਲਵਾਰ ਨੂੰ ਦੁਪਿਹਰ 12:30 ਵਜੇ ਤੋਂ 1:30 ਵਜੇ ਤੱਕ
ਗੁਰਦੁਆਰਾ ਕਲਗੀਧਰ ਸਾਹਿਬ, ਦੱਤ ਰੋਡ, ਮੋਗਾ
ਵਿਖੇ ਹੋਵੇਗੀ । ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ।

ਦੁਖੀ ਹਿਰਦੇ:

| | | | |
|---|---|---|---|
| ਪ੍ਰੀਤਮ ਸਿੰਘ ਕੰਡਾ-ਗੁਰਮੀਤ ਕੌਰ | (ਸਪੁੱਤਰ-ਨੂੰਹ) | ਡਾ: ਹਰਿੰਦਰ ਸਿੰਘ ਕੰਡਾ-ਡਾ: ਪ੍ਰਵੀਨ | (ਪੋਤਰਾ-ਪੋਤਨੂੰਹ) |
| ਦਰਸ਼ਨ ਸਿੰਘ ਕੰਡਾ-ਰਵਿੰਦਰ ਕੌਰ | (ਸਪੁੱਤਰ-ਨੂੰਹ) | ਸੁਰਿੰਦਰ ਸਿੰਘ ਕੰਡਾ-ਗੁਰਿੰਦਰ ਕੌਰ | (ਪੋਤਰਾ-ਪੋਤਨੂੰਹ) |
| ਸਤਿੰਦਰ ਕੌਰ-ਸਵ: ਬਚਨ ਸਿੰਘ | (ਧੀ-ਜਵਾਈ) | ਭੁਪਿੰਦਰ ਸਿੰਘ ਕੰਡਾ-ਮੀਰਾ | (ਪੋਤਰਾ-ਪੋਤਨੂੰਹ) |
| ਸੁਰਿੰਦਰ ਕੌਰ-ਸਵ: ਮਨਮੋਹਨ ਸਿੰਘ | (ਧੀ-ਜਵਾਈ) | ਅਮਨਦੀਪ ਸਿੰਘ ਕੰਡਾ-ਰੁਪਿੰਦਰ ਕੌਰ | (ਪੋਤਰਾ-ਪੋਤਨੂੰਹ) |
| ਰਮਿੰਦਰ ਸਿੰਘ "ਰਾਜੂ" | (ਦੋਹਤਾ) | ਹਰਿਮਨ ਕੰਡਾ, ਤੁਸ਼ਾਰ ਕੰਡਾ, ਏਕਵੀਰ ਕੰਡਾ | (ਪੜਪੋਤਰੇ) |

**ਭਾਰਤ ਫਰਨੀਚਰ**
ਅਕਾਲਸਰ ਰੋਡ, ਨੇੜੇ ਰੇਲਵੇ ਫਾਟਕ, ਮੋਗਾ
ਰਿਸ਼ਤੇਦਾਰ ਅਤੇ ਮਿੱਤਰ
M: 93563-10520, 98146-30922

24-JAN-PAGE-1.qxd 1/23/2023 10:13 PM Page 2



## ਵਿਧਾਇਕ ਪੰਡੋਰੀ ਨੇ ਸਹਿਜੜਾ ਤੇ ਕਲਾਲਾ 'ਚ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ



**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**-ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡਾਂ ਦਾ ਸਰਵਪੱਖੀ ਵਿਕਾਸ ਪਹਿਲ ਦੇ ਅਧਾਰ 'ਤੇ ਕਰਵਾ ਕੇ ਪਿੰਡਾਂ ਦੀ ਨੁਹਾਰ ਬਦਲੀ ਜਾਵੇਗੀ। ਇਹ ਪ੍ਰਗਟਾਵਾ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਹਲਕੇ ਦੇ ਪਿੰਡ ਸਹਿਜੜਾ ਤੇ ਕਲਾਲਾ ਵਿਖੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਸਮੇਂ ਕੀਤਾ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਹਲਕਾ ਮਹਿਲ ਕਲਾਂ ਦਾ ਵਿਕਾਸ ਨਹੀਂ ਸਿਰਫ ਵਿਨਾਸ਼ ਹੀ ਹੋਇਆ। ਅਜੇ ਵੀ ਲੋਕ ਮੁੱਢਲੀਆਂ ਸਹੂਲਤਾਂ ਤੋਂ ਵਾਂਝੇ ਹਨ। ਇਸ ਮੌਕੇ ਸਮੂਹ ਗਰਾਮ ਪੰਚਾਇਤਾਂ ਵੱਲੋਂ ਜਿੱਥੇ ਹਲਕਾ ਵਿਧਾਇਕ ਪੰਡੋਰੀ ਨੂੰ ਪਿੰਡ ਦੀਆਂ ਵੱਖ-ਵੱਖ ਮੰਗਾਂ ਸਬੰਧੀ ਜਾਣੂ ਕਰਵਾਇਆ, ਉਥੇ ਵਿਧਾਇਕ ਪੰਡੋਰੀ ਸਮੇਤ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸਰਪੰਚ ਰਮਨਦੀਪ ਸਿੰਘ, ਸਰਪੰਚ ਮਨਜੀਤ ਕੌਰ, ਭਾਈ ਮਨਜੀਤ ਸਿੰਘ ਸਹਿਜੜਾ, ਗੁਰਜੀਤ ਸਿੰਘ ਧਾਲੀਵਾਲ, ਸੰਮਤੀ ਮੈਂਬਰ ਜਗਜੀਤ ਕੌਰ, ਜਰਨੈਲ ਸਿੰਘ, ਦਰਸ਼ਨ ਸਿੰਘ ਪੰਡੋਰੀ ਆਦਿ ਹਾਜ਼ਰ ਸਨ।

## ਮਾਨਸ਼ਾਹੀਆ ਦੇ ਪਰਵਾਰ ਵੱਲੋਂ ਲੋੜਵੰਦਾਂ ਤੇ ਅਪਾਹਜਾਂ ਲਈ ਸਹਾਇਤਾ ਕਾਰਜ ਜਾਰੀ



**ਮਾਨਸਾ (ਆਤਮਾ ਸਿੰਘ ਪਮਰ)**-ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ ਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਪਿਛਲੇ ਕੁਝ ਸਮੇਂ ਤੋਂ ਲੋੜਵੰਦ ਔਰਤਾਂ ਨੂੰ ਆਪਣਾ ਰੁਜ਼ਗਾਰ ਚਲਾਉਣ ਲਈ ਸਿਲਾਈ ਮਸ਼ੀਨਾਂ ਤੇ ਅਪਹਜਾਂ ਨੂੰ ਟਰਾਈਸਾਈਕਲ ਦੇ ਕੇ ਸਮੇਂ ਸਮੇਂ 'ਤੇ ਸਹਾਇਤਾ ਕੀਤੀ ਜੀ ਰਹੀ ਹੈ। ਇਸ ਲਗਾਤਾਰਤਾ ਨੂੰ ਜਾਰੀ ਰੱਖਦੇ ਹੋਏ ਅੱਜ ਵਿਧਾਨ ਸਭਾ ਹਲਕਾ ਮਾਨਸਾ ਦੇ ਪਿੰਡ ਹੀਰੋਂ ਕਲਾਂ ਵਿਖੇ ਲੋੜਵੰਦ ਔਰਤਾਂ ਨੂੰ ਆਪਣਾ ਰੋਜ਼ਗਾਰ ਚਲਾਉਣ ਲਈ 4 ਚਾਰ ਸਿਲਾਈ ਮਸ਼ੀਨਾਂ ਤੇ ਅਪਾਹਜ ਵਿਅਕਤੀਆਂ ਨੂੰ 3 ਟਰਾਈਸਾਈਕਲ ਦਿੱਤੇ ਗਏ। ਸਾਬਕਾ ਵਿਧਾਇਕ ਮਾਨਸ਼ਾਹੀਆ ਤੇ ਉਨ੍ਹਾਂ ਦੇ ਪਰਿਵਾਰ ਦੀ ਇਸ ਸਮਾਜ ਭਲਾਈ ਵਾਲੇ ਕਾਰਜ ਦੀ ਪਿੰਡ ਵਾਸੀਆਂ ਤੇ ਇਲਾਕੇ ਦੇ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਦੇ ਨਾਲ ਨਾਲ ਖੂਬ ਚਰਚਾ ਵੀ ਕੀਤੀ ਜਾ ਰਹੀ ਹੈ। ਇਸ ਸਮੇਂ ਸਾਬਕਾ ਵਿਧਾਇਕ ਮਾਨਸ਼ਾਹੀਆ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਉਹ ਤੇ ਉਨ੍ਹਾਂ ਦਾ ਪਰਿਵਾਰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਤੇ ਬਿਨਾਂ ਕਿਸੇ ਭੇਦ-ਭਾਵ ਤੋਂ ਲਗਾਤਾਰ ਜਾਰੀ ਰੱਖਣਗੇ, ਕਿਉਂਕਿ ਅਜਿਹੇ ਸ਼ੁਭ ਕਾਰਜ ਉਨ੍ਹਾਂ ਲਈ ਖੁਸ਼ੀ ਤੇ ਸਕੂਨ ਦਾ ਸਰੋਤ ਹੋ ਨਿੱਬੜਦੇ ਹਨ। ਇਸ ਸਮੇਂ ਮੌਜੂਦਾ ਸਰਪੰਚ ਹਰਪਾਲ ਸਿੰਘ, ਮੈਂਬਰ ਕੁਲਦੀਪ ਸਿੰਘ, ਸੁਖਦੇਵ ਸਿੰਘ ਤੇ ਪਿੰਡ ਦੇ ਹੋਰ ਮੋਹਤਬਰ ਵਿਅਕਤੀ ਹਾਜ਼ਰ ਸਨ।

## ਮਹਾਂਵੀਰ ਗਊਸ਼ਾਲਾ 'ਚ ਚੱਲ ਰਹੀ 24ਵੀਂ ਇਕੋਤਰੀ ਦੇ ਭੋਗ ਪਾਏ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਰਬੱਤ ਦੇ ਭਲੇ ਲਈ ਮਹਾਂਵੀਰ ਗਊਸ਼ਾਲਾ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 401 ਸ੍ਰੀ ਅਖੰਡ ਪਾਠਾਂ ਦੀ 24ਵੀ ਇਕੋਤਰੀ ਦੇ ਭੋਗ ਪਾਏ ਗਏ।ਇਸ ਮੌਕੇ ਜਿੱਥੇ ਰਾਗੀ ਸਿੰਘਾਂ ਨੇ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ, ਉੱਥੇ ਖੂਨਦਾਨ ਕੈਂਪ ਲਗਾਇਆ ਗਿਆ। ਸਮਾਪਤੀ ਸਮਾਰੋਹ ਵਿੱਚ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਰਾਜ ਸਭਾ ਮੈਂਬਰ, ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਵਿਧਾਇਕ ਗੁਰਮੀਤ ਸਿੰਘ ਖੁੱਡੀਆਂ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਲਗਵਾਈ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਇਕੋਤਰੀ ਦੀ ਵਧਾਈ ਦਿੰਦੇ ਹੋਏ ਗਊਸ਼ਾਲਾ ਵੱਲੋਂ ਬੇਸਹਾਰਾ ਗਊਆਂ ਦੀ ਸੰਭਾਲ ਤੇ ਮਾਨਵਤਾ ਭਲਾਈ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਦੂਸ਼ਿਤ ਹੋ ਰਹੇ ਹਵਾ ਤੇ ਪਾਣੀ ਬਾਰੇ ਵੀ ਸੰਗਤਾਂ ਨੂੰ ਜਾਗਰੂਕ ਕੀਤਾ। ਗਊਸ਼ਾਲਾ ਦੇ ਸੇਵਾਦਾਰ ਸੰਦੀਪ ਜੂਰੀ ਨੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਗਿਰਧਾਰੀ ਲਾਲ ਜੀ ਵੱਲੋਂ ਸ਼ੁਰੂ ਕੀਤੀ ਪ੍ਰੰਪਰਾ ਅਨੁਸਾਰ ਅੱਜ 24ਵੀਂ ਇਕੋਤਰੀ ਦੇ ਭੋਗ ਪਾਏ ਗਏ। ਉਨ੍ਹਾ ਆਈ ਸੰਗਤ ਦਾ ਅਤੇ ਇਕੋਤਰੀ ਸਮਾਗਮ ਵਿੱਚ ਸਹਿਯੋਗ ਕਰਨ ਵਾਲਿਆਂ ਦਾ ਧੰਨਵਾਦ ਕੀਤਾ।

## ਜਲਦ ਬਣੇਗੀ ਪੱਖੀ ਕਲਾਂ-ਖਵਾਜ਼ਾ ਖੜਕ ਤੱਕ ਸੜਕ : ਸੇਖੋਂ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਫਿਰੋਜ਼ਪੁਰ-ਫਰੀਦਕੋਟ ਰੋਡ ਤੋਂ ਪਿੰਡ ਪੱਖੀ ਕਲਾਂ-ਪਹਿਲੂ ਵਾਲਾ-ਖਵਾਜ਼ਾ ਖੜਕ ਤੱਕ ਕਰੀਬ 16 ਕਿਲੋਮੀਟਰ ਸੜਕ ਨੂੰ 10 ਫੁੱਟ ਤੋਂ 18 ਫੁੱਟ ਤੱਕ ਚੌੜਾ ਕਰਕੇ ਬਣਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਤੇ ਈ.ਟੀ.ਓ. ਮੰਤਰੀ ਲੋਕ ਨਿਰਮਾਣ ਵਿਭਾਗ ਸ੍ਰ. ਹਰਭਜਨ ਸਿੰਘ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਦੱਸਿਆ ਕਿ ਇਸ ਸੜਕ ਦੇ ਬਣਨ ਨਾਲ ਜਿੱਥੇ ਪਿੰਡ ਪੱਖੀ ਕਲਾਂ, ਪਹਿਲੂ ਵਾਲਾ ਤੇ ਖਵਾਜ਼ਾ ਖੜਕ ਵਾਲਿਆਂ ਨੂੰ ਵਿਸ਼ੇਸ਼ ਤੌਰ 'ਤੇ ਫਾਇਦਾ ਹੋਵੇਗਾ, ਓਥੇ ਆਉਣ-ਜਾਣ ਵਾਲਿਆਂ ਲਈ ਵੀ ਇਹ ਸਫਰ ਸੁਖਾਲਾ ਹੋ ਜਾਵੇਗਾ। ਉਨ੍ਹਾ ਦੱਸਿਆ ਕਿ ਇਸ ਸੜਕ ਨੂੰ ਨਾਬਾਰਡ ਸਕੀਮ ਦੇ ਤਹਿਤ ਚੌੜਾ ਤੇ ਨਵਾਂ ਬਣਾਉਣ ਦੀ ਪ੍ਰਵਾਨਗੀ ਮਿਲ ਚੁੱਕੀ ਹੈ ਅਤੇ ਇਸ 'ਤੇ ਕਰੀਬ 12 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾ ਦੱਸਿਆ ਕਿ ਫਰੀਦਕੋਟ ਵਿਖੇ ਪਿੰਡਾਂ ਦੀਆਂ ਹੋਰ ਵੀ ਸੜਕਾਂ ਨੂੰ ਚੌੜਾ ਤੇ ਪੱਕਾ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ। ਹਲਕਾ ਨਿਵਾਸੀਆਂ ਦੀ ਮੰਗ ਅਨੁਸਾਰ ਜਿਹੜੀਆਂ ਵੀ ਹੋਰ ਸੜਕਾਂ ਨੂੰ ਪੱਕਾ ਤੇ ਚੌੜਾ ਕਰਨਾ ਹੈ, ਸਬੰਧੀ ਕੰਮ ਜਲਦੀ ਸ਼ੁਰੂ ਕੀਤੇ ਜਾਣਗੇ।

## ਸਰਕਾਰੀ ਕੰਨਿਆ ਸਕੂਲ ਨੂੰ ਸਕੂਲ ਆਫ਼ ਐਮੀਨੈਂਸ 'ਚ ਸ਼ਾਮਲ ਕਰਨ ਲਈ ਧੰਨਵਾਦ



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸਿੰਘ ਸੋਢੀ)**-ਵਿੱਦਿਆ ਦੇ ਖੇਤਰ ਵਿੱਚ ਅਹਿਮ ਕੰਮ ਕਰ ਰਹੀ ਪੰਜਾਬ ਸਰਕਾਰ ਨੇ ਸੂਬੇ ਵਿੱਚ ਚੰਗੀ ਪੜ੍ਹਾਈ ਦੇਣ ਦੇ ਉਪਰਾਲੇ ਲਈ 117 ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਸਕੀਮ ਤਹਿਤ ਵਧੀਆ ਸਹੂਲਤਾਂ ਦੇਣ ਲਈ ਚੁਣਿਆ ਹੈ, ਇਸ ਤਹਿਤ ਹਰ ਹਲਕੇ ਵਿੱਚ ਇੱਕ ਸਕੂਲ ਨੂੰ ਇਸ ਸਕੀਮ ਲਈ ਚੁਣਿਆ ਹੈ। ਫ਼ਿਰੋਜ਼ਪੁਰ ਦਿਹਾਤੀ ਹਲਕੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਨੂੰ ਇਸ ਸਕੀਮ ਵਿੱਚ ਸ਼ਾਮਲ ਕੀਤਾ ਗਿਆ ਹੈ। ਬਾਰਡਰ ਖੇਤਰ ਨੂੰ ਦਿੱਤੇ ਇਸ ਤੋਹਫ਼ੇ ਲਈ ਆਮ ਆਦਮੀ ਪਾਰਟੀ ਦੀ ਮਮਦੋਟ ਦੀ ਸਮੁੱਚੀ ਟੀਮ ਨੇ ਹਲਕਾ ਫ਼ਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਸ੍ਰੀ ਰਜਨੀਸ਼ ਦਹੀਆ ਜੀ ਦਾ ਧੰਨਵਾਦ ਕੀਤਾ ਹੈ। ਧੰਨਵਾਦ ਕਰਨ ਲਈ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਮਮਦੋਟ ਦੀ ਟੀਮ ਸਕੂਲ ਪਹੁੰਚੀ ਅਤੇ ਇਸ ਸਕੀਮ ਤਹਿਤ ਆਉਣ ਵਾਲੀਆਂ ਸਹੂਲਤਾਂ ਪ੍ਰਤੀ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਵੈਰ ਸਿੰਘ ਸਿੱਧੀ ਜ਼ਿਲ੍ਹਾ ਮੀਡੀਆ ਇੰਚਾਰਜ ਫ਼ਿਰੋਜ਼ਪੁਰ, ਸੀਨੀਅਰ ਆਗੂ ਬਲਰਾਜ ਸਿੰਘ ਸੰਧੂ, ਜ਼ਿਲ੍ਹਾ ਐਸ ਸੀ ਵਿੰਗ ਪ੍ਰਧਾਨ ਬਲਵਿੰਦਰ ਸਿੰਘ ਰਾਊਕੇ, ਸਰਕਲ ਪ੍ਰਧਾਨ ਗੁਰਨਾਮ ਸਿੰਘ ਹਜਾਰਾਂ, ਬਲਾਕ ਪ੍ਰਧਾਨ ਬਲਵੀਰ ਸਿੰਘ ਫਤੇਵਾਲਾ, ਸੰਜੀਵ ਧਵਨ ਮਮਦੋਟ, ਉਪਿੰਦਰ ਸਿੰਘ ਸਿੱਧੀ ਐਮ ਸੀ ਮਮਦੋਟ, ਬਲਵਿੰਦਰ ਸਿੰਘ ਸੇਠਾਂ ਵਾਲਾ ਐਮ ਸੀ, ਸ਼ਿੰਗਾਰਾ ਸਿੰਘ ਸਾਬਕਾ ਐੱਮ ਸੀ, ਕਿਰਪਾਲ ਸਿੰਘ ਨੰਬਰਦਾਰ ਲਖਮੀਰ ਕੇ, ਦਲਜੀਤ ਸਿੰਘ ਜੋਸਨ ਰਹੀਮੇ ਕੇ, ਬਗੀਚਾ ਸਿੰਘ ਕਾਲੂ ਅਰਾਈਂ, ਦਰਸ਼ਨ ਸਿੰਘ ਜੋਧਪੁਰ ਤੇ ਹੋਰ ਬਹੁਤ ਸਾਰੇ ਆਗੂ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

## 5 ਰੋਜ਼ਾ ਸ਼ਿਵ ਕਥਾ ਦਾ ਆਯੋਜਨ 15 ਨੂੰ

**ਮਲੋਟ (ਗੁਰਮੀਤ ਸਿੰਘ ਮੱਕੜ)**-ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸ਼ਿਵਰਾਤਰੀ ਦੇ ਸਬੰਧ ਵਿੱਚ ਭਗਵਾਨ ਸ਼ਿਵ ਕਥਾ ਦਾ ਆਯੋਜਨ ਸੰਸਥਾਨ ਦੇ ਸੰਸਥਾਪਕ ਤੇ ਸੰਚਾਲਕ ਸ਼੍ਰੀ ਆਸ਼ੂਤੋਸ਼ ਜੀ ਦੀ ਪ੍ਰੇਰਣਾ ਦੇ ਨਾਲ ਹੋਣ ਜਾ ਰਿਹਾ ਹੈ, ਜਿਸ ਦਾ ਸੰਦੇਸ਼ ਮਲੋਟ ਆਸ਼ਰਮ ਵਿਚ ਹੋਏ ਸਪਤਾਹਿਕ ਸਤਿਸੰਗ ਦੌਰਾਨ ਸਵਾਮੀ ਨੀਰਜਾਨੰਦ ਜੀ ਨੇ ਦਿੱਤਾ। ਸਵਾਮੀ ਜੀ ਨੇ ਦੱਸਿਆ ਕਿ ਦਿਵਿਆ ਜਾਗ੍ਰਿਤੀ ਸੰਸਥਾਨ ਇੱਕ ਅਧਿਆਤਮਕ ਅਤੇ ਸਮਾਜਿਕ ਸੰਸਥਾ ਹੈ ਅਤੇ ਪੂਰੇ ਵਿਸ਼ਵ ਅੰਦਰ ਸੰਸਥਾਨ ਦੀਆ ਕਈ ਬ੍ਰਾਂਚਾਂ ਹਨ, ਜਿਨ੍ਹਾਂ ਵਿਚ ਸਮੇਂ ਸਮੇਂ 'ਤੇ ਅਧਿਆਤਮਕ ਤੇ ਸਮਾਜਿਕ ਪ੍ਰੋਗਰਾਮ ਕੀਤੇ ਜਾਂਦੇ ਹਨ। ਇਸੇ ਕੜੀ ਤਹਿਤ ਮਲੋਟ ਸ਼ਹਿਰ ਵਿਚ 5 ਰੋਜ਼ਾ ਭਗਵਾਨ ਸ਼ਿਵ ਕਥਾ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਕਥਾ ਐਡਵਰਡਗੰਜ ਗੈਸਟ ਹਾਊਸ, ਪੁਰਾਣੀ ਸਬਜ਼ੀ ਮੰਡੀ ਮਲੋਟ ਵਿੱਚ 15 ਫਰਵਰੀ ਤੋਂ 19 ਫਰਵਰੀ ਤੱਕ ਰੱਖੀ ਗਈ ਹੈ, ਇਸ ਦਾ ਸਮਾਂ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਹੋਵੇਗਾ ਅਤੇ ਕਥਾ ਤੋਂ ਇੱਕ ਦਿਨ ਪਹਿਲਾਂ 14 ਫਰਵਰੀ ਨੂੰ ਪੂਰੇ ਸ਼ਹਿਰ ਵਿਚ ਵਿਸ਼ਾਲ ਕਲਸ਼ ਯਾਤਰਾ ਕੱਢੀ ਜਾਵੇਗੀ। ਸਵਾਮੀ ਨੇ ਦੱਸਿਆ ਕਿ ਕਥਾ ਵਿਚ ਦੇਸ਼ਾਂ-ਵਿਦੇਸ਼ਾਂ ਵਿੱਚ ਵਿਚਰਨ ਕਰਦੀ ਹੋਈ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਸੇਵਿਕਾ ਸਾਧਵੀ ਜਯੰਤੀ ਭਾਰਤੀ ਜੀ ਆ ਰਹੇ ਹਨ। ਕਥਾ ਦੌਰਾਨ ਸਭ ਸੰਗਤਾ ਨੂੰ ਭਗਵਾਨ ਸ਼ਿਵ ਦੇ ਜੀਵਨ ਵਿੱਚ ਛੁਪੇ ਹੋਏ ਅਧਿਆਤਮਿਕ ਰਹੱਸਾਂ ਨੂੰ ਪ੍ਰਗਟ ਕੀਤਾ ਜਾਵੇਗਾ।

ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

# ਕਰਮਜੀਤ ਸਿੰਘ ਜੋਗਾ : ਇੱਕ ਭਾਵੁਕ ਯਾਦ

ਕਰਮਜੀਤ ਸਿੰਘ ਜੋਗਾ, ਜੋ ਇੱਕ ਵਿਲੱਖਣ ਸ਼ਖ਼ਸੀਅਤ, ਦਰਵੇਸ਼, ਉੱਚੇ-ਸੁੱਚੇ ਕਿਰਦਾਰ ਦਾ ਮਾਲਕ, ਪੜ੍ਹਿਆ-ਲਿਖਿਆ ਬੁੱਧੀਜੀਵੀ ਅਤੇ ਕ੍ਰਾਂਤੀਕਾਰੀ ਯੋਧਾ ਸੀ। ਉਹਨਾ ਦਾ ਜਨਮ ਪਿਤਾ ਜੋਗਿੰਦਰ ਸਿੰਘ ਤੇ ਮਾਤਾ ਹਰਨਾਮ ਕੌਰ ਦੇ ਘਰ 27 ਸਤੰਬਰ 1948 ਨੂੰ ਪਿੰਡ ਜੋਗਾ ਵਿਖੇ ਹੋਇਆ। ਉਹ ਤਿੰਨ ਭੈਣਾਂ ਦਾ ਇਕਲੌਤਾ ਭਰਾ ਸੀ। ਮਾਤਾ-ਪਿਤਾ ਕਿਰਤੀ ਪਰਵਾਰ ਨਾਲ ਜੁੜੇ ਹੋਣ ਕਰਕੇ ਅਤੇ ਆਪਣੇ ਸੀਮਤ ਆਰਥਕ ਸਾਧਨਾਂ ਦੇ ਬਾਵਜੂਦ ਕਰਮਜੀਤ ਸਿੰਘ ਨੂੰ ਚੰਗੀ ਵਿੱਦਿਆ ਦਿਵਾਉਣੀ ਚਾਹੁੰਦੇ ਸਨ ਤਾਂ ਕਿ ਉਹ ਪੜ੍ਹ-ਲਿਖ ਕੇ ਅਤੇ ਵੱਡਾ ਹੋ ਕੇ ਕਿਸੇ ਚੰਗੇ ਕਿੱਤੇ 'ਤੇ ਲੱਗ ਕੇ ਉਹਨਾਂ ਦੇ ਬੁਢਾਪੇ ਦੀ ਡੰਗੋਰੀ ਬਣ ਸਕੇ। ਛੋਟੇ ਹੁੰਦਿਆਂ ਉਹ ਪੜ੍ਹਾਈ ਵਿੱਚ ਹੁਸ਼ਿਆਰ ਵਿਦਿਆਰਥੀਆਂ ਵਿਚੋਂ ਇੱਕ ਸੀ। ਵਿਰਸੇ ਵਿਚ ਉਹਨਾ ਨੂੰ ਹਰ ਤਰ੍ਹਾਂ ਦੀਆਂ ਸਮਾਜਕ ਦੁਸ਼ਵਾਰੀਆਂ ਦਾ ਸਾਹਮਣਾ ਕਰਨਾ ਪਿਆ। ਉਹਨਾ 1962 ਵਿਚ ਸਰਕਾਰੀ ਹਾਈ ਸਕੂਲ ਜੋਗੇ ਤੋਂ ਹੀ ਚੰਗੇ ਨੰਬਰ ਲੈ ਕੇ ਦਸਵੀਂ ਪਾਸ ਕੀਤੀ। ਸਕੂਲ ਦੀ ਪੜ੍ਹਾਈ ਦੌਰਾਨ ਉਹ ਆਪਣੇ ਮਾਤਾ-ਪਿਤਾ ਦੇ ਨਾਲ ਘਰ ਦੇ ਅਤੇ ਖੇਤੀ ਦੇ ਕੰਮਾਂ ਵਿੱਚ ਵੀ ਹੱਥ ਵਟਾਉਂਦੇ ਰਹੇ।

1964-65 ਵਿਚ ਉਹਨਾ ਸਰਕਾਰੀ ਹਾਈ ਸਕੂਲ ਰਾਮਪੁਰਾ ਫੂਲ ਤੋਂ ਜੇ.ਬੀ.ਟੀ. ਪਾਸ ਕਰ ਲਈ। 1968 ਵਿਚ ਉਹ ਜੇ.ਬੀ.ਟੀ. ਟੀਚਰ ਭਰਤੀ ਹੋ ਗਏ ਅਤੇ ਪਹਿਲੇ ਛੇ ਮਹੀਨੇ ਆਰਜ਼ੀ ਤੌਰ 'ਤੇ ਬੁਰਜ ਢਿੱਲਵਾਂ ਵਿਖੇ ਪੜ੍ਹਾਉਂਦੇ ਰਹੇ ਅਤੇ ਬਾਅਦ ਵਿਚ ਉਹਨਾ ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿਚ ਭੇਜ ਦਿੱਤਾ ਗਿਆ। ਉਹਨਾ ਸਮਿਆਂ ਵਿਚ ਦੇਸ਼ ਵਿਚ ਰਾਜਨੀਤਕ ਉਥਲ-ਪੁਥਲ ਦਾ ਮਾਹੌਲ ਸੀ। ਮਾਨਸਾ ਤਹਿਸੀਲ ਦਾ ਇਹ ਇਲਾਕਾ ਪਹਿਲਾਂ ਹੀ 'ਕਮਿਊਨਿਸਟ ਲਹਿਰ' ਅਤੇ ਖ਼ਾਸ ਕਰਕੇ 'ਮੁਜ਼ਾਰਾ ਲਹਿਰ' ਦੇ ਪ੍ਰਭਾਵ ਹੇਠ ਹੋਣ ਕਾਰਨ ਕਿਸਾਨ, ਮਜ਼ਦੂਰ ਅਤੇ ਨੌਜਵਾਨ ਕ੍ਰਾਂਤੀਕਾਰੀ ਰੰਗ ਵਿਚ ਰੰਗੇ ਹੋਏ ਸਨ। ਪੱਛਮੀ ਬੰਗਾਲ ਦੇ ਸਿਲੀਗੁੜੀ ਇਲਾਕੇ ਵਿਚ 18 ਮਾਰਚ 1967 ਨੂੰ ਜ਼ਮੀਨ ਦੀ ਕਾਣੀ-ਵੰਡ ਦੇ ਸਵਾਲ ਨੂੰ ਲੈ ਕੇ ਨਵੇਂ ਸਿਰੇ ਤੋਂ ਜ਼ਮੀਨ ਦੀ ਮੁੜ ਵੰਡ ਕਰਨ ਲਈ ਵੱਡੇ ਜਗੀਰਦਾਰਾਂ ਦੇ ਖਿਲਾਫ਼ ਗਰੀਬਾਂ ਅਤੇ ਬੇਜ਼ਮੀਨੇ ਕਿਸਾਨਾਂ ਦਾ ਸੰਘਰਸ਼ ਸ਼ੁਰੂ ਹੋ ਚੁੱਕਾ ਸੀ, ਜਿਸ ਕਰਕੇ ਬਹੁਤ ਸਾਰੇ ਲੋਕ ਸ਼ਹੀਦ ਵੀ ਹੋ ਚੁੱਕੇ ਸਨ। ਸਿੱਟੇ ਵਜੋਂ ਪੂਰੇ ਦੇਸ਼ ਵਿਚ ਨਕਸਲਬਾੜੀ ਦੀ ਕਿਸਾਨ ਬਗ਼ਾਵਤ ਨੇ ਅਜਿਹੀ ਕਰਵਟ ਲਈ, ਰਾਜਨੀਤਕ ਢਾਂਚੇ ਦੀਆਂ ਚੂਲਾਂ ਹਿਲਾ ਦਿੱਤੀਆਂ। ਹਜ਼ਾਰਾਂ ਕਵੀਆਂ, ਸਾਹਿਤਕਾਰਾਂ, ਨੌਜਵਾਨਾਂ, ਵਿਦਿਆਰਥੀਆਂ ਤੇ ਜੁਝਾਰੂ ਸੰਗਰਾਮੀਆਂ ਨੂੰ ਆਪਣੀ ਬੁੱਕਲ਼ ਵਿੱਚ ਸਮੋ ਲਿਆ। ਉਸ ਸਮੇਂ ਪੰਜਾਬ ਵਿੱਚ ਹਜ਼ਾਰਾਂ ਪੜ੍ਹੇ-ਲਿਖੇ ਨੌਜਵਾਨ, ਬੁੱਧੀਜੀਵੀ, ਮਜ਼ਦੂਰ-ਕਿਸਾਨ ਰੂੜ੍ਹੀਵਾਦੀ ਸੰਕਲਪਾਂ ਨੂੰ ਠੋਕਰ ਮਾਰ ਕੇ ਇਸ ਲਹਿਰ ਦੇ ਪ੍ਰਭਾਵ ਹੇਠ ਆ ਗਏ। ਮਾਨਸਾ ਤਹਿਸੀਲ ਦੇ ਦਰਜਨਾਂ ਪਿੰਡ ਜੋਗਾ, ਰੱਲਾ, ਅਕਲੀਆ, ਭੁਪਾਲ, ਬੁਰਜ ਢਿੱਲਵਾਂ, ਬੁਰਜ ਹਰੀ, ਅਲੀਸ਼ੇਰ ਆਦਿ ਨਕਸਲਬਾੜੀ ਲਹਿਰ ਦੇ ਗੜ੍ਹ ਬਣ ਗਏ। ਇਹਨਾਂ ਪਿੰਡਾਂ ਦੇ ਸੈਂਕੜੇ ਨੌਜਵਾਨ, ਵਿਦਿਆਰਥੀ, ਮੁਲਾਜ਼ਮ, ਮਜ਼ਦੂਰ-ਕਿਸਾਨ ਗੁਪਤ ਅਤੇ ਖੁੱਲ੍ਹੇ ਢੰਗਾਂ ਨਾਲ ਲਹਿਰ ਦੀ ਸੇਵਾ ਕਰ ਰਹੇ ਸਨ। ਲੋਕਾਂ ਨੂੰ ਚੇਤਨ ਕਰਨ ਲਈ ਸਿਆਸੀ ਕਾਨਫਰੰਸਾਂ, ਨਾਟਕਾਂ, ਰੈਲੀਆਂ ਦਾ ਮੁੱਢ ਬੱਝ ਗਿਆ। ਇਲਾਕੇ ਵਿਚ ਤਕੜੀ ਲਹਿਰ ਦਿਖਾਈ ਦੇਣ ਲੱਗ ਪਈ। ਹਾਕਮ ਜਮਾਤਾਂ ਅਤੇ ਪ੍ਰਸ਼ਾਸਨ ਬੁਖ਼ਲਾਅ ਗਿਆ। ਵੱਖ-ਵੱਖ ਘਟਨਾਵਾਂ ਨੂੰ ਲੈ ਕੇ ਨੌਜਵਾਨਾਂ ਉੱਪਰ ਪਰਚੇ ਦਰਜ ਕੀਤੇ ਜਾਣ ਲੱਗ ਪਏ। ਕਰਮਜੀਤ ਜੋਗਾ ਲਹਿਰ ਦੇ ਪ੍ਰਭਾਵ ਤੋਂ ਅਣਭਿੱਜ ਨਾ ਰਹਿ ਸਕਿਆ। ਉਸ ਨੇ ਮੁੜ ਕੇ ਆਪਣੀ ਡਿਊਟੀ 'ਤੇ ਜਾਣ ਤੋਂ ਮਨ੍ਹਾਂ ਕਰ ਦਿੱਤਾ। ਆਪਣੇ ਆਪ ਨੂੰ ਗੁਪਤਵਾਸ ਰਹਿ ਕੇ ਪਾਰਟੀ ਦੇ ਕੰਮਾਂ ਵਿਚ ਸਰਗਰਮ ਹੋ ਗਿਆ ਅਤੇ ਜੋਗਾ ਇਲਾਕੇ ਦੇ ਦਰਜਨਾਂ ਪਿੰਡਾਂ ਵਿਚ ਸਤਿਕਾਰਤ ਅਤੇ ਲੋਕ ਆਗੂ ਵਜੋਂ ਜਾਣਿਆ ਜਾਣ ਲੱਗ ਪਿਆ। ਇਹਨਾਂ ਦੀ ਅਗਵਾਈ ਹੇਠ ਪਿੰਡਾਂ ਵਿਚ ਨੌਜਵਾਨ ਭਾਰਤ ਸਭਾ ਨਾਂਅ ਦੀ ਜਥੇਬੰਦੀ ਖੜ੍ਹੀ ਕੀਤੀ ਗਈ ਅਤੇ ਆਲੇ-ਦੁਆਲੇ ਦੇ ਕਾਲਜਾਂ ਵਿਚ ਪੰਜਾਬ ਸਟੂਡੈਂਟਸ ਯੂਨੀਅਨ ਬਣਾ ਕੇ ਤਿੱਖੇ ਸੰਘਰਸ਼ਾਂ ਦਾ ਮੁੱਢ ਬੰਨ੍ਹਿਆ ਗਿਆ। ਕਰਮਜੀਤ ਸਿੰਘ ਜੋਗਾ ਅਤੇ ਪਾਰਟੀ ਦੇ ਹੋਰ ਸੀਨੀਅਰ ਆਗੂ ਰਾਤਾਂ ਨੂੰ ਸਕੂਲਿੰਗ ਕਰਕੇ ਨੌਜਵਾਨਾਂ ਨੂੰ ਰਾਜਨੀਤੀ ਤੋਂ ਪ੍ਰੇਰਿਤ ਕਰਦੇ ਰਹੇ। ਹੌਲੀ-ਹੌਲੀ ਵਿਦਿਆਰਥੀ ਜਥੇਬੰਦੀ ਦਾ ਪ੍ਰਭਾਵ ਕਾਲਜਾਂ ਵਿਚੋਂ ਨਿਕਲ ਕੇ ਪਿੰਡਾਂ ਦੇ ਸਕੂਲਾਂ ਵੱਲ ਫੈਲਣਾ ਸ਼ੁਰੂ ਹੋ ਗਿਆ।



11 ਫਰਵਰੀ 1975 ਨੂੰ ਸਰਕਾਰੀ ਹਾਈ ਸਕੂਲ ਰੱਲਾ ਵਿਖੇ ਨੌਵੀਂ ਜਮਾਤ ਵੱਲੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਜਾਣੀ ਸੀ। ਖੱਬੇ ਪੱਖੀ ਲਹਿਰ ਦਾ ਪ੍ਰਭਾਵ ਇਸ ਸਕੂਲ ਵਿਚ ਵੀ ਪਹੁੰਚ ਗਿਆ ਸੀ। ਸਕੂਲ ਦੇ ਵਿਦਿਆਰਥੀਆਂ ਨੇ ਪਿੰਡ ਦੇ ਨੌਜਵਾਨ ਆਗੂਆਂ ਨੂੰ ਵਿਦਾਇਗੀ ਪਾਰਟੀ ਵਿਚ ਸ਼ਾਮਲ ਹੋਣ ਲਈ ਉਚੇਚੇ ਤੌਰ 'ਤੇ ਸੱਦਾ ਦਿੱਤਾ। ਪਿੰਡ ਦੇ ਨੌਜਵਾਨਾਂ ਦੇ ਆਉਣ 'ਤੇ ਵਿਦਿਆਰਥੀਆਂ ਨੇ ਸਕੂਲ ਦੇ ਇਕ ਕੋਨੇ ਵਿੱਚ ਸਪੀਕਰ ਲਾ ਕੇ ਵਿਦਾਇਗੀ ਸੰਬੰਧੀ ਵਿਚਾਰ-ਚਰਚਾ ਸ਼ੁਰੂ ਕਰਨ ਹੀ ਲੱਗੇ ਸਨ ਕਿ ਪੁਲਸ ਦੀ ਮਨਜ਼ੂਰੀ ਤੋਂ ਬਿਨਾਂ ਸਪੀਕਰ ਨਹੀਂ ਲੱਗ ਸਕਦਾ ਸੀ। ਸਕੂਲ ਮੁਖੀ ਨੇ ਬੱਚਿਆਂ ਦੇ ਪ੍ਰੋਗਰਾਮ ਨੂੰ ਰੋਕਣ ਲਈ ਪੁਲਸ ਬੁਲਾ ਲਈ। ਦੋ ਸਿਪਾਹੀ ਆ ਕੇ ਸਪੀਕਰ ਬੰਦ ਕਰਵਾਉਣ ਲੱਗੇ ਅਤੇ ਧਮਕੀਆਂ ਦੇਣ ਲੱਗ ਪਏ, ਪਰ ਵਿਦਿਆਰਥੀ ਆਪਣੇ ਫੈਸਲੇ 'ਤੇ ਅੜੇ ਰਹੇ। ਪੁਲਸ ਵਾਲਿਆਂ ਨਾਲ ਧੱਕਾ-ਮੁੱਕੀ ਵੀ ਹੋਈ। ਪੁਲਸ ਵਾਲਿਆਂ ਦਾ ਘਿਰਾਓ ਵੀ ਕੀਤਾ ਗਿਆ। ਬਾਅਦ ਵਿਚ ਹੋਰ ਪੁਲਸ ਆ ਗਈ। ਨੌਜਵਾਨ ਆਗੂਆਂ ਅਤੇ ਪੁਲਸ ਅਫ਼ਸਰਾਂ ਵਿਚ ਤਿੱਖੀ ਬਹਿਸ ਹੁੰਦੀ ਰਹੀ। ਅਖੀਰ ਪੁਲਸ ਵਾਪਿਸ ਚਲੀ ਗਈ। ਇਸ ਸਾਰੇ ਘਟਨਾਕ੍ਰਮ ਨੂੰ ਦੇਖ ਕੇ ਪੁਲਸ ਅਧਿਕਾਰੀ ਬੁਖ਼ਲਾਅ ਗਏ। ਅਗਲੇ ਦਿਨ ਸਵੇਰੇ ਚਾਰ ਵਜੇ ਪੂਰੇ ਜ਼ਿਲ੍ਹੇ ਦੀ ਪੁਲਸ ਵੱਲੋਂ ਜੋਗਾ, ਰੱਲਾ, ਅਕਲੀਆ ਆਦਿ ਪਿੰਡਾਂ 'ਤੇ ਧਾਵਾ ਬੋਲ ਦਿੱਤਾ ਗਿਆ। ਲੋਕਾਂ 'ਤੇ ਡਾਂਗਾਂ ਨਾਲ ਕੁਟਾਪਾ ਚਾੜ੍ਹਿਆ ਗਿਆ। ਕਈਆਂ ਦੀਆਂ ਬਾਹਾਂ ਤੋੜ ਦਿੱਤੀਆਂ ਗਈਆਂ। ਆਲੇ-ਦੁਆਲੇ ਦੇ ਸਰਗਰਮ 107 ਆਗੂਆਂ 'ਤੇ ਧਾਰਾ 307 ਤਹਿਤ ਮੁਕੱਦਮਾ ਦਰਜ ਕੀਤਾ ਗਿਆ। ਅਨੇਕਾਂ ਬੇਕਸੂਰਾਂ ਨੂੰ ਫੜ ਕੇ ਥਾਣੇ ਲੈ ਗਏ। ਪੰਜਾਬ ਵਿਚ ਇਹ ਪੁਲਸ ਜਬਰ 'ਰੱਲਾ ਕਾਂਡ' ਦੇ ਨਾਂਅ ਨਾਲ ਜਾਣਿਆ ਜਾਣ ਲੱਗ ਪਿਆ। ਹੋਰਨਾਂ ਆਗੂਆਂ ਦੇ ਨਾਲ ਕਰਮਜੀਤ ਜੋਗਾ, ਸੁਰਜਣ ਜੋਗਾ, ਦਰਬਾਰਾ ਭੁਪਾਲ, ਰਾਮ ਸਿੰਘ, ਕਰਨੈਲ ਸਿੰਘ, ਕੌਰ ਸਿੰਘ ਅਕਲੀਆ, ਨਿਰੰਜਣ ਸਿੰਘ, ਦਰਸ਼ਨ ਸਿੰਘ, ਭੂਪੀ ਸਿੰਘ ਰੱਲਾ ਆਦਿ ਆਗੂਆਂ 'ਤੇ ਪਰਚਾ ਦਰਜ ਕੀਤਾ ਗਿਆ। ਕੁਝ ਦਿਨਾਂ ਬਾਅਦ 'ਜੋਗੀਪੀਰ' ਮੀਟਿੰਗ ਕਰਨ ਦਾ ਬਹਾਨਾ ਬਣਾ ਕੇ ਇਕ ਹੋਰ ਝੂਠੀ ਐੱਫ ਆਈ ਆਰ 17 ਨੌਜਵਾਨਾਂ ਉੱਪਰ ਦਰਜ ਕਰ ਦਿੱਤੀ ਗਈ, ਜਿਨ੍ਹਾਂ ਨੂੰ ਹਾਈ ਕੋਰਟ ਤੋਂ ਜ਼ਮਾਨਤ ਕਰਵਾਉਣੀ ਪਈ।

ਜੂਨ 1975 ਵਿਚ ਦੇਸ਼ ਵਿਚ ਐਮਰਜੈਂਸੀ ਲਾ ਦਿੱਤੀ ਗਈ। ਬਹੁਤ ਸਾਰੇ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ 19 ਮਹੀਨੇ ਜੇਲ੍ਹਾਂ ਵਿਚ ਬੰਦ ਕਰ ਦਿੱਤਾ ਗਿਆ। ਉਸ ਸਮੇਂ ਕਰਮਜੀਤ ਜੋਗਾ ਗੁਪਤਵਾਸ ਹੋ ਕੇ ਪਾਰਟੀ ਦਾ ਕੰਮ ਵੀ ਕਰਦਾ ਰਿਹਾ ਅਤੇ ਕਈ ਬੱਚਿਆਂ ਨੂੰ ਪੜ੍ਹਾਉਂਦਾ ਵੀ ਰਿਹਾ। ਇਸ ਸਮੇਂ ਉਸ ਨੇ ਪਹਿਲੀ ਵਾਰ ਕਾਮਰੇਡ ਮਾਓ-ਜੇ-ਤੁੰਗ ਦਾ ਪਹਿਲਾ ਗ੍ਰੰਥ (ਚੋਣਵੀਂ ਰਚਨਾ) ਦਾ ਪੰਜਾਬੀ ਵਿਚ ਅਨੁਵਾਦ ਵੀ ਕੀਤਾ, ਜਿਸ ਨੂੰ ਪ੍ਰਚੰਡ ਪ੍ਰਕਾਸ਼ਨ ਵੱਲੋਂ ਛਾਪਿਆ ਗਿਆ। 1984-85 ਵਿਚ ਉਹਨਾ ਪੰਜਾਬ ਦੇ ਸਾਹਿਤਕ ਧਰਾਤਲ ਵਿਚ ਪਸਰੀ ਬੇਚੈਨੀ ਨੂੰ ਤੋੜਨ ਲਈ ਆਪਣੇ ਸਮਕਾਲੀ ਸਾਥੀਆਂ ਬਾਰੂ ਸਤਵਰਗ, ਮਾਸਟਰ ਸੁਰਜੀਤ ਅਰਮਾਨੀ, ਗੁਰਦਾਸ ਘਾਰੂ, ਰਜਿੰਦਰ ਰਾਹੀ ਆਦਿ ਅਨੇਕਾਂ ਸਾਥੀਆਂ ਨਾਲ ਮਿਲ ਕੇ ਕ੍ਰਾਂਤੀਕਾਰੀ ਸਾਹਿਤ ਸਭਾ ਨਾਂਅ ਦੀ ਜਥੇਬੰਦੀ ਬਣਾਈ, ਜਿਸ ਵੱਲੋਂ ਅਨੇਕਾਂ ਛੋਟੇ-ਵੱਡੇ ਸਾਹਿਤਕ ਪ੍ਰੋਗਰਾਮ ਕਰਵਾਏ ਗਏ।

1978 ਵਿਚ ਉਹਨਾਂ ਵੱਲੋਂ ਓਪਨ ਕੰਮ ਕਰਨਾ ਸ਼ੁਰੂ ਕਰ ਦਿੱਤਾ ਅਤੇ ਪਿੰਡ ਪੱਖੋ ਕਲਾਂ ਦੇ ਗੁਰਦੁਆਰੇ ਵਿਚ 'ਵਿਦਿਆਰਥੀ ਸਿੱਖਿਆ ਕੇਂਦਰ ਪੱਖੋ ਕਲਾਂ' ਦੇ ਨਾਂਅ 'ਤੇ ਸਕੂਲ ਖੋਲ੍ਹਿਆ ਗਿਆ। ਜਿੱਥੇ ਲੋੜਵੰਦ ਅਤੇ ਗਰੀਬ ਬੱਚਿਆਂ ਨੂੰ ਸੰਜੀਦਗੀ ਦੇ ਨਾਲ ਪੜ੍ਹਾਇਆ ਜਾਂਦਾ ਰਿਹਾ, ਪਰ ਪੁਲਸ ਉਹਨਾਂ ਦਾ ਇੱਥੇ ਵੀ ਪਿੱਛਾ ਕਰਦੀ ਰਹੀ। ਇਕ ਦਿਨ ਭੀਖੀ ਥਾਣੇ ਦੀ ਪੁਲਸ ਉਹਨਾਂ ਨੂੰ ਸਕੂਲ ਵਿਚੋਂ ਚੁੱਕ ਕੇ ਲੈ ਗਈ। ਅਗਲੇ ਦਿਨ ਇਲਾਕੇ ਦੇ ਲੋਕਾਂ ਨੇ ਥਾਣਾ ਘੇਰ ਲਿਆ। ਪ੍ਰਸ਼ਾਸਨ ਨੇ ਜ਼ਮਾਨਤ 'ਤੇ ਛੱਡਣ ਦਾ ਫੈਸਲਾ ਕਰ ਲਿਆ। ਅਕਲੀਆ ਪਿੰਡ ਦਾ ਸਾਬਕਾ ਪੰਚ ਗੁਰਨਾਮ ਸਿੰਘ ਗਾਮਾ ਆਪਣੇ ਦੋ ਕਿੱਲਿਆਂ ਦੇ ਨੰਬਰ ਦੇ ਕੇ ਜ਼ਮਾਨਤ ਕਰਵਾਉਣ ਲਈ ਤਿਆਰ ਹੋ ਗਿਆ। ਪੁਲਸ ਨੇ ਡਰਾਉਣ ਦੀ ਕੋਸ਼ਿਸ਼ ਕੀਤੀ ਕਿ ਜੇਕਰ ਇਹ ਦੁਬਾਰਾ ਭਗੌੜਾ ਹੋ ਗਿਆ ਤਾਂ ਤੇਰੀ ਦੋ ਕਿੱਲੇ ਜ਼ਮੀਨ ਜ਼ਬਤ ਹੋ ਜਾਵੇਗੀ, ਪਰ 'ਗਾਮੇ' ਨੇ ਸਾਫ਼ ਕਿਹਾ, 'ਮੇਰੀ ਦੋ ਕਿੱਲੇ ਜ਼ਮੀਨ ਜਾਂਦੀ ਐ ਜਾਣ ਦੇ, ਕੋਈ ਗੱਲ ਨਹੀਂ, ਮੈਂ ਜ਼ਮਾਨਤ ਦੇਵਾਂਗਾ।'

1986-87 ਦੇ ਕਰੀਬ ਉਸ ਦੇ ਮਿੱਤਰਾਂ ਨੇ ਸਮਝਾ-ਬੁਝਾ ਕੇ ਉਨ੍ਹਾ ਦਾ ਵਿਆਹ ਮੈਡਮ ਕਮਲਾ ਦੇਵੀ ਨਾਲ ਕਰਵਾ ਦਿੱਤਾ, ਜਿਨ੍ਹਾਂ ਦੇ ਘਰ ਇੱਕ ਬੇਟੇ ਅਰਸ਼ਦੀਪ ਨੇ ਜਨਮ ਲਿਆ। ਉਹਨਾ ਬਠਿੰਡਾ ਜ਼ਿਲ੍ਹੇ ਦੇ ਭਗਤਾ ਭਾਈਕਾ ਵਿਖੇ ਰਹਿਣਾ ਸ਼ੁਰੂ ਕਰ ਦਿੱਤਾ, ਜਿੱਥੇ ਲੰਮੇ ਸਮੇਂ ਤੋਂ ਆਪਣਾ ਸਕੂਲ ਖੋਲ੍ਹ ਕੇ ਇਲਾਕੇ ਭਰ ਦੇ ਬੱਚਿਆਂ ਨੂੰ ਗਿਆਨ ਵੰਡਦੇ ਰਹੇ। ਕਰਮਜੀਤ ਜੋਗਾ ਸਾਰੀ ਉਮਰ ਲੋਕ-ਪੱਖੀ ਲਹਿਰਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਰਹੇ। ਬੀਤੀ 16 ਜਨਵਰੀ ਨੂੰ ਉਹ ਸਦਾ ਲਈ ਵਿੱਛੜ ਗਏ। ਕਰਮਜੀਤ ਜੋਗਾ ਦੀ ਜ਼ਿੰਦਗੀ ਇਕ ਖੁੱਲ੍ਹੀ ਕਿਤਾਬ ਦੀ ਤਰ੍ਹਾਂ ਹੈ। ਉਹਨਾ ਦੀ ਮੌਤ ਨਾਲ ਸਮੁੱਚੀ ਲਹਿਰ ਨੂੰ ਨਾ ਪੂਰਿਆ ਜਾ ਸਕਣ ਵਾਲਾ ਘਾਟਾ ਪੈ ਗਿਆ ਹੈ। ਉਹਨਾ ਦੀ ਯਾਦ ਵਿਚ 24 ਜਨਵਰੀ ਨੂੰ ਭਗਤਾ ਭਾਈਕਾ ਵਿਖੇ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ।

*ਲਾਭ ਸਿੰਘ ਅਕਲੀਆ*
*-ਸੰਪਰਕ-94636-10661*

## ਇਕ ਹਫਤੇ 'ਚ ਪੰਜ ਕਿੱਲੋ ਹੈਰੋਇਨ ਸਣੇ 241 ਗ੍ਰਿਫ਼ਤਾਰ

**ਚੰਡੀਗੜ੍ਹ** : ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਦੌਰਾਨ ਪੰਜਾਬ ਪੁਲਸ ਨੇ ਪਿਛਲੇ ਹਫ਼ਤੇ ਸੂਬੇ ਭਰ 'ਚ ਐੱਨ ਡੀ ਪੀ ਐੱਸ ਐਕਟ ਤਹਿਤ 173 ਐੱਫ ਆਈ ਆਰਜ਼ ਦਰਜ ਕਰਕੇ, ਜਿਸ 'ਚ 18 ਵਪਾਰਕ ਮਾਮਲੇ ਹਨ, 241 ਨਸ਼ਾ ਤਸਕਰਾਂ/ ਸਪਲਾਇਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਆਈ ਜੀ (ਹੈੱਡਕੁਆਰਟਰ) ਸੁਖਚੈਨ ਸਿੰਘ ਗਿੱਲ ਨੇ ਸੋਮਵਾਰ ਇੱਥੇ ਆਪਣੀ ਹਫ਼ਤਾਵਾਰੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੁਲਸ ਨੇ ਮੁਲਜ਼ਮਾਂ ਕੋਲੋਂ 5 ਕਿਲੋ ਹੈਰੋਇਨ, 4.90 ਕਿਲੋ ਅਫੀਮ, 5.92 ਕੁਇੰਟਲ ਭੁੱਕੀ ਅਤੇ 1.95 ਲੱਖ ਫਾਰਮਾ ਓਪੀਓਡਜ਼ ਦੀਆਂ ਗੋਲੀਆਂ/ ਕੈਪਸੂਲ/ ਟੀਕੇ/ ਸ਼ੀਸ਼ੀਆਂ ਤੋਂ ਇਲਾਵਾ 7.89 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ।

ਉਹਨਾ ਦੱਸਿਆ ਕਿ 5 ਜੁਲਾਈ, 2022 ਨੂੰ ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਵਿਸ਼ੇਸ਼ ਮੁਹਿੰਮ ਦੇ ਚਲਦਿਆਂ ਪਿਛਲੇ ਹਫ਼ਤੇ ਦੌਰਾਨ ਐੱਨ ਡੀ ਪੀ ਐੱਸ ਕੇਸਾਂ ਵਿੱਚ 13 ਹੋਰ ਭਗੌੜੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਨਾਲ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 636 ਹੋ ਗਈ ਹੈ।

ਆਈ ਜੀ ਨੇ ਦੱਸਿਆ ਕਿ ਪੰਜਾਬ ਪੁਲਸ ਨੇ ਚਾਈਨਾ ਡੋਰ ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ ਅਤੇ 234 ਐੱਫ ਆਈ ਆਰਜ਼ ਦਰਜ ਕਰਕੇ ਚੀਨੀ ਡੋਰ ਦੇ 11364 ਬੰਡਲ ਬਰਾਮਦ ਕੀਤੇ ਹਨ ਅਤੇ ਇਸ ਡੋਰ ਨੂੰ ਵੇਚਣ ਵਿੱਚ ਸ਼ਾਮਲ 255 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

## ਸਰਕਾਰੀ ਸੀਨੀ. ਸੈਕੰ. ਸਕੂਲ ਝੱਖੜਵਾਲਾ ਦੇ ਹੁਸ਼ਿਆਰ ਬੱਚਿਆਂ ਦਾ ਵਿਸ਼ੇਸ਼ ਸਨਮਾਨ

**ਕੋਟਕਪੂਰਾ (ਰਛਪਾਲ ਭੁੱਲਰ)**

ਪਿੰਡ ਝੱਖੜਵਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਹੁਸ਼ਿਆਰ ਬੱਚਿਆਂ ਦੇ 'ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ' ਵੱਲੋਂ ਰੱਖੇ ਸਨਮਾਨ ਸਮਾਰੋਹ ਮੌਕੇ ਬਤੌਰ ਮੁੱਖ ਮਹਿਮਾਨ ਪਹੁੰਚੇ ਸੇਵਾਮੁਕਤ ਵੀਡੀਓ ਜਸਵਿੰਦਰ ਸਿੰਘ ਬਰਾੜ ਨੇ ਸੁਸਾਇਟੀ ਦੇ ਉਪਰਾਲਿਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਆਪਣੇ ਸੰਬੋਧਨ ਦੌਰਾਨ ਸੁਸਾਇਟੀ ਦੇ ਪ੍ਰਧਾਨ ਮਾ. ਅਸ਼ੋਕ ਕੌਸ਼ਲ ਨੇ ਨੇਤਾ ਜੀ ਸੁਭਾਸ਼ ਚੰਦਰ ਬੋਸ ਦੇ ਜਨਮ ਦਿਨ ਦੀਆਂ ਮੁਬਾਰਕਾਂ ਦਿੰਦਿਆਂ ਆਜ਼ਾਦੀ ਦੇ ਪ੍ਰਵਾਨਿਆਂ ਦੇ ਆਜ਼ਾਦੀ ਲਈ ਪਾਏ ਯੋਗਦਾਨ ਸਮੇਤ ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ ਕੁਰਬਾਨੀ, ਸੰਘਰਸ਼ ਤੇ ਆਜ਼ਾਦੀ ਲਈ ਪਾਏ ਯੋਗਦਾਨ ਦੀਆਂ ਅਨੇਕਾਂ ਉਦਾਹਰਣਾਂ ਦਿੰਦਿਆਂ ਦਾਅਵਾ ਕੀਤਾ ਕਿ ਵਰਤਮਾਨ ਸਿਆਸਤਦਾਨ ਦੇਸ਼ ਭਗਤਾਂ ਦੇ ਨਾਂਅ ਉਪਰ ਸਿਆਸੀ ਰੋਟੀਆਂ ਸੇਕਣ ਲਈ ਤਾਂ ਤਤਪਰ ਰਹਿੰਦੇ ਹਨ, ਪਰ ਦੇਸ਼ ਭਗਤਾਂ ਦੀ ਸੋਚ ਅਪਨਾਉਣ ਲਈ ਤਿਆਰ ਨਹੀਂ। ਉਪਰੰਤ ਮਾ. ਸੋਮਨਾਥ ਅਰੋੜਾ ਸਮੇਤ ਇਕਬਾਲ ਸਿੰਘ ਮੰਘੇੜਾ, ਮਨਦੀਪ ਸਿੰਘ ਮਿੰਟੂ ਗਿੱਲ, ਬਿੱਟੂ ਧੀਂਗੜਾ, ਗੁਰਿੰਦਰ ਸਿੰਘ ਮਹਿੰਦੀਰੱਤਾ ਆਦਿ ਨੇ ਬੱਚਿਆਂ ਨੂੰ ਨੈਤਿਕਤਾ ਦਾ ਪਾਠ ਪੜ੍ਹਾਉਂਦਿਆਂ ਆਖਿਆ ਕਿ ਅੱਜ ਸਮਾਜਿਕ ਕੁਰੀਤੀਆਂ ਸਾਡੇ 'ਤੇ ਭਾਰੂ ਹੋ ਰਹੀਆਂ ਹਨ ਤੇ ਸੋਸ਼ਲ ਮੀਡੀਏ ਜਾਂ ਪੱਛਮੀ ਕਲਚਰ ਦੇ ਪ੍ਰਭਾਵ ਹੇਠ ਸਾਡੇ ਨੌਜਵਾਨ ਤੇ ਬੱਚੇ ਨੈਤਿਕਤਾ ਭੁਲਾ ਕੇ ਸਮਾਜਿਕ ਕੁਰੀਤੀਆਂ ਦਾ ਸ਼ਿਕਾਰ ਹੋ ਰਹੇ ਹਨ, ਜੋ ਫ਼ਿਕਰਮੰਦੀ ਵਾਲਾ ਪਹਿਲੂ ਅਤੇ ਚਿੰਤਾਜਨਕ ਰੁਝਾਨ ਹੈ।



ਉਨ੍ਹਾਂ ਆਖਿਆ ਕਿ ਜ਼ਿੰਦਗੀ ਵਿੱਚ ਸਫ਼ਲ ਹੋਣ ਲਈ ਸਾਨੂੰ ਅਨੁਸ਼ਾਸਨ ਦੀ ਪਾਲਣਾ, ਸਮੇਂ ਦੀ ਕਦਰ, ਵੱਡਿਆਂ ਦਾ ਸਤਿਕਾਰ, ਉਸਾਰੂ ਸੋਚ ਤੇ ਹਾਂਪੱਖੀ ਨਜ਼ਰੀਆ ਵਰਗੇ ਨੁਕਤਿਆਂ ਨੂੰ ਆਪਣੇ ਜੀਵਨ 'ਤੇ ਲਾਗੂ ਕਰਨਾ ਪਵੇਗਾ। ਸਕੂਲ ਮੁਖੀ ਜਸਵਿੰਦਰ ਸਿੰਘ ਨੇ ਸੁਸਾਇਟੀ ਨੂੰ ਪੇਸ਼ਕਸ਼ ਕੀਤੀ ਕਿ ਉਹ ਭਵਿੱਖ ਵਿੱਚ ਵੀ ਬੱਚਿਆਂ ਨੂੰ ਉਤਸ਼ਾਹਤ ਕਰਨ ਲਈ ਇਸ ਸਕੂਲ ਵਿੱਚ ਅਜਿਹੇ ਪ੍ਰੋਗਰਾਮ ਕਰਦੇ ਰਹਿਣ ਤੇ ਇਸ ਲਈ ਉਨ੍ਹਾਂ ਨੂੰ ਇਜਾਜ਼ਤ ਲੈਣ ਦੀ ਵੀ ਲੋੜ ਨਹੀਂ। ਉਨ੍ਹਾਂ ਦਾਅਵਾ ਕੀਤਾ ਕਿ ਬੁਲਾਰਿਆਂ ਦੀਆਂ ਤਕਰੀਰਾਂ ਦਾ ਪ੍ਰਭਾਵ ਬੱਚਿਆਂ ਉੱਪਰ ਤਾਂ ਪਵੇਗਾ, ਸਗੋਂ ਅਧਿਆਪਕਾਂ ਨੂੰ ਵੀ ਉਕਤ ਪ੍ਰੇਰਨਾਮਈ ਤਕਰੀਰਾਂ ਨੇ ਟੁੰਬਿਆ ਹੈ। ਅੰਤ 'ਚ ਸੁਸਾਇਟੀ ਵੱਲੋਂ ਮੁੱਖ ਮਹਿਮਾਨ ਤੇ ਸਕੂਲ ਮੁਖੀ ਸਮੇਤ ਸਮੂਹ ਸਟਾਫ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਸਿਹਤ ਸਕੱਤਰ ਨੂੰ ਬਦਲਣ ਦੀ ਸੀ ਪੀ ਆਈ ਵੱਲੋਂ ਨਿਖੇਧੀ

**ਚੰਡੀਗੜ੍ਹ** : ਸੀ ਪੀ ਆਈ ਨੇ ਪੰਜਾਬ ਸਰਕਾਰ ਵੱਲੋਂ ਸਿਹਤ ਸਕੱਤਰ ਅਜੋ ਸ਼ਰਮਾ ਦੀ ਕੀਤੀ ਗਈ ਬਦਲੀ ਦੀ ਨਿਖੇਧੀ ਕੀਤੀ ਹੈ। ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਸਰਕਾਰ ਦੀਆਂ ਆਪਣੀਆਂ ਰਿਪੋਰਟਾਂ ਅਨੁਸਾਰ ਪੰਜਾਬ ਅੰਦਰ ਦਿੱਲੀ ਪੈਟਰਨ 'ਤੇ ਅਖੌਤੀ ਮੁਹੱਲਾ ਕਲੀਨਿਕਾਂ 'ਤੇ ਪੰਜਾਬ ਸਰਕਾਰ 10 ਕਰੋੜ ਰੁਪਏ ਖਰਚ ਕਰਕੇ ਬਿਨਾਂ ਕਿਸੇ ਵਜ੍ਹਾ ਦੇ ਨਾਮਣਾ ਖੱਟਣਾ ਚਾਹੁੰਦੀ ਹੈ ਤੇ ਇਸ ਵਾਸਤੇ ਉਸ ਨੇ 30 ਕਰੋੜ ਦਾ ਬਜਟ ਕਾਇਮ ਕਰਕੇ ਪੰਜਾਬ ਤੋਂ ਬਾਹਰ ਇਸ ਦਾ ਪ੍ਰਾਪੇਗੰਡਾ ਕਰਨ ਦਾ ਪਰੋਗਰਾਮ ਬਣਾਇਆ ਹੈ, ਜਿਸ 'ਤੇ ਸਿਹਤ ਸਕੱਤਰ ਅਜੈ ਸ਼ਰਮਾ ਦੇ ਕਿੰਤੂ ਕਰਨ ਬਾਅਦ ਸਰਕਾਰ ਨੇ ਉਸ ਦੀ ਤੁਰੰਤ ਬਦਲੀ ਕਰ ਦਿੱਤੀ। ਸਾਥੀ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਅਰਬਾਂ ਰੁਪਏ ਫਾਲਤੂ ਪ੍ਰਾਪੇਗੰਡੇ 'ਤੇ ਖਰਚ ਕਰ ਰਹੀ ਹੈ, ਉਸ ਨੇ ਪਹਿਲਾਂ ਵੀ ਪੰਜਾਬ ਤੋਂ ਬਾਹਰ ਗੁਜਰਾਤ ਅਤੇ ਹਿਮਾਚਲ ਦੀਆਂ ਚੋਣਾਂ ਵਿਚ ਪ੍ਰਚਾਰ 'ਤੇ ਪੰਜਾਬ ਦਾ ਪੈਸਾ ਪਾਣੀ ਵਾਂਗ ਵਹਾ ਦਿੱਤਾ ਸੀ। ਉਹਨਾ ਕਿਹਾ ਕਿ ਮੁਹੱਲਾ ਕਲੀਨਿਕਾਂ ਵਿਚ ਦਵਾਈਆਂ ਨਹੀਂ ਮਿਲਦੀਆਂ ਤੇ ਰੋਗੀਆਂ ਨੂੰ ਪੱਲਿਓਂ ਦਵਾਈਆਂ ਖਰੀਦਣੀਆਂ ਪੈਂਦੀਆਂ ਹਨ, ਪਰ ਸਰਕਾਰ ਇਹਨਾਂ ਕਲੀਨਿਕਾਂ ਦੇ ਪ੍ਰਚਾਰ 'ਤੇ 30 ਕਰੋੜ ਖਰਚ ਕਰ ਰਹੀ ਹੈ, ਜਿਹੜਾ ਕਿਸੇ ਤਰ੍ਹਾਂ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਹਨਾ ਕਿਹਾ ਕਿ ਸਰਕਾਰ ਨੂੰ ਇਹ ਝੂਠਾ ਪ੍ਰਚਾਰ ਤੁਰੰਤ ਬੰਦ ਕਰਨਾ ਚਾਹੀਦਾ ਹੈ ਅਤੇ ਲੋਕਾਂ ਦਾ ਪੈਸਾ ਲੋਕ ਭਲਾਈ ਲਈ ਹੀ ਖਰਚ ਕਰਨਾ ਚਾਹੀਦਾ ਹੈ।

## 29 ਦੀ ਰੈਲੀ ਦੀਆਂ ਤਿਆਰੀਆਂ ਸੰਬੰਧੀ ਕੀਤੀ ਮੀਟਿੰਗ

**ਮੁੱਲਾਂਪੁਰ ਦਾਖਾ (ਗੁਰਮੇਲ ਮੈਲਡੇ)**



ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਮੰਡਲ ਯੂਨਿਟ ਨੇ 29 ਜਨਵਰੀ ਦੀ ਸੰਗਰੂਰ ਰੈਲੀ ਸਬੰਧੀ ਮੀਟਿੰਗ ਕੀਤੀ। ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਸਾਥੀ ਹਰਦਿਆਲ ਸਿੰਘ ਘੁਮਾਣ ਦੀ ਪ੍ਰਧਾਨਗੀ ਹੇਠ ਕੀਤੀ ਮੀਟਿੰਗ ਵਿੱਚ ਸਾਥੀ ਐਸ ਪੀ ਸਿੰਘ ਸਟੇਟ ਸਕੱਤਰ ਤੇ ਬਲਵੀਰ ਮਾਨ ਉਚੇਚੇ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅੱਜ ਵਾਅਦੇ ਭੁੱਲ ਕੇ ਝੂਠ ਦੇ ਸਹਾਰੇ ਚੱਲਣ ਦੀ ਕੋਸ਼ਿਸ਼ ਕਰ ਰਹੀ ਹੈ ਲੋਕਾਂ/ਮੁਲਾਜ਼ਮਾਂ/ਪੈਨਸ਼ਨਰਾਂ ਨੂੰ ਕੁੱਝ ਦੇਣ ਦੀ ਬਜਾਏ ਕਰੋੜਾਂ ਰੁਪਏ ਐਡਵਰਟਾਈਜਮੈਂਟ ਤੇ ਬੇਲੋੜਾ ਖਰਚ ਕਰਨ 'ਚ ਵਿਅਸਥ ਹੈ। ਉਨ੍ਹਾਂ ਕਿਹਾ ਕਿ 29 ਜਨਵਰੀ ਨੂੰ ਸੰਗਰੂਰ ਅੰਦਰ ਪੰਜਾਬ ਐਂਡ ਯੂ ਟੀ ਮੁਲਾਜ਼ਮ/ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਦਿੱਤੀ ਕਾਲ ਮੁਤਾਬਕ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਰਹਿੰਦੀਆਂ ਮੰਗਾਂ ਜਿਵੇਂ ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਦੀ ਫੌਰਨ ਏਰੀਅਰ ਸਮੇਤ ਅਦਾਇਗੀ, 23 ਸਾਲਾ ਪ੍ਰਮੋਸ਼ਨ ਸਕੇਲ ਬਿਨਾਂ ਸ਼ਰਤ ਸਭ ਨੂੰ ਦੇਣਾ, 200 ਰੁਪਏ ਜਜ਼ੀਆ ਟੈਕਸ ਫੌਰੀ ਬੰਦ ਕਰਕੇ ਕੱਟਿਆ ਟੈਕਸ ਵਿਆਜ ਸਮੇਤ ਵਾਪਸ ਕਰਨਾ 1-1-16 ਤੋਂ ਬਾਅਦ ਰਿਟਾਇਰ ਹੋਏ ਪੈਨਸ਼ਨਰ ਨੂੰ 2.59 ਦੇ ਫੈਕਟਰ ਨਾਲ ਪੈਨਸ਼ਨ ਸੋਧਣਾ ਆਦਿ ਦੀ ਪ੍ਰਪਤੀ ਤੱਕ ਸੰਘਰਸ ਜਾਰੀ ਰਹੇਗਾ ਮੌਕੇ ਤੇ ਹਾਜ਼ਰ ਸਾਥੀਆਂ ਨੇ ਪੂਰੇ ਉਤਸ਼ਾਹ ਨਾਲ ਕਿਹਾ ਕਿ ਅਸੀਂ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਰਸ਼ਨ ਸਿੰਘ ਸਕੱਤਰ, ਬਲਵਿੰਦਰ ਸਿੰਘ ਭੰਗੂ, ਗੁਰਦੇਵ ਸਿੰਘ ਪੁੜੈਣ, ਚਰਨਜੀਤ ਸੰਘ ਘਮਣੇਵਾਲ, ਸੱਤਪਾਲ ਭਨੋਹੜ, ਦਲੀਪ ਸਿੰਘ, ਸਰਬਜੀਤ ਸਿੰਘ, ਭਜਨ ਸਿੰਘ ਖੜੂਰ, ਸ਼ਵਿੰਦਰ ਸਿੰਘ ਫੋਰਮੈਨ ਤੇ ਜਸਮੇਲ ਸਿੰਘ ਜੱਸਾ ਮੋਹੀ ਆਦਿ ਹਾਜ਼ਰ ਸਨ।

## ਚਾਈਨਾ ਡੋਰ ਦੇ ਮਾਮਲੇ 'ਚ ਹੋਰ ਸਖਤੀ ਹੋਵੇਗੀ

**ਚੰਡੀਗੜ੍ਹ** : ਬਸੰਤ ਪੰਚਮੀ ਦੇ ਤਿਉਹਾਰ ਮੌਕੇ ਸਰਕਾਰ ਨੇ ਸਿੰਥੈਟਿਕ ਜਾਂ ਕੋਈ ਹੋਰ ਸਮੱਗਰੀ ਨਾਲ ਬਣੀ ਚਾਈਨਾ ਡੋਰ ਦੀ ਵਿਕਰੀ, ਭੰਡਾਰਨ ਅਤੇ ਖਰੀਦ 'ਤੇ ਸਖਤੀ ਨਾਲ ਪਾਬੰਦੀ ਲਗਾਉਣ ਅਤੇ ਇਸ ਨੂੰ ਤੁਰੰਤ ਜ਼ਬਤ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਅਜਿਹੀ ਸਮੱਗਰੀ ਨਾਲ ਬਣੀ ਡੋਰ ਨਾ ਸਿਰਫ ਮਨੁੱਖੀ ਜੀਵਨ ਲਈ, ਸਗੋਂ ਪੰਛੀਆਂ ਲਈ ਵੀ ਖਤਰਨਾਕ ਹੈ। ਇਸ ਤੋਂ ਇਲਾਵਾ ਡੀਜੀਪੀ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਸਾਰੇ ਐਸਐਚਓਜ ਨੂੰ ਤੁਰੰਤ ਆਪਣੇ ਅਧਿਕਾਰ ਖੇਤਰ ਵਿੱਚ ਛਾਪੇਮਾਰੀ ਕਰਨ ਦੇ ਨਿਰਦੇਸ਼ ਜਾਰੀ ਕਰਨ।

ਵਾਤਾਵਰਣ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ ਉਪਰੋਕਤ ਹੁਕਮ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ 20 ਜਨਵਰੀ 2015 ਦੇ ਹੁਕਮਾਂ ਅਨੁਸਾਰ ਦਿੱਤੇ ਗਏ ਹਨ।

## ਦੇਸ਼ਮੁਖ ਖਿਲਾਫ ਸੀ ਬੀ ਆਈ ਦੀ ਪਟੀਸ਼ਨ ਤੋਂ ਇਨਕਾਰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਭ੍ਰਿਸ਼ਟਾਚਾਰ ਦੇ ਮਾਮਲੇ ਵਿਚ ਮਹਾਰਾਸ਼ਟਰ ਦੇ ਸਾਬਕਾ ਗ੍ਰਹਿ ਮੰਤਰੀ ਅਨਿਲ ਦੇਸ਼ਮੁਖ ਨੂੰ ਜ਼ਮਾਨਤ ਦੇਣ ਦੇ ਬੰਬੇ ਹਾਈ ਕੋਰਟ ਦੇ ਹੁਕਮ ਦਾ ਵਿਰੋਧ ਕਰਨ ਵਾਲੀ ਪਟੀਸ਼ਨ ਸੁਣਨ ਤੋਂ ਇਨਕਾਰ ਕਰ ਦਿੱਤਾ ਹੈ। ਸੀ ਬੀ ਆਈ ਨੇ ਬੰਬੇ ਹਾਈ ਕੋਰਟ ਦੇ ਹੁਕਮਾਂ ਨੂੰ ਸੁਪਰੀਮ ਕੋਰਟ ਵਿਚ ਚੁਣੌਤੀ ਦਿੱਤੀ ਸੀ। ਇਸ ਤੋਂ ਪਹਿਲਾਂ ਮੁੰਬਈ ਦੀ ਹੇਠਲੀ ਅਦਾਲਤ ਨੇ ਦੇਸ਼ਮੁਖ ਦੀ ਪਟੀਸ਼ਨ ਖਾਰਜ ਕਰ ਦਿੱਤੀ ਸੀ, ਪਰ ਬੰਬੇ ਹਾਈ ਕੋਰਟ ਨੇ ਸਾਬਕਾ ਗ੍ਰਹਿ ਮੰਤਰੀ ਨੂੰ ਜ਼ਮਾਨਤ ਦੇ ਦਿੱਤੀ ਸੀ।

## ਓਵਰਟੇਕ ਕਰਦਿਆਂ ਮਿੰਨੀ ਬੱਸ ਸਫੈਦੇ 'ਚ ਵੱਜੀ



**ਤਲਵਾੜਾ** : ਹਾਜੀਪੁਰ ਸੜਕ 'ਤੇ ਸੋਮਵਾਰ ਮਿੰਨੀ ਬੱਸ ਦੂਜੇ ਵਾਹਨ ਨੂੰ ਓਵਰਟੇਕ ਕਰਦਿਆਂ ਸਫੈਦੇ ਵਿਚ ਜਾ ਵੱਜੀ, ਜਿਸ ਕਾਰਨ ਅੱਧੀ ਦਰਜਨ ਤੋਂ ਵੱਧ ਸਵਾਰੀਆਂ ਜ਼ਖਮੀ ਹੋ ਗਈਆਂ। ਹਾਦਸਾ ਅੱਡਾ ਝੀਰ ਦਾਖੂ ਨੇੜੇ ਤਲਵਾੜਾ ਵਾਲੇ ਪਾਸੇ ਦੁਪਹਿਰ 12 ਵਜੇ ਦੇ ਕਰੀਬ ਵਾਪਰਿਆ। ਨਿੱਜੀ ਮਿੰਨੀ ਬੱਸ ਤਲਵਾੜਾ ਤੋਂ ਦਸੂਹਾ ਜਾ ਰਹੀ ਸੀ।

ਦੱਸਿਆ ਜਾਂਦਾ ਹੈ ਕਿ ਬੱਸ ਖਚਾਖਚ ਭਰੀ ਹੋਈ ਸੀ।

## ਗੰਧਰਵ ਸੈਨ ਕੋਛੜ ਦੇ 105ਵੇਂ ਜਨਮ ਦਿਹਾੜੇ ਮੌਕੇ ਇਤਿਹਾਸ ਤੇ ਅਜੋਕੇ ਸਰੋਕਾਰਾਂ 'ਤੇ ਵਿਚਾਰਾਂ



**ਜਲੰਧਰ (ਕੇਸਰ)** ਗ਼ਦਰ ਲਹਿਰ ਦੀ ਅਗਲੀ ਕੜੀ ਕਿਰਤੀ ਲਹਿਰ ਤੋਂ ਲੈ ਕੇ ਦੇਸ਼ ਭਗਤ ਯਾਦਗਾਰ ਹਾਲ ਤੱਕ ਇੱਕ ਸਦੀ ਲੰਮਾ ਸ਼ਾਨਦਾਰ ਦੇਸ਼ ਭਗਤ ਇਨਕਲਾਬੀ ਲਹਿਰ ਅਤੇ ਲੋਕ-ਪੱਖੀ ਸਮਾਜ ਦੀ ਸਿਰਜਣਾ ਨੂੰ ਸਮਰਪਤ ਸਫ਼ਰ ਤੈਅ ਕਰਨ ਵਾਲੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਗੰਧਰਵ ਸੈਨ ਕੋਛੜ ਦੇ ਸੋਮਵਾਰ 105ਵੇਂ ਜਨਮ ਦਿਹਾੜੇ 'ਤੇ ਸਮਾਜ ਦੇ ਮਹੱਤਵਪੂਰਨ ਸੁਆਲਾਂ ਉਪਰ ਗੰਭੀਰ ਵਿਚਾਰ-ਚਰਚਾ ਹੋਈ।

ਗੰਧਰਵ ਸੈਨ ਕੋਛੜ ਦੀ ਧੀ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਕਮੇਟੀ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਕਮੇਟੀ ਮੈਂਬਰ ਰਣਜੀਤ ਸਿੰਘ ਔਲਖ, ਅਮੋਲਕ ਸਿੰਘ, ਪ੍ਰੋ. ਗੋਪਾਲ ਸਿੰਘ ਬੁੱਟਰ ਅਤੇ ਹਰਮੇਸ਼ ਮਾਲੜੀ ਨੇ ਗੰਧਰਵ ਸੈਨ ਕੋਛੜ ਦੀ ਤਸਵੀਰ ਅੱਗੇ ਸ਼ਮ੍ਹਾ ਰੌਸ਼ਨ ਕਰਦਿਆਂ ਸਮਾਜ ਅੰਦਰ ਗੂਹੜੇ ਫੈਲੇ ਹਰ ਤਰ੍ਹਾਂ ਦੇ ਹਨੇਰ ਨੂੰ ਦੂਰ ਕਰਨ ਲਈ ਸੂਝ-ਬੂਝ ਭਰੀ ਵਿਗਿਆਨਕ ਚੇਤਨਾ ਦਾ ਚਾਨਣ ਕਰਨ ਲਈ ਹਰ ਸੰਭਵ ਉੱਦਮ ਜੁਟਾਉਣ ਦਾ ਅਹਿਦ ਲਿਆ।

ਜ਼ਿਕਰਯੋਗ ਹੈ ਕਿ ਇਸ ਮੌਕੇ ਦੇਸ਼ ਭਗਤ ਯਾਦਗਾਰ ਹਾਲ ਦੀ 'ਭਾਈ ਸੰਤੋਖ ਸਿੰਘ ਕਿਰਤੀ ਲਾਇਬ੍ਰੇਰੀ' ਨਾਲ ਜੁੜੇ ਵਿਦਿਆਰਥੀਆਂ ਨੇ ਵਿਸ਼ੇਸ਼ ਦਿਲਚਸਪੀ ਲੈਂਦਿਆਂ ਵਿਚਾਰ-ਚਰਚਾ 'ਚ ਸ਼ਿਰਕਤ ਕੀਤੀ। ਵਿਚਾਰ-ਚਰਚਾ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਕਮੇਟੀ ਮੈਂਬਰ ਅਮੋਲਕ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਜੁਆਨੀ ਨੂੰ ਆਪਣੀ ਇਤਿਹਾਸਕ ਵਿਰਾਸਤ ਤੋਂ ਰੌਸ਼ਨੀ ਲੈਂਦਿਆਂ ਸਮੇਂ ਦੇ ਹਾਣੀ ਅਤੇ ਚੰਗੇਰੇ ਭਵਿੱਖ ਦੇ ਸਿਰਜਕ ਬਣਨ ਲਈ ਅਕਾਦਮਿਕ ਵਿੱਦਿਆ ਦੇ ਨਾਲ-ਨਾਲ ਸਮਾਜੀ ਗਿਆਨ ਗ੍ਰਹਿਣ ਕਰਦਿਆਂ ਖ਼ੂਬਸੂਰਤ ਸਮਾਜ ਬਾਰੇ ਚਿੰਤਨਸ਼ੀਲ ਅਤੇ ਸੰਘਰਸ਼ਸ਼ੀਲ ਬਣਨ ਦੀ ਲੋੜ ਹੈ। ਸੁਰਿੰਦਰ ਕੁਮਾਰੀ ਕੋਛੜ ਨੇ ਆਪਣੇ ਪਿਤਾ ਦੀ ਸੰਗਰਾਮੀ ਜੀਵਨ-ਗਾਥਾ ਸਾਂਝੀ ਕਰਦਿਆਂ ਹਾਜ਼ਰੀਨ ਨੂੰ ਯਕੀਨ ਦੁਆਇਆ ਕਿ ਉਹ ਤਨ, ਮਨ ਅਤੇ ਧਨ ਨਾਲ ਦੇਸ਼ ਭਗਤ ਯਾਦਗਾਰ ਹਾਲ ਦੀਆਂ ਸਥਾਪਤ ਮਾਨਮੱਤੀਆਂ ਰਵਾਇਤਾਂ ਨੂੰ ਆਖਰੀ ਦਮ ਤੱਕ ਬੁਲੰਦ ਰੱਖਣਗੇ।

ਇਸ ਮੌਕੇ ਸੁਰਿੰਦਰ ਕੁਮਾਰੀ ਕੋਛੜ ਦੇ ਪਰਵਾਰ, ਸਾਕ-ਸੰਬੰਧੀਆਂ ਤੇ ਦੋਸਤਾਂ-ਮਿੱਤਰਾਂ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਦੇ ਮੈਂਬਰਾਂ ਅਤੇ ਹਾਲ ਨਾਲ ਜੁੜੇ ਹੋਏ ਬਹੁਤ ਸਾਰੇ ਪਰਵਾਰਕ ਮੈਂਬਰਾਂ ਦੇ ਵਧਾਈ ਸੰਦੇਸ਼ ਪ੍ਰਾਪਤ ਹੋਏ।

## ...ਸ.ਫਾ 1 ਦੇ ਬਾਕੀ

### 27 ਜਨਵਰੀ ਨੂੰ 500...

ਬਣਨ ਦੇ ਮਹਿਜ਼ ਇੱਕ ਸਾਲ ਦੇ ਅੰਦਰ ਹੀ ਪੰਜਾਬ ਵਿੱਚ ਸਿਹਤ ਕ੍ਰਾਂਤੀ ਸ਼ੁਰੂ ਹੋ ਗਈ ਹੈ। ਚੋਣਾਂ ਤੋਂ ਪਹਿਲਾਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਲੋਕਾਂ ਨੂੰ ਇਹ ਗਾਰੰਟੀ ਦਿੱਤੀ ਸੀ ਕਿ ਸਰਕਾਰ ਬਣਨ 'ਤੇ ਪੰਜਾਬ 'ਚ ਮੁਹੱਲਾ ਕਲੀਨਿਕ ਸਥਾਪਤ ਕੀਤੇ ਜਾਣਗੇ।

ਹੁਣ ਸਾਡੇ ਮੁੱਖ ਮੰਤਰੀ ਭਗਵੰਤ ਮਾਨ ਇੱਕ-ਇੱਕ ਕਰਕੇ ਆਪਣੇ ਸਾਰੇ ਵਾਅਦੇ ਪੂਰੇ ਕਰ ਰਹੇ ਹਨ। ਮੁੱਖ ਮੰਤਰੀ ਦਾ ਸੁਪਨਾ ਹੈ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦਾ।

ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਆਮ ਆਦਮੀ ਕਲੀਨਿਕ ਦੀਆਂ ਸਫਲਤਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਹੁਣ ਤੱਕ 10 ਲੱਖ ਤੋਂ ਵੱਧ ਲੋਕ ਆਮ ਆਦਮੀ ਕਲੀਨਿਕਾਂ ਦਾ ਲਾਭ ਲੈ ਚੁੱਕੇ ਹਨ ਅਤੇ ਇਲਾਜ ਦੌਰਾਨ ਤਿੰਨ ਲੱਖ ਤੋਂ ਵੱਧ ਲੋਕਾਂ ਦੇ ਮੁਫਤ ਟੈਸਟ ਵੀ ਕੀਤੇ ਗਏ ਹਨ ਅਤੇ ਨਾਲ ਹੀ ਲੋਕਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਜਾਂਦੀਆਂ ਹਨ। ਉਹਨਾ ਕਿਹਾ ਕਿ 'ਆਪ' ਸਰਕਾਰ ਦੀ ਪਹਿਲੀ ਤਰਜੀਹ ਆਮ ਲੋਕਾਂ ਨੂੰ ਸਿੱਖਿਆ ਅਤੇ ਦਵਾਈ ਦੇ ਤਣਾਅ ਤੋਂ ਮੁਕਤ ਕਰਵਾਉਣਾ ਹੈ।

ਜਦੋਂ ਆਮ ਲੋਕਾਂ ਦੇ ਬੱਚਿਆਂ ਨੂੰ ਮੁਫਤ ਵਿੱਦਿਆ, ਮੁਫਤ ਇਲਾਜ, ਮੁਫਤ ਦਵਾਈਆਂ ਅਤੇ ਮੁਫਤ ਸਿਹਤ ਜਾਂਚ ਦੀ ਸਹੂਲਤ ਮਿਲੇਗੀ ਤਾਂ ਉਨ੍ਹਾਂ ਦਾ ਬਹੁਤ ਸਾਰਾ ਪੈਸਾ ਬਚੇਗਾ। ਇਸ ਪੈਸੇ ਦੀ ਵਰਤੋਂ ਉਹ ਰੋਜ਼ਾਨਾ ਦੀਆਂ ਲੋੜਾਂ ਪੂਰਾ ਕਰਨ ਲਈ ਕਰਨਗੇ। ਇਸ ਨਾਲ ਆਮ ਲੋਕਾਂ ਦਾ ਜੀਵਨ ਪੱਧਰ ਉੱਚਾ ਹੋਵੇਗਾ ਅਤੇ ਸਮਾਜ ਸਰਬਪੱਖੀ ਤਰੱਕੀ ਕਰੇਗਾ।

## ਟੱਕਰ ਕਾਰਨ ਮੋਟਰਸਾਈਕਲ ਸਵਾਰ ਗੰਭੀਰ ਜ਼ਖ਼ਮੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਮੰਡੀ ਕਲਾਂ ਦੇ ਨਜ਼ਦੀਕ ਪੀਰਖਾਨਾ ਦੇ ਸਾਹਮਣੇ ਤੋਂ ਆ ਰਹੇ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਅਣਪਛਾਤੇ ਵਾਹਨ ਨੇ ਟੱਕਰ ਮਾਰੀ। ਸਹਾਰਾ ਸਮਾਜ ਸੇਵਾ ਦੇ ਵਾਇਸ ਪ੍ਰਧਾਨ ਸੁਖਦੇਵ ਸਿੰਘ ਕਾਲਾ ਨੇ ਦੱਸਿਆ ਕਿ ਇਤਲਾਹ ਮਿਲੀ ਕਿ ਮੰਡੀ ਕਲਾਂ ਰੋਡ 'ਤੇ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਪਿਆ ਹੈ। ਮੈਂ ਆਪਣੇ ਵਰਕਰ ਵਿਨਸ ਗੋਇਲ ਸਮੇਤ ਸੰਸਥਾ ਦੀ ਐਂਬੂਲੈਂਸ ਲੈ ਕੇ ਘਟਨਾ ਸਥਾਨ 'ਤੇ ਪਹੁੰਚ ਕੇ ਜ਼ਖ਼ਮੀ ਨੂੰ ਸਿਵਲ ਹਸਪਤਾਲ ਵਿਖੇ ਦਾਖਲ ਕਰਾਇਆ। ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਵਿਅਕਤੀ ਦੇ ਪਰਵਾਰਕ ਮੈਂਬਰਾਂ ਨੇ ਜ਼ਖ਼ਮੀ ਦਾ ਨਾਂਅ ਚਰਨਜੀਤ ਸਿੰਘ ਉਮਰ 40 ਪੁੱਤਰ ਭੁੱਚਰ ਸਿੰਘ ਵਾਸੀ ਮੰਡੀ ਕਲਾਂ ਦੱਸਿਆ। ਉਨ੍ਹਾਂ ਕਿਹਾ ਕਿ ਚਰਨਜੀਤ ਸਿੰਘ ਕਿਸੇ ਫੈਕਟਰੀ ਵਿੱਚ ਮਿਹਨਤ ਮਜ਼ਦੂਰੀ ਕਰਦਾ ਸੀ। ਉਹ ਕੰਮ ਤੋਂ ਵਾਪਸ ਆਪਣੇ ਘਰੇ ਪਰਤ ਰਿਹਾ ਸੀ। ਜ਼ਖ਼ਮੀ ਦੀ ਹਾਲਤ ਨਾਜ਼ੁਕ ਦੇਖ ਸਿਵਲ ਹਸਪਤਾਲ ਦੇ ਡਾਕਟਰਾਂ ਵੱਲੋਂ ਉਸ ਨੂੰ ਬਠਿੰਡਾ ਰੈਫਰ ਕਰ ਦਿੱਤਾ ਗਿਆ ਹੈ।


ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ          G20

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ 08.02.2023 ਵਕਤ 15:00 ਵਜੇ ਤਕ, www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
| 17.01.2023 | 25.01.2023 | 08.02.2023/ 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 394-2022-23 -ADEN-ASR-II | ਸਹਾਇਕ ਮੰਡਲ ਇੰਜੀਨੀਅਰ ਦੁਸਰੀ / ਅੰਮ੍ਰਿਤਸਰ ਦੇ ਅਧੀਨ ਸੀਨੀਅਰ ਖੰਡ ਇੰਜੀਨੀਅਰ /ਪੀਵੇ / ਬਯਾਸ ਅਤੇ ਅੰਮ੍ਰਿਤਸਰ ਦੇ ਸੈਕਸ਼ਨ ਦੇ ਵਿਵਿਧ ਪੀਵੇ ਟ੍ਰੈਕ ਮੇਂਟੇਨੇਂਸ ਦਾ ਕੰਮ ਕਰਨ ਲਈ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 99,99,568.55/- | 2,00,000/- | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ – ਸਮਾਨ ਪ੍ਰਕ੍ਰਿਤੀ ਦਾ ਕੰਮ - ਪੂਰੀ ਟ੍ਰੈਕ ਨਵੀਨੀਕਰਣ / ਪੂਰੀ ਰੇਲਵੇ ਨਵੀਨੀਕਰਣ / ਪੂਰੀ ਫਿਟਿੰਗ ਨਵੀਨੀਕਰਣ / ਪੂਰੀ ਟਰਨ ਆਉਟ ਨਵੀਨੀਕਰਣਦੀ ਗਹਿਰੀ ਜਾਂਚ, ਟ੍ਰੈਕ ਦੇ ਉਠਾਨ / ਛਨਾਈ, ਡਿਸਟ੍ਰੇਸਿੰਗ, ਟ੍ਰੈਕ ਮੇਂਟੇਨੇਸ ਮਸ਼ੀਨ ਦੇ ਪਹਿਲਾ ਜਾਂ ਬਾਦ ਦੇ ਕੰਮ ਅਤੇ ਟੀ-28 ਮਸ਼ੀਨ ਤੋਂ ਟਰਨ ਆਉਟ ਨਵੀਨੀਕਰਣ ਦਾ ਕੰਮ। | | | |
| 2. | 395-2022-23 -ADEN-ASR-I-II | ਸਹਾਇਕ ਮੰਡਲ ਇੰਜੀਨੀਅਰ ਪਹਿਲੀ ਅਤੇ ਦੂਸਰੀ / ਅੰਮ੍ਰਿਤਸਰ ਦੇ ਅਧਿਕਾਰ ਖੇਤਰ ਦੇ ਅਧੀਨ ਦਿਵਯਾਂਗਜਨਾਂ ਦੇ ਲਈ ਦਿਵਯਾਂਗਜਨ ਪਖਾਨਾ, ਪ੍ਰਵੇਸ਼ ਪੱਥ, 50mtr COP ਅਤੇ ਪੇਯਜਲ ਬੂਥ ਦਾ ਪ੍ਰਾਵਧਾਨ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,99,97,151.80 | 2,50,000/- | 60 ਦਿਨ | 06 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ – ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ। | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਵੇਗੇ।

ਨੰ: 770-W/169/WA/FZR/2022-23 Date: 18.01.2023          239/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਅਣਪਛਾਤੀ ਲਾਸ਼ ਮਿਲੀ, ਕਤਲ ਦਾ ਖਦਸ਼ਾ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**

ਹਰੀਕੇ ਝੀਲ ਦੇ ਕਿਨਾਰੇ ਤੋਂ ਅਣਪਛਾਤੀ ਲਾਸ਼ ਮਿਲਣ ਨਾਲ ਇਲਾਕੇ ਵਿਚ ਸਨਸਨੀ ਫੈਲ ਗਈ। ਪਹਿਲੀ ਨਜ਼ਰ 'ਚ ਵੇਖਦਿਆਂ ਹਰੇਕ ਰਾਹਗੀਰ ਵੱਲੋਂ ਕਤਲ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਵਾਰਦਾਤ ਇੰਨੀ ਭਿਆਨਕ ਸੀ ਕਿ ਮ੍ਰਿਤਕ ਲਹੂ ਨਾਲ ਲੱਥਪਥ ਹੋਣ ਤੋਂ ਇਲਾਵਾ ਪੇਟ ਦੀਆਂ ਆਂਦਰਾਂ ਬਾਹਰ ਲਮਕ ਰਹੀਆਂ ਸਨ। ਮੌਕੇ 'ਤੇ ਪਹੁੰਚੀ ਹਰੀਕੇ ਪੁਲਸ ਨੇ ਸ਼ਨਾਖਤ ਲਈ ਲਾਸ਼ ਸਿਵਲ ਹਸਪਤਾਲ ਪੱਟੀ ਭੇਜ ਦਿੱਤੀ। ਮਾਮਲੇ ਦੀ ਸੱਚਾਈ ਸਾਹਮਣੇ ਲਿਆਉਣ ਲਈ ਇਲਾਕੇ ਭਰ ਦੇ ਸੀਸੀਟੀਵੀ ਕੈਮਰੇ ਖੰਗਾਲੇ ਜਾ ਰਹੇ ਹਨ। ਸਹਾਇਕ ਥਾਣੇਦਾਰ ਹਰਦੇਵ ਸਿੰਘ ਨੇ ਦੱਸਿਆ ਕਿ ਅਣਪਛਾਤੀ ਲਾਸ਼ ਦੀ ਸੂਚਨਾ ਮਿਲਣ ਤੇ ਘਟਨਾ ਸਥਾਨ 'ਤੇ ਪਹੁੰਚੇ। ਉਹਨਾਂ ਕਿਹਾ ਕਿ ਪ੍ਰਤੱਖਦਰਸ਼ੀਆਂ ਅਨੁਸਾਰ ਬੇਸ਼ੱਕ ਕਤਲ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ ਪਰ ਪੁਲਸ ਵੱਲੋ ਹਰ ਪਹਿਲੂ ਤੋਂ ਪੜਤਾਲ ਕੀਤੀ ਜਾ ਰਹੀ ਹੈ। ਲਾਸ਼ ਦੀ ਸ਼ਨਾਖਤ ਨਹੀਂ ਅਗਲੇ 72 ਘੰਟੇ ਡੈੱਡਹਾਊਸ ਪੱਟੀ ਰੱਖਿਆ ਜਾਵੇਗਾ ਕਿਉਂਕਿ ਮ੍ਰਿਤਕ ਪਾਸੋ ਸ਼ਨਾਖਤ ਦਰਸਾਉਂਦਾ ਕੋਈ ਸਬੂਤ, ਪਰਸ ਜਾਂ ਮੋਬਾਈਲ ਨਹੀ ਮਿਲਿਆ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਸੱਚਾਈ ਸਾਹਮਣੇ ਲਿਆਉਣ ਲਈ ਇਲਾਕੇ ਭਰ ਦੇ ਸੀਸੀਟੀਵੀ ਖੰਗਾਲਣ ਦੇ ਨਾਲ ਨਾਲ ਇਹ ਪਤਾ ਲਗਾਉਣ ਦੀ ਵੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਪੰਜਾਬ ਦੇ ਕਿਸੇ ਥਾਣੇ ਵਿਚ ਇਸ ਹੁਲੀਏ ਜਿਹੇ ਵਿਅਕਤੀ ਦੀ ਗੁੰਮਸ਼ੁਦਗੀ ਸਬੰਧੀ ਦਰਖਾਸਤ ਦਿੱਤੀ ਹੈ ਜਾਂ ਨਹੀ। ਠੰਡ ਨਾਲ ਆਕੜ ਚੁੱਕੀ ਲਾਸ਼ ਵੇਖ ਕੇ ਵਾਰਦਾਤ ਪਹਿਲੇ ਪਹਿਰ ਤੋਂ ਬਾਅਦ ਵਾਪਰੀ ਹੋਣ ਦਾ ਅਨੁਮਾਨ ਹੈ। ਮਰਨ ਵਾਲੇ ਨੇ ਪੈਂਟ ਕਮੀਜ਼ ਅਤੇ ਬਿਨਾਂ ਜੁਰਾਬਾਂ ਤੋਂ ਬੂਟ ਪਾਏ ਹਨ। ਦਾਹੜੀ ਰੱਖਣ ਦੇ ਬਾਵਜੂਦ ਉਸਦੇ ਵਾਲ ਕੱਟੇ ਸਨ। ਲਾਸ਼ ਖੂਨ ਨਾਲ ਲੱਥਪਥ ਹੋਣ ਕਰਕੇ ਸ਼ਨਾਖਤ ਨਹੀਂ ਹੋ ਰਹੀ। ਇਸ ਲਈ ਕਈ ਧਾਰਮਿਕ ਸਥਾਨਾਂ ਤੋਂ ਮਨਿਆਦੀ ਵੀ ਕਰਵਾਈ ਗਈ।



# ਬਾਬਾ ਕਾਲਾ ਮਾਹਰ ਵਿਖੇ ਨਿਸ਼ਾਨ ਸਾਹਿਬ 29 ਨੂੰ ਝੁਲਾਇਆ ਜਾਵੇਗਾ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਪੰਜਾਬ ਦੇ ਪ੍ਰਮੁੱਖ ਵਗਦੇ ਪਾਣੀ ਦੇ ਦਰਿਆ ਬਿਆਸ ਕਿਨਾਰੇ ਸਥਿਤ ਗੁਰਦੁਆਰਾ ਬਾਬਾ ਕਾਲਾ ਮਾਹਰ ਪਿੰਡ ਚੰਬਾ ਕਲਾਂ ਵਿਖੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਮਲਕੀਤ ਸਿੰਘ ਮੁੱਖ ਸੇਵਾਦਾਰ ਵੱਲੋਂ 29 ਜਨਵਰੀ ਐਤਵਾਰ ਨੂੰ 100 ਫੁੱਟ ਲੰਬਾ ਮਜ਼ਬੂਤ ਤੇ ਜੈਕ ਵਾਲਾ ਨਿਸ਼ਾਨ ਸਾਹਿਬ ਜੈਕਾਰਿਆਂ ਦੀ ਗੂੰਜ 'ਚ ਝੁਲਾਇਆ ਜਾਵੇਗਾ। ਬਾਬਾ ਜੀ ਨੇ ਦੱਸਿਆ ਇਸ ਆਧੁਨਿਕ ਨਿਸ਼ਾਨ ਸਾਹਿਬ ਉਪਰ ਪੰਜ ਫੁੱਟ ਦਾ ਸਟੀਲ ਦਾ ਲਾਈਟਾਂ ਤੇ ਘੁੰਮਣ ਵਾਲਾ ਖੰਡਾ ਸੁਸ਼ੋਭਿਤ ਕੀਤਾ ਜਾਵੇਗਾ ਤਾਂ ਜੋ ਅਨੇਕਾਂ ਕਿਲੋਮੀਟਰ ਤੱਕ ਨਾਨਕ ਲੇਵਾ ਸੰਗਤਾਂ ਨੂੰ ਦਰਸ਼ਨ ਦੀਦਾਰੇ ਦੇਵੇਗਾ। ਬਾਬਾ ਜੀ ਨੇ ਦੇਸ਼-ਵਿਦੇਸ਼ ਵਿੱਚ ਬੈਠੀਆਂ ਸਮੂਹ ਨਾਨਕ ਲੇਵਾ ਸੰਗਤਾਂ ਨੂੰ 29 ਜਨਵਰੀ ਨੂੰ ਪਿੰਡ ਚੰਬਾ ਦੇ ਗੁਰਦਵਾਰਾ ਬਾਬਾ ਕਾਲਾ ਮਾਹਰ ਜੀ ਦੇ ਅਸਥਾਨਾ 'ਤੇ ਪੁੱਜਣ ਦੀ ਅਪੀਲ ਕੀਤੀ।

# ਕੰਪਨੀ ਬਾਗ ਵਿਖੇ ਈਟ ਰਾਈਟ ਮਿਲੇਟ ਦਾ ਉਦਘਾਟਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਫੂਡਜ਼ ਐਂਡ ਡਰੱਗ ਐਡਮਨਿਸਟਰੇਸ਼ਨ ਪੰਜਾਬ (ਐੱਫਡੀਏ) ਵਲੋਂ ਜ਼ਿਲ੍ਹਾ ਪ੍ਰਸਾਸ਼ਨ ਦੇ ਸਹਿਯੋਗ ਨਾਲ ਕੰਪਨੀ ਬਾਗ ਵਿਖੇ ਕਰਵਾਏ ਗਏ 'ਈਟ ਰਾਈਟ ਮਿਲੇਟ' ਦਾ ਉਦਘਾਟਨ ਕਰਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਇੰਦਰਬੀਰ ਸਿੰਘ ਨਿੱਜਰ ਨੇ ਸਮਾਗਮ ਵਿੱਚ ਹਾਜ਼ਰ ਕਿਸਾਨਾਂ, ਖੁਰਾਕ ਮਾਹਰਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਮੂਲ ਅਨਾਜ ਦੀ ਪੈਦਾਵਾਰ ਕਰਨ 'ਤੇ ਜ਼ੋਰ ਦਿੱਤਾ।

ਡਾ. ਨਿੱਜਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਪਣੀ ਧਰਤੀ ਨੂੰ ਜ਼ਹਿਰ ਕੋਲੋਂ ਬਚਾਉਣ ਲਈ ਸਾਨੂੰ ਕੁਦਰਤੀ ਖੇਤੀ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਮੋਟਾ ਅਨਾਜ ਜਿਸ ਵਿਚ ਮੁੱਖ ਤੌਰ ਤੇ ਬਾਜਰਾ, ਕੰਗਣੀ, ਕੋਦਰਾ, ਜਵਾਰ, ਕੁੱਟਕੀ, ਸਾਂਵਾਂ, ਅਤੇ ਰਾਗੀ ਆਉਂਦੇ ਹਨ ਨੂੰ ਬਿਲਕੁਲ ਹੀ ਅਸੀਂ ਭੁੱਲ ਗਏ ਹਾਂ, ਜਦਿਕ ਸਾਡੀ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਇਨਾਂ ਦਾ ਸੇਵਨ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੋਟੇ ਅਨਾਜ ਦੀ ਪੈਦਾਵਾਰ ਕਰਨ ਨਾਲ ਜਿਥੇ ਪਾਣੀ ਦੀ ਬਚਤ ਹੁੰਦੀ ਹੈ ਉਥੇ ਦਵਾਈਆਂ ਵੀ ਘੱਟ ਵਰਤਣੀਆਂ ਪੈਂਦੀਆਂ ਹਨ। ਜਿਸ ਨਾਲ ਸਾਡੀ ਮਿੱਟੀ ਦੀ ਉਪਜਾਊ ਬਣੀ ਰਹਿੰਦੀ ਹੈ। ਡਾ. ਨਿੱਜਰ ਨੇ ਕਿਹਾ ਕਿ ਪੋਸ਼ਕ ਤੱਤਾਂ ਨਾਲ ਭਰਪੂਰ ਮੋਟੇ ਅਨਾਜ ਦੇ ਫਾਇਦੇ ਬਾਰੇ ਜਾਗਰੂਕਤਾ ਲਹਿਰ ਚਲਾਈ ਗਈ। ਉਨਾਂ ਕਿਹਾ ਕਿ ਸਰਕਾਰ ਵੀ ਇਨ੍ਹਾਂ ਦੀ ਮਦਦ ਕਰੇਗੀ।



ਡਾ. ਨਿੱਜਰ ਨੇ ਕਿਹਾ ਕਿ ਕਿਸੇ ਸਮੇਂ ਮੋਟਾ ਅਨਾਜ ਸਾਡੀ ਖੁਰਾਕ ਦਾ ਅਹਿਮ ਹਿੱਸਾ ਹੁੰਦੀ ਸੀ ਪਰ ਸਾਡੀ ਰਹਿਣ ਸਹਿਣ ਵਿਚ ਆਏ ਵੱਡੇ ਬਦਲਾਅ ਕਾਰਨ ਇਹ ਸਾਡੀ ਥਾਲੀ ਵਿਚੋਂ ਗਾਇਬ ਹੋ ਗਿਆ ਹੈ। ਉਸਦਾ ਖਮਿਆਜ਼ਾ ਅਸੀਂ ਕਈ ਭਿਆਨਕ ਬਿਮਾਰੀਆਂ ਨਾਲ ਭੁਗਤ ਰਹੇ ਹਾਂ।

ਉਨਾਂ ਕਿਹਾ ਕਿ ਅੱਜ ਸਾਨੂੰ ਲੋੜ ਹੈ ਕਿ ਮੋਟੇ ਅਨਾਜ ਨੂੰ ਮੁੜ ਆਪਣੀ ਸਾਡੀ ਥਾਲੀ ਦਾ ਹਿੱਸਾ ਬਣਾਈਏ ਤਾਂ ਬਿਮਾਰੀਆਂ ਤੋਂ ਬਚੀਏ। ਉਨਾਂ ਕਿਹਾ ਕਿ ਅਸੀਂ ਕਣਕ ਅਤੇ ਝੋਨੇ ਦੀ ਜ਼ਿਆਦਾ ਵਰਤੋਂ ਕਰਕੇ ਖੁਦ ਬਿਮਾਰੀਆਂ ਨੂੰ ਸੱਦਾ ਦਿੱਤਾ ਹੈ ਅਤੇ ਸਾਨੂੰ ਮੁੜ ਆਪਣਾ ਮੂਲ ਅਨਾਜ ਵੱਲ ਮੁੜਨਾ ਪਵੇਗਾ। ਉਨਾਂ ਦੱਸਿਆ ਕਿ ਕਣਕ ਵਿੱਚ ਗਲੂਟਨ ਦੀ ਜਿਆਦਾ ਮਾਤਰਾ ਹੋਣ ਕਰਕੇ ਅਸੀਂ ਬਿਮਾਰ ਹੋ ਰਹੇ ਹਾਂ ਅਤੇ ਕੈਮਿਕਲਾਂ ਦੀ ਵਰਤੋਂ ਕਰਕੇ ਆਪਣੀ ਮਿੱਟੀ ਵੀ ਖਰਾਬ ਕਰ ਰਹੇ ਹਾਂ। ਇਸ ਮੌਕੇ ਡਾ. ਨਿੱਜਰ ਨੇ ਮੇਲੇ ਵਿੱਚ ਕੁੱਦਰਤੀ ਖੇਤੀ ਅਤੇ ਮੋਟੇ ਅਨਾਜ ਦੇ ਪ੍ਰਚਾਰ ਹਿੱਤ ਲੱਗੇ ਹੋਏ ਵੱਖ-ਵੱਖ ਸਟਾਲਾਂ ਨੂੰ, ਬੜੀ ਗਹੁ ਨਾਲ ਵੇਖਿਆ ਅਤੇ ਮੇਲੇ ਦੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਮੇਲੇ ਦੌਰਾਨ ਡਾ. ਨਿੱਜਰ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਵੀ ਕੀਤਾ ਗਿਆ। ਡਾ. ਨਿੱਜਰ ਨੇ ਸ਼ਮਾ ਰੋਸ਼ਨ ਕਰਕੇ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਤ ਵੀ ਕੀਤਾ। ਇਸ ਮੇਲੇ ਵਿਚ ਫੂਡ ਅਤੇ ਡਰੱਗ ਕਮਿਸ਼ਨਰ ਪੰਜਾਬ ਡਾ. ਅਭਿਨਵ ਤ੍ਰਿਖਾ, ਸਹਾਇਕ ਫੂਡ ਕਮਿਸ਼ਨਰ ਰਾਜਿੰਦਰ ਸਿੰਘ, ਫੂਡ ਸੇਫਟੀ ਅਫਸਰ ਸਤਨਾਮ ਸਿੰਘ, ਕਮਲਜੀਤ ਕੌਰ, ਕਰਨ ਸਚਦੇਵਾ, ਸੁਰਜੀਤ ਆਨੰਦ, ਡਾ. ਰਾਕੇਸ਼ ਸ਼ਰਮਾ, ਓਐਸਡੀ ਮਨਪ੍ਰੀਤ ਸਿੰਘ, ਪੀਏ ਮਨਿੰਦਰਪਾਲ ਸਿੰਘ ਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਕਿਸਾਨ ਸੰਘਰਸ਼ ਕਮੇਟੀ ਪੰਜਾਬ ਜੀਂਦ ਕਿਸਾਨ ਮਹਾਂ ਪੰਚਾਇਤ 'ਚ ਕਰੇਗੀ ਭਰਵੀਂ ਸ਼ਮੂਲੀਅਤ

**ਪੱਟੀ, (ਬਲਦੇਵ ਸਿੰਘ ਸੰਧੂ, ਸ਼ਮਸ਼ੇਰ ਸਿੰਘ ਯੋਧਾ)**

ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਰਵੀ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਸੁਖਦੇਵ ਸਿੰਘ ਅਰਾਈਆਂਵਾਲਾ, ਜ਼ਿਲ੍ਹਾ ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਸਿੰਘ ਕਲਸੀ, ਜ਼ਿਲ੍ਹਾ ਅੰਮ੍ਰਿਤਸਰ ਦੇ ਆਗੂ ਨਿਰਵੈਲ ਸਿੰਘ ਸੁਲਤਾਨਵਿੰਡ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਉਤਰੀ ਭਾਰਤ ਦੇ ਕਿਸਾਨਾਂ ਵੱਲੋਂ ਜੀਂਦ ਵਿਖੇ ਕੀਤੀ ਜਾ ਰਾਹੀ ਕਿਸਾਨ ਮਹਾਂ ਪੰਚਾਇਤ ਵਿਚ ਕਿਸਾਨ ਸੰਘਰਸ ਕਮੇਟੀ ਪੰਜਾਬ ਵੱਲੋਂ ਵੱਡੇ ਕਾਫਲਿਆਂ ਨਾਲ ਸ਼ਮੂਲੀਅਤ ਕੀਤੀ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੱਲੋਂ ਦਿੱਲੀ ਕਿਸਾਨ ਮੋਰਚੇ ਵਿਚ ਕੀਤੇ ਵਾਅਦਿਆਂ ਤੋਂ ਮੁੱਕਰਿਆ ਜਾ ਰਿਹਾ ਹੈ ਜਿਸ ਦੇ ਵਿਰੋਧ ਵਿਚ ਕਿਸਾਨਾਂ ਦਾ ਗੁੱਸਾ ਵੱਧ ਰਿਹਾ ਹੈ। ਸੰਯੁਕਤ ਕਿਸਾਨ ਮੋਰਚੇ ਵੱਲੋਂ ਰਹਿੰਦੀਆਂ ਕਿਸਾਨ ਮੰਗਾਂ ਤੇ ਅੰਦੋਲਨ ਤੇਜ਼ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਿਸਾਨਾਂ ਦੀਆਂ ਸਾਰੀਆਂ ਫਸਲਾਂ 'ਤੇ ਕਾਨੂੰਨ ਬਣਾਉ, ਫਸਲਾਂ ਦਾ ਭਾਅ ਸੀ ਟੂ ਫਾਰਮੂਲੇ ਅਨੁਸਾਰ ਦਿੱਤਾ ਜਾਵੇ, ਲਖੀਮਪੁਰ ਖੀਰੀ ਘਟਨਾ ਦੇ ਮੁੱਖ ਦੋਸ਼ੀ ਅਜੈ ਮਿਸ਼ਰਾ ਟੈਣੀ ਨੂੰ ਕੇਂਦਰੀ ਗ੍ਰਹਿ ਰਾਜ ਮੰਤਰੀ ਦੇ ਅਹੁਦੇ ਤੋਂ ਬਰਖਾਸਤ ਕਰਕੇ ਗ੍ਰਿਫਤਾਰ ਕਰੋ ਅਤੇ ਲਖੀਮਪੁਰ ਖੀਰੀ ਦੇ ਗ੍ਰਿਫਤਾਰ ਕੀਤੇ ਚਾਰ ਨੌਜਵਾਨ ਕਿਸਾਨ ਆਗੂਆਂ ਨੂੰ ਰਿਹਾਅ ਕਰੋ, ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਤੇ 26 ਜਨਵਰੀ 2021 ਨੂੰ ਕੀਤੇ ਸੰਗੀਨ ਪਰਚੇ ਰੱਦ ਕਰੋ, ਚੋਣਾਂ ਵੇਲੇ ਸਮੁੱਚਾ ਕਰਜ਼ਾ ਮੁਆਫੀ ਦਾ ਵਾਅਦਾ ਪੂਰਾ ਕਰਕੇ ਕਿਸਾਨਾਂ ਨੂੰ ਕਰਜ਼ਾ ਮੁਕਤ ਕੀਤਾ ਜਾਵੇ, ਕਿਸਾਨਾਂ ਦੀਆਂ ਫਸਲਾਂ ਦੀ ਬੀਮਾ ਸਕੀਮ ਚਾਲੂ ਕਰਕੇ ਬੀਮੇ ਦੀ ਕਿਸ਼ਤ ਸਰਕਾਰ ਭਰੇ ਤਾਂ ਜੋ ਅੱਗੇ ਤੋਂ ਕਿਸਾਨਾਂ ਨੂੰ ਹੜ੍ਹਾਂ ਨਾਲ ਮਾਰੀ ਫਸਲ ਦਾ, ਗੁਲਾਬੀ ਸੁੰਡੀ ਦੀ ਮਾਰ, ਗੜੇਮਾਰੀ ਦਾ ਪੂਰਾ ਬੀਮਾ ਮਿਲੇ ਤੇ ਕਿਸਾਨਾਂ ਨੂੰ ਘਾਟਾ ਨਾ ਪਵੇ, 60 ਸਾਲ ਦੇ ਕਿਸਾਨ ਮਰਦ ਔਰਤਾਂ ਦੀ ਬੁਢਾਪਾ ਪੈਨਸ਼ਨ ਦਸ ਹਜ਼ਾਰ ਰੁਪਏ ਤਹਿ ਕੀਤੀ ਜਾਵੇ, ਬਿਜਲੀ ਬਿੱਲ 2022 ਰੱਦ ਹੋਵੇ। ਇਸ ਸਮੇਂ ਜਥੇਬੰਦੀ ਦੇ ਹੋਰ ਕਿਸਾਨ ਆਗੂ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਬੀਰ ਸਿੰਘ ਮਰਹਾਣਾ, ਅਮਰਜੀਤ ਸਿੰਘ ਭਿੱਖੀਵਿੰਡ, ਮਹਿੰਦਰ ਸਿੰਘ ਮਿੰਦਾ, ਮਲਕੀਤ ਸਿੰਘ ਸੂਦਾਂ, ਲਖਵਿੰਦਰ ਸਿੰਘ ਸਿੰਘਾਪੁਰਾ ਜੱਗਾ ਨੰਗਲ, ਬਲਵਿੰਦਰ ਸਿੰਘ ਭਾਊ, ਸੁਬੇਗ ਸਿੰਘ ਸੂਦਾਂ, ਸੁਖਵਿੰਦਰ ਸਿੰਘ ਮਾਹਲ, ਮਿਲਖਾ ਸਿੰਘ ਸੁਲਤਾਨਵਿੰਡ, ਮੰਗੇ ਸ਼ਾਹ ਭਿੱਖੀਵਿੰਡ, ਹਰਦੀਪ ਸਿੰਘ ਬੱਠੇਭੈਣੀ, ਨਸੀਬ ਸਿੰਘ ਸ਼ੀਹਾਪਾੜੀ, ਅਮਨਦੀਪ ਸਿੰਘ ਰਸੂਲਪੁਰ, ਸੋਨੂੰ ਭਿੱਖੀਵਿੰਡ, ਧਰਮ ਸਿੰਘ ਕਲਸੀਆਂ ਆਦਿ ਕਿਸਾਨ ਆਗੂ ਵੀ ਹਾਜ਼ਰ ਸਨ।



# ਨਿਰਵੈਲ ਸਿੰਘ ਕੰਗ, ਬੱਬੂ ਥਾਪਰ, ਕਰਨ ਮੱਲ੍ਹੀ, ਦੀਨਾ ਨਾਥ 'ਆਪ' 'ਚ ਸ਼ਾਮਲ

**ਜਲੰਧਰ, (ਸੁਰਿੰਦਰ ਕੁਮਾਰ)**-ਸਥਾਨਕ ਨਗਰ ਨਿਗਮ ਚੋਣਾਂ ਤੋਂ ਪਹਿਲਾਂ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ, ਜਦੋਂ ਇਨ੍ਹਾਂ ਪਾਰਟੀਆਂ ਦੇ ਸੀਨੀਅਰ ਆਗੂਆਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਸਰਕਟ ਹਾਊਸ ਵਿਚ ਲੋਕਲ ਬਾਡੀਜ ਮੰਤਰੀ ਇੰਦਰਬੀਰ ਸਿੰਘ ਨਿੱਝਰ ਦੀ ਹਾਜਰੀ ਵਿਚ ਸੈਂਟਰਲ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਸੀਤਲ ਅੰਗੁਰਾਲ, ਹਲਕਾ ਇੰਚਾਰਜ ਸੁਰਿੰਦਰ ਸਿੰਘ ਸੋਢੀ ਅਤੇ ਦਿਨੇਸ਼ ਢੱਲ ਵੱਲੋਂ ਕਾਂਗਰਸ ਦੇ ਸੀਨੀਅਰ ਆਗੂ ਆਹੂਲਵਾਲੀਆ ਨੂੰ ਆਮ ਆਦਮੀ ਪਾਰਟੀ ਵਿਚ ਸ਼ਾਮਲ ਕਰਵਾਇਆ ਗਿਆ। ਕਾਕੂ ਆਹਲੂਵਾਲੀਆ ਜਲੰਧਰ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਦਲਜੀਤ ਸਿੰਘ ਆਹਲੂਵਾਲੀਆ ਦੇ ਬੇਟੇ ਹਨ ਤੇ 8 ਸਾਲ ਤਕ ਦੋ ਵਾਰ ਜ਼ਿਲ੍ਹਾ ਯੂਥ ਕਾਂਗਰਸ ਪ੍ਰਧਾਨ ਰਹਿ ਚੁੱਕੇ ਹਨ। ਆਹਲੂਵਾਲੀਆ ਨਾਲ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਨਰਵੈਲ ਸਿੰਘ ਕੰਗ (ਸਾਬਕਾ ਜ਼ਿਲ੍ਹਾ ਪਰਿਸ਼ਦ ਮੈਂਬਰ ਹਨ) ਅਤੇ ਮੌਜੂਦਾ ਸਰਪੰਚ ਸੁਖਵਿੰਦਰ ਸੁੱਖਾ, ਰਾਜੇਸ਼, ਕਰਨ ਮੱਲ੍ਹੀ, ਸਕੱਤਰ ਪੰਜਾਬ ਕਾਂਗਰਸ ਵਿਜੇ ਥਾਪਰ ਵੀ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ ਹਨ।

# ਪ੍ਰੈੱਸ ਸੰਘਰਸ਼ ਜਰਨਲਿਸਟ ਐਸੋਸੀਏਸ਼ਨ ਵੱਲੋਂ ਅਹਿਮ ਮੀਟਿੰਗ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਪ੍ਰੈੱਸ ਸੰਘਰਸ਼ ਜਰਨਲਿਸਟ ਐਸੋਸੀਏਸ਼ਨ ਦੀ ਅਹਿਮ ਮੀਟਿੰਗ ਤਰਸੇਮ ਸਿੰਘ ਭੁਪਾਲ ਦੀ ਅਗਵਾਈ ਹੇਠ ਉਨ੍ਹਾਂ ਦੇ ਦਫਤਰ ਵਿਖੇ ਹੋਈ। ਮੀਟਿੰਗ ਵਿਚ ਰਾਸ਼ਟਰੀ ਪ੍ਰਧਾਨ ਸੰਜੀਵ ਪੁੰਜ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਹਾਜ਼ਰ ਪੱਤਰਕਾਰਾਂ ਨਾਲ ਯੂਨੀਅਨ ਦੇ ਪ੍ਰਸਾਰ ਅਤੇ ਪ੍ਰਚਾਰ ਲਈ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਰਾਸ਼ਟਰੀ ਪ੍ਰਧਾਨ ਸੰਜੀਵ ਪੁੰਜ ਨੇ ਕਿਹਾ ਕਿ ਪੱਤਰਕਾਰੀ ਦੇ ਖੇਤਰ ਵਿਚ ਕਈ ਮੁਸ਼ਕਿਲਾਂ ਦਰਪੇਸ਼ ਆਉਂਦੀਆਂ ਹਨ, ਪਰ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਪੱਤਰਕਾਰਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਦੀ ਬਜਾਏ ਉਨ੍ਹਾਂ ਨੂੰ ਅਣਗੌਲਿਆਂ ਕੀਤਾ ਜਾਂਦਾ ਹੈ ਜਿਸ ਕਰਕੇ ਯੂਨੀਅਨ ਵੱਲੋਂ ਪੱਤਰਕਾਰਾਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਅੰਨ੍ਹੀ ਬੋਲੀ ਸਰਕਾਰ ਦੇ ਸਾਹਮਣੇ ਲਿਆਉਣ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਕੁੱਝ ਲੋਕਾਂ ਵੱਲੋਂ ਤਰਨਤਾਰਨ ਇਕਾਈ ਵਿਚ ਯੂਨੀਅਨ ਵਿਰੋਧੀ ਗਤੀਵਿਧੀਆਂ ਕੀਤੀਆਂ ਗਈਆਂ ਸਨ ਅਤੇ ਯੂਨੀਅਨ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕੀਤੀ ਗਈ ਸੀ, ਜਿਸ ਕਰਕੇ ਯੂਨੀਅਨ ਵੱਲੋਂ ਸਖਤ ਐਕਸ਼ਨ ਲੈਂਦਿਆਂ ਯੂਨੀਅਨ ਵਿਰੋਧੀ ਅਨਸਰਾਂ ਦੀਆਂ ਅਹੁਦੇਦਾਰੀਆਂ ਖਤਮ ਕਰਕੇ ਇਕਾਈ ਭੰਗ ਕਰ ਦਿੱਤੀ ਗਈ ਸੀ ਅਤੇ ਜਲਦੀ ਹੀ ਦੁਬਾਰਾਂ ਤਰਨਤਾਰਨ ਇਕਾਈ ਦਾ ਗਠਨ ਕੀਤਾ ਜਾਵੇਗਾ ਅਤੇ ਨਵੇਂ ਅਹੁਦੇਦਾਰਾਂ ਨੂੰ ਜ਼ਿੰਮੇਵਾਰੀਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਤਰਨਤਾਰਨ ਤੋਂ ਸੀਨੀਅਰ ਪੱਤਰਕਾਰ ਤਰਸੇਮ ਸਿੰਘ ਭੁਪਾਲ ਨੇ ਕਿਹਾ ਕਿ ਰਾਸ਼ਟਰੀ ਪ੍ਰਧਾਨ ਸੰਜੀਵ ਪੁੰਜ ਨੂੰ ਵਿਸ਼ਵਾਸ ਦਿਵਾਇਆ ਕਿ ਤਰਨਤਾਰਨ ਵਿਚ ਯੂਨੀਅਨ ਦਾ ਪ੍ਰਸਾਰ ਅਤੇ ਪ੍ਰਚਾਰ ਜੰਗੀ ਪੱਧਰ ਤੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਜਿੱਥੇ ਪੱਤਰਕਾਰਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਸੰਘਰਸ਼ ਕੀਤਾ ਜਾਵੇਗਾ, ਉੱਥੇ ਹੀ ਪੀਲੀ ਪੱਤਰਕਾਰੀ ਕਰਨ ਵਾਲਿਆਂ ਅਤੇ ਪ੍ਰੈੱਸ ਸ਼ਬਦ ਦੀ ਦੁਰਵਰਤੋਂ ਕਰਨ ਵਾਲਿਆਂ ਖਿਲਾਫ ਵੀ ਸ਼ਿਕੰਜਾ ਕੱਸਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਨੇਸ਼ ਵਾਲੀਆ, ਪਲਵਿੰਦਰ ਸਿੰਘ ਵਾਲੀਆ, ਜੀਵਨ ਜੱਜ, ਸੁਰਿੰਦਰਪਾਲ ਸਿੰਘ ਮਠਾੜੂ, ਸਾਹਿਬ ਸਿੰਘ, ਮਨਦੀਪ ਸਿੰਘ ਰਾਜਨ, ਜ਼ਸਬੀਰ ਸਿੰਘ ਛੀਨਾ ਆਦਿ ਹਾਜ਼ਰ ਸਨ।

# ਮੁਹੱਲਾ ਕਲੀਨਿਕ ਦਾ ਉਦਘਾਟਨ 27 ਨੂੰ : ਪ੍ਰਿੰਸੀ. ਪ੍ਰੇਮ ਕੁਮਾਰ

**ਗੁਰਾਇਆ, (ਬਿੰਦਰ ਸੁੰਮਨ)**

ਪੰਜਾਬ ਦੇ ਮੁੱਖ ਮੰਤਰੀ ਗਵੰਤ ਸਿੰਘ ਮਾਨ ਵਲੋਂ 15 ਅਗਸਤ 2022 ਨੂੰ ਪੰਜਾਬ ਵਿੱਚ 100 ਮੁਹੱਲਾ ਕਲੀਨਿਕ ਖੋਲੇ ਗਏ ਸਨ, ਇਸੇ ਤਰ੍ਹਾਂ 26 ਜਨਵਰੀ ਨੂੰ ਪੰਜਾਬ ਵਿੱਚ 500 ਮੁਹੱਲਾ ਕਲੀਨਿਕ ਖੋਲੇ ਜਾ ਰਹੇ ਹਨ। ਵਿਧਾਨ ਸਭਾ ਹਲਕਾ ਫਿਲੌਰ ਵਿੱਚ ਪੰਜ ਮੁਹੱਲਾ ਕਲੀਨਿਕ ਖੋਲੇ ਜਾਣਗੇ। ਇੰਨਾਂ ਗੱਲਾਂ ਦਾ ਪ੍ਰਗਟਾਵਾ ਪ੍ਰਿੰਸੀਪਲ ਪ੍ਰੇਮ ਕੁਮਾਰ ਹਲਕਾ ਇੰਚਾਰਜ ਵਿਧਾਨ ਸਭਾ ਫਿਲੌਰ ਨੇ ਗੁਰਾਇਆ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨਾਂ ਕਿਹਾ ਕਿ ਗੁਰਾਇਆ ਵਿੱਚ ਖੋਲੇ ਜਾ ਰਹੇ ਮੁਹੱਲਾ ਕਲੀਨਿਕ ਦੀਆਂ ਤਿਆਰੀਆਂ ਮੁਕੰਮਲ ਹੋ ਗਈਆ ਹਨ, ਜੋ 27 ਜਨਵਰੀ ਨੂੰ ਸ਼ਹਿਰ ਵਾਸੀਆਂ ਦੇ ਹਵਾਲੇ ਕੀਤਾ ਜਾਵੇਗਾ। ਇਲਾਕਾ ਨਿਵਾਸੀ ਇਸ ਮੁਹੱਲਾ ਕਲੀਨਿਕ ਦਾ ਵੱਧ ਤੋ ਵੱਧ ਲਾਭ ਲੈਣਗੇ ਕਿਉਂਕਿ ਇਥੇ ਮਰੀਜ਼ਾਂ ਦੇ ਟੈਸਟ ਫਰੀ ਕੀਤੇ ਜਾਣਗੇ। ਉਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਜੋ ਵੋਟਾਂ ਸਮੇਂ ਵਾਅਦੇ ਕੀਤੇ ਸਨ, ਨੂੰ ਇੱਕ ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਇੰਨਾਂ ਵਾਅਦਿਆਂ ਵਿੱਚ ਇਕ ਵਾਅਦਾ ਸੀ ਸਿਹਤ ਦਾ ਜੋ ਮੁਹੱਲਾ ਕਲੀਨਿਕ ਖੋਲ ਕੇ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਡਾਕਟਰ ਮੋਨਿਕਾ, ਰੋਸ਼ਨ ਲਾਲ ਰੋਸ਼ੀ, ਸੁਦੇਸ਼ ਕੁਮਾਰ ਬਿੱਲਾ, ਅਜਵਿੰਦਰ ਸਿੰਘ, ਬਲਵਿੰਦਰ ਸਿੰਘ, ਸੁਨੀਲ ਕੁਮਾਰ, ਜਸਵੀਰ ਸਿੰਘ, ਗੁਰਵਿੰਦਰ ਸਿੰਘ ਨੌਰਾ, ਜਤਿੰਦਰ ਸਿੰਘ, ਵਿਜੇ ਕੁਮਾਰ, ਸੰਜੀਵ ਕੁਮਾਰ ਕੰਡਾ, ਵਿੰਕੀ ਪੰਡਿਤ, ਪਵਨ ਕੋਰਪਾਲ, ਗੋਬਿੰਦਾ, ਕੁਲਵਿੰਦਰ ਕਿੰਦਾ ਤੋਂ ਇਲਾਵਾ ਆਮ ਪਾਰਟੀ ਦੇ ਆਗੂ ਹਾਜ਼ਰ ਸਨ।



# ਪੈਨਸ਼ਨਰ ਐਸੋਸੀਏਸ਼ਨ ਨੇ ਵਿਧਾਇਕਾਂ ਤੇ ਮੰਤਰੀਆਂ ਨੂੰ ਸੌਂਪਿਆ ਮੰਗ ਪੱਤਰ



**ਅੰਮ੍ਰਿਤਸਰ (ਅਰੋੜਾ)**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਪੱਛਮ ਮੰਡਲ ਦੇ ਪੈਨਸ਼ਨ ਕਰਮਚਾਰੀਆਂ ਨੇ ਪੰਜਾਬ ਰਾਜ ਕਮੇਟੀ ਦੇ ਨਿਰਨੇ ਦੇ ਅਨੁਸਾਰ ਖੇਤਰ ਦੇ ਐਮਐਲਏ ਡਾ. ਜਸਬੀਰ ਸਿੰਘ ਸੰਧੂ ਅਤੇ ਐਮਐਲਏ ਜਸਵਿੰਦਰ ਸਿੰਘ ਰਮਦਾਸ, ਪੰਜਾਬ ਕੈਬਨਿਟ ਮੰਤਰੀ ਡਾ. ਇੰਦਰਬੀਰ ਸਿੰਘ ਨਿਜੱਰ ਨੂੰ ਆਪਣੇ ਲੰਬੇ ਸਮੇਂ ਤੋਂ ਪੈਂਡਿੰਗ ਪਈਆਂ ਮੰਗਾਂ ਨੂੰ ਲੈ ਕੇ ਮੰਗ ਪੱਤਰ ਦਿੱਤਾ। ਮੰਗ ਕੀਤੀ ਗਈ ਕਿ ਉਨਾਂ ਦੀ ਲੰਬੇ ਸਮੇਂ ਤੋ ਲਟਕ ਰਹੀਆਂ ਮੰਗਾਂ ਦਾ ਸਮਾਧਾਨ ਕੀਤਾ ਜਾਵੇ। ਮੰਗਾਂ ਵਿੱਚ ਉਨ੍ਹਾਂ ਨੂੰ ਦੱਸਿਆਂ ਕਿ 2.59 ਦੇ ਫੈਕਟਰ ਨੂੰ ਲਾਗੂ ਕੀਤਾ ਜਾਏ, ਕੈਸ਼ਲੈੱਸ ਯੋਜਨਾ ਸ਼ੁਰੂ ਕੀਤੀ ਜਾਵੇ, 23 ਸਾਲਾਂ ਸਕੇਲ ਲਾਗੂ ਕੀਤਾ ਜਾਵੇ। ਇਸਦੇ ਇਲਾਵਾ 2016 ਤੋਂ 2021 ਤੱਕ ਦਾ ਬਕਾਇਆ, ਡੀ.ਏ.ਦਾ ਐਰੀਅਰ ਦਿੱਤਾ ਜਾਵੇ। ਸਾਰੇ ਮੈਂਬਰਾਂ ਨੇ ਪੱਛਮ ਮੰਡਲ ਕਾਰਜਕਾਲ ਦੇ ਸਾਹਮਣੇ ਬੈਠ ਕੇ ਰੋਸ ਰੈਲੀ ਕੀਤੀ। ਬੈਠਕ ਵਿੱਚ ਮੁਖਤਾਰ ਸਿੰਘ ਮੁਹਾਵਾ, ਬਲਵਿੰਦਰ ਸਿੰਘ, ਅਸ਼ੋਕ ਕੁਮਾਰ, ਸਤੀਸ਼ ਕੁਮਾਰ, ਕੁਲਦੀਪ ਚੰਦ, ਜਗੀਰ ਸਿੰਘ, ਸ਼ਾਮ ਸੁੰਦਰ, ਮੋਹਨ ਲਾਲ, ਮੱਖਣ ਸਿੰਘ ਸਹਿਤ ਭਾਰੀ ਗਿਣਤੀ ਵਿੱਚ ਪੈਨਸ਼ਨਰ ਮੈਂਬਰਾਂ ਨੇ ਭਾਗ ਲਿਆ।

# ਮਜੀਠਾ ਵਾਸੀਆਂ ਦਾ ਸਦਾ ਰਿਣੀ ਰਹਾਂਗਾ : ਸੱਚਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਆਲ ਇਡੀਆਂ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਵੱਲੋਂ ਦੇਸ਼ ਦੀ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਪੂਰੇ ਦੇਸ਼ ਅੰਦਰ ਕੱਢੀ ਜਾ ਰਹੀ 'ਭਾਰਤ ਜੋੜੋ ਯਾਤਰਾ' ਹੋਰਨਾਂ ਸੂਬਿਆਂ ਵਾਂਗ ਪੰਜਾਬ ਵਿੱਚ ਵੀ ਇਤਿਹਾਸਿਕ ਸਾਬਤ ਹੋਵੇਗੀ। ਇਹ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਭਗਵੰਤਪਾਲ ਸਿੰਘ ਸੱਚਰ ਨੇ ਪਿੰਡ ਚੋਗਾਵਾਂ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸੱਚਰ ਨੇ ਹਲਕਾ ਮਜੀਠਾ ਦੇ ਕਾਂਗਰਸੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਰਾਹੁਲ ਗਾਧੀ ਦੇ ਸਵਾਗਤ ਕਰਨ ਮੌਕੇ ਕੀਤੀ ਗਈ ਰੈਲੀ ਵਿੱਚ ਹਲਕਾ ਮਜੀਠਾ ਦੇ ਕਾਂਗਰਸੀ ਵਰਕਰਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਹ ਦੱਸ ਦਿੱਤਾ ਹੈ ਕਿ ਕਾਂਗਰਸੀ ਵਰਕਰ ਅੱਜ ਵੀ ਪਾਰਟੀ ਨਾਲ ਚਟਾਨ ਵਾਂਗ ਖੜੇ ਹਨ ਜਿਸ ਲਈ ਉਹ ਹਲਕੇ ਦੇ ਲੋਕਾਂ ਦਾ ਸਦਾ ਰਿਣੀ ਰਹਿਣਗੇ। ਮੌਜੂਦਾ ਆਪ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਸੱਚਰ ਨੇ ਕਿਹਾ ਕਿ ਇਹ ਸਰਕਾਰ ਪੰਜਾਬ ਦੇ ਲੋਕਾਂ ਨਾਲ ਧੋਖਾ ਕਰਕੇ ਰਾਜ ਸੱਤਾ ਵਿੱਚ ਆਈ ਹੈ। ਇਸ ਲਈ ਪੰਜਾਬ ਦੇ ਲੋਕਾਂ ਨੂੰ ਇਸ ਸਰਕਾਰ ਤੋਂ ਕੋਈ ਉਮੀਦ ਨਹੀ ਹੈ ਕਿਉਂਕਿ ਅੱਜ ਤੱਕ ਆਪ ਸਰਕਾਰ ਇੱਕ ਵੀ ਵਾਅਦਾ ਪੂਰਾ ਨਹੀਂ ਕਰ ਸਕੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਤਜਿੰਦਰ ਸਿੰਘ ਤਰਫ਼ਾਨ, ਸਤਨਾਮ ਸਿੰਘ ਤਰਫ਼ਾਨ, ਕੁਲਬੀਰ ਸਿੰਘ ਚੋਗਾਵਾਂ, ਝਿਲਮਿਲ ਸਿੰਘ ਸਾਧਪੁਰ, ਰਣਜੀਤ ਸਿੰਘ ਰਾਣਾ ਚੋਗਾਵਾਂ ਆਦਿ ਆਗੂ ਵੀ ਹਾਜ਼ਰ ਸਨ।

# ਜਿੰਪਾ ਨੇ ਲੋਕ ਨਿਰਮਾਣ ਤੇ ਪੰਚਾਇਤੀ ਰਾਜ ਵਿਭਾਗ ਤੋਂ ਕਾਜ਼ਵੇਅ ਤੇ ਪੁੱਲੀਆਂ ਦੀ ਸਥਿਤੀ ਸੰਬੰਧੀ ਮੰਗੀ ਰਿਪੋਰਟ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਲੋਕ ਨਿਰਮਾਣ ਵਿਭਾਗ ਤੇ ਪੰਚਾਇਤੀ ਰਾਜ ਵਿਭਾਗ ਤੋਂ ਹੁਸ਼ਿਆਰਪੁਰ ਦੇ ਸਾਰੇ ਇਲਾਕਿਆਂ ਦੇ ਕਾਜ਼ਵੇਅ ਤੇ ਪੁੱਲੀਆਂ ਦੀ ਕੀ ਸਥਿਤੀ ਹੈ, ਦੀ ਰਿਪੋਰਟ ਮੰਗੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਕਾਜ਼ਵੇਅ ਤੇ ਪੁੱਲੀਆਂ ਦੀ ਸਥਿਤੀ ਖਰਾਬ ਹੈ, ਉਨ੍ਹਾਂ ਦੀ ਜ਼ਰੂਰਤ ਦੇ ਹਿਸਾਬ ਨਾਲ ਕੰਮ ਕਰਵਾਇਆ ਜਾਵੇਗਾ, ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਹ ਐਤਵਾਰ ਨੂੰ ਹੁਸ਼ਿਆਰਪੁਰ ਦੇ ਪਿੰਡ ਬਿਲਾਸਪੁਰ ਵਿਚ ਵੱਖ-ਵੱਖ ਪਿੰਡਾਂ ਨੂੰ ਜੋੜਨ ਵਾਲੀ ਟੁਟੀ ਹੋਈ ਪੁੱਲੀ ਦਾ ਮੁਆਇਨਾ ਕਰਨ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਉਹ ਹੈਰਾਨ ਹਨ ਕਿ 2018 ਤੋਂ ਇਸ ਪਿੰਡ ਦੀ ਪੁੱਲੀ ਟੁਟੀ ਹੋਈ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਪਿਛਲੀ ਸਰਕਾਰ ਨੇ ਲੋਕਾਂ ਦੀ ਇਸ ਸਮੱਸਿਆ ਦੀ ਕੋਈ ਸਾਰ ਨਹੀਂ ਲਈ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦਾ ਕਹਿਣਾ ਹੈ ਕਿ ਪਾਣੀ ਦੇ ਤੇਜ਼ ਵਹਾਅ ਕਾਰਨ ਪੁੱਲੀ ਟੁਟ ਜਾਂਦੀ ਹੈ। ਉਨ੍ਹਾਂ ਨੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਤੁਰੰਤ ਇਸ ਪੁੱਲੀ ਦੇ ਨਿਰਮਾਣ ਲਈ ਇਸ ਦਾ ਰਿਐਸਟੀਮੇਟ ਤਿਆਰ ਕਰਨ। ਉਨ੍ਹਾਂ ਕਿਹਾ ਕਿ ਪੁਲੀ ਦੇ ਨਿਰਮਾਣ ਕਾਰਜ ਵਿਚ ਮਜ਼ਬੂਤੀ ਦਾ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਪੁੱਲੀ ਦਾ ਜਲਦ ਅਤੇ ਵਧੀਆ ਤਰੀਕੇ ਨਾਲ ਨਿਰਮਾਣ ਕੀਤਾ ਜਾਵੇਗਾ, ਤਾਂ ਜੋ ਪਿੰਡ ਅਤੇ ਇਲਾਕੇ ਦੇ ਲੋਕਾਂ ਨੂੰ ਦੁਬਾਰਾ ਪੁੱਲੀ ਨਿਰਮਾਣ ਨੂੰ ਲੈ ਕੇ ਕੋਈ ਦਿੱਕਤ ਨਾ ਆਵੇ। ਉਨ੍ਹਾਂ ਐਕਸੀਅਨ ਪੰਚਾਇਤੀ ਰਾਜ ਨੂੰ ਨਿਰਦੇਸ਼ ਦਿੱਤੇ ਕਿ ਕੰਮ ਦੀ ਕੁਆਲਟੀ ਵਿਚ ਕੋਈ ਕਮੀ ਨਹੀਂ ਰਹਿਣੀ ਚਾਹੀਦੀ। ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਸਿਵਲ ਸਰਜਨ ਤੇ ਸਹਾਇਕ ਕਮਿਸ਼ਨਰ ਜਨਰਲ ਨੇ ਸਿਹਤ ਸੰਸਥਾਵਾਂ ਦਾ ਲਿਆ ਜਾਇਜ਼ਾ

**ਤਰਨਤਾਰਨ (ਪ੍ਰਿਤਪਾਲ ਸਿੰਘ)**

ਡਿਪਟੀ ਕਮਿਸ਼ਨਰ ਤਰਨਤਾਰਨ ਰਿਸ਼ੀਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਤਰਨਤਾਰਨ ਡਾ. ਦਿਲਬਾਗ ਸਿੰਘ ਅਤੇ ਸਹਾਇਕ ਕਮਿਸ਼ਨਰ ਜਨਰਲ ਪੁਨੀਤ ਸ਼ਰਮਾ ਵੱਲੋਂ ਅੱਜ ਮੁਰਾਦਪੁਰਾ, ਡੇਹਰਾ ਸਾਹਿਬ, ਫਤਿਆਬਾਦ ਤੇ ਗੋਇੰਦਵਾਲ ਸਾਹਿਬ ਵਿਖੇ 'ਆਮ ਆਦਮੀ ਕਲੀਨਿਕਾਂ' ਦੀ ਤਰਜ਼ ਉੱਤੇ ਅਪਗ੍ਰੇਡ ਕੀਤੇ ਜਾ ਰਹੇ ਸਰਕਾਰੀ ਸਿਹਤ ਸੰਸਥਾਵਾਂ ਦਾ ਦੌਰਾ ਕੀਤਾ ਗਿਆ, ਜਿਥੇ ਉਨ੍ਹਾਂ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲਿਆ। ਇਸ ਮੌਕੇ ਸਿਵਲ ਸਰਜਨ ਤਰਨਤਾਰਨ ਡਾ. ਦਿਲਬਾਗ ਸਿੰਘ ਨੇ ਦੱਸਿਆ ਕਿ 27 ਜਨਵਰੀ ਤੋਂ ਆਮ ਲੋਕਾਂ ਦੀ ਸਿਹਤ ਸਹੂਲਤ ਲਈ 11 ਆਮ ਆਦਮੀ ਸ਼ੁਰੂ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਤਰਨਤਾਰਨ ਵਿੱਚ ਪਹਿਲਾਂ ਵੀ 02 ਆਮ ਆਦਮੀ ਕਲੀਨਿਕ, ਖਾਲੜਾ ਤੇ ਬਾਸਰਕੇ ਵਿਖੇ ਸਫਲਤਾਪੂਰਵਕ ਚੱਲ ਰਹੇ ਹਨ ਅਤੇ ਲੋਕ ਇਨ੍ਹਾਂ ਦਾ ਭਰਪੂਰ ਫਾਇਦਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਤਰਨ ਤਾਰਨ ਰਿਸ਼ੀਪਾਲ ਸਿੰਘ ਦੀ ਅਗਵਾਈ ਹੇਠ ਸਿਹਤ ਵਿਭਾਗ ਤਰਨ ਤਾਰਨ ਜ਼ਿਲ੍ਹਾ ਵਾਸੀਆਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਮੁੱਢਲੀ ਡਾਕਟਰੀ ਸਹੂਲਤ ਦੇ ਨਾਲ-ਨਾਲ ਲੈਬ ਟੈਸਟ ਤੇ ਮੁਫਤ ਦਵਾਈਆਂ ਉਪਲੱਬਧ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਪਗ੍ਰੇਡ ਕੀਤੇ ਜਾ ਰਹੇ ਕਲੀਨਿਕਾਂ ਨਾਲ ਵਧੇਰੇ ਲੋਕਾਂ ਨੂੰ ਸਿਹਤ ਸੇਵਾਵਾਂ ਉਪਲੱਬਧ ਹੋਣਗੀਆਂ।



# ਚਾਈਨਾ ਡੋਰ ਵਿਰੁੱਧ ਕੀਤਾ ਜਾਗਰੂਕ

**ਰੋਪੜ (ਬਿੰਦਰਾ)**- ਸਤਲੁਜ ਪਬਲਿਕ ਸਕੂਲ ਹੁਸੈਨਪੁਰ ( ਰੋਪੜ) ਵਿਖੇ ਵਿਦਿਆਰਥੀਆਂ ਨੂੰ ਪਤੰਗਬਾਜੀ ਦੌਰਾਨ ਘਾਤਕ ਸਿੱਧ ਹੋ ਰਹੀ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਲਈ ਜਾਗਰੂਕ ਕੀਤਾ ਗਿਆ। ਪ੍ਰਿੰਸੀਪਲ ਗੁਰਿੰਦਰ ਸਿੰਘ ਤੇ ਪੰਜਾਬੀ ਅਧਿਆਪਕ ਜਗਜੀਤ ਸਿੰਘ ਨੇ ਬਚਿਆਂ ਨੂੰ ਦੱਸਿਆ ਕਿ ਚਾਈਨਾ ਡੋਰ ਮਨੁੱਖੀ ਜੀਵਨ, ਜਾਨਵਰਾਂ, ਪੰਛੀਆਂ, ਬਿਰਖਾਂ ਤੇ ਵਾਤਾਵਰਣ ਲਈ ਹਾਨੀਕਾਰਕ ਹੈ। ਸਕੂਲ ਦੇ ਚੇਅਰਮੈਨ ਜਗਜੀਤ ਕੁਮਾਰ ਜੱਗੀ ਨੇ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਕੱਚ ਅਤੇ ਵਿਸ਼ੇਸ਼ ਕੈਮੀਕਲਾਂ ਦੇ ਮਿਸਰਣ ਨਾਲ ਬਣਾਈ ਗਈ ਇਹ ਡੋਰ ਮਨੁੱਖੀ ਅੰਗਾਂ, ਹਅਡੀਆਂ ਤੇ ਨਸਾਂ ਨੂੰ ਵੀ ਚੀਰ ਦਿੰਦੀ ਹੈ ਅਤੇ ਪਤੰਗਬਾਜੀ ਦਾ ਸ਼ੌਕ ਆਪਣੇ ਤੇ ਦੂਜਿਆਂ ਲਈ ਜਾਨਲੇਵਾ ਸਾਬਤ ਹੋ ਰਿਹਾ ਹੈ। ਇਸ ਲਈ ਇਸ ਡੋਰ ਦੀ ਤੁਸੀਂ ਬਿਲਕੁਲ ਵਰਤੋਂ ਨਹੀਂ ਕਰਨੀ ਅਤੇ ਦੂਜਿਆਂ ਨੂੰ ਇਸ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੂੰ ਪਤੰਗਬਾਜੀ ਦੌਰਾਨ ਚਾਈਨਾ ਡੋਰ ਨਾ ਵਰਤਣ ਦੀ ਸਹੁੰ ਚੁਕਾਈ ਗਈ। ਸਰਕਾਰ ਨੂੰ ਅਪੀਲ ਕੀਤੀ ਗਈ ਕਿ ਚਾਈਨਾ ਡੋਰ ਵੇਚਣ ਅਤੇ ਵਰਤਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸਕੂਲ ਦੇ ਵਿਦਿਆਰਥੀ ਤੇ ਸਟਾਫ ਹਾਜਰ ਸੀ।

# ਬ੍ਰਹਮਪੁਰਾ ਨੇ ਮਨਜੀਤ ਸੰਧੂ ਨਾਲ ਦੁੱਖ ਪ੍ਰਗਟਾਇਆ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**

ਪ੍ਰੈਸ ਕਲੱਬ ਚੋਹਲਾ ਸਾਹਿਬ ਦੇ ਪ੍ਰਧਾਨ ਮਨਜੀਤ ਸਿੰਘ ਸੰਧੂ ਦੇ ਛੋਟੇ ਭਰਾ ਪਵਿੱਤਰ ਜੀਤ ਸਿੰਘ ਸੰਧੂ ਜੋ ਬੀਤੇ ਦਿਨੀਂ ਅਸਟਰੇਲੀਆ ਵਿਖੇ ਅਚਨਚੇਤੀ ਅਤੇ ਬੇਵਕਤੀ ਸਦੀਵੀ ਵਿਛੋੜਾ ਦੇ ਗਏ ਸਨ, 'ਤੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਸੀਨੀਅਰ ਆਗੂ ਰਵਿੰਦਰ ਸਿੰਘ ਬ੍ਰਹਮਪੁਰਾ ਸਾਬਕਾ ਵਿਧਾਇਕ ਨੇ ਪ੍ਰਧਾਨ ਸੰਧੂ ਨਾਲ ਉਨ੍ਹਾਂ ਦੇ ਸਥਾਨਕ ਬੱਸ ਸਟੈਂਡ 'ਚ ਸਥਿਤ ਡਿਵਾਈਨ ਹੋਮਿਓਪੈਥੀ ਦੇ ਦਫਤਰ 'ਚ ਜਾ ਕੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਕਿਹਾ ਕਿ ਪਵਿੱਤਰ ਨਾਮ ਵੀ ਪਵਿੱਤਰ ਸੀ ਤੇ ਅਸਲ ਜ਼ਿੰਦਗੀ 'ਚ ਵੀ ਪਵਿੱਤਰ ਸੀ। ਉਸਦੀ ਘਾਟ ਪਰਿਵਾਰ ਤੇ ਇਲਾਕੇ ਨੂੰ ਸਦਾ ਰੜਕਦੀ ਰਹੇਗੀ। ਇਸ ਮੌਕੇ ਉਨ੍ਹਾਂ ਨਾਲ ਅਮਰੀਕ ਸਿੰਘ ਸਾਬਕਾ ਸਰਪੰਚ ਚੋਹਲਾ ਸਾਹਿਬ, ਡਾਕਟਰ ਜਤਿੰਦਰ ਸਿੰਘ ਮੈਡੀਕਲ ਸਟੋਰ ਵਾਲੇ, ਮਨਜਿੰਦਰ ਸਿੰਘ ਲਾਟੀ ਪੰਜਾਬ ਮੋਟਰਜ਼ ਵਾਲੇ, ਸਿਮਰਨਜੀਤ ਸਿੰਘ ਕਾਕੂ ਪੀ. ਏ., ਬਾਵਾ ਸਿੰਘ ਰੱਤੋਕੇ ਆਦਿ ਅਕਾਲੀ ਆਗੂ ਹਾਜ਼ਰ ਸਨ।

# ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ 27 ਤੋਂ

**ਅੰਮ੍ਰਿਤਸਰ (ਜਸਬੀਰ ਪੱਟੀ)**

ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਨਿਹੰਗ ਸਿੰਘ ਅਕਾਲੀ ਬਾਬਾ ਫੂਲਾ ਸਿੰਘ ਦੀ ਸ਼ਹੀਦੀ ਸ਼ਤਾਬਦੀ ਸਬੰਧੀ ਹੋ ਰਹੇ ਤੇ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ ਰੇਖਾ ਦਸਦਿਆਂ ਕਿਹਾ ਕਿ ਸਿੰਘ ਸਾਹਿਬ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੀ ਦੂਜੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵਲੋਂ ਤੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਐਡੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਵੱਖ-ਵੱਖ ਅਸਥਾਨਾਂ ਤੇ ਗੁਰਮਤਿ ਸਾਮਗਮ ਕੀਤੇ ਜਾ ਰਹੇ ਹਨ ਅਤੇ ਇਹ ਸਮਾਗਮ ਸਾਲ ਭਰ ਦੇਸ਼ ਵਿਦੇਸ਼ ਵਿੱਚ ਇਵੇਂ ਹੀ ਚੱਲਦੇ ਰਹਿਣਗੇ। ਸ. ਬੇਦੀ ਨੇ ਦਸਿਆ ਕਿ ਦਸਮ ਪਾਤਸ਼ਾਹ ਦੇ ਪ੍ਰਗਟ ਅਸਥਾਨ ਪਟਨਾ ਸਾਹਿਬ ਵਿਖੇ 27 ਤੋਂ 29 ਜਨਵਰੀ ਤੀਕ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ ਸ਼ਹੀਦੀ ਸ਼ਤਾਬਦੀ ਸਮਾਗਮ ਹੋਣਗੇ। 27 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋ ਜਾਣਗੇ ਅਤੇ 29 ਨੂੰ ਭੋਗ ਪੈਣਗੇ। ਉਪਰੰਤ ਗੁਰਬਾਣੀ ਕੀਰਤਨ, ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਗੁਰਮਤਿ ਦੇ ਵਿਦਵਾਨ ਆਪੋ ਆਪਣੇ ਵਿਖਿਆਨਾਂ ਰਾਹੀਂ ਅਕਾਲੀ ਬਾਬਾ ਫੂਲਾ ਜੀ ਦੇ ਜੀਵਨ ਦੇ ਫਲਸਫੇ ਨੂੰ ਸੰਗਤਾਂ ਨਾਲ ਸਾਂਝਾ ਕਰਨਗੇ। ਉਨ੍ਹਾਂ ਦਸਿਆ ਕਿ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ ਨਾਂਦੇੜ, ਮਹਾਂਨਗਰ ਇੰਦੌਰ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਇਸ ਸਬੰਧੀ ਮਹਾਨ ਗੁਰਮਤਿ ਸਮਾਗਮ ਹੋ ਚੁੱਕੇ ਹਨ। ਏਵੇਂ ਹੀ ਬੁੱਢਾ ਦਲ ਦੀ ਅਗਵਾਈ ਵਿੱਚ 4 ਫਰਵਰੀ ਨੂੰ ਗੁਰਦੁਆਰਾ ਨਵੀਨ ਸ੍ਰੀ ਗੁਰੂ ਸਿੰਘ ਸਭਾ ਧਰਮਪੁਰਾ ਪਟਿਆਲਾ ਵਿਖੇ ਮਹਾਨ ਕੀਰਤਨ ਦਰਬਾਰ ਹੋਵੇਗਾ। ਜਿਸ ਵਿੱਚ ਗਿਆਨੀ ਤਰਸੇਮ ਸਿੰਘ ਮੋਰਾਂਵਾਲੀ ਢਾਡੀ ਜੱਥਾ, ਭਾਈ ਲਖਵਿੰਦਰ ਸਿੰਘ ਰਾਗੀ ਜੱਥਾ ਸ੍ਰੀ ਦਰਬਾਰ ਸਾਹਿਬ ਵਾਲੇ, ਭਾਈ ਤਜਿੰਦਰ ਸਿੰਘ ਯੂ.ਐਸ.ਏ ਵਾਲੇ, ਭਾਈ ਅਮਰਜੀਤ ਸਿੰਘ ਤਾਨ ਪਟਿਆਲੇ ਵਾਲੇ, ਭਾਈ ਰਜਿੰਦਰ ਸਿੰਘ ਲੁਧਿਆਣੇ ਵਾਲੇ, ਗਿਆਨੀ ਜਸਵਿੰਦਰ ਸਿੰਘ ਸਾਬਕਾ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਗਿਆਨੀ ਪ੍ਰਿਤਪਾਲ ਸਿੰਘ ਹੈਡ ਗ੍ਰੰਥੀ ਗੁ: ਦੁਖ ਨਿਵਾਰਨ ਸਾਹਿਬ ਵਾਲੇ ਗੁਰੂ ਜਸ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਦਸਿਆ ਕਿ ਕਰਨਾਲ ਤੋਂ ਸ਼੍ਰੋਮਣੀ ਗੱਤਕਾ ਫੈਡਰੇਸ਼ਨ ਦਾ ਇਕ ਵਫਦ ਭਾਈ ਗੁਰਤੇਜ ਸਿੰਘ ਖਾਲਸਾ, ਭਾਈ ਗੁਰਪ੍ਰੀਤ ਸਿੰਘ ਖਾਲਸਾ ਦੀ ਅਗਵਾਈ ਵਿੱਚ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ ਨੂੰ ਮਿਲਿਆ ਜਿਸ ਵਿੱਚ ਬਾਬਾ ਬਲਬੀਰ ਸਿੰਘ ਦੀ ਅਗਵਾਈ ਵਿੱਚ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਸਹਿਯੋਗ ਨਾਲ ਦਿਲੀ, ਕਰਨਾਲ ਦੀਆਂ ਵੱਖ-ਵੱਖ ਰਾਮਗੜ੍ਹੀਆ ਫੈਡਰੇਸ਼ਨਾਂ, ਸਿੱਖ ਜਥੇਬੰਦੀਆਂ ਤੇ ਸੰਗਤਾਂ ਵਲੋਂ ਮਹਾਨ ਜਰਨੈਲ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਦੀ ਜਨਮ ਸ਼ਤਾਬਦੀ ਨੂੰ ਸਮਰਪਿਤ ਸਮਾਗਮ ਕੀਤੇ ਜਾਣਗੇ। ਇਹ ਸਮਾਗਮ ਦਿਲੀ, ਕਰਨਾਲ ਅਤੇ ਅੰਮ੍ਰਿਤਸਰ ਸਾਹਿਬ ਹੋਣਗੇ।



# 'ਆਪ' ਨੇ ਪੰਜਾਬੀਆਂ ਦੀਆਂ ਆਸਾਂ 'ਤੇ ਪਾਣੀ ਫੇਰਿਆ : ਡਾ. ਵੇਰਕਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਨੂੰ ਬੜੀਆਂ ਆਸਾਂ ਸਨ ਪਰ ਹੁਣ ਲੋਕ ਅਸਲੀਅਤ ਨੂੰ ਪਛਾਣ ਚੁੱਕੇ ਹਨ। ਇਹ ਸਰਕਾਰ ਪੰਜਾਬ ਦੇ ਭਲੇ ਲਈ ਕੁਝ ਨਹੀਂ ਕਰਨ ਵਾਲੀ । ਇਹ ਵਿਚਾਰ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਅਤੇ ਭਾਜਪਾ ਆਗੂ ਡਾ. ਦਲਬੀਰ ਸਿੰਘ ਵੇਰਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਡਾਕਟਰ ਵੇਰਕਾ ਨੇ ਕਿਹਾ ਕਿ ਲੋੜ ਹੈ ਪੰਜਾਬ ਨੂੰ ਆਪਦੇ ਪੈਰਾਂ 'ਤੇ ਖੜਾ ਕਰਨ ਦੀ ਪਰ ਹੋ ਇਸ ਦੇ ਉਲਟ ਰਿਹਾ ਹੈ ਕਿਉਂਕਿ ਪੰਜਾਬ ਵਿੱਚ ਨਿੱਤ ਦਿਨ ਗੁੰਡਾਗਰਦੀ, ਚੋਰੀਆਂ, ਦੀਆਂ ਵਾਰਦਾਤਾਂ ਵਾਪਰ ਰਹੀਆਂ ਹਨ ਜਿਸ ਤੋਂ ਸਪੱਸ਼ਟ ਦਿਖ ਰਿਹਾ ਹੈ ਪੰਜਾਬ ਦੇ ਹਾਲਾਤ ਚੰਗੇ ਨਹੀ ਹਨ। ਉਨ੍ਹਾਂ ਕਿਹਾ ਕਿ ਦੂਸਰੀਆਂ ਸਰਕਾਰਾਂ ਤੇ ਉਂਗਲਾਂ ਚੁੱਕਣ ਵਾਲੇ ਭਗਵੰਤ ਸਿੰਘ ਮਾਨ ਦੇ ਰਾਜ ਵਿੱਚ ਅੱਜ ਹਰ ਵਰਗ ਦੁਖੀ ਹੋਇਆ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਮਜ਼ਬੂਤ ਹੋ ਰਹੀ ਹੈ ਇਸ ਲਈ 2024 ਦੀਆਂ ਪਾਰਲੀਮੈਂਟ ਚੋਣਾਂ ਵਿੱਚ ਭਾਜਪਾ ਪੰਜਾਬ ਦੀਆਂ ਸਾਰੀਆਂ ਸੀਟਾਂ 'ਤੇ ਜਿੱਤ ਹਾਸਲ ਕਰੇਗੀ। ਹਲਕਾ ਜੰਡਿਆਲਾ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਉਨ੍ਹਾਂ ਦਾ ਜੱਦੀ ਹਲਕਾ ਹੈ ਇਸੇ ਹਲਕੇ ਵਿੱਚ ਉਹ ਪਲ ਕੇ ਵੱਡੇ ਹੋਏ ਹਨ ਅਤੇ ਇਥੋਂ ਹੀ ਉਨ੍ਹਾਂ ਨੂੰ ਸਿਆਸਤ ਦੀ ਗੁੜ੍ਹਤੀ ਮਿਲੀ ਹੈ ਇਸ ਲਈ ਉਹ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ ਸਦਾ ਤਤਪਰ ਰਹਿਣਗੇ।

# ਖਹਿਰਾ ਕੋਟਲੀ ਵਿਖੇ ਧਰਨਾ 22ਵੇਂ ਦਿਨ ਵੀ ਰਿਹਾ ਜਾਰੀ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸ੍ਰੀ ਕਰਤਾਰਪੁਰ ਲਾਂਘਾਂ ਟੋਲ ਪਲਾਜ਼ਾ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਇਥੋਂ ਨਜ਼ਦੀਕ ਤਜਵੀਜ਼ਤ ਟੋਲ ਪਲਾਜ਼ਾ ਖਹਿਰਾ ਕੋਟਲੀ ਵਿਖੇ ਲਾਇਆ ਧਰਨਾ ਅੱਜ 22ਵੇਂ ਦਿਨ ਵੀ ਜਾਰੀ ਰਿਹਾ। ਧਰਨੇ ਦੀ ਅਗਵਾਈ ਵੇਰਕਾ ਡੇਅਰੀ ਕ੍ਰਾਂਤੀਕਾਰੀ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਹਰਜੰਤ ਸਿੰਘ ਪੰਨਵਾਂ ਜ਼ਿਲ੍ਹਾ ਪ੍ਰਧਾਨ ਵੱਲੋਂ ਕੀਤੀ ਗਈ। ਅੱਜ ਦੇ ਜਥੇ ਵਿਚ ਲਖਬੀਰ ਸਿੰਘ ਭੋਪਰ ਸੈਦਾਂ, ਮੀਤ ਪ੍ਰਧਾਨ ਦਰਸ਼ਨ ਸਿੰਘ ਖੈਹਰਾ ਕੋਟਲੀ, ਹਰਦੇਵ ਸਿੰਘ ਭੋਪਰ, ਬਚਿਤਰ ਸਿੰਘ , ਗੁਰਵੇਲ ਸਿੰਘ, ਸਰਬਜੀਤ ਸਿੰਘ, ਮਾਸਟਰ ਗੁਰਚਰਨ ਸਿੰਘ, ਬਲਦੇਵ ਸਿੰਘ, ਧਰੁਵ ਸਿੰਘ, ਰਣਜੀਤ ਸਿੰਘ ਕੋਟ ਖਜਾਨਾ, ਕੁਲਵੰਤ ਸਿੰਘ ਕੋਟ ਖਜਾਨਾ, ਸੋਨੂੰ ਬਾਜਵਾ, ਸੁਖਵੰਤ ਸਿੰਘ, ਸੁਖਵਿੰਦਰ ਸਿੰਘ ਹਰੂਵਾਲ, ਬਾਬਾ ਬਲਵਿੰਦਰ ਜੀਤ ਸਿੰਘ, ਵਿੱਕਾ ਕੋਟਲਾ, ਮਨਜੀਤ ਸਿੰਘ ਢਪੱਈ, ਗੁਰਪ੍ਰੀਤ ਸਿੰਘ, ਅੰਮ੍ਰਿਤਪਾਲ ਸਿੰਘ ਹਾਜ਼ਰ ਸਨ। ਜਥੇ ਨੂੰ ਹਾਰ ਪਾ ਕੇ ਸਨਮਾਨਿਤ ਕਰਨ ਵਾਲਿਆਂ ਵਿੱਚ ਬੀਕੇਯੂ ਕ੍ਰਾਂਤੀਕਾਰੀ ਵੱਲੋਂ ਦਿਲਬਾਗ ਸਿੰਘ ਪ੍ਰਧਾਨ, ਕੁਲਵਿੰਦਰ ਜੀਤ ਸਿੰਘ, ਟਰਾਂਸਪੋਰਟ ਯੂਨੀਅਨ ਵੱਲੋਂ ਬਲਬੀਰ ਸਿੰਘ, ਕੁਲਦੀਪ ਸਿੰਘ, ਪੰਜਾਬ ਕਿਸਾਨ ਯੂਨੀਅਨ ਵੱਲੋਂ ਗੁਰਦੀਪ ਸਿੰਘ ਕਾਮਲ ਪੁਰ, ਅਸ਼ਵਨੀ ਕੁਮਾਰ ਲੱਖਣ ਕਲਾਂ, ਬੀਕੇਯੂ ਏਕਤਾ ਉਗਰਾਹਾਂ ਵੱਲੋਂ ਗੁਰਮੁਖ ਸਿੰਘ, ਨਾਜਰ ਸਿੰਘ, ਕਿਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਸੁਰਿੰਦਰ ਸਿੰਘ ਕੋਠੇ, ਸਾਬਕਾ ਸੈਨਿਕ ਸੰਘਰਸ਼ ਕਮੇਟੀ ਵੱਲੋਂ ਅਜਾਇਬ ਸਿੰਘ, ਜਮਹੂਰੀ ਕਿਸਾਨ ਸਭਾ ਵੱਲੋਂ ਬਲਕਾਰ ਸਿੰਘ ਨੜਾਂਵਾਲੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਇਹ ਧਰਨਾ ਉਨਾ ਚਿਰ ਤੱਕ ਜਾਰੀ ਰਹੇਗਾ ਜਦ ਤੱਕ ਸਰਕਾਰ ਇਸ ਟੋਲ ਪਲਾਜ਼ੇ ਦੀ ਸਕੀਮ ਨੂੰ ਰੱਦ ਨਹੀਂ ਕਰਦੀ।



24-January-PAGE-4-2.qxd 1/23/2023 10:33 PM Page 1

ਨਵਾਂ ਜ਼ਮਾਨਾ
ਮੰਗਲਵਾਰ, 24 ਜਨਵਰੀ 2023

# ਯੋਗੀ ਵੱਲੋਂ ਮਾਨਵਤਾ ਵਿਰੁੱਧ ਅਪਰਾਧ

*ਗੁਜਰਾਤ ਦੰਗਿਆਂ ਬਾਰੇ ਬੀ ਬੀ ਸੀ ਦੀ ਡਾਕੂਮੈਂਟਰੀ ਫ਼ਿਲਮ ਇਨ੍ਹਾਂ ਦਿਨਾਂ ਵਿੱਚ ਸੁਰਖੀਆਂ ਅੰਦਰ ਹੈ। ਹਾਕਮ ਐਨੇ ਭੈਅਭੀਤ ਹਨ ਕਿ ਪਹਿਲਾਂ ਦਿਖਾਏ ਗਏ ਸੱਚ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ, ਫਿਰ ਉਸ ਫ਼ਿਲਮ ਨੂੰ ਸੋਸ਼ਲ ਮੀਡੀਆ ਮੰਚਾਂ 'ਤੇ ਦਿਖਾਏ ਜਾਣ 'ਤੇ ਰੋਕ ਲਵਾ ਦਿੱਤੀ ਸੀ। ਦੁਨੀਆ ਤਾਂ ਦੇਖ ਰਹੀ ਹੈ, ਹਾਕਮਾਂ ਨੂੰ ਇਸ ਦੀ ਚਿੰਤਾ ਨਹੀਂ, ਉਨ੍ਹਾਂ ਨੂੰ ਚਿੰਤਾ ਭਾਰਤੀ ਲੋਕਾਂ ਵੱਲੋਂ ਸੱਚਾਈ ਦੇ ਰੂ-ਬ-ਰੂ ਹੋ ਜਾਣ ਤੋਂ ਹੈ। ਸੱਚ ਤਾਂ ਸੱਚ ਹੁੰਦਾ ਹੈ, ਉਹ ਸੌ ਪਰਦੇ ਪਾੜ ਕੇ ਬਾਹਰ ਆ ਜਾਂਦਾ ਹੈ।*

*ਹੁਣ ਦੇਸ਼ ਦੇ ਦੋ ਨੰਬਰ ਦੇ ਸ਼ਾਸਕ ਯੋਗੀ ਅਦਿੱਤਿਆਨਾਥ ਕਟਹਿਰੇ ਵਿੱਚ ਹਨ। ਕੌਮਾਂਤਰੀ ਅਪਰਾਧਾਂ ਤੇ ਮਨੁੱਖੀ ਅਧਿਕਾਰਾਂ ਸੰਬੰਧੀ ਮਾਹਰ ਵਕੀਲਾਂ ਦੀ ਸੰਸਥਾ ਨੇ ਉਤਰ ਪ੍ਰਦੇਸ਼ ਦੇ ਮੁੱਖ ਮੰਤਰੀ ਵਿਰੁੱਧ ਸਵਿਸ ਫੈਡਰਲ ਪ੍ਰਾਸੀਕਿਊਟਰ ਸਾਹਮਣੇ ਇੱਕ ਅਪਰਾਧਿਕ ਸ਼ਿਕਾਇਤ ਦਰਜ ਕਰਾਈ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਉਨ੍ਹਾ ਮਾਨਵਤਾ ਵਿਰੁੱਧ ਅਪਰਾਧ ਕੀਤਾ ਹੈ। ਇਹ ਸ਼ਿਕਾਇਤ ਸਵਿਟਜ਼ਰਲੈਂਡ ਦੇ ਦਾਵੋਸ ਸ਼ਹਿਰ ਵਿੱਚ 16 ਜਨਵਰੀ ਨੂੰ ਸ਼ੁਰੂ ਹੋਈ ਵਿਸ਼ਵ ਆਰਥਕ ਮੰਚ ਦੀ ਬੈਠਕ, ਜਿਸ ਵਿੱਚ ਯੋਗੀ ਅਦਿੱਤਿਆਨਾਥ ਨੇ ਸ਼ਾਮਲ ਹੋਣਾ ਸੀ, ਤੋਂ ਐਨ ਪਹਿਲਾਂ ਦਰਜ ਕਰਾਈ ਗਈ ਸੀ। ਸ਼ਾਇਦ ਇਸੇ ਕਾਰਨ ਹੀ ਯੋਗੀ ਅਦਿੱਤਿਆਨਾਥ ਨੇ ਆਪਣਾ ਮੀਟਿੰਗ ਵਿੱਚ ਜਾਣ ਦਾ ਪ੍ਰੋਗਰਾਮ ਰੱਦ ਕਰ ਦਿੱਤਾ ਸੀ।*

*ਗੁਏਰਨਿਕਾ 37 ਚੈਂਬਰ ਨਾਂਅ ਦੀ ਇਸ ਸੰਸਥਾ ਨੇ ਇਹ ਸ਼ਿਕਾਇਤ ਉਤਰ ਪ੍ਰਦੇਸ਼ ਵਿੱਚ ਦਸੰਬਰ 2019 ਤੋਂ ਬਾਅਦ ਨਾਗਰਿਕਤਾ ਸੋਧ ਕਾਨੂੰਨਾਂ ਦੇ ਖਿਲਾਫ਼ ਹੋਏ ਵਿਰੋਧ ਪ੍ਰਦਰਸ਼ਨਾਂ ਦੌਰਾਨ ਉਥੋਂ ਦੇ ਪ੍ਰਸ਼ਾਸਨ ਵੱਲੋਂ ਕੀਤੇ ਗਏ ਮਾਨਵਤਾ ਵਿਰੁੱਧ ਅਪਰਾਧਾਂ ਵਿਰੁੱਧ ਦਰਜ ਕਰਾਈ ਗਈ ਹੈ।*

*ਸੰਸਥਾ ਨੇ ਆਪਣੇ ਪ੍ਰੈਸ ਬਿਆਨ ਵਿੱਚ ਕਿਹਾ ਹੈ ਕਿ ਮੁੱਖ ਮੰਤਰੀ ਯੋਗੀ ਅਦਿੱਤਿਆਨਾਥ ਨੇ ਸੀ ਏ ਏ ਨੂੰ ਲਾਗੂ ਕਰਨ ਵਿਰੁੱਧ ਹੋਏ ਵਿਰੋਧ ਨੂੰ ਦਬਾਉਣ ਲਈ ਝੂਠੇ ਮੁਕੱਦਮੇ ਤੇ ਜਬਰ ਦਾ ਦੌਰ ਚਲਾਇਆ ਤੇ ਨਾਗਰਿਕਾਂ ਦੀ ਹੱਤਿਆ ਦਾ ਹੁਕਮ ਦਿੱਤਾ। ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ 19 ਦਸੰਬਰ 2019 ਨੂੰ ਮੁੱਖ ਮੰਤਰੀ ਨੇ ਆਪਣੇ ਭਾਸ਼ਣ ਵਿੱਚ ਪੁਲਸ ਨੂੰ ਪ੍ਰਦਰਸ਼ਨਕਾਰੀਆਂ ਤੋਂ ਬਦਲਾ ਲੈਣ ਦਾ ਹੁਕਮ ਦਿੱਤਾ ਸੀ। ਇਸ ਬਿਆਨ ਤੋਂ ਬਾਅਦ ਪੁਲਸ ਦੀ ਹਿੰਸਾ ਵਿੱਚ ਵਾਧਾ ਹੋਇਆ ਸੀ।*

*ਇਸ ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਇਹ ਕਾਰਵਾਈਆਂ ਮਾਨਵਤਾ ਵਿਰੁੱਧ ਅਪਰਾਧ ਦੀ ਸ਼੍ਰੇਣੀ ਵਿੱਚ ਆਉਂਦੀਆਂ ਹਨ, ਕਿਉਂਕਿ ਉਨ੍ਹਾ 'ਤੇ ਨਾਗਰਿਕਾਂ, ਖਾਸ ਤੌਰ 'ਤੇ ਮੁਸਲਮਾਨਾਂ ਉਤੇ ਹਮਲੇ ਕਰਨ ਲਈ ਉਕਸਾਉਣ ਦਾ ਦੋਸ਼ ਹੈ। ਇੱਕ ਭਾਰਤੀ ਰਾਜਕੀ ਅਹੁਦੇਦਾਰ ਹੋਣ ਦੇ ਬਾਵਜੂਦ ਮੁੱਖ ਮੰਤਰੀ ਨੂੰ ਇਨ੍ਹਾਂ ਅਪਰਾਧਾਂ ਲਈ ਡਿਪਲੋਮੈਟਿਕ ਛੋਟ ਹਾਸਲ ਨਹੀਂ ਹੈ।*

*ਸੰਸਥਾ ਵਿੱਚ ਸ਼ਾਮਲ ਵਕੀਲਾਂ ਨੇ ਕਿਹਾ ਕਿ ਨਾਗਰਿਕਤਾ ਸੋਧ ਕਾਨੂੰਨ ਅਪਣਾਉਣ ਤੋਂ ਬਾਅਦ ਦੇਸ਼ ਭਰ ਵਿੱਚ ਵਿਰੋਧ ਪ੍ਰਦਰਸ਼ਨ ਹੋਏ ਸਨ। ਲੋਕ ਸ਼ਾਂਤੀਪੂਰਨ ਸੜਕਾਂ ਉਤੇ ਆਏ ਸਨ, ਪਰ ਯੂ ਪੀ ਪੁਲਸ ਨੇ ਉਨ੍ਹਾਂ ਵਿਰੁੱਧ ਹਿੰਸਕ ਤਰੀਕੇ ਨਾਲ ਕਾਰਵਾਈਆਂ ਕੀਤੀਆਂ ਸਨ। ਛੇ ਮਹੀਨੇ ਤੱਕ ਚੱਲੀਆਂ ਇਨ੍ਹਾਂ ਕਾਰਵਾਈਆਂ ਦੌਰਾਨ ਯੂ ਪੀ ਪੁਲਸ ਨੇ ਕਥਿਤ ਤੌਰ 'ਤੇ 22 ਮੁਜ਼ਾਹਰਾਕਾਰੀਆਂ ਨੂੰ ਮਾਰ ਦਿੱਤਾ ਤੇ ਘੱਟੋ-ਘੱਟ 117 ਦੀ ਕੁੱਟਮਾਰ ਕਰਕੇ ਉਨ੍ਹਾਂ ਨੂੰ ਧਾਰਾ 307 ਅਧੀਨ ਹਿਰਾਸਤ ਵਿੱਚ ਲੈ ਲਿਆ। ਉਤਰ ਪ੍ਰਦੇਸ਼ ਦੇ ਚੁਣੇ ਹੋਏ ਨੁਮਾਇੰਦਿਆਂ ਨੇ ਪੀੜਤ ਪਰਵਾਰਾਂ, ਮਨੁੱਖੀ ਅਧਿਕਾਰ ਸਮੂਹਾਂ ਤੇ ਸੰਯੁਕਤ ਰਾਸ਼ਟਰ ਵੱਲੋਂ ਪੁਲਸ ਹਿੰਸਾ ਵਿਰੁੱਧ ਜਾਂਚ ਕਰਨ ਤੇ ਮੁਕੱਦਮੇ ਚਲਾਉਣ ਦੀ ਅਪੀਲ ਦੀ ਵੀ ਅਣਦੇਖੀ ਕੀਤੀ ਹੈ। ਸੰਸਥਾ ਨੇ ਕਿਹਾ ਹੈ ਕਿ ਸਵਿਸ ਅਧਿਕਾਰੀਆਂ ਵੱਲੋਂ ਇਹਨਾਂ ਅਪਰਾਧਾਂ ਦੀ ਜਾਂਚ ਅਪਰਾਧਾਂ ਦੀ ਗੰਭੀਰਤਾ ਨੂੰ ਮਾਨਤਾ ਤੇ ਮਨਜ਼ੂਰੀ ਦਾ ਕੰਮ ਕਰੇਗੀ। ਇਸ ਸੰਸਥਾ ਨੇ ਇਸ ਤੋਂ ਪਹਿਲਾਂ ਯੂ ਪੀ ਵਿੱਚ ਪੁਲਸ ਬਲਾਂ ਵੱਲੋਂ ਝੂਠੇ ਮੁਕਾਬਲਿਆਂ ਦੌਰਾਨ ਮਾਰੇ ਗਏ ਲੋਕਾਂ ਦੀ ਸ਼ਿਕਾਇਤ ਸੰਯੁਕਤ ਰਾਸ਼ਟਰ ਵਿੱਚ ਵੀ ਦਰਜ ਕਰਾਈ ਸੀ।*

## ਪੇਸ਼ ਲੱਧੀ ਦੇ ਆਈਆਂ !

*ਵੱਖੋ ਵੱਖਰੇ 'ਫੱਟੇ' ਲਾ ਤੁਰੇ ਫਿਰਦੇ,*
*ਰਾਖੇ ਪੰਥ ਦੇ ਖੁਦ ਨੂੰ ਹੀ ਦੱਸਦੇ ਨੇ।*
*ਆਪੋ ਵਿੱਚ ਫੁੰਕਾਰਦੇ ਰਹਿਣ ਸਾਰੇ,*
*'ਏਕੇ' ਕੋਲ਼ੋਂ ਤਾਂ ਦੂਰ ਨੂੰ ਨੱਸਦੇ ਨੇ।*
*ਸੇਹ ਦਾ ਤੱਕਲ਼ਾ ਗੱਡਿਆ ਕੱਢਦੇ ਨਾ,*
*ਬਿਆਨਬਾਜ਼ੀ ਦੇ 'ਤੀਰ' ਹੀ ਕੱਸਦੇ ਨੇ।*
*ਚਾਰ ਦਿਨ 'ਵਿਰੋਧਤਾ' ਕਰਨ ਮਗਰੋਂ,*
*ਉਸੇ 'ਟੱਬਰ' ਦੇ ਵਿੱਚ ਜਾ ਵੱਸਦੇ ਨੇ।*
*ਸਿੱਖ ਸਿਆਸਤ ਤੋਂ ਲੱਥਦਾ ਗ੍ਰਹਿਣ ਹੈਨੀ,*
*ਤਾਹੀਉਂ ਮੁੱਕਦਾ ਨਹੀਂ ਕਲ਼ੇਸ਼ ਯਾਰੋ।*
*ਦੁੱਲੇ ਵੱਲੋਂ ਜੋ 'ਕੀਤੀਆਂ' ਹੁੰਦੀਆਂ ਨੇ,*
*ਆ ਜਾਂਦੀਆਂ 'ਲੱਧੀ' ਦੇ ਪੇਸ਼ ਯਾਰੋ!*

*-ਤਰਲੋਚਨ ਸਿੰਘ 'ਦੁਪਾਲਪੁਰ', 78146-92724*

# ਪੰਜਾਬ ਲਈ ਇਹ ਕੁਝ ਤਾਂ ਹੋਵੇ !

*ਅੱਜ ਪੰਜਾਬ ਦੀ ਪਹਿਲੀ ਲੋੜ ਪੰਜਾਬ ਦੇ ਬੱਚਿਆਂ ਨੂੰ ਬਾਹਰ ਜਾਣ ਲਈ ਮਜਬੂਰ ਕਰਦੇ ਕਾਰਨਾਂ ਨੂੰ ਦੂਰ ਕਰਨਾ ਹੈ। ਬੱਚਿਆਂ ਲਈ ਮਿਆਰੀ ਸਿੱਖਿਆ ਅਤੇ ਰੁਜ਼ਗਾਰ ਵੱਡੇ ਕਾਰਨ ਹਨ। ਜੇਕਰ ਮਿਆਰੀ ਸਿੱਖਿਆ ਦੀ ਲੋੜ ਪੂਰੀ ਹੋ ਜਾਵੇ ਤਾਂ ਸਿੱਖਿਆ ਲਈ ਵਿਦੇਸ਼ ਜਾਣ ਦਾ ਕਰੋੜਾਂ ਦਾ ਖਰਚਾ ਹੀ ਨਹੀਂ ਬਚੇਗਾ, ਬਾਹਰ ਰੁਜ਼ਗਾਰ ਵੀ ਮਿਆਰੀ ਮਿਲੇਗਾ...*


ਸੁੱਚਾ ਸਿੰਘ ਖੱਟੜਾ

ਕੋਈ ਸਮਾਂ ਸੀ ਕਿ ਪੰਜਾਬ ਪ੍ਰਤੀ ਵਿਅਕਤੀ ਆਮਦਨ ਵਿੱਚ ਦੇਸ਼ ਦਾ ਨੰਬਰ ਇੱਕ ਪ੍ਰਾਂਤ ਸੀ। ਬਾਕੀ ਮਾਪਦੰਡਾਂ ਉੱਤੇ ਵੀ ਇਹ ਕੌਮੀ ਔਸਤ ਤੋਂ ਕਿਧਰੇ ਵੀ ਨੀਵਾਂ ਨਹੀਂ ਸੀ। ਅੱਜ ਅੱਧਿਆਂ ਤੋਂ ਵੱਧ ਪ੍ਰਾਂਤ ਇਸ ਤੋਂ ਅੱਗੇ ਹਨ। ਕਾਰਗੁਜ਼ਾਰੀ ਵਿੱਚ ਉਭਰਨ ਦੇ ਅਸਾਰ ਦਿਸਦੇ ਨਹੀਂ। ਵਿਕਾਸ ਦੇ ਮਾਪਦੰਡ ਜਿੱਥੇ ਸੁਚੱਜੀ ਯੋਜਨਾਬੰਦੀ ਨਾਲ ਸੁਧਾਰੇ ਜਾਂਦੇ ਹਨ, ਉੱਥੇ ਸੂਬੇ ਦੀ ਆਮਦਨ ਦੇ ਸਰੋਤਾਂ ਅਤੇ ਉਨ੍ਹਾਂ ਤੋਂ ਖ਼ਜ਼ਾਨੇ ਤੱਕ ਪਹੁੰਚਦੇ ਹਿੱਸੇ ਉਤੇ ਵੱਧ ਨਿਰਭਰ ਕਰਦੇ ਹਨ। ਮੌਜੂਦਾ ਸਰਕਾਰ ਪਟੜੀ ਤੋਂ ਉੱਤਰੀ ਗੱਡੀ ਨੂੰ ਕਦੋਂ ਅਤੇ ਕਿਵੇਂ ਮੁੜ ਪਟੜੀ ਉਤੇ ਲਿਆਉਂਦੀ ਹੈ, ਇਸ ਉੱਤੇ ਸਭ ਦੀ ਨਜ਼ਰ ਹੈ।

ਪੰਜਾਬ ਵਿੱਚ ਹਰੇ ਇਨਕਲਾਬ ਨੇ ਪੰਜਾਬ ਦੀ ਆਰਥਿਕਤਾ ਨੂੰ ਹੁਲਾਰਾ ਦਿੱਤਾ, ਪਰ ਇਸ ਹੁਲਾਰੇ ਨੂੰ ਲਗਾਤਾਰਤਾ ਨਹੀਂ ਦਿੱਤੀ ਗਈ। ਦਿਸਦਾ ਸੀ ਕਿ ਵੱਡੇ ਉਦਯੋਗ ਪੰਜਾਬ ਵਿੱਚ ਦੂਜੇ ਸੂਬਿਆਂ ਦੇ ਮੁਕਾਬਲੇ ਵਿੱਚ ਨਹੀਂ ਆਉਣੇ ਸਨ। ਇੱਕੋ-ਇੱਕ ਰਾਹ ਸੀ ਕਿ ਛੋਟੀਆਂ ਇਕਾਈਆਂ ਨੂੰ ਉਤਸ਼ਾਹਤ ਕੀਤਾ ਜਾਂਦਾ ਅਤੇ ਸਭ ਤੋਂ ਮਹੱਤਵਪੂਰਨ ਖੇਤੀ ਅਧਾਰਤ ਛੋਟੇ ਉਦਯੋਗ ਧੰਦਿਆਂ ਵੱਲ ਵਧਿਆ ਜਾਂਦਾ, ਪਰ ਇਸ ਬਾਰੇ ਸੋਚਿਆ ਨਹੀਂ ਗਿਆ। ਅੱਜ ਵੀ ਪੰਜਾਬ ਲਈ ਚਿੰਤਾ ਕਰਨ ਵਾਲੇ ਅਰਥ ਸ਼ਾਸਤਰੀ ਖੇਤੀ ਅਧਾਰਤ ਸਨਅਤ ਲਗਾਉਣ ਦੀ ਹੀ ਗੱਲ ਕਰਦੇ ਹਨ ਅਤੇ ਵਾਰ-ਵਾਰ ਕਰਦੇ ਹਨ। ਸਨਅਤ ਪੱਖੋਂ ਪੰਜਾਬ ਦਾ ਪਛੜੇਵਾਂ ਸੂਬੇ ਦੇ ਵਿਕਾਸ ਵਿੱਚ ਰੋੜਾ ਹੈ, ਇਸ ਨੂੰ ਖੇਤੀ ਅਧਾਰਤ ਛੋਟੇ ਉਦਯੋਗਾਂ ਨੇ ਹੀ ਦੂਰ ਕਰਨਾ ਹੈ। ਇੱਕ ਪਾਸੇ ਪੰਜਾਬ ਹਰੇ ਇਨਕਲਾਬ ਦਾ ਪੂਰਾ ਲਾਭ ਪ੍ਰਾਪਤ ਕਰਨ ਵੱਲ ਨਾ ਵਧਿਆ ਤਾਂ ਦੂਜੇ ਪਾਸੇ ਅੱਤਵਾਦ ਦੀ ਅਜਿਹੀ ਮਾਰ ਪਈ ਕਿ ਪੰਜਾਬ ਦੇ ਸਨਅਤਕਾਰ ਪੰਜਾਬ ਤੋਂ ਖਿਸਕ ਗਏ। ਸਾਡੇ ਸਭ ਦੇ ਸਾਹਮਣੇ ਉਹ ਹਿਮਾਚਲ ਅਤੇ ਦਿੱਲੀ ਦੇ ਚੁਫੇਰੇ ਜਾ ਕੇ ਉਨ੍ਹਾ ਸੂਬਿਆਂ ਦੀ ਬੇਰੁਜ਼ਗਾਰੀ ਦਾ ਬੋਝ ਵੀ ਹਲਕਾ ਕਰਨ ਲੱਗੇ ਅਤੇ ਸੂਬਿਆਂ ਦੀ ਆਮਦਨ ਵੀ ਵਧਾਉਣ ਲੱਗ ਗਏ। ਅੱਤਵਾਦ ਨੇ ਸਿੱਖਿਆ ਸੰਸਥਾਵਾਂ ਦਾ ਯੂਨੀਵਰਸਿਟੀ ਪੱਧਰ ਤੱਕ ਨੁਕਸਾਨ ਕੀਤਾ। 1984 ਦੇ ਜ਼ਖ਼ਮਾਂ ਦੀ ਚੀਸ ਉਹੀ ਜਾਣਦੇ ਹਨ, ਜਿਨ੍ਹਾਂ ਬੇਦੋਸ਼ਿਆਂ ਨੂੰ ਉਹ ਜ਼ਖ਼ਮ ਲੱਗੇ ਹਨ। ਪੰਜਾਬ ਵਿੱਚ ਨਵੇਂ ਉਦਯੋਗ ਲਗਾਉਣ ਲਈ ਬਾਹਰਲਿਆਂ ਲਈ ਇੱਥੇ ਕੁਝ ਵੀ ਲੁਭਾਉਣਾ ਨਹੀਂ ਸੀ ਬਚਿਆ, ਡਰਾਉਣਾ ਹੀ ਡਰਾਉਣਾ ਸੀ। ਕੇਂਦਰ ਸਰਕਾਰ ਨੇ ਬਾਹਰੋਂ ਭੇਜੇ ਸਕਿਉਰਟੀ ਬਲਾਂ ਦਾ ਖ਼ਰਚਾ ਵੀ ਪੰਜਾਬ ਸਿਰ ਪਾ ਦਿੱਤਾ। ਇਹ ਇੱਕ ਕੌੜਾ ਦੌਰ ਸੀ, ਜਿਸ ਲਈ ਜ਼ਿੰਮੇਵਾਰਾਂ ਦੀ ਪਹਿਚਾਣ ਜੇਕਰ ਨਹੀਂ ਹੋਵੇਗੀ ਤਾਂ ਇਹ ਮੁੜ ਵਾਪਰ ਸਕਦਾ ਹੈ, ਪੰਜਾਬ ਨੂੰ ਵਿਕਾਸ ਦੀ ਪਟੜੀ ਤੋਂ ਲਾਹੁਣ ਦਾ ਇਹ ਦੂਜਾ ਕਾਰਨ ਸੀ। ਇਸ ਸਾਰੇ ਕੁਝ ਦੇ ਵਾਪਰਨ ਵਿੱਚ ਤੀਜਾ ਕਾਰਨ ਸਿਆਸੀ ਅਤੇ ਧਾਰਮਿਕ ਅਗਵਾਈ ਵਿੱਚ ਖੋਟ ਅਤੇ ਖੁਦਗਰਜ਼ੀ ਸੀ, ਜਿਹੜੀ ਉਦੋਂ ਸ਼ਹਿ ਕੇ ਬੈਠੀ ਰਹੀ ਅਤੇ ਸਮਾਂ ਰਹਿੰਦਿਆਂ ਬਾਨ੍ਹਣੂ ਨਹੀਂ ਬੰਨ੍ਹਿਆ। ਪੰਜਾਬ ਦੇ ਬੁੱਧੀਜੀਵੀਆਂ ਲਈ ਇਹ ਸਾਂਝੀ ਚੁਣੌਤੀ ਹੈ ਕਿ ਉਹ ਪੰਜਾਬ ਦੇ ਭਵਿੱਖ ਬਾਰੇ ਮੌਜੂਦਾ ਹਾਲਤਾਂ ਅਤੇ ਹਾਲਾਤਾ ਵਿੱਚ ਰਸਤਾ ਸੁਝਾਉਣ ਸੂਬੇ ਦੀ ਨਵੀਂ ਸਰਕਾਰ ਵਾਲਿਆਂ ਦੀਆਂ ਭੁੱਲਾਂ ਅਤੇ ਹਸ਼ਰ ਸਾਫ਼ ਦਿਸਦੇ ਹਨ। ਨਿਸ਼ਚਿਤ ਹੈ ਕਿ ਇਹ ਸਰਕਾਰ ਉਨ੍ਹਾਂ ਰਾਹਾਂ ਉਤੇ ਨਹੀਂ ਚੱਲੇਗੀ, ਪਰ ਇਸ ਸਰਕਾਰ ਲਈ ਵੀ ਏਜੰਡੇ ਤਾਂ ਸੁਝਾਉਣੇ ਹੀ ਪੈਣੇ ਹਨ।

ਪੰਜਾਬ ਵਾਸੀਆਂ ਨੂੰ ਇਹ ਮੰਨ ਕੇ ਚੱਲਣਾ ਪਏਗਾ ਕਿ ਪੰਜਾਬ ਦੇਸ਼ ਦਾ ਅਨਿੱਖੜਵਾਂ ਅੰਗ ਹੈ। ਇਸ ਦੇਸ਼ ਨੂੰ ਦੱਖਣ ਅਤੇ ਪੂਰਬ, ਉੱਤਰ ਤੋਂ ਪੱਛਮ ਤੱਕ ਬਾਬਾ ਨਾਨਕ ਦੇ ਚਰਨਾ ਦੀ ਛੋਹ ਪ੍ਰਾਪਤ ਹੈ। ਪਾਕਿਸਤਾਨ ਬਣਨ ਨਾਲ ਕਿੰਨੇ ਹੀ ਵਿਛੜੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ ਦੀ ਤਾਂਘ ਹਰ ਰੋਜ਼ ਸੁਣੀ ਅਤੇ ਸੁਣਾਈ ਜਾਂਦੀ ਹੈ, ਇਨ੍ਹਾਂ ਵਿੱਛੜੇ ਗੁਰਧਾਮਾਂ ਵਿੱਚ ਹੋਰ ਗੁਰਧਾਮ ਜੋੜਨ ਵੱਲ ਹਰ ਰੋਜ਼ ਵਧਿਆ ਜਾ ਰਿਹਾ ਹੈ। ਗੁਰਧਾਮਾਂ ਅਤੇ ਉਨ੍ਹਾਂ ਦੀ ਦੇਖਣ ਭਾਲ ਕਰਨ ਵਾਲਿਆਂ ਨਾਲ ਜੋ ਹੋ ਰਿਹਾ ਹੈ, ਉਹਦਾ ਸਭ ਨੂੰ ਪਤਾ ਹੈ। ਕੀ ਅਸੀਂ ਸੋਚਿਆ ਕਿ ਵੱਖਰਾ ਦੇਸ਼ ਬਣਾਉਣ ਨਾਲ ਇੱਥੋਂ ਦੇ ਸਿੱਖਾਂ ਦੀ ਅਰਦਾਸ ਵਿੱਚ ਕੀ ਜੁੜੇਗਾ ਅਤੇ ਇਥੋਂ ਬਾਹਰਲੇ ਸਿੱਖਾਂ ਦੀ ਅਰਦਾਸ ਵਿੱਚ ਹੋਰ ਕੀ ਜੁੜੇਗਾ?

ਅੱਜ ਪੰਜਾਬ ਦੀ ਪਹਿਲੀ ਲੋੜ ਪੰਜਾਬ ਦੇ ਬੱਚਿਆਂ ਨੂੰ ਬਾਹਰ ਜਾਣ ਲਈ ਮਜਬੂਰ ਕਰਦੇ ਕਾਰਨਾਂ ਨੂੰ ਦੂਰ ਕਰਨਾ ਹੈ। ਬੱਚਿਆਂ ਲਈ ਮਿਆਰੀ ਸਿੱਖਿਆ ਅਤੇ ਰੁਜ਼ਗਾਰ ਵੱਡੇ ਕਾਰਨ ਹਨ। ਜੇਕਰ ਮਿਆਰੀ ਸਿੱਖਿਆ ਦੀ ਲੋੜ ਪੂਰੀ ਹੋ ਜਾਵੇ ਤਾਂ ਸਿੱਖਿਆ ਲਈ ਵਿਦੇਸ਼ ਜਾਣ ਦਾ ਕਰੋੜਾਂ ਦਾ ਖਰਚਾ ਹੀ ਨਹੀਂ ਬਚੇਗਾ, ਬਾਹਰ ਰੁਜ਼ਗਾਰ ਵੀ ਮਿਆਰੀ ਮਿਲੇਗਾ। ਕੀ ਇਹ ਅਫ਼ਸੋਸ ਨਹੀਂ ਕਿ ਪੰਜਾਬ ਦੀ ਸਭ ਤੋਂ ਵੱਡੀ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦਵਾਰਾ ਪ੍ਰਬੰਧ ਕਮੇਟੀ ਇੱਕ ਵੀ ਅਜਿਹੀ ਸਿੱਖਿਆ ਸੰਸਥਾ ਦਾ ਨਿਰਮਾਣ ਨਹੀਂ ਕਰ ਸਕੀ ਜਿਹੜੀ ਦੇਸ਼-ਵਿਦੇਸ਼ ਵਿੱਚ ਆਪਣਾ ਨਾਂਅ ਬਣਾ ਸਕੇ। ਇਸ ਦੀ ਹੋਂਦ ਦੇ 100 ਸਾਲ ਦੀ ਪ੍ਰਾਪਤੀ ਇਹ ਹੈ ਕਿ ਇੱਥੋਂ ਦੇ ਬੱਚੇ ਸਿੱਖਿਆ ਲਈ ਬਾਹਰ ਜਾਣ ਲੱਗ ਪਏ ਅਤੇ ਯੂ ਪੀ, ਬਿਹਾਰ ਦੇ ਇਸ ਦੀਆਂ ਸੰਸਥਾਵਾਂ ਵਿੱਚ ਦਾਖ਼ਲ ਹੋਣ ਲੱਗ ਪਏ ਹਨ। ਬਾਹਰਲੇ ਬੱਚੇ ਆਉਣ ਜੀ ਆਇਆਂ, ਪਰ ਮਿਆਰੀ ਸਿੱਖਿਆ ਲਈ ਆਉਣੇ ਚਾਹੀਦੇ ਹਨ। ਕੇਵਲ ਖਾਲੀ ਸੀਟਾਂ ਭਰਨ ਲਈ ਨਹੀਂ। ਕ੍ਰਿਸਚੀਅਨ ਸੰਸਥਾਵਾਂ ਦਾ ਜਾਲ ਭਾਰਤ ਭਰ ਵਿੱਚ ਕਿਸੇ ਵੀ ਜ਼ਿੰਮੇਵਾਰ ਨੂੰ ਦਿਸਦਾ ਨਹੀਂ। ਜੇਕਰ ਇਹ ਸੱਚਾਈ ਸ਼ਰਮਿੰਦਾ ਕਰਨ ਵਾਲੀ ਹੋਵੇ ਤਾਂ ਅਸੀਂ ਕੀ ਹਾਂ?

ਸਿੱਖਿਆ ਖੇਤਰ ਵਿੱਚ ਪੰਜਾਬ ਦੀ ਨਵੀਂ ਸਰਕਾਰ ਕੇਂਦਰ ਅਤੇ ਬਾਦਲ ਦੀ ਸਿੱਖਿਆ ਨੀਤੀ ਉਤੇ ਅਮਲ ਕਰਦੀ ਲਗਦੀ ਹੈ। ਕੇਂਦਰ ਸਰਕਾਰ ਨੇ ਹਰ ਜ਼ਿਲ੍ਹੇ ਵਿੱਚ ਨਵੋਦਿਆ ਸਕੂਲ ਖੋਲ੍ਹੇ, ਬਾਦਲ ਨੇ ਮੈਰੀਟੋਰੀਅਸ ਸਕੂਲ ਖੋਲ੍ਹੇ। ਆਮ ਆਦਮੀ ਦੀ ਸਰਕਾਰ ਸਕੂਲਜ਼ ਆਫ਼ ਐਮੀਨੈਂਸ ਖੋਲ੍ਹਣ ਲੱਗ ਪਈ। ਪੰਜਵੀਂ ਤੱਕ ਜਿਹੜੇ ਬੱਚੇ ਹੁਸ਼ਿਆਰ ਹੋਣਗੇ, ਉਹ ਮੁਕਾਬਲੇ ਰਾਹੀਂ ਇਨ੍ਹਾ ਸਕੂਲਾਂ ਵਿੱਚ ਜਾਣਗੇ। ਇਸੇ ਤਰ੍ਹਾਂ 6ਵੀਂ, 7ਵੀਂ ਅਤੇ 8ਵੀਂ ਤਿੰਨ ਨੇ ਜਮਾਤਾਂ ਸਰਕਾਰੀ ਅਧਿਆਪਕਾਂ ਵੱਲੋਂ ਪੜ੍ਹਾਏ ਬੱਚਿਆਂ ਵਿੱਚੋਂ ਹੁਸ਼ਿਆਰ ਬੱਚੇ ਨੌਵੀਂ ਵਿੱਚ ਇਨ੍ਹਾਂ ਸਕੂਲਾਂ ਵਿੱਚ ਚਲੇ ਜਾਣਗੇ। ਸੰਦੇਸ਼ ਇਹ ਹੈ ਕਿ ਸਾਡਾ ਟੀਚਰ ਨੌਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਨੂੰ ਪੜ੍ਹਾਉਣ ਦੇ ਸਮਰੱਥ ਨਹੀਂ। ਪਹਿਲਾਂ ਵੀ ਲਿਖਿਆ ਜਾਂਦਾ ਰਿਹਾ ਹੈ ਕਿ ਹੁਸ਼ਿਆਰ ਬੱਚਾ ਜਮਾਤ ਵਿੱਚ ਉਦੋਂ ਅਧਿਆਪਕ ਦਾ ਹੀ ਕੰਮ ਕਰਦਾ ਹੈ, ਜਦੋਂ ਪੜ੍ਹਾਈ ਸਮੱਗਰੀ ਅਧਿਆਪਕ ਵੱਲੋਂ ਖੜ੍ਹਾ ਕਰਨ ਉਤੇ ਉਹ ਨਾਲੋ-ਨਾਲ ਦਸਦਾ ਅਤੇ ਇੱਕ ਤਰ੍ਹਾਂ ਸਫ਼ਲ ਦੁਹਰਾਈ ਦਾ ਸਬੱਬ ਬਣਦਾ ਹੈ। ਅਜਿਹੇ ਬੱਚੇ ਸਕੂਲੋਂ ਕੱਢ ਲੈਣ ਨਾਲ ਬਾਕੀ ਬੱਚਿਆਂ, ਮਾਪਿਆਂ ਅਤੇ ਅਧਿਆਪਕਾਂ ਲਈ ਸੰਦੇਸ਼ ਸੁਖਾਵਾਂ ਨਹੀਂ। ਪੰਜਾਬ ਸਰਕਾਰ ਦੇ ਯਤਨਾਂ ਵਿੱਚ ਕੇਂਦਰ ਦੀ ਨਵੀਂ ਸਿੱਖਿਆ ਨੀਤੀ ਵੱਲੋਂ ਖ਼ੱਲਲ ਪਾਉਣਾ ਤਹਿ ਹੈ। ਨੁਕਸਾਨ ਪੰਜਾਬ ਦੀ ਸਿੱਖਿਆ ਨੀਤੀ ਨਾਲ ਜੁੜੀ ਹਰ ਧਿਰ ਦਾ ਹੋਣਾ ਹੈ। ਸਿੱਖਿਆ ਵਰਗਾ ਅਹਿਮ ਮੁੱਦਾ ਸਿਹਤ ਦਾ ਖੇਤਰ ਹੈ। ਇਨ੍ਹਾਂ ਦੋਵਾਂ ਮੁੱਦਿਆਂ ਉਤੇ ਖੁੱਲ੍ਹੇ ਸਰਮਾਏ ਦੀ ਲੋੜ ਹੈ। ਚੋਣਾਂ ਸਮੇਂ ਰੇਤਾ-ਬੱਜਰੀ ਅਤੇ ਸ਼ਰਾਬ ਵਿੱਚੋਂ ਹਜ਼ਾਰਾਂ ਕਰੋੜ ਕਮਾਉਣ ਦੀਆਂ ਗੱਲਾਂ ਹੁੰਦੀਆਂ ਸਨ। ਫਿਲਹਾਲ ਕੁਝ ਹੁੰਦਾ ਦਿਸਦਾ ਨਹੀਂ। ਇਸ ਸਰਕਾਰ ਦੀ ਇੱਕ ਹੀ ਪ੍ਰਮੁੱਖ ਦੇਣ ਰਹੇਗੀ ਕਿ ਦੂਜੀਆਂ ਪਾਰਟੀਆਂ ਸਾਫ਼-ਸੁਥਰਾ ਰਾਜ ਕਰਨਾ ਸਿੱਖ ਜਾਣਗੀਆਂ। ਇਹ ਹੀ ਭੂਮਿਕਾ ਈ ਡੀ ਅਤੇ ਸੀ ਬੀ ਆਈ ਬਗੈਰਾ ਦੀ ਹੋ ਨਿਬੜੇਗੀ ਭਲੇ ਹੀ ਬੀ ਜੇ ਪੀ ਇਨ੍ਹਾਂ ਦੀ ਵਰਤੋਂ ਵਿਰੋਧੀਆਂ ਨੂੰ ਚਿੱਤ ਕਰਨ ਲਈ ਕਰੇ, ਵਾਰੀ ਇਨ੍ਹਾ ਦੀ ਵੀ ਆਏਗੀ। "ਤੁਸੀਂ ਸਾਨੂੰ ਬਚਾਓ, ਅਸੀਂ ਤੁਹਾਨੂੰ ਬਚਾਵਾਂਗੇ" ਦੀ ਪ੍ਰਥਾ ਰਹਿਣੀ ਨਹੀਂ। ਸਿਆਸਤ ਸਾਫ਼-ਸੁਥਰੀ ਹੋ ਸਕੇਗੀ।

ਗੱਲ ਸਮੇਟਣ ਤੋਂ ਪਹਿਲਾਂ ਕਹਾਂਗੇ ਕਿ ਪੰਜਾਬ ਵਿੱਚ ਵਿਕਾਸ ਦਾ ਹਰ ਖੇਤਰ ਮੋਕਲਾ ਹੋ ਸਕਦਾ ਹੈ, ਜੇਕਰ ਫੈਡਰਲ ਸ਼ਕਤੀਆਂ ਵਾਪਸ ਬਹਾਲ ਹੋਣ ਅਤੇ ਹੋਰ ਹਮਲੇ ਨਾ ਹੋਣ। ਪੰਜਾਬ ਦੇ ਚਿਰਾਂ ਤੋਂ ਲਟਕਦੇ ਮੁੱਦੇ ਹੱਲ ਹੋਣ। ਚੰਡੀਗੜ੍ਹ ਅਤੇ ਬੀ ਬੀ ਐਮ ਬੀ ਦਾ ਸੈਲ ਭੁੱਲਿਆ ਨਹੀਂ ਪਾਣੀਆਂ ਦੇ ਮੁੱਦੇ ਨੇ ਕੰਬਣੀਆਂ ਛੇੜ ਦਿੱਤੀਆਂ ਹਨ। ਪੰਜਾਬ ਸਰਕਾਰ ਨੂੰ ਇਸ ਸਭ ਕੁਝ ਉਤੇ ਸਭ ਪਾਰਟੀਆਂ ਦੇ ਸਾਂਝੇ ਫਰੰਟ ਬਣਾਉਣ ਅਤੇ ਚਲਾਉਣ ਵਿੱਚ ਅਗਵਾਈ ਕਰਨ ਦਾ ਮੌਕਾ ਹੈ।

**# ਸੰਪਰਕ : 94176-52947**

# ਧੀਆਂ ਨਾਲ ਧ੍ਰੋਹ ਕਿਉਂ ?

**ਡਾ. ਗੁਰਤੇਜ ਸਿੰਘ**

ਧੀਆਂ ਦੇ ਸੁਰੱਖਿਅਤ ਜੀਵਨ ਅਤੇ ਉਨ੍ਹਾਂ ਦੇ ਬੁਨਿਆਦੀ ਹੱਕਾਂ ਪ੍ਰਾਪਤੀ ਹਿੱਤ ਸਾਡੇ ਦੇਸ਼ ਅੰਦਰ ਸੰਨ 2008 ਤੋਂ ਮਹਿਲਾ ਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਕੌਮੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਹੈ, ਜੋ ਲੜਕੀਆਂ ਦੀ ਦਸ਼ਾ ਸੁਧਾਰਨ ਲਈ ਅਤੇ ਲੋਕਾਂ ਦੀ ਰੂੜੀਵਾਦੀ ਮਾਨਸਿਕਤਾ ਨੂੰ ਹਲੂਣਾ ਦੇਣ ਲਈ ਇੱਕ ਸਾਰਥਿਕ ਉਪਰਾਲਾ ਹੈ। ਸਰਕਾਰ ਸਮਾਜ ਦੇ ਸਹਿਯੋਗ ਨਾਲ ਭਰੂਣ ਹੱਤਿਆ, ਨਵਜੰਮੀਆਂ ਧੀਆਂ ਨੂੰ ਲਾਵਾਰਿਸ ਛੱਡਣ, ਧੀਆਂ ਨਾਲ ਜਬਰ ਜ਼ਨਾਹ, ਬਾਲ ਵਿਆਹ ਅਤੇ ਹੋਰ ਸਮਾਜਿਕ ਕੁਰੀਤੀਆਂ ਨੂੰ ਜੜ੍ਹੋਂ ਖ਼ਤਮ ਲਈ ਵਚਨਬੱਧ ਹੈ। ਇਸੇ ਲਈ ਹਰ ਵਰ੍ਹੇ ਸਾਡੇ ਮੁਲਕ ਅੰਦਰ ਇਹ ਦਿਵਸ ਮਨਾਇਆ ਜਾਂਦਾ ਹੈ। ਯੂਨੀਸੈਫ਼ ਦੀ ਇੱਕ ਰਿਪੋਰਟ ਅਨੁਸਾਰ ਸੰਸਾਰ ਦੇ ਤਿੰਨ ਬਾਲ ਵਿਆਹ ਜੋੜਿਆਂ 'ਚੋਂ ਇੱਕ ਭਾਰਤੀ ਹੁੰਦਾ ਹੈ। ਇਸ ਦਾ ਭਾਵ ਹੈ ਕਿ ਸਾਡੇ ਦੇਸ਼ ਅੰਦਰ ਅਜੇ ਵੀ ਬਾਲ ਵਿਆਹ ਹੋ ਰਹੇ ਹਨ, ਕੌਮੀ ਪੱਧਰ 'ਤੇ ਇਹ ਦਰ 26.8 ਫ਼ੀਸਦੀ ਹੈ।

ਲੁਧਿਆਣਾ ਵਿੱਚ ਇੱਕ ਨਵਜੰਮੀ ਬੱਚੀ ਕੂੜੇ ਦੇ ਢੇਰ 'ਚ ਮਿਲਣ ਕਾਰਨ ਸ਼ਹਿਰ ਅਤੇ ਮੀਡੀਆ ਵਿੱਚ ਹਲਚਲ ਹੋਈ ਸੀ। ਬੱਚੀ ਦੇ ਮਾਪਿਆਂ ਨੇ ਉਸ ਨੂੰ ਧੀ ਹੋਣ ਕਾਰਨ ਲਾਵਾਰਿਸ ਛੱਡ ਦਿੱਤਾ ਸੀ, ਪਤਾ ਨਹੀਂ ਅਜਿਹੀ ਕਿਹੜੀ ਮਜ਼ਬੂਰੀ ਸੀ ਜਿਸ ਕਾਰਨ ਉਸ ਦੇ ਨਿਰਦਈ ਮਾਪਿਆਂ ਨੇ ਅਜਿਹੇ ਘਿਨੌਣੇ ਕਾਰੇ ਨੂੰ ਅੰਜਾਮ ਦਿੱਤਾ ਸੀ। ਯੋਜਨਾਬੱਧ ਤਰੀਕੇ ਨਾਲ ਇਹ ਕੰਮ ਕੀਤਾ ਗਿਆ ਸੀ ਤੇ ਬੱਚੀ ਦੇ ਬਚਣ ਦੀ ਕੋਈ ਉਮੀਦ ਨਹੀਂ ਸੀ, ਪਰ 'ਜਾਕੋ ਰਾਖੈ ਸਾਈਆਂ' ਇੱਕ ਭਲੇ-ਪੁਰਸ਼ ਨੇ ਉਸ ਦੀ ਚੀਕ ਸੁਣੀ ਅਤੇ ਇਸ ਦੀ ਇਤਲ਼ਾਹ ਪੁਲਸ ਨੂੰ ਦਿੱਤੀ ਸੀ। ਕੂੜੇ ਦੇ ਢੇਰ 'ਚੋਂ ਬੱਚੀ ਨੂੰ ਕੱਢ ਕੇ ਹਸਪਤਾਲ ਪਹੁੰਚਾਇਆ ਗਿਆ, ਸਮੇਂ ਸਿਰ ਇਲਾਜ ਮਿਲਣ ਕਾਰਨ ਉਸ ਬੱਚੀ ਦੀ ਜਾਨ ਬਚ ਗਈ, ਪਰ ਇਹ ਘਟਨਾ ਸਮਾਜ, ਬੁੱਧੀਜੀਵੀਆਂ 'ਤੇ ਬਹੁਤ ਵੱਡੇ ਸਵਾਲ ਵੀ ਖੜੇ ਕਰ ਗਈ। ਜੇਕਰ ਇਹੀ ਬੱਚਾ ਲੜਕਾ ਹੁੰਦਾ ਤਾਂ ਸ਼ਾਇਦ ਉਹ ਮਾਪੇ ਉਸ ਨੂੰ ਕੂੜੇ ਦੇ ਢੇਰ 'ਚ ਇਸ ਤਰ੍ਹਾਂ ਲਾਵਾਰਿਸ ਛੱਡ ਕੇ ਨਾ ਜਾਂਦੇ। ਧੀ ਹੋਣ ਕਾਰਨ ਉਸ ਨੂੰ ਇੰਨੀ ਵੱਡੀ ਸਜ਼ਾ ਦਿੱਤੀ ਗਈ, ਜਿਸ ਵਿੱਚ ਉਸ ਦਾ ਕੋਈ ਕਸੂਰ ਨਹੀਂ ਸੀ। ਕੀ ਪਤਾ ਉਹ ਕਲਪਨਾ ਚਾਵਲਾ, ਮਦਰ ਟੈਰੇਸਾ ਬਣੇਗੀ ਜਾਂ ਕਿਸੇ ਸੂਰਬੀਰ ਯੋਧੇ ਨੂੰ ਜਨਮ ਦੇਵੇਗੀ।

ਹਰ ਰੋਜ਼ ਵਾਪਰਦੀਆਂ ਅਜਿਹੀਆਂ ਮੰਦਭਾਗੀ ਘਟਨਾਵਾਂ ਕਿਧਰੇ ਧੀ ਕੁੱਤਿਆਂ-ਸੂਰਾਂ ਦਾ ਖਾਣਾ ਬਣੀ ਮਿਲਦੀ ਹੈ ਅਤੇ ਕਿਤੇ ਕੂੜੇ ਦੇ ਢੇਰ ਜਾਂ ਝਾੜੀਆਂ 'ਚ ਫਸੀ ਮਿਲਦੀ ਹੈ। ਬਿਗਾਨਿਆਂ ਤੋਂ ਧੀਆਂ ਦੀ ਸੁਰੱਖਿਆ ਦੀ ਆਸ ਕਿਸ ਤਰ੍ਹਾਂ ਕੀਤੀ ਜਾਵੇ ਜਦ ਆਪਣੇ ਹੀ ਆਪਣੇ ਖ਼ੂਨ ਨੂੰ ਇਸ ਤਰ੍ਹਾਂ ਰੋਲਣ ਲੱਗੇ ਹੋਏ ਹਨ। ਅਜੋਕੇ ਮਨੁੱਖ ਦੀ ਸੋਚ ਨੂੰ ਕੀ ਹੋ ਗਿਆ ਹੈ, ਜੋ ਆਪਣੇ ਬੇਗਾਨੇ ਦੀ ਪਰਖ਼ ਕਰਨਾ ਭੁੱਲ ਗਈ ਹੈ। ਇਹ ਮੰਨਿਆ ਜਾਂਦਾ ਹੈ ਕਿ ਸੱਪਣੀ ਆਪਣੇ ਬੱਚਿਆਂ ਨੂੰ ਵੀ ਖਾ ਜਾਂਦੀ ਹੈ, ਪਰ ਅਜੋਕਾ ਮਨੁੱਖ ਵੀ ਉਸੇ ਰਾਹ 'ਤੇ ਨਿਕਲ ਪਿਆ ਹੈ, ਅਜਿਹੀਆਂ ਰਿਪੋਰਟਾਂ ਤਸਵੀਰਾਂ ਸਮੇਤ ਸੋਸ਼ਲ ਮੀਡੀਆ 'ਤੇ ਨਸ਼ਰ ਹੋਈਆਂ ਹਨ ਕਿ ਬਹੁਤੇ ਦੇਸ਼ਾਂ ਵਿੱਚ ਮਨੁੱਖੀ ਭਰੂਣ ਨੂੰ ਭੋਜਨ ਦੇ ਤੌਰ 'ਤੇ ਖਾਧਾ ਜਾਣ ਲੱਗਾ ਹੈ। ਲੋਕ ਚਟਕਾਰੇ ਲੈ ਕੇ ਖਾਂਦੇ ਦਿਖਾਏ ਹਨ, ਜੋ ਸੱਪਣੀ ਦਾ ਰੂਪ ਜਾਪਦੇ ਹਨ। ਇਹ ਕਿਹੋ ਜਿਹੀ ਆਧੁਨਿਕਤਾ ਹੈ, ਜਿਸ ਨੇ ਇਨਸਾਨ ਨੂੰ ਸ਼ੈਤਾਨ ਬਣਾ ਕੇ ਰੱਖ ਦਿੱਤਾ। ਅਜਿਹੇ ਲੋਕ ਇਨਸਾਨੀਅਤ ਦੇ ਨਾਂਅ ਉੱਪਰ ਕਲੰਕ ਹਨ ਤੇ ਮਨੁੱਖਤਾ ਦਾ ਮੂੰਹ ਚਿੜਾਉਂਦੇ ਹਨ।

ਮਹਾਰਾਜਾ ਰਣਜੀਤ ਸਿੰਘ ਦਾ ਨਾਂਅ ਕਿਸੇ ਜਾਣ-ਪਛਾਣ ਦਾ ਮੁਥਾਜ ਨਹੀਂ ਹੈ। ਉਹ ਹਰ ਵਰਗ ਦਾ ਹਰਮਨ ਪਿਆਰਾ ਰਾਜਾ ਹੋਇਆ ਹੈ। ਉਸ ਦੇ ਰਾਜ ਵਿੱਚ ਸਾਰੇ ਲੋਕ ਖੁਸ਼ਹਾਲ ਸਨ ਤੇ ਦੀਨ-ਦੁਖੀਆਂ ਦੀ ਪੁਕਾਰ ਉਹ ਵਿਸ਼ੇਸ਼ ਤੌਰ 'ਤੇ ਸੁਣਦਾ ਸੀ। ਉਸ ਦੀ ਮਾਤਾ ਰਾਜ ਕੌਰ ਪੰਜਾਬ ਦੇ ਮਾਲਵੇ ਇਲਾਕੇ ਦੀ ਜੰਮਪਲ ਸੀ, ਜਿਸ ਕਰਕੇ ਇਤਿਹਾਸ ਵਿੱਚ ਉਸ ਨੂੰ ਮਾਈ ਮਲਵੈਣ ਕਹਿ ਕੇ ਸੱਦਿਆ ਜਾਂਦਾ ਹੈ। ਉਸ ਸਮੇਂ ਨਵਜੰਮੀ ਧੀਆਂ ਨੂੰ ਮਾਰਨ ਦਾ ਆਮ ਰਿਵਾਜ ਸੀ। ਜ਼ਿਆਦਾ ਅਫ਼ੀਮ ਖਵਾ ਕੇ, ਪਾਣੀ 'ਚ ਡੋਬ ਕੇ ਮਾਰ ਦਿੱਤਾ ਜਾਂਦਾ ਸੀ ਜਾਂ ਘੜੇ 'ਚ ਪਾ ਕੇ ਧਰਤੀ ਵਿੱਚ ਦੱਬ ਦਿੱਤਾ ਜਾਂਦਾ ਸੀ। ਜਦੋਂ ਰਾਜ ਕੌਰ ਦਾ ਜਨਮ ਹੋਇਆ ਤਾਂ ਮੰਦਭਾਗੀ ਰੀਤ ਅਨੁਸਾਰ ਉਸ ਦੇ ਪਰਵਾਰ ਨੇ ਵੀ ਉਸ ਨੂੰ ਮਾਰਨ ਦੀ ਤਰਕੀਬ ਸੋਚੀ। ਉਸ ਨੂੰ ਵੀ ਘੜੇ ਵਿੱਚ ਪਾ ਕੇ ਧਰਤੀ ਵਿੱਚ ਜਦ ਦੱਬਣ ਲੱਗੇ ਤਾਂ ਅਚਨਚੇਤ ਬਾਹਰੋਂ ਆ ਕੇ ਕਿਸੇ ਪਰਵਾਰਕ ਮੈਂਬਰ ਨੇ ਉਸ ਬੱਚੀ ਨੂੰ ਘੜੇ 'ਚੋਂ ਬਾਹਰ ਕੱਢਿਆ ਤੇ ਸਾਰਿਆਂ ਨੂੰ ਬਹੁਤ ਲਾਹਨਤਾਂ ਪਾਈਆਂ। ਇਸ ਤਰ੍ਹਾਂ ਉਹ ਬੱਚੀ ਬਚ ਗਈ ਤੇ ਰਾਜ ਕੌਰ ਬਣ ਗਈ, ਜਿਸ ਨੇ ਮਹਾਰਾਜਾ ਰਣਜੀਤ ਸਿੰਘ ਨੂੰ ਜਨਮ ਦਿੱਤਾ, ਜੋ ਦੁਨੀਆ ਦੇ ਇਤਿਹਾਸ ਵਿੱਚ ਵੱਖਰੀ ਪਹਿਚਾਣ ਰੱਖਦੇ ਹਨ। ਜੇਕਰ ਉਸ ਸਮੇਂ ਰਾਜ ਕੌਰ ਨੂੰ ਮਾਰ ਦਿੱਤਾ ਜਾਂਦਾ ਤਾਂ ਕੀ ਅਜਿਹਾ ਮਹਾਨ ਰਾਜਾ ਪੈਦਾ ਹੁੰਦਾ। ਇਸੇ ਤਰ੍ਹਾਂ ਪਤਾ ਨਹੀਂ ਸਾਡੀ ਕਿਹੜੀ ਬੱਚੀ ਮਾਂ ਬਣ ਕੇ ਮਹਾਰਾਣਾ ਪ੍ਰਤਾਪ, ਭਗਤ ਸਿੰਘ, ਡਾ. ਕਲਾਮ ਵਰਗੇ ਯੁੱਗ ਬਦਲੂ ਮਹਾਨ ਲੋਕਾਂ ਨੂੰ ਜਨਮ ਦੇਵੇ। ਸੋਚਣ ਦੀ ਹੀ ਗੱਲ ਹੈ ਜੇਕਰ ਮਹਾਨ ਲੋਕਾਂ ਦੀਆਂ ਮਾਵਾਂ ਨੂੰ ਜੰਮਣ ਸਾਰ ਮਾਰ ਦਿੱਤਾ ਜਾਂਦਾ ਤਾਂ ਮਹਾਨਤਾ ਦੀ ਮਿਸਾਲ ਕਿਸ ਨੇ ਬਣਨਾ ਸੀ। ਇਹੀ ਗੱਲ ਅਸੀਂ ਆਪਣੇ-ਆਪ 'ਤੇ ਵੀ ਲਗਾ ਕੇ ਦੇਖ ਸਕਦੇ ਹਾਂ ਸਾਡੀਆਂ ਮਾਵਾਂ ਤੋਂ ਬਿਨਾਂ ਸਾਡਾ ਕੋਈ ਵਜੂਦ ਨਹੀਂ ਹੋਣਾ ਸੀ।

ਧੀਆਂ ਮਾਰਨ ਦੀ ਮੰਦਭਾਗੀ ਰੀਤ ਪ੍ਰਾਚੀਨ ਕਾਲ ਤੋਂ ਪ੍ਰਚਲਿਤ ਹੈ। ਗੁਰੂਆਂ-ਪੀਰਾਂ ਤੇ ਸਮਾਜ ਸੁਧਾਰਕਾਂ ਨੇ ਸਮੇਂ-ਸਮੇਂ 'ਤੇ ਇਸ ਦੇ ਖਿਲਾਫ਼ ਆਵਾਜ਼ ਬੁਲੰਦ ਕੀਤੀ ਹੈ। ਸਿੱਖ ਰਹਿਤਨਾਮਿਆਂ ਵਿੱਚ ਗੁਰੂ ਸਾਹਿਬਾਨ ਵੱਲੋਂ ਕੁੜੀਮਾਰ ਨਾਲ ਵਰਤਣ ਦੀ ਸਖ਼ਤ ਮਨਾਹੀ ਹੈ। ਉਸ ਸਮੇਂ ਜੰਮਦੀ ਕੁੜੀ ਨੂੰ ਮਾਰਿਆ ਜਾਂਦਾ ਸੀ, ਪਰ ਅਜੋਕੇ ਸਮੇਂ ਅੰਦਰ ਵਿਗਿਆਨ ਦੀ ਕਾਢ ਅਲਟਰਾਸਾਊਂਡ ਜੋ ਮਨੁੱਖੀ ਭਲੇ ਹਿੱਤ ਕੀਤੀ ਗਈ ਸੀ ਇਸ ਦਾ ਗਲਤ ਪ੍ਰਯੋਗ ਮਰੀ ਜ਼ਮੀਰ ਵਾਲੇ ਲੋਕਾਂ ਵੱਲੋਂ ਕੀਤਾ ਜਾਂਦਾ ਹੈ। ਸੰਨ 1979 ਵਿੱਚ ਅਲਟਰਾਸਾਊਂਡ ਦੀ ਆਮਦ ਦੇਸ਼ ਵਿੱਚ ਹੋਈ ਸੀ ਅਤੇ ਸੰਨ 1990 ਵਿੱਚ ਬੱਚੇ ਦੇ ਲਿੰਗ ਨਿਰਧਾਰਨ ਜਾਂਚ ਸ਼ੁਰੂ ਹੋ ਕੇ ਸਿਖ਼ਰ 'ਤੇ ਪਹੁੰਚ ਗਈ ਸੀ। ਗਰਭ ਵਿੱਚ ਪਲ ਰਹੇ ਬੱਚੇ ਦਾ ਲਿੰਗ ਅਸਾਨੀ ਨਾਲ ਪਤਾ ਲੱਗ ਜਾਂਦਾ ਹੈ ਤੇ ਬੱਚੀ ਹੋਣ ਦੀ ਸੂਰਤ ਵਿੱਚ ਉਸ ਨੂੰ ਗਰਭ ਵਿੱਚ ਹੀ ਮਾਰਿਆ ਜਾਂਦਾ ਹੈ ਜਾਂ ਫਿਰ ਧੀ ਕੂੜੇ ਦੇ ਢੇਰਾਂ ਜਾਂ ਝਾੜੀਆਂ ਵਿੱਚ ਜ਼ਿੰਦਗੀ-ਮੌਤ ਦੀ ਲੜਾਈ ਲੜਦੀ ਹੋਈ ਮਿਲਦੀ ਹੈ। ਸੰਸਾਰ ਵਿੱਚ ਭਰੂਣ ਹੱਤਿਆ ਅੱਜ ਭਿਆਨਕ ਰੂਪ ਧਾਰਨ ਕਰ ਚੁੱਕੀ ਹੈ। ਪੜ੍ਹੇ-ਲਿਖੇ ਅਗਾਂਹਵਧੂ ਕਹਾਉਂਦੇ ਲੋਕ ਇਸ ਸ਼ਰਮਨਾਕ ਕਾਰੇ ਨੂੰ ਸ਼ਰੇਆਮ ਅੰਜਾਮ ਦੇ ਰਹੇ ਹਨ। ਇੱਕ ਅਨੁਮਾਨ ਅਨੁਸਾਰ ਵਿਸ਼ਵ ਦੀਆਂ 42 ਫ਼ੀਸਦੀ ਲੜਕੀਆਂ ਜੰਮਣ ਤੋਂ ਪਹਿਲਾਂ ਹੀ ਮਾਰੀਆਂ ਜਾ ਚੁੱਕੀਆਂ ਹਨ ਅਤੇ ਸੰਸਾਰ ਅੰਦਰ 50 ਲੱਖ ਔਰਤਾਂ ਦੀ ਘਾਟ ਹੈ। ਦੇਸ਼ ਪੱਧਰ 'ਤੇ ਸੰਨ 1901 ਵਿੱਚ ਪੁਰਸ਼-ਔਰਤ ਅਨੁਪਾਤ 1000:972 ਸੀ, ਜੋ ਲਗਾਤਾਰ ਡਿੱਗਦਾ ਜਾ ਰਿਹਾ ਹੈ। ਸੌ ਸਾਲ ਬਾਅਦ ਭਾਵ ਸੰਨ 2001 ਇਹ ਅਨੁਪਾਤ 1000:933 ਰਹਿ ਗਿਆ ਹੈ। ਸੰਨ 2011 ਦੀ ਜਨਗਣਨਾ ਅਨੁਸਾਰ ਦੇਸ਼ ਪੱਧਰ 'ਤੇ 1000:940 ਅਨੁਪਾਤ ਪਾਇਆ ਗਿਆ ਹੈ। ਇਸ ਤਰ੍ਹਾਂ ਦੇਸ਼ ਵਿੱਚ 3.7 ਕਰੋੜ ਔਰਤਾਂ ਦੀ ਘਾਟ ਹੈ। ਪੰਜਾਬ ਅਤੇ ਹਰਿਆਣਾ ਵਿੱਚ ਇਹ ਅਨੁਪਾਤ ਕ੍ਰਮਵਾਰ 1000:846 ਅਤੇ 1000:830 ਹੈ। ਹਰਿਆਣਾ ਦੇ ਇੱਕ ਸੰਪਰਦਾਇ ਦੇ ਲੜਕਿਆਂ ਨੂੰ ਵਿਆਹ ਲਈ ਕੁੜੀ ਨਹੀਂ ਮਿਲ ਰਹੀ ਤੇ ਦੂਜੇ ਸੂਬਿਆਂ 'ਚ ਸ਼ਾਦੀ ਖ਼ਾਤਰ ਲੜਕੀਆਂ ਲਈ ਪਹੁੰਚ ਕਰਨੀ ਪੈ ਰਹੀ ਹੈ।

ਪੰਜਾਬ 'ਚ ਪਿਛਲੇ ਦਸ ਸਾਲਾਂ ਦੌਰਾਨ 781 ਬੱਚੀਆਂ ਲਾਪਤਾ ਹੋਈਆਂ ਹਨ। ਕੌਮੀ ਅਪਰਾਧ ਰਿਕਾਰਡ ਬਿਊਰੋ ਦੇ ਤਿੰਨ ਸਾਲ਼ਾਂ ਦੇ ਅੰਕੜਿਆਂ ਅਨੁਸਾਰ ਦੇਸ਼ ਅੰਦਰ ਸੰਨ 2012 ਵਿੱਚ 76493, ਸੰਨ 2013 ਵਿੱਚ 77721 ਅਤੇ ਸੰਨ 2014 ਵਿੱਚ 73549 ਬੱਚਿਆਂ ਦੇ ਗੁੰਮ ਹੋਣ ਦੀ ਰਿਪੋਰਟ ਹੈ। ਪੁਲਸ ਅਜੇ ਵੀ ਇਹ ਪਤਾ ਲਗਾਉਣ 'ਚ ਅਸਮਰੱਥ ਹੈ ਕਿ ਆਖ਼ਰ ਇੰਨੀ ਵੱਡੀ ਗਿਣਤੀ ਵਿੱਚ ਗੁੰਮ ਹੋਏ ਬੱਚੇ ਕਿੱਥੇ ਹਨ। ਇੱਥੇ ਪੁਲਸ ਪ੍ਰਸ਼ਾਸਨ ਦਾ ਨਾਕਾਰਾਤਮਿਕ ਰਵੱਈਆ ਜੱਗ ਜ਼ਾਹਿਰ ਹੋਇਆ ਹੈ। ਸਿਰਫ ਅਮੀਰ ਘਰਾਂ ਦੇ ਬੱਚਿਆਂ ਦੇ ਮਾਮਲੇ 'ਚ ਹੀ ਮੁਸ਼ਤੈਦੀ ਦਿਖਾਈ ਜਾਂਦੀ ਹੈ। ਬਚਪਨ ਬਚਾਓ ਅੰਦੋਲਨ ਸੰਸਥਾ ਅਨੁਸਾਰ 50 ਫ਼ੀਸਦੀ ਗੁੰਮ ਬੱਚਿਆਂ ਦੀ ਰਿਪੋਰਟ ਹੀ ਕੌਮੀ ਅਪਰਾਧ ਰਿਕਾਰਡ ਬਿਊਰੋ ਕੋਲ ਪੁੱਜੀ ਹੈ। ਇੱਕ ਗ਼ੈਰ ਸਰਕਾਰੀ ਸੰਸਥਾ ਦੇ ਅਨੁਮਾਨ ਅਨੁਸਾਰ ਦੇਸ਼ ਅੰਦਰ ਵੱਖ-ਵੱਖ ਥਾਵਾਂ 'ਤੇ ਹਰ ਰੋਜ਼ 271 ਬੱਚੇ ਲਾਵਾਰਸ ਛੱਡੇ ਜਾਂਦੇ ਹਨ, ਜਿਸ ਵਿੱਚੋਂ 90 ਫ਼ੀਸਦੀ ਕੁੜੀਆਂ ਹੁੰਦੀਆਂ ਹਨ। ਲਾਵਾਰਿਸ ਥਾਵਾਂ ਤੋਂ ਚੁੱਕ ਕੇ ਇਨ੍ਹਾਂ ਨੂੰ ਅਨਾਥ ਆਸ਼ਰਮਾਂ 'ਚ ਪਹੁੰਚਾ ਦਿੱਤਾ ਜਾਂਦਾ ਹੈ। ਇਹ ਬੱਚੇ ਜ਼ਿਆਦਾਤਰ ਅਨਾਥ ਆਸ਼ਰਮਾਂ 'ਚ ਨਰਕਮਈ ਜ਼ਿੰਦਗੀ ਜਿਉਂਦੇ ਹਨ, ਉੱਥੇ ਤਾਇਨਾਤ ਵਾਰਡਨ ਜਾਂ ਹੋਰ ਅਮਲਾ ਇਨ੍ਹਾਂ ਨਾਲ ਜਾਨਵਰਾਂ ਵਰਗਾ ਸਲੂਕ ਕਰਦਾ ਹੈ। ਛੋਟੀਆਂ-ਛੋਟੀਆਂ ਬੱਚੀਆਂ ਦਾ ਜਿਸਮਾਨੀ ਸ਼ੋਸ਼ਣ ਤੱਕ ਕੀਤਾ ਜਾਂਦਾ ਹੈ। ਮੀਡੀਆ ਨੇ ਅਜਿਹੇ ਅਣਗਿਣਤ ਕੇਸਾਂ ਦਾ ਖੁਲਾਸਾ ਕੀਤਾ ਹੈ।



ਮਾਨਸਾ ਜ਼ਿਲ੍ਹੇ ਦੇ ਪਿੰਡ ਬੁਰਜ ਝੱਬਰ ਦਾ ਬੰਤ ਸਿੰਘ ਝੱਬਰ ਕਿਸੇ ਜਾਣ-ਪਛਾਣ ਦਾ ਮੁਥਾਜ ਨਹੀਂ ਹੈ। ਉਸ ਦੀ ਨਾਬਾਲਗ ਲੜਕੀ ਨਾਲ ਸੰਨ 2002 ਵਿੱਚ ਉਸ ਦੇ ਹੀ ਪਿੰਡ ਦੇ ਅਖੌਤੀ ਉੱਚ ਜਾਤੀ ਦੇ ਕੁਝ ਲੋਕਾਂ ਨੇ ਬਲਾਤਕਾਰ ਕੀਤਾ ਸੀ। ਇਸ ਦਰਿੰਦਗੀ ਦਾ ਝੱਬਰ ਨੇ ਡਟ ਕੇ ਵਿਰੋਧ ਕੀਤਾ ਸੀ ਤਾਂ ਰਸੂਖ਼ਦਾਰਾਂ ਨੇ ਉਸ ਨੂੰ ਸ਼ਿਕਾਇਤ ਵਾਪਸ ਲੈਣ ਲਈ ਬਹੁਤ ਦਬਾਅ ਪਾਇਆ, ਪਰ ਉਹ ਨਿਡਰ ਯੋਧਾ ਘਬਰਾਇਆ ਨਹੀਂ। ਜਨਵਰੀ 2006 ਵਿੱਚ ਸ਼ਹਿਰ ਤੋਂ ਵਾਪਸ ਆਉਂਦੇ ਸਮੇਂ ਉਕਤ ਦੋਸ਼ੀਆਂ ਨੇ ਉਸ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਉਸ ਦੀ ਬੁਰੀ ਤਰ੍ਹਾਂ ਮਾਰ-ਕੁਟਾਈ ਕੀਤੀ ਸੀ, ਜਿਸ ਕਰਕੇ ਇਲਾਜ ਦੌਰਾਨ ਉਸ ਦੀਆਂ ਦੋਵੇਂ ਬਾਹਾਂ ਅਤੇ ਇੱਕ ਲੱਤ ਮਜਬੂਰੀਵੱਸ ਕੱਟਣੀ ਪਈ ਸੀ। ਇਸੇ ਤਰ੍ਹਾਂ ਹੀ ਲੱਗਭੱਗ ਦੋ ਦਹਾਕੇ ਪਹਿਲਾਂ ਬਰਨਾਲਾ ਜ਼ਿਲ੍ਹੇ ਦੇ ਪਿੰਡ ਮਹਿਲ ਕਲਾਂ 'ਚ ਉਸੇ ਪਿੰਡ ਦੇ ਰਸੂਖ਼ਦਾਰਾਂ ਨੇ ਸਕੂਲ ਪੜ੍ਹਦੀ ਕੁੜੀ ਨਾਲ ਜਬਰ ਜ਼ਨਾਹ ਕੀਤਾ ਸੀ ਤੇ ਲਾਸ਼ ਨੂੰ ਜ਼ਮੀਨ ਵਿੱਚ ਦੱਬ ਦਿੱਤਾ ਸੀ। ਪ੍ਰਸ਼ਾਸਨ ਨੇ ਉਸ ਸਮੇਂ ਸਾਰਾ ਜ਼ੋਰ ਦੋਸ਼ੀਆਂ ਨੂੰ ਬਚਾਉਣ ਲਈ ਲਗਾ ਦਿੱਤਾ ਸੀ। ਆਖ਼ਰ ਲੋਕ ਰੋਹ ਜਾਗਿਆ, ਐਕਸ਼ਨ ਕਮੇਟੀ ਦੇ ਨਾਲ ਲੋਕਾਈ ਹੋ ਤੁਰੀ ਤਾਂ ਜਾ ਕੇ ਲੰਮੇ ਸਮੇਂ ਬਾਅਦ ਦੋਸ਼ੀਆਂ ਨੂੰ ਸਜ਼ਾਵਾਂ ਹੋਈਆਂ ਸਨ, ਪਰ ਉੱਚੀ ਰਾਜਨੀਤਕ ਪਹੁੰਚ ਕਾਰਨ ਐਕਸ਼ਨ ਕਮੇਟੀ ਦੇ ਆਗੂਆਂ ਨੂੰ ਝੂਠੇ ਮਾਮਲਿਆਂ ਵਿੱਚ ਫ਼ਸਾਇਆ ਗਿਆ ਸੀ, ਇਸ ਕੇਸ ਵਿੱਚ ਲੋਕ ਆਗੂ ਮਨਜੀਤ ਧਨੇਰ ਦੀ ਸਜ਼ਾ ਰੱਦ ਕਰਵਾਉਣ ਲਈ ਲੋਕ ਰੋਹ ਸੰਘਰਸ਼ ਦੇ ਰਾਹ 'ਤੇ ਸੀ, ਸੰਨ 2019 ਵਿੱਚ ਕਿਤੇ ਜਾ ਕੇ ਉਸ ਦੀ ਸਜ਼ਾ ਰੱਦ ਹੋਈ।

ਯੂਨੀਸੈਫ ਦੀ ਤਾਜ਼ਾ ਰਿਪੋਰਟ ਅਨੁਸਾਰ ਭਾਰਤ ਵਿੱਚ 43 ਫ਼ੀਸਦੀ ਲੜਕੀਆਂ 19 ਸਾਲ ਦੀ ਉਮਰ ਤੋਂ ਪਹਿਲਾਂ ਹੀ ਜਿਨਸੀ ਸ਼ੋਸ਼ਣ ਦਾ ਸ਼ਿਕਾਰ ਹੋ ਜਾਂਦੀਆਂ ਹਨ। 20 ਸਾਲ ਤੱਕ ਉਮਰ ਦੀਆਂ 10 ਲੜਕੀਆਂ 'ਚੋਂ ਇੱਕ ਨੂੰ ਜਿਸਮ ਨੁਚਵਾਉਣ ਲਈ ਮਜਬੂਰ ਕੀਤਾ ਜਾਂਦਾ ਹੈ। ਦੇਸ਼ ਦੀ ਰਾਜਧਾਨੀ ਦਿੱਲੀ ਬੱਚਿਆਂ ਦੇ ਬੰਧੂਆ ਜਾਂ ਦੇਹ ਵਪਾਰ ਵਿੱਚ ਦੇਸ਼ ਵਿੱਚ ਪਹਿਲੇ ਸਥਾਨ 'ਤੇ ਹੈ। ਕੌਮੀ ਅਪਰਾਧ ਰਿਕਾਰਡ ਬਿਊਰੋ ਅਨੁਸਾਰ ਸੰਨ 2014 ਵਿੱਚ ਬੱਚਿਆਂ ਪ੍ਰਤੀ 90 ਹਜ਼ਾਰ ਜੁਰਮਾਂ ਦੇ ਕੇਸ ਰਿਕਾਰਡ ਹੋਏ ਸਨ, ਜਿਨ੍ਹਾਂ 'ਚੋਂ 37 ਹਜ਼ਾਰ ਅਗਵਾ ਅਤੇ 14 ਹਜ਼ਾਰ ਬਲਾਤਕਾਰ ਦੇ ਕੇਸ ਸਨ ਅਤੇ ਬੱਚਿਆਂ 'ਤੇ ਹੁੰਦੇ ਜ਼ੁਲਮਾਂ 'ਚ ਪਿਛਲੇ ਸਾਲ ਦੇ ਮੁਕਾਬਲੇ 50 ਫ਼ੀਸਦੀ ਵਾਧਾ ਹੋਇਆ ਹੈ।

ਧੀਆਂ ਦੀ ਸੁਰੱਖਿਆ ਲਈ ਲੋਕਾਂ ਨੂੰ ਖੁਦ ਅੱਗੇ ਆਉਣਾ ਪਵੇਗਾ। ਲੋਕਾਂ ਨੂੰ ਇਸ ਪਾਸੇ ਜਾਗਰੂਕ ਕਰਨ ਦੀ ਬਹੁਤ ਲੋੜ ਹੈ, ਉਸ ਤੋਂ ਜ਼ਿਆਦਾ ਪੜ੍ਹੇ-ਲਿਖੇ ਅਨਪੜ੍ਹਾਂ ਨੂੰ ਜਗਾਉਣ ਦੀ ਅਹਿਮ ਜ਼ਰੂਰਤ ਹੈ। ਇਹ ਹੈਰਾਨੀਜਨਕ ਤੱਥ ਹੈ ਕਿ ਕੁੜੀ ਮਾਰਨ ਅਤੇ ਧੀ ਨੂੰ ਲਾਵਾਰਿਸ ਛੱਡਣ ਵਿੱਚ ਸਾਰੇ ਪੜ੍ਹੇ-ਲਿਖੇ ਲੋਕ ਸ਼ਾਮਲ ਪਾਏ ਗਏ ਹਨ। ਸਮਾਜ ਅੰਦਰ ਅਜਿਹਾ ਮਹੌਲ ਸਿਰਜਣ ਦੀ ਲੋੜ ਹੈ ਤਾਂ ਜੋ ਧੀਆਂ 'ਤੇ ਹੁੰਦੇ ਜ਼ੁਲਮਾਂ ਦਾ ਅੰਤ ਹੋ ਸਕੇ। ਲੋਕੋ ਹੁਣ ਤਾਂ ਆਪਣੀ ਸੋਚ ਬਦਲੋ ਦੁਨੀਆ ਚੰਦ 'ਤੇ ਪਹੁੰਚ ਗਈ ਤੇ ਅਸੀਂ ਅਜੇ ਵੀ ਰੂੜੀਵਾਦੀ ਖਿਆਲਾਂ 'ਚ ਉਲਝੇ ਹੋਏ ਹਾਂ। ਹੋਰ ਦੀ ਧੀ ਦੀ ਸੁਰੱਖਿਆ ਨਹੀਂ ਕਰ ਸਕਦੇ, ਘੱਟੋ-ਘੱਟ ਆਪਣੀ ਬੱਚੀ ਨੂੰ ਸੁਰੱਖਿਅਤ ਜਿਉਣ ਦਾ ਹੱਕ ਤਾਂ ਜ਼ਰੂਰ ਦਿਓ ਅਤੇ ਉਸ ਬੱਚੀ ਦੇ ਹਰ ਦਿਲ ਨੂੰ ਝੰਜੋੜਨ ਵਾਲੇ ਇਹ ਅਲਫ਼ਾਜ਼ "ਧੀ ਨਾ ਮੈਨੂੰ ਜਾਣੀ ਬਾਬਲਾ ਬਣ ਪੁੱਤ ਮੈਂ ਵੰਡਾਊਂ ਦੁੱਖ ਤੇਰੇ" ਸੁਣਨ ਦੀ ਜੁਅਰਤ ਜੁਟਾਈਏ।

***ਸੰਪਰਕ: 95173-96001***

24-JAN-PAGE-5.qxd 1/23/2023 10:17 PM Page 1



# ਭਾਰਤ ਦੇ ਸਿਰਫ 21 ਵਿਅਕਤੀਆਂ ਕੋਲ 70 ਕਰੋੜ ਅਬਾਦੀ ਤੋਂ ਵੱਧ ਪੈਸਾ ਇਕੱਠਾ ਹੋਣਾ ਚਿੰਤਾਜਨਕ : ਜਗਰੂਪ

- ਦੇਸ਼ 'ਚ ਲਗਾਤਾਰ ਵਧ ਰਹੀ ਬੇਰੁਜ਼ਗਾਰੀ 'ਤੇ ਮੁਕੰਮਲ ਰੋਕ ਲਗਾਉਣ ਲਈ "'ਬਨੇਗਾ' ਸਮੇਂ ਦੀ ਮੁੱਖ ਲੋੜ : ਢਾਬਾਂ, ਧਰਮੂਵਾਲਾ
- ਏ.ਆਈ.ਐੱਸ.ਐੱਫ. ਵੱਲੋਂ ਵਿਦਿਆਰਥੀ ਚੇਤਨਾ ਸਿਧਾਂਤਕ ਕੈਂਪ


ਸਾਥੀ ਜਗਰੂਪ ਸਿੰਘ ਸੰਬੋਧਨ ਕਰਦੇ ਹੋਏ।

**ਜਲਾਲਾਬਾਦ (ਸਤਨਾਮ ਸਿੰਘ/ਜੀਤ ਕੁਮਾਰ)**

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਰੁਜ਼ਗਾਰ ਪ੍ਰਾਪਤੀ ਮੁਹਿੰਮ ਤਹਿਤ ਵਿਦਿਆਰਥੀਆਂ ਦੇ ਇਕ ਸਿਧਾਂਤ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਕੈਂਪ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਉਣ ਲਈ ਜਗਰੂਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਾਥੀ ਜਗਰੂਪ ਨੇ ਭਾਰਤ ਦੇਸ਼ ਦੀ ਆਰਥਿਕ ਸਥਿਤੀ ਬਾਰੇ ਬੋਲਦਿਆਂ ਕਿਹਾ ਕਿ ਦੇਸ਼ ਅੰਦਰ ਆਰਥਿਕ ਪਾੜਾ ਲਗਾਤਾਰ ਵਧ ਰਿਹਾ ਹੈ। ਉਨ੍ਹਾ ਜਾਣਕਾਰੀ ਦਿੰਦਿਆਂ ਕਿਹਾ ਕਿ ਦੇਸ਼ ਅੰਦਰ ਦੇਸ਼ ਦੀ ਕੁੱਲ ਅਬਾਦੀ ਵਿੱਚੋਂ ਸਿਰਫ ਦੇਸ਼ ਦੇ 21 ਲੋਕਾਂ ਕੋਲ ਕੌਮੀ ਜਾਇਦਾਦ ਦਾ ਵੱਡਾ ਹਿੱਸਾ ਇਕੱਠਾ ਹੋ ਚੁੱਕਿਆ ਹੈ ਅਤੇ ਦੇਸ਼ ਦੇ 70 ਕਰੋੜ ਦੀ ਅਬਾਦੀ ਤੋਂ ਵੱਧ ਪੈਸਾ ਇਕੱਠਾ ਹੋ ਚੁੱਕਿਆ ਹੈ, ਜੋ ਕਿ ਬਹੁਤ ਵੱਡਾ ਚਿੰਤਾ ਦਾ ਵਿਸ਼ਾ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਰਵ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਮਨ ਧਰਮੂਵਾਲਾ ਨੇ ਕਿਹਾ ਕਿ ਦੇਸ਼ 'ਚ ਲਗਾਤਾਰ ਵਧ ਰਹੀ ਬੇਰਜ਼ਗਾਰੀ 'ਤੇ ਮੁਕੰਮਲ ਰੋਕ ਲਾਉਣ ਲਈ 'ਬਨੇਗਾ' ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਨੂੰਨ ਨੂੰ ਮੁੱਖ ਏਜੰਡੇ ਦੇ ਤੌਰ 'ਤੇ ਸ਼ਾਮਲ ਕਰਨਾ ਸਮੇਂ ਦੀ ਮੁੱਖ ਲੋੜ ਬਣ ਗਈ ਹੈ। ਸਾਥੀ ਢਾਬਾਂ ਤੇ ਧਰਮੂਵਾਲਾ ਨੇ ਅੱਗੇ ਕਿਹਾ ਕਿ ਜੇਕਰ ਪੰਜਾਬ ਸੂਬੇ ਅੰਦਰ 90 ਲੱਖ ਤੋਂ ਵੱਧ ਬੇਰੁਜ਼ਗਾਰਾਂ ਦੀ ਗਿਣਤੀ ਵਧੀ ਹੈ, ਤਾਂ ਦੇਸ਼ ਦੀ ਅਬਾਦੀ ਦਾ ਵੱਡਾ ਹਿੱਸਾ 40 ਕਰੋੜ ਤੋਂ ਵੱਧ ਨੌਜਵਾਨ ਬੇਰੁਜ਼ਗਾਰੀ ਦੀ ਕਤਾਰ ਵਿੱਚ ਲੱਗ ਚੁੱਕੇ ਹਨ, ਜਿਸ ਦੀ ਸੂਬਾ ਤੇ ਕੇਂਦਰ ਸਰਕਾਰ ਨੂੰ ਕੋਈ ਚਿੰਤਾ ਨਹੀਂ ਹੈ।

ਆਗੂਆਂ ਨੇ ਕਿਹਾ ਕਿ ਦੇਸ਼ ਦੀ ਪਾਰਲੀਮੈਂਟ 'ਚ ਸਭ ਲਈ ਰੁਜ਼ਗਾਰ ਦੀ ਗਰੰਟੀ ਕਰਦਾ 'ਬਨੇਗਾ' ਕਾਨੂੰਨ ਪਾਸ ਕਰਵਾਉਣ ਲਈ ਸਾਰੀਆਂ ਧਿਰਾਂ ਨੂੰ ਇਕ ਪਲੇਟਫਾਰਮ 'ਤੇ ਇਕੱਠਾ ਹੋਣਾ ਚਾਹੀਦਾ ਹੈ। ਏ ਆਈ ਐੱਸ ਐੱਫ ਦੀ ਆਗੂ ਸੰਜਨਾ ਢਾਬਾਂ ਤੇ ਗੁਰਪ੍ਰੀਤ ਸਿੰਘ ਜੰਡਵਾਲਾ ਨੇ ਕਿਹਾ ਕਿ ਸਰਕਾਰਾਂ ਦੀ ਵਿਦਿਆਰਥੀਆਂ ਨੂੰ ਮੁਫਤ ਤੇ ਲਾਜ਼ਮੀ ਵਿੱਦਿਆ ਦੇਣ ਦੀ ਗਰੰਟੀ ਦੇਣਾ ਮੁੱਖ ਜ਼ਿੰਮੇਵਾਰੀ ਹੈ, ਪ੍ਰੰਤੂ ਸਰਕਾਰਾਂ ਵਿੱਦਿਆ ਦੇਣ ਤੋਂ ਵੀ ਭੱਜ ਰਹੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੁਬੇਗ ਸਿੰਘ ਭੈਣੀ ਜ਼ਿਲ੍ਹਾ ਆਗੂ ਸੰਦੀਪ ਜੋਧਾ, ਏ ਆਈ ਐੱਸ ਐੱਫ ਦੀ ਆਗੂ ਅਵਨਦੀਪ ਤੋਤਿਆਂਵਾਲਾ, ਅਲੀਸ਼ ਗੁਮਾਨੀਵਾਲਾ ਖੂਹ, ਰਮਨਦੀਪ ਕੌਰ ਹਸਤਾ ਕਲਾਂ, ਅੰਜੂ ਬਾਲਾ, ਜਸਨਪ੍ਰੀਤ ਕੌਰ, ਹਰਭਜਨ ਕੌਰ, ਜਸ਼ਨਦੀਪ ਸਿੰਘ, ਗੁਰਪ੍ਰੀਤ ਅਰਨੀਵਾਲਾ ਨੇ ਵੀ ਸੰਬੋਧਨ ਕੀਤਾ।

# ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤਾ ਰੋਸ ਮਾਰਚ

## ਰਾਸ਼ਟਰਪਤੀ ਦੇ ਨਾਂਅ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਸ਼ਹੀਦ ਬਾਬਾ ਦੀਪ ਸਿੰਘ ਜੀ ਗੁੰਥੀ ਸਭਾ ਤੇ ਸਿੱਖ ਸੰਗਤਾਂ ਵੱਲੋਂ ਬਾਬਾ ਰਾਜਵਿੰਦਰ ਸਿੰਘ ਘਰਾਂਗਣਾ ਦੀ ਅਗਵਾਈ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਰੋਸ ਮਾਰਚ ਪਿੰਡ ਮੂਸਾ ਤੋਂ ਸ਼ੁਰੂ ਹੋ ਕੇ ਘਰਾਂਗਣਾ, ਗਾਗੋਵਾਲ ਆਦਿ ਪਿੰਡਾਂ ਵਿੱਚੋਂ ਹੁੰਦਾ ਹੋਇਆ ਡਿਪਟੀ ਕਮਿਸ਼ਨਰ ਮਾਨਸਾ ਦੇ ਦਫਤਰ ਮੂਹਰੇ ਪਹੁੰਚ ਕੇ ਸਮਾਪਤ ਹੋਇਆ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਗੁਰਦੀਪ ਸਿੰਘ ਬਠਿੰਡਾ ਤੇ ਰਾਜਵਿੰਦਰ ਸਿੰਘ ਘਰਾਂਗਣਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਾਂਝੇ ਤੌਰ 'ਤੇ ਕਿਹਾ ਕਿ ਕੇਂਦਰ ਤੇ ਬੰਦੀ ਸਿੰਘਾਂ ਨਾਲ ਸੰਬੰਧਤ ਰਾਜ ਸਰਕਾਰਾਂ ਸਜ਼ਾ ਪੂਰੀ ਹੋਣ ਦੇ ਬਾਵਜੂਦ ਬੰਦੀ ਸਿੰਘਾਂ ਦੀ ਰਿਹਾਈ ਤੋਂ ਭਾਰਤੀ ਸੰਵਿਧਾਨ ਨੂੰ ਅਣਗੌਲਿਆ ਕਰਕੇ ਸਰੇਆਮ ਆਨਾ-ਕਾਨੀ ਕਰਦੀਆਂ ਦਿਖਾਈ ਦੇ ਰਹੀਆਂ ਹਨ।

ਉਨ੍ਹਾਂ ਦੋਸ਼ ਲਾਇਆ ਕਿ ਭਾਰਤ ਵਿੱਚ ਦੋ ਕਿਸਮ ਦਾ ਕਾਨੂੰਨ ਅਮਲ ਵਿੱਚ ਲਾਗੂ ਹੈ, ਜਿਸ ਕਰਕੇ ਭਾਰਤ ਵਿੱਚ ਘੱਟ ਗਿਣਤੀਆਂ ਨੂੰ ਦਬਾਉਣ ਲਈ ਯੋਜਨਾਬੱਧ, ਕੋਝੀਆਂ ਚਾਲਾਂ ਚੱਲੀਆਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਇਸ ਸਮੇਂ ਆਗੂਆਂ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਮੁਹਾਲੀ ਵਿਖੇ ਚੱਲ ਰਹੇ ਪੱਕੇ ਧਰਨੇ ਦੀ ਪੁਰਜ਼ੋਰ ਹਮਾਇਤ ਦਾ ਐਲਾਨ ਵੀ ਕੀਤਾ ਗਿਆ। ਰੋਸ ਧਰਨੇ ਦੌਰਾਨ ਜ਼ਿਲ੍ਹੇ ਦੇ ਤਿੰਨਾਂ ਵਿਧਾਇਕਾਂ ਨੂੰ ਇਸ ਸਬੰਧ ਵਿੱਚ ਵਫਦ ਦੇ ਰੂਪ ਵਿੱਚ ਮਿਲ ਕੇ ਮੰਗ ਪੱਤਰ ਦੇਣ ਦਾ ਮਤਾ ਵੀ ਪਾਸ ਕੀਤਾ ਗਿਆ। ਇਸ ਤੋਂ ਇਲਾਵਾ ਭਾਰਤ ਦੇ ਰਾਸ਼ਟਰਪਤੀ ਦਾ ਨਾਮ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਇਕ ਮੰਗ ਪੱਤਰ ਵੀ ਭੇਜਿਆ ਗਿਆ। ਰੋਸ ਧਰਨੇ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਮਿੱਠੂ ਸਿੰਘ ਕਾਹਨੇਕੇ, ਰਾਜਿੰਦਰ ਸਿੰਘ ਜਵਾਹਰਕੇ ਅਕਾਲੀ ਦਲ ਅੰਮ੍ਰਿਤਸਰ, ਰਘਵੀਰ ਸਿੰਘ ਰਾਮਗੜ੍ਹੀਆ, ਬਾਬਾ ਜਗਦੇਵ ਸਿੰਘ ਤੇ ਸੁਖਵਿੰਦਰ ਸਿੰਘ ਭਾਗੀ ਬਾਂਦਰ ਆਦਿ ਤੋਂ ਇਲਾਵਾ ਸਿੱਖ ਸੰਗਤਾਂ ਸ਼ਾਮਲ ਸਨ।

# ਅੱਜ ਭੋਗ 'ਤੇ ਵਿਸ਼ੇਸ਼ — ਪੰਜ ਪੀੜ੍ਹੀਆਂ ਦਾ ਚਸ਼ਮਦੀਦ ਗਵਾਹ ਸੀ ਬਾਪੂ ਹਰਬੰਸ ਸਿੰਘ ਕੰਡਾ



ਜਿਸ ਸ਼ਖਸ 'ਤੇ ਕੁਦਰਤ ਦੀ ਮਹਾਨ ਕ੍ਰਿਪਾ ਹੁੰਦੀ ਹੈ, ਓਹੀ ਸ਼ਖਸ ਲੰਬੀ ਉਮਰ ਭੋਗਦਾ ਹੈ ਤੇ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੀਆਂ ਅਸੀਸਾਂ ਨਾਲ ਸ਼ਰਸਾਰ ਕਰਦਾ ਹੈ। ਅਜੋਕੇ ਸਮੇਂ ਵਿੱਚ ਵਿਰਲੇ ਲੋਕਾਂ ਨੂੰ ਹੀ ਆਪਣੀਆਂ ਪੰਜ ਪੀੜ੍ਹੀਆਂ ਦੀ ਪਰਿਵਾਰਕ ਫੁਲਵਾੜੀ ਪੁੰਗਰਦੀ, ਵਿਗਸਦੀ ਤੇ ਭਰ ਜੋਬਨ ਵਿੱਚ ਹੱਸਦੀ, ਰਸਦੀ ਤੇ ਵੱਸਦੀ ਵੇਖਣੀ ਨਸੀਬ ਹੁੰਦਾ ਹੈ, ਪਰ ਮੋਗਾ ਸ਼ਹਿਰ ਵਿੱਚ ਇੱਕ ਸਭ ਤੋਂ ਵੱਡੀ ਉਮਰ ਦਾ 102 ਸਾਲਾ ਬਾਪੂ ਹਰਬੰਸ ਸਿੰਘ ਕੰਡਾ ਅਜਿਹਾ ਖੁਸ਼ ਨਸੀਬ ਸ਼ਖਸ ਸੀ, ਜਿਸ ਨੇ ਆਪਣੀਆਂ ਪੰਜ ਪੀੜ੍ਹੀਆਂ ਨੂੰ ਆਪਣੀ ਗੋਦ ਦਾ ਨਿੱਘ ਦਿੱਤਾ ਤੇ ਇੱਕ ਬੋਹੜ ਵਾਂਗ ਸਭ ਦੇ ਸਿਰ 'ਤੇ ਛਾਂ ਰੱਖੀ, 20 ਜਨਵਰੀ ਨੂੰ ਇਸ ਫਾਨੀ ਦੁਨੀਆਂ ਤੋਂ ਰੁਖਸਤ ਹੋ ਗਿਆ। ਉਸ ਦੇ ਪਰਿਵਾਰ ਦੇ 24 ਮੈਂਬਰਾਂ, ਜਿਨ੍ਹਾਂ 'ਚ ਪੁੱਤ-ਧੀਆਂ, ਪੋਤੇ-ਪੋਤੀਆਂ, ਪੜਪੋਤਰੇ-ਪੜਪੋਤਰੀਆਂ ਤੇ ਅਗਾਂਹ ਉਨ੍ਹਾਂ ਦੇ ਬੱਚੇ ਆਦਿ ਸ਼ਾਮਲ ਹਨ, ਸਾਰਿਆ ਨੇ ਬੜੇ ਸਤਿਕਾਰ ਤੇ ਅਬਦ ਨਾਲ ਉਨ੍ਹਾ ਨੂੰ ਇਸ ਸੰਸਾਰ ਤੋਂ ਵਿਦਾਅ ਕੀਤਾ।

ਸ. ਹਰਬੰਸ ਸਿੰਘ ਕੰਡਾ ਦਾ ਜਨਮ ਸ. ਦੇਵਾ ਸਿੰਘ ਕੰਡਾ ਦੇ ਘਰ 1921 ਵਿੱਚ ਚੱਕ ਨੰਬਰ 84 ਟੋਬਾ ਟੇਕ ਸਿੰਘ ਪਾਕਿਸਤਾਨ ਵਿਖੇ ਹੋਇਆ। ਭਾਰਤ-ਪਾਕਿ ਵੰਡ ਸਮੇਂ ਉਨ੍ਹਾਂ ਦੀ ਉਮਰ 26 ਸਾਲ ਸੀ ਤੇ ਦੇਸ਼ ਦੀ ਵੰਡ ਸਮੇਂ ਹੋਏ ਕਤਲੇਆਮ ਤੇ ਵਾਪਰੀਆਂ ਦੁੱਖਦਾਈ ਘਟਨਾਵਾਂ ਦਾ ਜ਼ਿਕਰ ਕਰਦੇ ਉਹ ਅਕਸਰ ਭਾਵਕ ਹੋ ਜਾਂਦੇ ਸਨ। ਉਹ ਬੜੀ ਮੁਸ਼ਕਲ ਨਾਲ ਦੰਗੇ, ਫਸਾਦਾਂ ਤੇ ਬੇਕਸੂਰ ਮਨੁੱਖੀ ਲਾਸ਼ਾਂ ਤੋਂ ਲੰਘਦੇ 1948 ਵਿੱਚ ਆਪਣੇ ਜੱਦੀ ਪਿੰਡ ਬੁੱਗੀਪੁਰਾ (ਮੋਗਾ) ਆ ਗਏ ਤੇ ਆਪਣੇ ਕਾਰੋਬਾਰ ਅਤੇ ਜੀਵਨ ਦੀ ਨਵੀਂ ਸ਼ੁਰੂਆਤ ਕੀਤੀ। ਪਾਕਿਸਤਾਨ ਵਿੱਚ ਇਨ੍ਹਾਂ ਦੇ ਬਜ਼ੁਰਗ ਸਰਕਾਰੀ ਠੇਕੇਦਾਰ ਸਨ। ਭਰੇ ਭਰਾਏ ਘਰ ਤੇ ਕਾਰੋਬਾਰ ਛੱਡ ਕੇ ਆਉਣ ਦਾ ਹੇਰਵਾ ਉਨ੍ਹਾ ਦੇ ਮਨ ਵਿੱਚ ਹਮੇਸ਼ਾ ਰਿਹਾ, ਪਰ ਉਨ੍ਹਾ ਹਿੰਮਤ ਨਹੀਂ ਹਾਰੀ ਤੇ ਮੋਗਾ ਵਿਖੇ ਮੇਨ ਬਜ਼ਾਰ ਦੀ ਫਰਨੀਚਰ ਮਾਰਕਿਟ ਵਿੱਚ ਫਰਨੀਚਰ ਦਾ ਕੰਮ 1950 ਵਿੱਚ ਸ਼ੁਰੂ ਕੀਤਾ। ਉਹ ਬੜੇ ਫੁਰਤੀਲੇ ਕਾਮੇ ਸਨ। ਆਪਣੀ ਮਿਹਨਤ ਤੇ ਇਮਾਨਦਾਰੀ ਨਾਲ ਕਾਰੋਬਾਰ ਨੂੰ ਟੀਸੀ 'ਤੇ ਲਿਆਂਦਾ ਤੇ 1980 ਵਿੱਚ ਮੋਗਾ ਦੀ ਅਕਾਲਸਰ ਰੋਡ 'ਤੇ ਸਭ ਤੋਂ ਪਹਿਲਾ ਫਰਨੀਚਰ ਦਾ ਸ਼ੋ-ਰੂਮ ਭਾਰਤ ਫਰਨੀਚਰ ਦੇ ਨਾਮ 'ਤੇ ਖੋਲ੍ਹਿਆ, ਜੋ ਅੱਜ ਵੀ ਉਨ੍ਹਾਂ ਦੇ ਦੋਵੇਂ ਸਪੁੱਤਰ ਦਰਸ਼ਨ ਸਿੰਘ ਕੰਡਾ ਤੇ ਪ੍ਰੀਤਮ ਸਿੰਘ ਕੰਡਾ ਚਲਾ ਰਹੇ ਹਨ।

ਬਾਪੂ ਜੀ ਬੜੇ ਮਿਹਨਤੀ, ਸਿਰੜੀ, ਇਮਾਨਦਾਰ ਤੇ ਮਿਲਣਸਾਰ ਆਦਮੀ ਸਨ। ਉਹ ਸਾਰੀ ਉਮਰ ਨਿਯਮਤ ਇਨਸਾਨ ਵਾਂਗ ਵਿਚਰੇ, ਇਹੀ ਵਜ੍ਹਾ ਸੀ ਕਿ ਐਨੀ ਜ਼ਿਆਦਾ ਉਮਰ ਹੋਣ ਦੇ ਬਾਵਜੂਦ ਉਨ੍ਹਾ ਦੇ ਸਰੀਰ 'ਤੇ ਕੋਈ ਝੁਰੜੀ ਵੇਖਣ ਨੂੰ ਨਹੀਂ ਮਿਲੀ। ਉਨ੍ਹਾ ਦੀ ਲੰਬੀ ਉਮਰ ਦਾ ਰਾਜ਼ ਵੀ ਨਿਯਮਤ ਖਾਣਾ ਤੇ ਮਿਹਨਤ ਸੀ। ਸੱਚੀ ਸੁੱਚੀ ਕਿਰਤ ਦੇ ਬਲਬੂਤੇ ਉਨ੍ਹਾ ਇੱਕ ਵੱਡਾ ਕਾਰੋਬਾਰ ਹੀ ਸੈੱਟ ਨਹੀਂ ਕੀਤਾ, ਸਗੋਂ ਉਨ੍ਹਾਂ ਦੀਆਂ ਅਸੀਸਾਂ ਨਾਲ ਸਾਰੇ ਪਰਿਵਾਰ ਨੇ ਵੱਖ ਵੱਖ ਖੇਤਰਾਂ ਵਿੱਚ ਨਾਮਣਾ ਵੀ ਖੱਟਿਆ। ਉਨ੍ਹਾਂ ਦੇ ਅਸ਼ੀਰਵਾਦ ਕਾਰਨ ਹੀ ਅੱਜ ਕੰਡਾ ਪਰਿਵਾਰ ਦਾ ਨਾਮ ਸ਼ਹਿਰ ਦੀਆਂ ਸਨਮਾਨਤ ਸ਼ਖਸੀਅਤਾਂ ਵਿੱਚ ਸ਼ਾਮਲ ਹੈ। ਉਨ੍ਹਾ ਦਾ ਪੋਤਰਾ ਡਾ. ਹਰਿੰਦਰ ਸਿੰਘ ਮੁੰਬਈ ਵਿਖੇ ਸੈਟਲ ਹੈ। ਸਰਿੰਦਰ ਸਿੰਘ ਅਮਰੀਕਾ ਵਿੱਚ ਗੈਸ ਸਟੇਸ਼ਨ ਤੇ ਸਟੋਰਾਂ ਦਾ ਕਾਰੋਬਾਰੀ ਹੈ ਅਤੇ ਭੁਪਿੰਦਰ ਸਿੰਘ ਬੱਬਲੂ ਨੇ ਚੰਡੀਗੜ੍ਹ ਵਿਖੇ ਰੀਅਲ ਅਸਟੇਟ ਦੇ ਕਾਰੋਬਾਰ ਵਿੱਚ ਨਾਮਣਾ ਖੱਟਿਆ ਹੈ। ਇੱਕ ਪੋਤਰਾ ਅਮਨਦੀਪ ਸਿੰਘ ਕੰਡਾ ਮੋਗਾ ਵਿਖੇ ਹੀ ਆਪਣੇ ਪਿੱਤਰੀ ਫਰਨੀਚਰ ਦੇ ਕਾਰੋਬਾਰ ਵਿੱਚ ਹੱਥ ਵਟਾ ਰਿਹਾ ਹੈ। ਸਦੀ ਪੁਰਸ਼ 102 ਸਾਲਾ ਹਰਬੰਸ ਸਿੰਘ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅੰਖਡ ਪਾਠ ਸਾਹਿਬ ਦਾ ਭੋਗ ਤੇ ਅੰਤਿਮ ਅਰਦਾਸ ਅੱਜ 24 ਜਨਵਰੀ ਨੂੰ ਦੁਪਹਿਰ 12.30 ਤੋਂ 1.30 ਵਜੇ ਤੱਕ ਗੁਰਦੁਆਰਾ ਕਲਗੀਧਰ ਸਾਹਿਬ ਦੱਤ ਰੋਡ ਵਿਖੇ ਹੋ ਰਹੀ ਹੈ, ਜਿਸ ਵਿੱਚ ਇਲਾਕੇ ਦੀਆਂ ਸਮੂਹ ਸਮਾਜ ਸੇਵੀ ਸੰਸਥਾਵਾਂ, ਰਾਜਨੀਤਕ ਤੇ ਧਾਰਮਿਕ ਆਗੂ "ਇਸ ਸਦੀ ਪੁਰਸ਼" ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚਣਗੇ।

*-ਅਮਰਜੀਤ ਬੱਬਰੀ*
*94630-83363*

# ਗਣਤੰਤਰ ਦਿਵਸ ਦੇ ਸੰਬੰਧ 'ਚ ਫਲੈਗ ਮਾਰਚ



**ਧੂਰੀ (ਸੁਖਦੇਵ ਧੂਰੀ)**-26 ਜਨਵਰੀ ਨੂੰ ਮਨਾਏ ਜਾਣ ਵਾਲੇ ਗਣਤੰਤਰ ਦਿਵਸ ਦੇ ਸਵੰਧ ਵਿੱਚ ਧੂਰੀ ਪੁਲਸ ਵੱਲੋਂ ਡੀ ਐੱਸ ਪੀ ਧੂਰੀ ਯੋਗੇਸ਼ ਸ਼ਰਮਾ ਦੀ ਅਗਵਾਈ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਸ ਫਲੈਗ ਮਾਰਚ ਵਿੱਚ ਥਾਣਾ ਸਿਟੀ ਦੇ ਐੱਸ ਐੱਚ ਓ ਰਮਨਦੀਪ ਸਿੰਘ ਬਾਵਾ, ਜਗਦੀਪ ਸਿੰਘ ਐੱਸ ਐੱਚ ਓ ਥਾਣਾ ਸਦਰ ਧੂਰੀ, ਮੈਡਮ ਅਨੀਤਾ ਚੌਕੀ ਇੰਚਾਰਜ ਭਲਵਾਨ ਤੇ ਜਗਤਾਰ ਸਿੰਘ ਚੌਕੀ ਇੰਚਾਰਜ ਰਣੀਕੇ ਤੋਂ ਇਲਾਵਾ ਟ੍ਰੈਫਿਕ ਇੰਚਾਰਜ ਮਿੱਠੂ ਸਿੰਘ ਸਮੇਤ ਹੋਰ ਪੁਲਸ ਅਧਿਕਾਰੀ ਹਾਜ਼ਰ ਸਨ। ਇਸ ਮੌਕੇ ਡੀ ਐੱਸ ਪੀ ਧੂਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਫਲੈਗ ਮਾਰਚ ਗਣਤੰਤਰ ਦਿਵਸ ਦੇ ਸਬੰਧ 'ਚ ਕੱਢਿਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਇਸ ਦਾ ਮਕਸਦ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਹੈ ਤੇ ਪੁਲਸ ਪਬਲਿਕ ਸੰਬੰਧਾਂ ਨੂੰ ਮਜ਼ਬੂਤ ਕਰਨਾ ਹੈ।

# ਭਿਆਨਕ ਬਿਮਾਰੀਆਂ ਨੂੰ ਅਸੀਂ ਖੁਦ ਦੇ ਰਹੇ ਹਾਂ ਸੱਦਾ : ਮਹਿੰਦੀਰੱਤਾ



**ਕੋਟਕਪੂਰਾ (ਰਛਪਾਲ ਭੁੱਲਰ)**-ਪੈਸਾ ਹੀ ਸਭ ਕੁੱਝ ਨਹੀਂ ਹੁੰਦਾ, ਕਿਉਂਕਿ ਭਿਆਨਕ ਬਿਮਾਰੀਆਂ ਦੀ ਲਪੇਟ 'ਚ ਆਏ ਕਈ ਕਰੋੜਪਤੀ ਜਾਂ ਅਰਬਪਤੀਆਂ ਦੇ ਖੁਦਕੁਸ਼ੀ ਕਰਨ ਦੀਆਂ ਖ਼ਬਰਾਂ ਅਖ਼ਬਾਰਾਂ ਦੀਆਂ ਸੁਰਖੀਆਂ ਬਣ ਰਹੀਆਂ ਹਨ। ਮੁਹੱਲਾ ਹਰਨਾਮਪੁਰਾ ਵਿਖੇ ਸਥਿਤ ਸਰਕਾਰੀ ਐਲੀਮੈਂਟਰੀ ਸਕੂਲ ਵਿੱਚ ਭਾਈ ਘਨੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਵੱਲੋਂ ਕੋਟਕਪੂਰਾ ਗਰੁੱਪ ਆਫ਼ ਫੈਮਲੀਜ਼ ਬਰੈਂਪਟਨ (ਕੈਨੇਡਾ) ਦੇ ਸਹਿਯੋਗ ਨਾਲ ਕਰਾਏ ਗਏ ਜਾਗਰੂਕਤਾ ਸੈਮੀਨਾਰ ਦੌਰਾਨ ਉਕਤ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਅੰਕੜਿਆਂ ਸਹਿਤ ਦਲੀਲਾਂ ਦਿੰਦਿਆਂ ਦੱਸਿਆ ਕਿ ਦਰੱਖਤਾਂ ਦੀ ਅੰਨ੍ਹੇਵਾਹ ਕਟਾਈ, ਖਾਦ ਪਦਾਰਥਾਂ 'ਤੇ ਛਿੜਕਿਆ ਜਾ ਰਿਹਾ ਜ਼ਹਿਰ, ਡੀ.ਏ.ਪੀ. ਤੇ ਯੂਰੀਆ ਦੀ ਬੇਲੋੜੀ ਵਰਤੋਂ, ਪਰਾਲੀ ਤੇ ਨਾੜ ਨੂੰ ਅੱਗ ਲਾਉਣ ਦਾ ਰੁਝਾਨ, ਦਰਿਆਵਾਂ ਵਿੱਚ ਫੈਕਟਰੀਆਂ ਦਾ ਸੁੱਟਿਆ ਜਾ ਰਿਹਾ ਜ਼ਹਿਰੀਲਾ ਪਾਣੀ ਐਨੀਆਂ ਖਤਰਨਾਕ ਬਿਮਾਰੀਆਂ ਫੈਲਾਉਣ ਦਾ ਸਬੱਬ ਬਣ ਰਿਹਾ ਹੈ ਕਿ ਪੈਸੇ ਦੀ ਬਹੁਤੀ ਮਹੱਤਤਾ ਨਹੀਂ ਰਹਿਣੀ ਅਤੇ ਬਿਮਾਰੀਆਂ ਦੌਰਾਨ ਆਉਣ ਵਾਲੀ ਮੁਸੀਬਤ ਕਰਕੇ ਕਰੋੜਪਤੀ ਲੋਕ ਵੀ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ।

ਬੱਚਿਆਂ ਨੂੰ ਜਾਗਰੂਕਤਾ ਵਾਲੀਆਂ ਕਾਪੀਆਂ ਵੰਡਣ ਮੌਕੇ ਉਘੇ ਸਮਾਜਸੇਵੀ ਅਮਰਦੀਪ ਸਿੰਘ ਦੀਪਾ ਸਮੇਤ ਗੁਰਪ੍ਰੀਤ ਸਿੰਘ, ਵਰਿੰਦਰਪਾਲ ਸਿੰਘ ਅਰਨੇਜਾ ਤੇ ਜਤਿੰਦਰਪਾਲ ਸਿੰਘ ਘੁਲਿਆਣੀ ਨੇ ਦੱਸਿਆ ਕਿ ਇਹ ਕਾਪੀਆਂ ਬਜ਼ਾਰਾਂ ਵਿੱਚੋਂ ਦੁਕਾਨਾਂ 'ਤੇ ਨਹੀਂ ਮਿਲਦੀਆਂ, ਕਿਉਂਕਿ ਦੁਕਾਨਾਂ ਤੋਂ ਮਿਲਣ ਵਾਲੀਆਂ ਕਾਪੀਆਂ ਉੱਪਰ ਫ਼ਿਲਮੀ ਅਦਾਕਾਰਾਂ ਤੇ ਕ੍ਰਿਕਟਰਾਂ ਦੀਆਂ ਤਸਵੀਰਾਂ ਹੁੰਦੀਆਂ ਹਨ, ਪਰ ਉਕਤ ਕਾਪੀਆਂ 'ਤੇ ਵਾਤਾਵਰਣ, ਰੁੱਖਾਂ ਦੀ ਸੰਭਾਲ, ਟ੍ਰੈਫ਼ਿਕ ਨਿਯਮਾਂ ਸਬੰਧੀ ਜਾਣਕਾਰੀ, ਮੀਂਹ ਦੇ ਪਾਣੀ ਦੀ ਬੱਚਤ, ਦਰੱਖਤਾਂ ਦੇ ਫ਼ਾਇਦੇ, ਕਰੋਨਾ ਵਰਗੀਆਂ ਭਿਆਨਕ ਬਿਮਾਰੀਆਂ ਤੋਂ ਬਚਾਅ ਸਬੰਧੀ ਵਿਲੱਖਣ ਜਾਣਕਾਰੀ ਅੰਕਿਤ ਕੀਤੀ ਗਈ ਹੈ। ਸਕੂਲ ਮੁਖੀ ਮੈਡਮ ਸ਼ਵੇਤਾ ਸਮੇਤ ਪਰਮਜੀਤ ਕੌਰ, ਰਵਿੰਦਰ ਕੌਰ, ਅਮਨਦੀਪ ਕੌਰ, ਊਸ਼ਾ ਰਾਣੀ, ਰੇਖਾ ਰਾਣੀ ਤੇ ਪੂਜਾ ਰਾਣੀ ਆਦਿ ਨੇ ਸੰਸਥਾ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ।

# ਸੰਗਰੂਰ ਰੈਲੀ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੀਆਂ ਆਂਗਨਵਾੜੀ ਵਰਕਰ/ਹੈਲਪਰ : ਸਰੋਜ ਛੱਪੜੀਵਾਲਾ, ਸੁਨੀਲ ਕੌਰ ਬੇਦੀ



**ਜਲਾਲਾਬਾਦ (ਸਤਨਾਮ ਸਿੰਘ/ਜੀਤ ਕੁਮਾਰ)**-ਆਲ ਇੰਡੀਆ ਆਂਗਨਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ (ਏਟਕ) ਦੀ ਸੂਬਾ ਪ੍ਰਧਾਨ ਸਰੋਜ ਛੱਪੜੀਵਾਲਾ ਤੇ ਸੂਬਾ ਸਕੱਤਰ ਸੁਨੀਲ ਕੌਰ ਬੇਦੀ ਨੇ ਕਿਹਾ ਕਿ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਸੱਦੇ 'ਤੇ ਮੁਲਾਜ਼ਮ ਮੰਗਾਂ ਨੂੰ ਲੈ ਕੇ ਕੇ 29 ਜਨਵਰੀ 2023 ਨੂੰ ਮੁੱਖ ਮੰਤਰੀ ਦੇ ਖਿਲਾਫ ਸੰਗਰੂਰ ਵਿੱਚ ਕੀਤੀ ਜਾਣ ਵਾਲੀ ਰੈਲੀ 'ਚ ਵੱਡੀ ਗਿਣਤੀ 'ਚ ਆਂਗਨਵਾੜੀ ਵਰਕਰਾਂ/ਹੈਲਪਰਾਂ ਸ਼ਾਮਲ ਹੋਣਗੀਆਂ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਸਾਡੇ ਨਾਲ ਵਾਅਦਾ ਕੀਤਾ ਸੀ ਕਿ ਆਪ ਦੀ ਸਰਕਾਰ ਬਣਨ 'ਤੇ ਆਂਗਨਵਾੜੀ ਵਰਕਰਾਂ/ਹੈਲਪਰਾਂ ਦਾ ਮਾਣਭੱਤਾ ਦੁੱਗਣਾ ਕੀਤਾ ਜਾਵੇਗਾ, ਪਰ ਮੌਜੂਦਾ ਸਰਕਾਰ ਨੇ ਸਾਡਾ ਭੱਤਾ ਦੁੱਗਣਾ ਤਾਂ ਕੀ ਕਰਨਾ ਸੀ, ਉਲਟਾ ਸਾਨੂੰ ਮਿਲਦਾ ਮਾਣਭੱਤਾ 6 ਮਹੀਨਿਆਂ ਤੋਂ ਨਹੀਂ ਮਿਲ ਰਿਹਾ ਹੈ, ਜਿਸ ਕਾਰਨ ਆਂਗਨਵਾੜੀ ਵਰਕਰਾਂ-ਹੈਲਪਰਾਂ ਨੂੰ ਆਪਣੇ ਘਰਾਂ ਦਾ ਗੁਜ਼ਾਰਾ ਚਲਾਉਣਾ ਔਖਾ ਹੋ ਗਿਆ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਂਗਨਵਾੜੀ ਸੈਂਟਰਾਂ 'ਚੋਂ ਖੋਹੇ 3 ਤੋਂ 6 ਸਾਲ ਦੇ ਬੱਚੇ ਆਂਗਨਵਾੜੀ ਸੈਂਟਰਾਂ ਨੂੰ ਵਾਪਸ ਕੀਤੇ ਜਾਣ ਤੇ ਆਂਗਨਵਾੜੀ ਵਰਕਰਾਂ ਨੂੰ ਪ੍ਰੀ-ਨਰਸਰੀ ਕਲਾਸਾਂ ਦੇ ਕੇ ਪ੍ਰੀ ਨਰਸਰੀ ਟੀਚਰ ਬਣਾਇਆ ਜਾਵੇ। ਕੀਤੇ ਵਅਦੇ ਅਨੁਸਾਰ ਮਾਣਭੱਤਾ ਦੁੱਗਣਾ ਕੀਤਾ ਜਾਵੇ, ਕੇਂਦਰ ਸਰਕਾਰ ਵੱਲੋਂ ਵਧਾਏ ਮਾਣਭੱਤੇ ਦਾ ਤਿੰਨ ਸਾਲਾਂ ਦਾ ਬਕਾਇਆ ਤੁਰੰਤ ਦਿੱਤਾ ਜਾਵੇ ਤੇ ਸਾਰੀਆਂ ਹੀ ਸਕੀਮਾਂ ਵਰਕਰਾਂ ਨੂੰ ਉਜ਼ਰਤ ਦਾਇਰੇ ਵਿੱਚ ਲਿਆਂਦਾ ਜਾਵੇ ਤੇ ਹੋਰ ਜਾਇਜ਼ ਤੇ ਹੱਕੀ ਮੰਗਾਂ ਨੂੰ ਲੈ ਕੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਰੈਲੀ ਦੌਰਾਨ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਉਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਹੋਵੇਗੀ।

# ਧਾਲੀਵਾਲ ਨੇ ਗੋਲੇਵਾਲਾ ਦੇ ਕਬੱਡੀ ਟੂਰਨਾਮੈਂਟ 'ਚ ਕੀਤੀ ਸ਼ਿਰਕਤ

- ਖੇਡ ਕਲੱਬ ਨੂੰ 2 ਲੱਖ ਰੁਪਏ ਦੇਣ ਦਾ ਐਲਾਨ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸੋਮਵਾਰ ਨੂੰ ਪਿੰਡ ਗੋਲੇਵਾਲ ਵਿਖੇ ਸੰਤ ਕਸ਼ਮੀਰ ਸਿੰਘ ਨੂੰ ਸਮਰਪਤ 7ਵੇਂ ਸੁਪਰ ਮਹੰਤ ਸ਼ੇਰ ਸਿੰਘ ਯਾਦਗਾਰੀ ਦੋ ਰੋਜ਼ਾ ਕਬੱਡੀ ਟੂਰਨਾਮੈਂਟ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾ ਨਾਲ ਵਿਧਾਇਕ ਫਰੀਦਕੋਟ ਸ੍. ਗੁਰਦਿੱਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਦੌਰਾਨ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਗੱਲ ਤੇ ਸਭ ਤੋਂ ਜ਼ਿਆਦਾ ਜ਼ੋਰ ਦੇ ਰਹੀ ਹੈ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡ ਦੇ ਮੈਦਾਨਾਂ ਵਿੱਚ ਲਿਆਂਦਾ ਜਾਵੇ। ਖੇਡਾਂ ਨੂੰ ਉਤਸ਼ਾਹਤ ਕਰਨ ਦੇ ਲਈ ਜ਼ਮੀਨੀ ਪੱਧਰ 'ਤੇ ਨੌਜਵਾਨਾਂ ਨੂੰ ਖੇਡਾਂ ਵੱਲ ਲਿਆਉਣ ਲਈ ਸਮੇਂ ਸਮੇਂ ਸਿਰ ਜਿੱਥੇ ਐੱਨ.ਆਰ.ਆਈਜ਼ ਵੱਲੋਂ ਖੇਡ ਟੂਰਨਾਮੈਂਟ ਕਰਵਾਏ ਜਾ ਰਹੇ ਹਨ, ਉੱਥੇ ਪੰਜਾਬ ਸਰਕਾਰ ਵੱਲੋਂ ਵੀ ਰਾਜ ਪੱਧਰ 'ਤੇ ਖੇਡਾਂ ਕਰਵਾਈਆਂ ਗਈਆਂ ਸਨ। ਉਨ੍ਹਾ ਕਿਹਾ ਕਿ ਖੇਡਾਂ ਜਿੱਥੇ ਸਰੀਰਕ ਤੌਰ 'ਤੇ ਮਜ਼ਬੂਤ ਕਰਦੀਆਂ ਹਨ, ਉੱਥੇ ਨਸ਼ਿਆਂ ਵਰਗੀ ਨਾਮੁਰਾਦ ਬਿਮਾਰੀ ਤੋਂ ਵੀ ਬਚੇ ਰਹਿੰਦੇ ਹਨ। ਇਸ ਦੌਰਾਨ ਉਨ੍ਹਾ ਕਿਹਾ ਕਿ ਪਿੰਡ ਵਿੱਚ ਸਟੇਡੀਅਮ ਬਣਾਉਣ ਲਈ ਜੋ ਵੀ ਰਾਸ਼ੀ ਲੱਗਣੀ ਹੈ ਜਾਂ ਖੇਡਾਂ ਵਾਸਤੇ ਜੋ ਵੀ ਸਾਮਾਨ ਚਾਹੀਦਾ ਹੈ, ਇਸ ਸਬੰਧੀ ਲਿਖਤੀ ਰੂਪ ਵਿੱਚ ਉਨ੍ਹਾਂ ਨੂੰ ਭੇਜ ਦਿੱਤਾ ਜਾਵੇ। ਇਸ ਮੌਕੇ ਉਨ੍ਹਾ ਕਲੱਬ ਨੂੰ 2 ਲੱਖ ਰੁਪਏ ਦੀ ਰਾਸ਼ੀ ਦੇਣ ਦੀ ਘੋਸ਼ਣਾ ਵੀ ਕੀਤੀ। ਇਸ ਦੌਰਾਨ ਵਿਧਾਇਕ ਫਰੀਦਕੋਟ ਸ੍. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਆਪਣਾ ਧਿਆਨ ਖੇਡਾਂ ਵੱਲ ਲੈ ਕੇ ਜਾਣਾ ਚਾਹੀਦਾ ਹੈ, ਤਾਂ ਜੋ ਨਾਮੁਰਾਦ ਬਿਮਾਰੀਆਂ ਤੋਂ ਬਚਿਆ ਜਾ ਸਕੇ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਖੇਡਾਂ ਵੱਲੋਂ ਧਿਆਨ ਦੇਣ ਤਾਂ ਜੋ ਉਹ ਖੇਡਾਂ ਰਾਹੀਂ ਵੀ ਪੰਜਾਬ ਪੁਲਸ ਤੇ ਹੋਰ ਵਿਭਾਗਾਂ ਵਿੱਚ ਉੱਚ ਅਹੁਦਿਆਂ 'ਤੇ ਬਿਰਾਜ਼ਮਾਨ ਹੋ ਸਕਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਲਖਵਿੰਦਰ ਸਿੰਘ ਰੰਧਾਵਾ, ਐਕਸੀਅਨ ਪੰਚਾਇਤੀ ਰਾਜ ਮਹੇਸ਼ ਗਰਗ, ਬੀ.ਡੀ.ਪੀ.ਓ. ਕੋਟਕਪੂਰਾ, ਅਭਿਨਵ ਗੋਇਲ, ਬੀ.ਡੀ.ਪੀ.ਓ. ਫਰੀਦਕੋਟ ਸੁਖਵਿੰਦਰ ਕੌਰ, ਅਮਨਦੀਪ ਸਿੰਘ ਬਾਬਾ ਆਪ ਆਗੂ, ਕਲੱਬ ਪ੍ਰਧਾਨ ਹਰਵਿੰਦਰ ਸਿੰਘ ਬਰਾੜ, ਸੀਨੀਅਰ ਮੀਤ ਪ੍ਰਧਾਨ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਗੋਰਾ ਗੋਲੇਵਾਲੀਆ ਤੋਂ ਇਲਾਵਾ ਵੱਡੀ ਗਿਣਤੀ 'ਚ ਖੇਡ ਪ੍ਰੇਮੀ ਤੇ ਪਿੰਡ ਵਾਸੀ ਹਾਜ਼ਰ ਸਨ।

# ਘੱਟ ਗਿਣਤੀਆਂ ਦੇ ਕਬਰਸਤਾਨਾਂ ਲਈ ਗਰਾਂਟਾਂ ਦੇ ਚੈੱਕ ਤਕਸੀਮ

## ਆਪ ਮਿਲਵਰਤਣ ਤੇ ਪਿਆਰ ਦੀ ਭਾਵਨਾ ਵਧਾਉਣ ਲਈ ਕੰਮ ਕਰ ਰਹੀ : ਵਿਧਾਇਕ ਬਾਜ਼ੀਗਰ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਪੰਜਾਬ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿੱਚ ਸਾਰੇ ਵਰਗਾਂ ਵਿੱਚ ਆਪਸੀ ਮਿਲਵਰਤਣ ਤੇ ਪਿਆਰ ਦੀ ਭਾਵਨਾ ਵਧਾਉਣ ਦੇ ਮਕਸਦ ਨਾਲ ਕੰਮ ਕਰ ਰਹੀ ਹੈ, ਜਦੋਂਕਿ ਕੁਝ ਤਾਕਤਾਂ ਸੂਬੇ ਦਾ ਮਾਹੌਲ ਖਰਾਬ ਕਰਨ ਲਈ ਸਰਗਰਮ ਨਜ਼ਰ ਆ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿਧਾਇਕ ਕੁਲਵੰਤ ਬਾਜ਼ੀਗਰ ਨੇ ਹਲਕੇ ਦੇ ਚਾਰ ਪਿੰਡਾਂ ਦੀਆਂ ਪੰਚਾਇਤਾਂ ਨੂੰ ਘੱਟ ਗਿਣਤੀਆਂ ਭਾਈਚਾਰਿਆਂ ਦੇ ਕਬਰਸਤਾਨਾਂ ਲਈ ਗਰਾਂਟਾਂ ਦੇ ਚੈੱਕ ਤਕਸੀਮ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਹਲਕਾ ਸ਼ੁਤਰਾਣਾ ਦੇ ਪਿੰਡਾਂ ਅਸਮਾਨਪੁਰ ਸਹਿਜਪੁਰਾ ਖੁਰਦ, ਬੁਜਰਕ ਤੇ ਕਕਰਾਲਾ ਭਾਈਕਾ ਦੀਆਂ ਪੰਚਾਇਤਾਂ ਨੂੰ ਦੋ ਦੋ ਲੱਖ ਰੁਪਏ ਦੇ ਚੈੱਕ ਦਿਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦੀਆਂ ਲੀਹਾਂ ਉੱਤੇ ਚੱਲ ਰਹੀ ਹੈ, ਜਦੋਂਕਿ ਪਿਛਲੀਆਂ ਸਰਕਾਰਾਂ ਨੇ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਦੱਸਿਆ ਕਿ ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਸਰਕਾਰ ਪੱਕੇ ਪੈਰੀਂ ਅੱਗੇ ਵਧ ਰਹੀ ਹੈ।

ਹਲਕੇ ਦੇ ਸਰਵਪੱਖੀ ਵਿਕਾਸ ਦਾ ਜ਼ਿਕਰ ਕਰਦਿਆਂ ਉਨ੍ਹਾ ਕਿਹਾ ਕਿ ਬਹੁਤ ਜਲਦੀ ਤਿੰਨ ਦਰਜਨ ਦੇ ਕਰੀਬ ਹੋਰ ਪੰਚਾਇਤਾਂ ਨੂੰ ਘੱਟ ਗਿਣਤੀ ਭਾਈਚਾਰਿਆਂ ਦੇ ਕਬਰਸਤਾਨਾਂ ਲਈ ਗ੍ਰਾਂਟਾਂ ਦੇ ਦਿੱਤੀਆਂ ਜਾਣਗੀਆਂ। ਪਿਛਲੀਆਂ ਕਾਂਗਰਸ ਤੇ ਅਕਾਲੀ ਸਰਕਾਰਾਂ ਉੱਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਸੱਤਾਧਾਰੀ ਪਾਰਟੀਆਂ ਦੇ ਲੀਡਰਾਂ ਨੇ ਆਪਣੇ ਘਰ ਭਰਨ ਲਈ ਲੁੱਟ ਮਚਾਈ ਰੱਖੀ, ਜਿਸ ਕਰਕੇ ਸੂਬਾ ਆਰਥਿਕ ਮੰਦਹਾਲੀ ਦੀ ਡੂੰਘੀ ਖੱਡ ਵਿੱਚ ਜਾ ਡਿੱਗਿਆ, ਜਿਸ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਆਮ ਆਦਮੀ ਪਾਰਟੀ ਕੰਮ ਕਰ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਦੇ ਸ਼ਹਿਰੀ ਪ੍ਰਧਾਨ ਮਦਨ ਲਾਲ, ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ, ਸੀਨੀਅਰ ਆਗੂ ਸੁਰਜੀਤ ਸਿੰਘ ਫੌਜੀ, ਕੁਲਦੀਪ ਸਿੰਘ ਥਿੰਦ, ਕੌਂਸਲਰ ਸੋਨੀ ਜਲੂਰ ਆਦਿ ਹਾਜ਼ਰ ਸਨ।

# ਸਰਕਾਰੀ ਕੰਨਿਆ ਸਕੂਲ ਦਾ ਨਾਂਅ 'ਸਕੂਲ ਆਫ ਐਮੀਨੈਂਸ' ਲਈ ਚੁਣੇ ਜਾਣ 'ਤੇ ਪ੍ਰਿੰਸੀਪਲ ਵੱਲੋਂ ਮੁੱਖ ਮੰਤਰੀ ਦਾ ਧੰਨਵਾਦ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਬੀਤੇ ਦਿਨੀਂ ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਬਣਾਏ ਜਾ ਰਹੇ ਪਹਿਲੇ 'ਸਕੂਲ ਆਫ ਐਮੀਨੈਂਸ' ਲਈ ਚੁਣੇ ਗਏ 117 ਸਕੂਲਾਂ ਵਿੱਚ ਮਾਨਯੋਗ ਐੱਮ.ਐੱਲ.ਏ. ਰਜਨੀਸ਼ ਦਹੀਆ ਦੀਆਂ ਕੋਸ਼ਿਸ਼ਾਂ ਸਦਕਾ ਫਿਰੋਜ਼ਪੁਰ ਜ਼ਿਲ੍ਹੇ ਦਾ ਸਰਕਾਰੀ ਕੰਨਿਆ ਸੀਨੀਅਰ ਸਮਾਰਟ ਸਕੂਲ਼ ਮਮਦੋਟ ਵੀ ਚੁਣਿਆ ਗਿਆ ਹੈ, ਜਿਸ ਨਾਲ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ, ਕਿਉਂਕਿ ਮਮਦੋਟ ਇੱਕ ਸਰਹੱਦੀ ਇਲਾਕਾ ਹੋਣ ਦੇ ਨਾਲ ਸਿੱਖਿਆ ਦੇ ਖੇਤਰ ਵਿੱਚ ਵੀ ਪਿੱਛੜਿਆ ਇਲਾਕਾ ਹੈ। ਇਸ ਸਕੂਲ ਵਿੱਚ ਸਰਹੱਦੀ ਖੇਤਰ ਦੀਆਂ ਲੱਗਭੱਗ 40 ਪਿੰਡਾਂ ਦੀਆਂ ਵਿਦਿਆਰਥਣਾਂ ਸਿੱਖਿਆ ਪ੍ਰਾਪਤ ਕਰਦੀਆਂ ਹਨ ਤੇ ਇਸ ਸਕੂਲ ਦੇ 'ਸਕੂਲ ਆਫ ਐਮੀਨੈਂਸ' ਬਣਨ ਨਾਲ ਗਰੀਬ ਵਿਦਿਆਰਥਣਾਂ ਦਾ ਬਹੁਤ ਫਾਇਦਾ ਹੋਵੇਗਾ, ਕਿਉਂਕਿ ਇਸ ਸਕੂਲ 'ਚ ਪ੍ਰਾਈਵੇਟ ਸਕੂਲਾਂ 'ਚ ਮਹਿੰਗੇ ਮੁੱਲ ਮਿਲਣ ਵਾਲੀਆਂ ਸਾਰੀਆਂ ਸੁਵਧਾਵਾਂ ਬਿਲਕੁੱਲ ਮੁਫਤ ਮਿਲਣਗੀਆਂ। ਪੰਜਾਬ ਸਰਕਾਰ ਦੇ ਇਸ ਕਦਮ ਨਾਲ ਸਰਕਾਰੀ ਸਕੂਲਾਂ ਵਿੱਚ ਪੜ੍ਹ ਕੇ ਵੀ ਬੱਚੇ ਉੱਚ ਅਫਸਰ ਬਣ ਸਕਣਗੇ, ਜਿਸ ਨਾਲ ਪੂਰੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਹੈ। ਹਰ ਕੋਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰ ਰਿਹਾ ਹੈ। ਸਕੂਲ ਦੇ ਪ੍ਰਿੰਸੀਪਲ ਮੈਡਮ ਮਿਸ ਰੋਬੀਨਾ ਚੋਪੜਾ ਨੇ ਵੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਜੀ ਤੇ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਦਾ ਇਸ ਸਕੂਲ਼ ਨੂੰ 'ਸਕੂਲ ਆਫ ਐਮੀਨੈਂਸ' ਵਿੱਚ ਚੁਣੇ ਜਾਣ ਲਈ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਹੈ ਕਿ ਇਸ ਸਕੂਲ ਨੂੰ ਇੱਕ ਬਹੁਤ ਵਧੀਆ ਸਕੂਲ ਬਣਾਉਣ ਲਈ ਉਹ ਤੇ ਉਨ੍ਹਾਂ ਦਾ ਸਮੁੱਚਾ ਸਟਾਫ ਆਪਣੀ ਪੂਰੀ ਤਨਦੇਹੀ ਨਾਲ ਮਿਹਨਤ ਕਰੇਗਾ। ਇਸ ਸਮੇਂ ਸਮੂਹ ਸਕੂਲ ਸਟਾਫ ਵੱਲੋਂ ਵੀ ਪੰਜਾਬ ਸਰਕਾਰ ਦਾ ਇਸ ਸ਼ਲਾਘਾਯੋਗ ਕਦਮ ਲਈ ਧੰਨਵਾਦ ਕੀਤਾ ਗਿਆ।

# ਸੇਵਾਮੁਕਤ ਕ੍ਰਮਚਾਰੀਆਂ ਨੂੰ ਸੋਧੀ ਤਨਖ਼ਾਹ ਅਨੁਸਾਰ ਕਮਾਈ ਛੁੱਟੀਆਂ ਦੀ ਅਦਾਇਗੀ ਦੀ ਮੰਗ

**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚੋਂ 1 ਜਨਵਰੀ 2016 ਤੋਂ 30 ਜੂਨ 2021 ਦਰਮਿਆਨ ਸੇਵਾਮੁਕਤ ਹੋਏ ਕ੍ਰਮਚਾਰੀ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸੋਧੀ ਗਈ ਮੁੱਢਲੀ ਤਨਖਾਹ ਮੁਤਾਬਕ ਤੇ ਸੇਵਾਮੁਕਤ ਹੋਣ ਸਮੇਂ ਕਰਮਚਾਰੀਆਂ ਦੇ ਖਾਤੇ ਵਿੱਚ ਬਕਾਇਆ ਪਈਆਂ ਕਮਾਈ ਛੁੱਟੀਆਂ ਦੀ ਬਣਦੀ ਅਦਾਇਗੀ ਲੈਣ ਲਈ ਕਾਫੀ ਸਮੇਂ ਤੋਂ ਯਤਨ ਕਰ ਰਹੇ ਹਨ ਤੇ ਪੰਜਾਬ ਦੇ ਖਜ਼ਾਨਾ ਦਫ਼ਤਰਾਂ ਦੇ ਚੱਕਰ ਕੱਟ ਰਹੇ ਹਨ। ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈੱਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ, ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਨਛੱਤਰ ਸਿੰਘ ਭਾਣਾ, ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫ਼ਰੀਦਕੋਟ ਦੇ ਆਗੂ ਅਸ਼ੋਕ ਕੌਸ਼ਲ, ਸੋਮ ਨਾਥ ਅਰੋੜਾ, ਇਕਬਾਲ ਸਿੰਘ ਮੰਘੇੜਾ ਤੇ ਤਰਸੇਮ ਨਰੂਲਾ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਬਲਕਾਰ ਵਲਟੋਹਾ ਅਤੇ ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਸ਼ਿੰਦਰਪਾਲ ਸਿੰਘ ਢਿੱਲੋਂ ਤੇ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫ਼ਰੀਦਕੋਟ ਦੇ ਜਨਰਲ ਸਕੱਤਰ ਇਕਬਾਲ ਸਿੰਘ ਰਣ ਸਿੰਘ ਵਾਲਾ ਨੇ ਦੱਸਿਆ ਹੈ ਕਿ 1 ਜਨਵਰੀ 2016 ਤੋਂ ਬਾਅਦ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿੱਚੋਂ ਸੇਵਾਮੁਕਤ ਹੋਏ ਪੈਨਸ਼ਨਰ ਆਪਣੀ ਸੋਧੀ ਹੋਈ ਮੁੱਢਲੀ ਤਨਖਾਹ ਅਨੁਸਾਰ ਤੇ ਸੇਵਾਮੁਕਤੀ ਦੇ ਸਮੇਂ ਤੱਕ ਬਕਾਇਆ ਪਈਆਂ ਕਮਾਈ ਛੁੱਟੀਆਂ ਦੀ ਨਕਦ ਅਦਾਇਗੀ ਲੈਣ ਲਈ ਹੱਕਦਾਰ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਸੂਚਨਾ ਦੇ ਅਧਿਕਾਰ ਕਾਨੂੰਨ ਤਹਿਤ ਸ੍ਰੀ ਜਸਵੰਤ ਰਾਏ ਗੁਪਤਾ ਵਾਸੀ ਧੂਰੀ ਜ਼ਿਲ੍ਹਾ ਵਿੱਤ ਵਿਭਾਗ ਪੰਜਾਬ ਸਰਕਾਰ ਤੋਂ ਮੰਗੀ ਗਈ ਸੂਚਨਾ ਦੇ ਸਬੰਧ ਵਿੱਚ ਪੰਜਾਬ ਸਰਕਾਰ ਵਿੱਤ ਵਿਭਾਗ (ਵਿੱਤ ਪੈਨਸ਼ਨ ਪਾਲਿਸੀ ਤੇ ਤਾਲਮੇਲ ਸ਼ਾਖ਼ਾ) ਦੇ ਫਾਈਲ ਨੰਬਰ FD-FPPCO-RTI /33/2022 ਮਿਤੀ 19 ਜੁਲਾਈ 2022 ਰਾਹੀਂ ਲੋਕ ਸੂਚਨਾ ਅਫ਼ਸਰ ਵੱਲੋਂ ਪ੍ਰਾਰਥੀ ਨੂੰ ਲਿਖੇ ਗਏ ਪੱਤਰ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਵਿੱਤ ਵਿਭਾਗ ਵੱਲੋਂ 1 ਜਨਵਰੀ 2016 ਤੋਂ ਬਾਅਦ ਰਿਟਾਇਰਡ ਹੋਏ ਮੁਲਾਜ਼ਮਾਂ ਦੀ ਲੀਵ ਇਨਕੈਸ਼ਮੈਂਟ ਰੋਕਣ ਸਬੰਧੀ ਕੋਈ ਪੱਤਰ ਜਾਰੀ ਨਹੀਂ ਕੀਤਾ ਗਿਆ।' ਆਗੂਆਂ ਨੇ ਅੱਗੇ ਦੱਸਿਆ ਕਿ ਵੱਖ-ਵੱਖ ਸੇਵਾਮੁਕਤ ਮੁਲਾਜ਼ਮਾਂ ਵੱਲੋਂ ਸਬੰਧਤ ਖ਼ਜ਼ਾਨਾ ਦਫ਼ਤਰਾਂ ਵਿਚ ਜਮਾਂ ਕਰਵਾਏ ਗਏ ਬਿੱਲਾਂ 'ਤੇ ਖ਼ਜ਼ਾਨਾ ਦਫ਼ਤਰਾਂ ਵੱਲੋਂ ਲਗਾਤਾਰ ਇਤਰਾਜ਼ ਲੱਗ ਰਹੇ ਹਨ। ਖ਼ਜ਼ਾਨਾ ਦਫ਼ਤਰਾਂ ਵੱਲੋਂ ਕਿਹਾ ਜਾ ਰਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਸੋਧੀਆਂ ਹੋਈਆਂ ਦਰਾਂ ਅਨੁਸਾਰ ਬਣਦੀ ਲੀਵ ਐਨਕੈਸ਼ਮੈਂਟ ਦੇ ਬਿੱਲ ਪਾਸ ਨਾ ਕਰਨ ਦੀ ਪੰਜਾਬ ਸਰਕਾਰ ਨੇ ਜ਼ੁਬਾਨੀ ਹੁਕਮ ਦੇ ਕੇ ਰੋਕ ਲਾਈ ਹੋਈ ਹੈ।

ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਮੂਹ ਹੱਕਦਾਰ ਪੈਨਸ਼ਨਰਾਂ ਨੂੰ ਸੋਧੀ ਹੋਈ ਮੁੱਢਲੀ ਤਨਖਾਹ ਅਨੁਸਾਰ ਕਮਾਈ ਛੁੱਟੀਆਂ ਦੀ ਬਣਦੀ ਅਦਾਇਗੀ ਤੁਰੰਤ ਕੀਤੀ ਜਾਵੇ। ਆਗੂਆਂ ਨੇ ਅੱਗੇ ਦੱਸਿਆ ਕਿ ਇਹ ਮਸਲਾ 29 ਜਨਵਰੀ ਨੂੰ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1600 ਸੈਕਟਰ 22ਬੀ, ਚੰਡੀਗੜ੍ਹ ਵੱਲੋਂ ਸੰਗਰੂਰ ਵਿਖੇ ਹੋ ਰਹੀ ਸੂਬਾਈ ਰੈਲੀ ਤੇ ਮੁਜਾਹਰੇ ਦੌਰਾਨ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।

# ਖੁਸ਼ਪ੍ਰੀਤ ਨੇ ਆਈਲਟਸ 'ਚੋਂ 8 ਬੈਂਡ ਹਾਸਲ ਕੀਤੇ



**ਭਗਤਾ ਭਾਈ ਕਾ (ਰਾਜੀਵ ਗੋਇਲ)**

ਬਹੁਤ ਹੀ ਥੋੜ੍ਹੇ ਸਮੇਂ ਵਿੱਚ ਇਲਾਕੇ ਅੰਦਰ ਚੰਗਾ ਨਾਮਣਾ ਖੱਟਣ ਵਾਲੀ ਸੰਤ ਬਾਬਾ ਬਲਵੀਰ ਸਿੰਘ ਆਈਲਟਸ ਸੰਸਥਾ ਨੇ ਵਿਦਿਆਰਥਣ ਖੁਸ਼ਪ੍ਰੀਤ ਕੌਰ ਪੁੱਤਰੀ ਅਮਰਜੀਤ ਸਿੰਘ ਵਾਸੀ ਡੋਡ ਨੂੰ ਵਧੀਆ ਤੇ ਮਿਆਰੀ ਵਿੱਦਿਆ ਪ੍ਰਦਾਨ ਕਰਕੇ ਚੰਗੇ ਬੈਂਡ ਹਾਸਲ ਕਰਨ ਵਿੱਚ ਮੱਦਦ ਕੀਤੀ ਹੈ। ਵਿਦਿਆਰਥਣ ਵੱਲੋਂ ਆਈਲਟਸ ਦੀ ਪ੍ਰੀਖਿਆ ਵਿੱਚੋਂ 8 ਬੈਂਡ ਹਾਸਲ ਕੀਤੇ ਗਏ ਹਨ। ਇਸ ਮੌਕੇ ਆਪਣੀ ਖੁਸ਼ੀ ਨਾ ਸੰਭਾਲਦੇ ਹੋਏ ਵਿਦਿਆਂਰਥਣ ਨੇ ਕਿਹਾ ਕਿ ਇਹ ਸੰਸਥਾ ਬੱਚਿਆਂ ਨੂੰ ਜਿੱਥੇ ਚੰਗੀ ਪੜ੍ਹਾਈ ਕਰਵਾਉਣ ਲਈ ਵਚਨਬੱਧ ਹੈ, ਉੱਥੇ ਹੀ ਇਸ ਸੰਸਥਾ ਅੰਦਰ ਅਨੁਸ਼ਾਸਨ ਦਾ ਵੀ ਖਾਸ ਧਿਆਨ ਰੱਖਿਆ ਜਾਂਦਾ ਹੈ।

# ਲੋਕ ਸੰਗਰਾਮ ਮੋਰਚਾ ਨੇ ਚੱਲਦੇ ਮੋਰਚਿਆਂ ਦੀ ਕੀਤੀ ਹਮਾਇਤ


ਲੋਕ ਸੰਗਰਾਮ ਮੋਰਚਾ ਦੇ ਮੈਂਬਰ ਮੀਟਿੰਗ ਕਰਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਲੋਕ ਸੰਗਰਾਮ ਮੋਰਚਾ ਦੇ ਜਨਰਲ ਸਕੱਤਰ ਸੁਖਮੰਦਰ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਲੋਕ ਸੰਗਰਾਮ ਮੋਰਚਾ ਦੀ ਸੂਬਾ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਪੰਜਾਬ 'ਚ ਚਲਦੇ ਲੋਕਾਂ ਦੇ ਤਿੰਨ ਮੋਰਚਿਆਂ 'ਤੇ ਵਿਚਾਰ ਚਰਚਾ ਕੀਤੀ। ਪਹਿਲਾਂ ਮੋਰਚਾ ਮਾਲਬਰੋਜ ਸ਼ਰਾਬ ਫੈਕਟਰੀ ਬੰਦ ਕਰਾਉਣ ਲਈ 6 ਮਹੀਨਿਆਂ ਤੋਂ ਸਾਂਝਾ ਮੋਰਚਾ ਜ਼ੀਰਾ ਫੈਕਟਰੀ ਬੰਦ ਕਰਾਉਣ ਲਈ ਸੰਘਰਸ਼ ਲੜ ਰਿਹਾ ਹੈ, ਕਿਉਂਕਿ ਹਵਾ, ਪਾਣੀ ਤੇ ਮਿੱਟੀ ਪ੍ਰਦੂਸ਼ਤ ਕਰ ਦਿੱਤੀ ਹੈ। ਸਾਰੇ ਵੱਡੇ ਐਕਸ਼ਨਾਂ ਵਿੱਚ ਲੋਕ ਸੰਗਰਾਮ ਮੋਰਚਾ ਸ਼ਮੂਲੀਅਤ ਕਰਦਾ ਰਿਹਾ ਹੈ।

ਦੂਸਰਾ ਮੋਰਚਾ ਲਤੀਫਪੁਰ ਵਿਖੇ ਲੱਗਾ ਹੈ। ਇਥੇ ਪਾਕਿਸਤਾਨ ਤੋਂ 1947 ਦੇ ਕਤਲੇਆਮ ਸਮੇਂ ਆ ਕੇ ਲੋਕੀ ਵਸੇ ਸਨ। ਮਾਨ ਸਰਕਾਰ ਨੇ ਉਨ੍ਹਾਂ ਦੇ ਘਰ ਢਾਹ ਕੇ ਦਰਜਨਾਂ ਪਰਿਵਾਰਾਂ ਨੂੰ ਲੋੜੇ ਦੀ ਠੰਢ ਵਿੱਚ ਬੇਘਰੇ ਕਰਕੇ ਸੜਕਾਂ ਤੇ ਰੋਲ ਦਿੱਤਾ ਹੈ।

ਲੋਕ ਸੰਗਰਾਮ ਮੋਰਚਾ ਆਪ ਸਰਕਾਰ ਦੀ ਨਿਖੇਧੀ ਕਰਦਾ ਹੈ ਤੇ ਮੰਗ ਕਰਦਾ ਹੈ ਕਿ ਉਨ੍ਹਾਂ ਨੂੰ ਘਰ ਮੁਹੱਈਆ ਕੀਤੇ ਜਾਣ।

ਤੀਸਰਾ ਮੋਰਚਾ ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ ਮੋਰਚੇ ਨੇ ਮੁਹਾਲੀ-ਚੰਡੀਗੜ੍ਹ ਬਾਰਡਰ 'ਤੇ ਲਗਾਇਆ ਹੈ। ਲੋਕ ਸੰਗਰਾਮ ਮੋਰਚਾ ਸਮੁੱਚੇ ਬੰਦੀ ਸਿੰਘਾਂ, ਸਿਆਸੀ ਕੈਦੀਆਂ, ਸੋਸ਼ਲ ਮੀਡੀਆ 'ਤੇ ਪਾਈਆਂ ਪੋਸਟਾਂ ਕਰਕੇ ਛੋਟੇ ਛੋਟੇ ਕੇਸਾਂ ਵਿੱਚ ਫਸਾਏ ਲੋਕਾਂ ਤੇ ਯੂ ਏ ਪੀ ਲਾ ਕੇ ਸਾਲਾਂ-ਬੱਧੀ ਬਿਨਾਂ ਕੇਸ ਚਲਾਏ ਹਵਾਲਾਤੀਆਂ ਦੀ ਰਿਹਾਈ ਦੀ ਮੰਗ ਕਰਦਾ ਹੈ। ਸੂਬਾ ਕਮੇਟੀ ਨੇ ਫੈਸਲਾ ਕੀਤਾ ਕਿ ਫਰਵਰੀ ਦੇ ਪਹਿਲੇ ਹਫਤੇ ਇਸ ਮੋਰਚੇ 'ਤੇ ਹਮਾਇਤ ਲਈ ਜਥਾ ਭੇਜਿਆ ਜਾਵੇਗਾ।

# ਸ਼ਹੀਦ ਸੁਖਵਿੰਦਰ ਸਿੰਘ ਸਰਕਾਰੀ ਸਕੂਲ ਮੱਲਾਂਵਾਲਾ ਖਾਸ ਦੀ 'ਸਕੂਲ ਆਫ ਐਮੀਨੈਂਸ' ਵਜੋਂ ਚੋਣ



ਜਾਣਕਾਰੀ ਦਿੰਦੇ ਹੋਏ ਮੁੱਖ ਮਹਿਮਾਨ ਤੇ ਸਕੂਲ ਸਟਾਫ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ 23 ਜ਼ਿਲ੍ਹਿਆਂ ਵਿੱਚ 117 'ਸਕੂਲ ਆਫ਼ ਐਮੀਨੈਂਸ' ਸਥਾਪਤ ਹੋਣ ਜਾ ਰਹੇ ਹਨ।ਜ਼ਿਲ੍ਹਾ ਫਿਰੋਜ਼ਪੁਰ ਦੇ ਹਲਕਾ ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ, ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਕੰਵਲਜੀਤ ਸਿੰਘ ਦੇ ਯਤਨਾਂ ਸਦਕੇ ਸ਼ਹੀਦ ਸੁਖਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਚੋਣ ਸਕੂਲ ਆਫ ਐਮੀਨੈਂਸ ਵਜੋਂ ਹੋਈ ਹੈ। ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ, ਸਕੂਲ ਦੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਸੰਜੀਵ ਟੰਡਨ ਨੇ ਕਿਹਾ ਕੀ ਇਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਰਸਮੀ ਸਿੱਖਿਆ ਦੇ ਨਾਲ-ਨਾਲ ਹੁਨਰ ਦੀ ਸਿੱਖਿਆ ਵੀ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸ਼ਹੀਦ ਸੁਖਵਿੰਦਰ ਸਿੰਘ ਸੀਨੀਅਰ ਸੈਕੰਡਰੀ ਸਕੂਲ ਵਿੱਚ ਆਸ-ਪਾਸ ਦੇ 22 ਪਿੰਡਾਂ ਤੋਂ 1432 ਵਿਦਿਆਰਥੀ ਸਿੱਖਿਆ ਪ੍ਰਾਪਤ ਕਰਨ ਲਈ ਆਉਂਦੇ ਹਨ।ਸਕੂਲ ਆਫ ਐਮੀਨੈਂਸ ਦੇ ਰਾਜ ਪੱਧਰੀ ਉਦਘਾਟਨੀ ਸਮਾਰੋਹ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਿੱਖਿਆ ਖੇਤਰ ਵਿੱਚ ਨਵਾਂ ਇਨਕਲਾਬ ਲੈ ਕੇ ਆਉਣ ਦਾ ਉਦੇਸ਼ ਹੋਣਹਾਰ ਤੇ ਕਾਬਲ ਵਿਦਿਆਰਥੀਆਂ ਖਾਸ ਕਰਕੇ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਆਪਣੇ ਸੁਪਨੇ ਸਾਕਾਰ ਕਰਨ ਲਈ ਸੇਧ ਤੇ ਮੌਕਾ ਦੇਣਾ ਹੈ ਤਾਂ ਕਿ ਇਹ ਵਿਦਿਆਰਥੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਦੇਸ਼ ਦੇ ਬਾਕੀ ਬੱਚਿਆਂ ਨੂੰ ਪਛਾੜ ਕੇ ਚੰਗੇ ਰੈਂਕ ਹਾਸਲ ਕਰ ਸਕਣ।ਇਨ੍ਹਾਂ ਸਕੂਲਾਂ ਨੂੰ ਵਿਦਿਆਰਥੀਆਂ ਦੇ ਛੁਪੇ ਹੋਏ ਹੁਨਰ ਨੂੰ ਤਰਾਸ਼ਣ ਤੇ ਨਿਖਾਰਨ ਵਾਲੀਆਂ ਸੰਸਥਾਵਾਂ ਦੇ ਰੂਪ ਵਿੱਚ ਵਿਕਸਤ ਕੀਤਾ ਜਾਵੇਗਾ ਤਾਂ ਕਿ ਵਿਦਿਆਰਥੀ ਆਪਣੇ ਮਨਪਸੰਦ ਕਿੱਤੇ ਦੀ ਚੋਣ ਕਰ ਸਕੇ।'ਸਕੂਲ ਆਫ਼ ਐਮੀਨੈਂਸ' ਨੂੰ ਦੇਸ਼ ਦੀ ਆਜ਼ਾਦੀ ਖਾਤਰ ਜੀਵਨ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਦੇ ਸੁਪਨਿਆਂ ਦੇ ਸਕੂਲ ਕਰਾਰ ਦਿੰਦਿਆਂ ਮੁੱਖ ਮੰਤਰੀ ਨੇ ਇਨ੍ਹਾਂ ਸਕੂਲ਼ਾਂ ਦੇ ਨਾਮ ਵੀ ਸ਼ਹੀਦਾਂ ਤੇ ਆਜ਼ਾਦੀ ਘੁਲਾਟੀਆਂ ਦੇ ਨਾਮ ਉੱਤੇ ਰੱਖਣ ਦਾ ਐਲਾਨ ਕੀਤਾ। ਉਨ੍ਹਾ ਕਿਹਾ ਕਿ ਇਹ ਨਿਮਾਣਾ ਜਿਹਾ ਉਪਰਾਲਾ ਸਹੀ ਮਾਅਨਿਆਂ ਵਿੱਚ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਸਰਕਾਰੀ ਸਕੂਲਾਂ ਨੂੰ ਸਾਲ 2022 ਦੇ ਹਾਣ ਦਾ ਬਣਾਏਗੀ ਤੇ ਯਕੀਨਨ ਤੌਰ 'ਤੇ ਪੰਜਾਬ ਦੇਸ਼ ਭਰ ਵਿੱਚ ਰੋਲ ਮਾਡਲ ਬਣ ਕੇ ਉੱਭਰੇਗਾ।ਭਗਵੰਤ ਮਾਨ ਨੇ ਕਿਹਾ ਕਿ ਉਹ ਦਿਨ ਹੁਣ ਦੂਰ ਨਹੀਂ, ਜਦੋਂ ਸੂਬੇ ਦੇ ਸਰਕਾਰੀ ਸਕੂਲ, ਪ੍ਰਾਈਵੇਟ ਸਕੂਲਾਂ ਨਾਲੋਂ ਬਿਹਤਰ ਸਿੱਖਿਆ ਮੁਹੱਈਆ ਕਰਵਾਉਣਗੇ ਤੇ ਮਾਪੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ 'ਚ ਮਾਣ ਮਹਿਸੂਸ ਕਰਿਆ ਕਰਨਗੇ। ਉਨ੍ਹਾ ਕਿਹਾ ਕਿ ਦਿੱਲੀ ਵਿੱਚ ਅਜਿਹੇ ਸਕੂਲਾਂ ਨੇ ਉਥੋਂ ਦੇ ਸਿੱਖਿਆ ਖੇਤਰ ਦੀ ਤਸਵੀਰ ਬਦਲ ਦਿੱਤੀ ਹੈ ਤੇ ਅੱਜ ਉਥੇ ਸਰਕਾਰੀ ਸਕੂਲ ਸ਼ਾਨਦਾਰ ਕਾਰਗੁਜ਼ਾਰੀ ਦਿਖਾ ਰਹੇ ਹਨ।

# ਕਿਸਾਨ ਰੈਲੀ ਦੀਆਂ ਤਿਆਰੀਆਂ ਸੰਬੰਧੀ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਮੀਟਿੰਗ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**

ਸੰਯੁਕਤ ਕਿਸਾਨ ਮੋਰਚੇ ਵੱਲੋਂ ਜੀਂਦ ਵਿਖੇ ਕੀਤੀ ਜਾ ਰਹੀ ਮਹਾਂ ਕਿਸਾਨ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੀ ਮੀਟਿੰਗ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਵਿਖੇ ਹੋਈ, ਜਿਸ ਵਿੱਚ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਬਲਾਕ ਪਾਤੜਾਂ ਵਿੱਚੋਂ ਰੈਲੀ ਉੱਤੇ ਜਾਣ ਲਈ ਵਰਕਰਾਂ ਦੀਆਂ ਡਿਊਟੀਆਂ ਲਾਈਆਂ ਗਈਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਹਰਭਜਨ ਸਿੰਘ ਬੁੱਟਰ ਨੇ ਕਿਹਾ ਕਿ ਭਾਰਤ ਇੱਕ ਖੇਤੀ ਪ੍ਰਧਾਨ ਦੇਸ ਹੈ ਤੇ ਇਸਦੀ ਅਰਥ-ਵਿਵਸਥਾ ਖੇਤੀਬਾੜੀ ਉਤੇ ਨਿਰਭਰ ਕਰਦੀ ਹੈ, ਪਰ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਦਾ ਹੱਥਠੋਕਾ ਬਣ ਕੇ ਖੇਤੀ ਖੇਤਰ ਨੂੰ ਤਬਾਹ ਕਰਨ ਦੇ ਮਨਸੂਬੇ ਬਣਾ ਰਹੀ ਹੈ।

ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਤਿੰਨ ਖੇਤੀ ਕਨੂੰਨਾਂ ਤੇ ਬਿਜਲੀ ਸੋਧ ਬਿੱਲ ਖਿਲਾਫ਼ ਦਿੱਲੀ ਦੇ ਬਾਰਡਰਾਂ ਉੱਤੇ ਚੱਲੇ ਲੰਮੇ ਸੰਘਰਸ਼ ਮਗਰੋਂ ਖੇਤੀ ਕਾਨੂੰਨਾਂ ਦੀ ਵਾਪਸੀ ਸਮੇਂ ਸਰਕਾਰ ਨੇ ਜੋ ਵਾਅਦੇ ਕੀਤੇ ਸੀ, ਉਨ੍ਹਾਂ ਨੂੰ ਪੂਰਾ ਕਰਨ ਦੀ ਬਜਾਏ ਸਰਕਾਰ ਨੇ ਕਿਸਾਨਾਂ ਨਾਲ ਵਾਅਦਾ-ਖਿਲਾਫ਼ੀ ਕੀਤੀ ਹੈ। ਕਿਸਾਨ ਆਗੂ ਨੇ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸਰਕਾਰ ਤੇ ਇਸਦੀਆਂ ਏਜੰਸੀਆਂ ਸੰਯੁਕਤ ਮੋਰਚੇ ਦੇ ਖੇਰੂੰ-ਖੇਰੂੰ ਹੋ ਜਾਣ ਦੀਆਂ ਅਫ਼ਵਾਹਾਂ ਫੈਲਾ ਰਹੀਆਂ ਹਨ, ਪਰ 26 ਜਨਵਰੀ ਦੀ ਜੀਂਦ ਵਿਖੇ ਕੀਤੀ ਜਾ ਰਹੀ ਮਹਾਂਕਿਸਾਨ ਰੈਲੀ ਸਰਕਾਰ ਦੇ ਸਭ ਭਰਮ ਭੁਲੇਖੇ ਦੂਰ ਕਰ ਦੇਵੇਗੀ।

24-JAN-PAGE-7.qxd ADVT.qxd 1/23/2023 10:15 PM Page 1



# ਰੂਰਲ ਹੈੱਲਥ ਦਰਜਾਚਾਰ ਕਰਮਚਾਰੀਆਂ ਵੱਲੋਂ ਡੀ ਸੀ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ

## ਮੁੱਖ ਮੰਤਰੀ ਦੇ ਨਾਂਅ ਡੀ ਸੀ ਨੂੰ ਸੌਂਪਿਆ ਮੰਗ ਪੱਤਰ



ਪੇਂਡੂ ਸਿਹਤ ਵਿਭਾਗ ਦਰਜਾ ਚਾਰ ਕਰਮਚਾਰੀ ਯੂਨੀਅਨ ਦੇ ਆਗੂ ਮੁੱਖ ਮੰਤਰੀ ਦੇ ਨਾਂਅ ਡੀ ਸੀ ਰਾਜੇਸ਼ ਧੀਮਾਨ ਨੂੰ ਮੰਗ ਪੱਤਰ ਸੌਂਪਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਰੂਰਲ ਹੈਲਥ ਦਰਜਾਚਾਰ ਕਰਮਚਾਰੀ ਯੂਨੀਅਨ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਆਗੂਆਂ ਤੇ ਵਰਕਰਾਂ ਨੇ ਅੱਜ ਆਪਣੀਆਂ ਮੰਗਾਂ ਨੂੰ ਲੈ ਕੇ ਡੀ ਸੀ ਦਫ਼ਤਰ ਫਿਰੋਜ਼ਪੁਰ ਅੱਗੇ ਰੋਸ ਧਰਨਾ ਦਿੱਤਾ ਅਤੇ ਨਾਅਰੇਬਾਜ਼ੀ ਕੀਤੀ।ਇਸ ਦੌਰਾਨ ਧਰਨਾਕਾਰੀਆਂ ਨੇ ਆਪਣੀਆਂ ਮੰਗਾਂ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂਅ ਇੱਕ ਮੰਗ ਪੱਤਰ ਡੀ ਸੀ ਫਿਰੋਜ਼ਪੁਰ ਰਾਜੇਸ਼ ਧੀਮਾਨ ਨੂੰ ਵੀ ਸੌਂਪਿਆ।ਯੂਨੀਅਨ ਆਗੂਆਂ ਸਤਪਾਲ ਸਿੰਘ, ਨਵਤੇਜ ਸਿੰਘ ਅੰਮ੍ਰਿਤਸਰ, ਗੁਰਜੰਟ ਸਿੰਘ ਮੋਗਾ, ਬੂਟਾ ਸਿੰਘ ਸੰਗਰੂਰ, ਮਨਪ੍ਰੀਤ ਸਿੰਘ ਆਦਿ ਨੇ ਕਿਹਾ ਕਿ ਦਰਜਾ ਚਾਰ ਦਿਹਾਤੀ ਹੈਲਥ ਦਰਜਾਚਾਰ ਕਰਮਚਾਰੀ ਆਮ ਆਦਮੀ ਮੁਹੱਲਾ ਕਲੀਨਿਕਾਂ 'ਚ ਕੰਮ ਕਰਨ ਲਈ ਤਿਆਰ ਹਨ, ਪਰ ਇਸ ਤੋਂ ਪਹਿਲਾਂ ਉਨ੍ਹਾਂ ਵੱਲੋਂ ਕਾਰਵਾਈ ਕੀਤੀ ਜਾਵੇ।ਸਰਕਾਰ ਇਨ੍ਹਾਂ ਨੂੰ ਰੈਗੂਲਰ ਕਰੇ ਤੇ ਪੂਰੀ ਤਨਖਾਹ ਦੇਵੇ।ਉਨ੍ਹਾਂ ਕਿਹਾ ਕਿ ਉਹ ਪੇਂਡੂ ਡਿਸਪੈਂਸਰੀਆਂ ਵਿੱਚ ਦਰਜਾਚਾਰ ਦੀ ਡਿਊਟੀ ਨਿਭਾਅ ਰਹੇ ਹਨ ਅਤੇ ਉਨ੍ਹਾਂ ਨੂੰ 16 ਸਾਲਾਂ ਤੋਂ ਮਾਮੂਲੀ ਤਨਖ਼ਾਹ ਦਿੱਤੀ ਜਾ ਰਹੀ ਹੈ, ਪਰ ਫਿਰ ਵੀ ਉਨ੍ਹਾਂ ਦੀ ਡਿਊਟੀ ਵਿੱਚ ਕੋਈ ਢਿੱਲ ਨਹੀਂ ਵਰਤੀ ਜਾ ਰਹੀ ਅਤੇ ਡਿਊਟੀ ਦਿਲੋਂ ਨਿਭਾਈ ਜਾਂਦੀ ਹੈ।ਉਨ੍ਹਾਂ ਕਿਹਾ ਕਿ ਅਸੀਂ ਮੁੱਖ ਮੰਤਰੀ ਨੂੰ ਅਪੀਲ ਕਰਦੇ ਹਾਂ ਕਿ ਉਨ੍ਹਾਂ ਨੂੰ ਮੁਹੱਲਾ ਕਲੀਨਿਕਾਂ ਵਿੱਚ ਡਿਊਟੀ ਜੁਆਇਨ ਕਰਕੇ ਉਨ੍ਹਾਂ ਨੂੰ ਪੂਰੀ ਤਨਖਾਹ ਦੇ ਕੇ ਰੈਗੂਲਰ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਜਲਦੀ ਹੀ ਨਿਯੁਕਤੀ ਪੱਤਰ ਨਾ ਦਿੱਤੇ ਗਏ ਤਾਂ ਉਹ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

# ਗੁੱਡ ਮੌਰਨਿੰਗ ਕਲੱਬ ਵੱਲੋਂ ਚਾਈਨਾ ਡੋਰ ਖਰੀਦਣ-ਵੇਚਣ ਵਾਲਿਆਂ ਖਿਲਾਫ਼ ਕਾਰਵਾਈ ਦੀ ਮੰਗ



**ਕੋਟਕਪੂਰਾ (ਰਛਪਾਲ ਭੁੱਲਰ)**-ਭਾਂਵੇ ਪਿਛਲੇ ਕਾਫੀ ਅਰਸੇ ਤੋਂ ਸਮੇਂ ਦੀਆਂ ਸਰਕਾਰਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਾਈਨਾ ਡੋਰ ਵੇਚਣ, ਸਟੋਰ ਕਰਨ ਤੇ ਵਰਤਣ ਖਿਲਾਫ਼ ਮੁਹਿੰਮ ਵਿੱਢੀ ਹੋਈ ਹੈ, ਪਾਬੰਦੀਆਂ ਜਾਰੀ ਕਰਕੇ ਦੁਕਾਨਦਾਰਾਂ ਖਿਲਾਫ਼ ਸਖਤ ਕਾਰਵਾਈ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਉਸ ਦੇ ਬਾਵਜੂਦ ਚਾਈਨਾ ਡੋਰ ਦੀ ਵਿਕਰੀ ਜਾਰੀ ਹੈ ਤੇ ਚਾਈਨਾ ਡੋਰ ਮਨੁੱਖਾਂ ਤੇ ਪਸ਼ੂ-ਪੰਛੀਆਂ ਲਈ ਜਾਨਲੇਵਾ ਸਿੱਧ ਹੋ ਰਹੀ ਹੈ। ਇਸ ਵਰਤਾਰੇ ਪ੍ਰਤੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਗੁੱਡ ਮੋਰਨਿੰਗ ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਤੇ ਚੇਅਰਮੈਨ ਪੱਪੂ ਲਹੌਰੀਆ ਦੀ ਅਗਵਾਈ ਹੇਠ ਕਲੱਬ ਦੇ ਵਫ਼ਦ ਨੇ ਮੈਡਮ ਵੀਰਪਾਲ ਕੌਰ ਉਪ ਮੰਡਲ ਮੈਜਿਸਟ੍ਰੇਟ ਅਤੇ ਸ਼ਮਸ਼ੇਰ ਸਿੰਘ ਸ਼ੇਰਗਿੱਲ ਡੀਐਸਪੀ ਕੋਟਕਪੂਰਾ ਨਾਲ ਵੱਖੋ-ਵੱਖਰੇ ਤੌਰ 'ਤੇ ਮੀਟਿੰਗਾਂ ਕਰਨ ਉਪਰੰਤ ਉਨ੍ਹਾਂ ਨੂੰ ਮੰਗ ਪੱਤਰ ਵੀ ਸੌਂਪੇ। ਡਾ. ਢਿੱਲੋਂ ਤੇ ਪੱਪੂ ਲਹੌਰੀਆ ਨੇ ਦੱਸਿਆ ਕਿ ਚਾਈਨਾ ਡੋਰ ਦੀ ਵਰਤੋਂ ਦੇ ਆਏ ਦਿਨ ਭਿਆਨਕ ਨਤੀਜੇ ਸਾਹਮਣੇ ਆ ਰਹੇ ਹਨ। ਇਸ ਨਾਲ ਪੰਛੀ ਤੇ ਮਨੁੱਖ ਜਾਤੀ ਗੰਭੀਰ ਸਿੱਟੇ ਭੁਗਤ ਰਹੀ ਹੈ। ਹਰ ਸਾਲ ਬਸੰਤ ਪੰਚਮੀ ਨੂੰ ਚਾਇਨਾ ਡੋਰ ਦੀ ਵਿਕਰੀ ਅਤੇ ਵਰਤੋਂ ਚਰਮ ਸੀਮਾ 'ਤੇ ਪਹੁੰਚ ਜਾਂਦੀ ਹੈ, ਇਸ ਲਈ ਬਸੰਤ ਪੰਚਮੀ ਵਾਲੇ ਦਿਨ ਅਰਥਾਤ 26 ਜਨਵਰੀ ਨੂੰ ਚਾਈਨਾ ਡੋਰ ਦੀ ਖਰੀਦ ਵੇਚ ਕਰਨ ਵਾਲੇ ਦੁਕਾਨਦਾਰਾਂ ਤੇ ਖਰੀਦਦਾਰਾਂ 'ਤੇ ਤਿੱਖੀ ਨਜ਼ਰ ਰੱਖਣ ਦੀ ਲੋੜ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜਦੋਂ ਤੱਕ ਆਮ ਲੋਕ ਇਸ ਵਿਰੁੱਧ ਮੁਹਿੰਮ ਨਹੀਂ ਵਿੱਢਦੇ ਤੇ ਪ੍ਰਸ਼ਾਸਨ ਸਖਤੀ ਨਹੀਂ ਕਰਦਾ, ਉਦੋਂ ਤੱਕ ਸਾਰਥਿਕ ਨਤੀਜੇ ਸਾਹਮਣੇ ਨਹੀਂ ਆਉਣਗੇ। ਰਜਿੰਦਰ ਸਿੰਘ ਸਰਾਂ ਤੇ ਪ੍ਰੋ ਐਚ ਐਸ ਪਦਮ ਨੇ ਦੱਸਿਆ ਕਿ ਇਹ ਡੋਰ ਟੁੱਟ ਕੇ ਦਰੱਖਤਾਂ 'ਚ ਫਸ ਜਾਂਦੀ ਹੈ, ਜਿਸ ਕਾਰਨ ਪੰਛੀ ਇਸ ਡੋਰ 'ਚ ਫਸ ਕੇ ਜ਼ਖ਼ਮੀ ਹੋ ਜਾਂਦੇ ਹਨ। ਗੁਰਦੀਪ ਸਿੰਘ ਮੈਨੇਜਰ ਤੇ ਮਨਤਾਰ ਸਿੰਘ ਮੱਕੜ ਨੇ ਆਖਿਆ ਕਿ ਭਾਵੇਂ ਚਾਈਨਾ ਡੋਰ ਦੀ ਰੋਕਥਾਮ ਲਈ ਸੋਸ਼ਲ ਮੀਡੀਆ ਤੇ ਪ੍ਰਿੰਟ ਮੀਡੀਆ 'ਤੇ ਕਾਫੀ ਹੋ ਹੱਲਾ ਹੋ ਰਿਹਾ ਹੈ, ਪਰ ਫਿਰ ਵੀ ਇਸ ਡੋਰ ਦੀ ਵਰਤੋਂ ਸ਼ਰੇਆਮ ਕੀਤੀ ਜਾ ਰਹੀ ਹੈ। ਇੰਜ. ਇੰਦਰਜੀਤ ਸਿੰਘ ਨਿਆਮੀਵਾਲਾ, ਲਕਸ਼ਮਣ ਦਾਸ ਮਹਿਰਾ, ਜਸਕਰਨ ਸਿੰਘ ਭੱਟੀ ਤੇ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦਾਅਵਾ ਕੀਤਾ ਕਿ ਚਾਈਨਾ ਡੋਰ ਦੀ ਲਪੇਟ 'ਚ ਆ ਕੇ ਕਈ ਨੌਜਵਾਨ ਤੇ ਬੱਚੇ ਆਪਣੀ ਜਾਨ ਤੋਂ ਹੱਥ ਧੋ ਬੈਠੇ ਹਨ ਅਤੇ ਕਈ ਹਸਪਤਾਲਾਂ 'ਚ ਡੂੰਘੇ ਜਾਨਲੇਵਾ ਜ਼ਖ਼ਮ ਲੈ ਕੇ ਸਹਿਕ ਰਹੇ ਹਨ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਨਵਾਂਸ਼ਹਿਰ

ਮਿਸਲ ਨੰ. 10/ਐਨ ਟੀ ਰਕਬਾ ਪਿੰਡ : ਤਾਜਪੁਰ ਦਾਇਰੀ ਮਿਤੀ 25/04/2022 ਕਿਸਮ : ਤਕਸੀਮ ਪੇਸ਼ੀ ਮਿਤੀ : 14/02/2023

ਅਨੁਵਾਨ ਮੁਕੱਦਮਾ : ਅਜੀਤ ਸਿੰਘ ਬਨਾਮ ਪ੍ਰੀਤਮ ਚੰਦ ਵਗੈਰਾ

ਇਸ ਅਦਾਲਤ ਨੂੰ ਯਕੀਨ ਹੋ ਗਿਆ ਹੈ ਕਿ ਹੇਠ ਲਿਖੇ ਉਤਰਵਾਦੀਆਂ ਵਿੱਚੋਂ ਕੁਝ ਉਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਕਰਵਾਈ ਜਾ ਸਕਦੀ। ਇਸ ਲਈ ਇਸ ਨੋਟਿਸ ਰਾਹੀਂ ਇਨ੍ਹਾਂ ਉਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਇਸ ਕੇਸ ਵਿੱਚ ਆਪਣਾ ਪੱਖ ਅਗਲੀ ਤਰੀਕ ਪੇਸ਼ੀ ਮਿਤੀ 09/02/2023 ਨੂੰ ਬਾਅਦ ਦੁਪਹਿਰ 3.00 ਵਜੇ ਇਸ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆ ਕੇ ਰੱਖ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਉਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਪੱਖ ਨਹੀਂ ਸੁਣਿਆ ਜਾਵੇਗਾ।

1. ਅਜੀਤ ਸਿੰਘ ਪੁੱਤਰ ਅਮਰ ਸਿੰਘ ਪਿੰਡ ਬਜੀਦਪੁਰ, ਤਹਿ ਨਵਾਂਸ਼ਹਿਰ, ਜ਼ਿਲ੍ਹਾ ਐੱਸ ਬੀ ਐੱਸ ਨਗਰ.

.....ਫਰੀਕ ਅੱਵਲ

ਬਨਾਮ

1. ਪ੍ਰੀਤਮ ਚੰਦ ਪੁੱਤਰ ਰੱਖਾ ਪਿੰਡ ਤਾਜਪੁਰ, 2. ਸੋਹਣ ਲਾਲ ਪੁੱਤਰ ਰੱਖਾ ਦੇ ਕਾਨੂੰਨੀ ਵਾਰਸ (ਏ) ਵਿਜੈ ਕੁਮਾਰ ਪੁੱਤਰ (ਬੀ) ਅਮਰ ਕੁਮਾਰ ਪੁੱਤਰ (ਸੀ) ਕਾਂਤਾ ਰਾਣੀ ਪੁੱਤਰੀ (ਡੀ) ਆਸ਼ਾ ਰਾਣੀ ਪੁੱਤਰੀ, 3. ਗੁਰਦੀਪ ਸਿੰਘ ਪੁੱਤਰ ਜੋਗਿੰਦਰ ਪਾਲ, 4. ਮਨਜੀਤ ਸਿੰਘ ਪੁੱਤਰ ਜੋਗਿੰਦਰ ਪਾਲ, 5. ਨਿਰਮਲ ਕੌਰ ਵਿਧਵਾ ਜੋਗਿੰਦਰ ਪਾਲ ਪੁੱਤਰ ਪ੍ਰਕਾਸ਼ ਰਾਮ, 6. ਰਵਿੰਦਰ ਸਿੰਘ, ਤਰਲੋਕ ਸਿੰਘ, 7. ਦਿਲਾਵਰ ਸਿੰਘ ਪੁੱਤਰ ਬਾਵਾ ਸਿੰਘ, 8. ਤਰਲੋਕ ਸਿੰਘ ਪੁੱਤਰ ਬਾਵਾ ਸਿੰਘ, 9. ਜਸਵੀਰ ਕੌਰ ਵਿਧਵਾ ਜਗਤਾਰ ਸਿੰਘ ਦੇ ਕਾਨੂੰਨੀ ਵਾਰਸ (ਏ) ਹਰਜਿੰਦਰ ਸਿੰਘ (ਬੀ) ਨਰਿੰਦਰ ਜੀਤ ਸਿੰਘ (ਸੀ) ਅੰਗਰੇਜ਼ ਸਿੰਘ (ਡੀ) ਬਲਵਿੰਦਰ ਸਿੰਘ ਪੁੱਤਰਾਨ ਜਸਵੀਰ ਕੌਰ ਵਿਧਵਾ ਜਗਤਾਰ ਸਿੰਘ ਪਿੰਡ ਤਾਜਪੁਰ, 10 ਜਸਵੰਤ ਸਿੰਘ, 11. ਦਿਲਬਾਗ ਸਿੰਘ, 12 ਸਤਨਾਮ ਸਿੰਘ, 13 ਅਵਤਾਰ ਸਿੰਘ ਪੁਤਰਾਨ ਪ੍ਰੀਤਮ ਸਿੰਘ ਪੁੱਤਰ ਲਛਮਣ ਸਿੰਘ, 14 ਤਰਲੋਚਨ ਸਿੰਘ, 15. ਬਲਵੀਰ ਸਿੰਘ ਪੁੱਤਰਾਨ ਬਾਗ ਸਿੰਘ ਪੁੱਤਰ ਭਗਤ ਪਿੰਡ ਬਜੀਦਪੁਰ, 16 ਜਸਵਿੰਦਰ ਸਿੰਘ ਪੁੱਤਰ ਦਿਲਾਵਰ ਪੁੱਤਰ ਬਾਵਾ, 17 ਹਰਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ, 18 ਅਜੀਤ ਸਿੰਘ ਪੁੱਤਰ ਅਮਰ ਸਿੰਘ ਦੇ ਕਾਨੂੰਨੀ ਵਾਰਸ (ਏ) ਮਲਕੀਤ ਸਿੰਘ (ਬੀ) ਗੁਰਚਰਨ ਸਿੰਘ ਵਾਸੀ ਬਜੀਦਪੁਰ, 19 ਭਜਨ ਸਿੰਘ ਪੁੱਤਰ ਚੂਹੜ ਸਿੰਘ ਵੱਲੋਂ ਕਾਨੂੰਨੀ ਵਾਰਸ (ਏ) ਬਲਵੀਰ ਸਿੰਘ (ਬੀ) ਕਸ਼ਮੀਰ ਸਿੰਘ ਬੇਟੇ ਭਜਨ ਸਿੰਘ, 20 ਬਲਵੀਰ ਸਿੰਘ ਪੁੱਤਰ ਭਾਗ ਸਿੰਘ ਵਾਸੀ ਬਜੀਦਪੁਰ, 21. ਦੀਦਾਰ ਸਿੰਘ ਪੁੱਤਰ ਮਹਿੰਦਰ ਵਾਸੀ ਬਜੀਦਪੁਰ, 22 ਜੋਗਾ ਸਿੰਘ ਪੁੱਤਰ ਜਵਾਲਾ ਸਿੰਘ ਵੱਲੋਂ ਕਾਨੂੰਨੀ ਵਾਰਸ (ਏ) ਗੁਰਜੀਤ ਸਿੰਘ ਪੁੱਤਰ ਜੋਗਾ ਸਿੰਘ, 23. ਸੰਤੋਖ ਸਿੰਘ, 24 ਸੁੱਚਾ ਸਿੰਘ ਪੁੱਤਰ ਜਵਾਲਾ ਸਿੰਘ ਬੇਟੇ ਜਵਾਲਾ ਸਿੰਘ ਪਿੰਡ ਗਰਚਾ, 25 ਹਰਜਿੰਦਰ ਪਾਲ ਪੁੱਤਰ ਦਰਸ਼ਨ ਸਿੰਘ ਵਾਸੀ ਤਾਜਪੁਰ, 26 ਮਹਿੰਦਰ ਪਾਲ ਪੁੱਤਰ ਪ੍ਰੀਤੂ ਵੱਲੋਂ ਕਾਨੂੰਨੀ ਵਾਰਸ (ਏ) ਕ੍ਰਿਸ਼ਨ ਦੇਵੀ ਵਿਧਵਾ ਮਹਿੰਦਰ ਪਾਲ (ਬੀ) ਮਨੋਜ ਕੁਮਾਰ (ਸੀ) ਮਲਕੀਤ ਚੰਦ, (ਡੀ) ਅਮ੍ਰਿਤਪਾਲ, (ਈ) ਸੰਦੀਪ ਕੁਮਾਰ (ਐਫ) ਸੁਖਵਿੰਦਰ ਪਾਲ ਬੇਟੇ ਮਹਿੰਦਰ ਪਾਲ ਵਾਸੀ ਤਾਜਪੁਰ, 27 ਕੇਵਲ ਕ੍ਰਿਸ਼ਨ ਪੁੱਤਰ ਪ੍ਰਕਾਸ਼ ਪਿੰਡ ਤਾਜਪੁਰ, 28. ਨਰੇਸ਼ ਕੁਮਾਰੀ ਪੁੱਤਰੀ ਹਰਜਿੰਦਰ ਪਾਲ ਪੁੱਤਰ ਦਰਸ਼ਨ, 28. ਬਲਦੇਵ ਚੰਦ ਪੁੱਤਰ ਪ੍ਰੀਤੂ ਪਿੰਡ ਤਾਜਪੁਰ, 29, ਗੁਰਮੁੱਖ ਸਿੰਘ ਪੁੱਤਰ ਚੰਨਣ ਸਿੰਘ ਵੱਲੋਂ ਕਾਨੂੰਨੀ ਵਾਰਸ (ਏ) ਕੁਲਵਿੰਦਰ ਸਿੰਘ (ਬੀ) ਨਛੱਤਰ ਸਿੰਘ (ਸੀ) ਨਰਿੰਦਰ ਸਿੰਘ ਪੁੱਤਰਾਨ ਗੁਰਮੁੱਖ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਤਾਜਪੁਰ, 30. ਸਿੰਘਾੜਾ ਸਿੰਘ ਪੁੱਤਰ ਗੁਰਮੁੱਖ ਸਿੰਘ ਵੱਲੋਂ ਕਾਨੂੰਨੀ ਵਾਰਸ (ਏ) ਹਰਭਜਨ ਕੌਰ ਮਾਤਾ (ਬੀ) ਰਾਜਵੰਤ ਕੌਰ (ਸੀ) ਰੁਪਿੰਦਰ ਕੌਰ ਬੇਟੀਆਂ ਸ਼ਿੰਗਾਰਾ ਸਿੰਘ (ਡੀ) ਹਰਪ੍ਰੀਤ ਸਿੰਘ ਪੁੱਤਰ ਸ਼ਿੰਗਾਰਾ ਸਿੰਘ, 31. ਦਿਲਾਵਰ ਸਿੰਘ ਪੁੱਤਰ ਬਾਵਾ ਸਿੰਘ ਵਾਸੀ ਤਾਜਪੁਰ, 32 ਤਰਲੋਕ ਸਿੰਘ ਪੁੱਤਰ ਬਾਵਾ ਸਿੰਘ, 33. ਜਸਵੀਰ ਕੌਰ ਵਿਧਵਾ ਜਗਤਾਰ ਸਿੰਘ ਪੁੱਤਰ ਚੰਨਣ ਸਿੰਘ ਵੱਲੋਂ ਕਾਨੂੰਨੀ ਵਾਰਸ (ਏ) ਹਰਿੰਦਰ ਸਿੰਘ (ਬੀ) ਨਰਿੰਦਰ ਜੀਤ (ਸੀ) ਅੰਗਰੇਜ਼ ਸਿੰਘ (ਡੀ) ਬਲਵਿੰਦਰ ਸਿੰਘ ਪੁੱਤਰਾਨ ਜਸਵੀਰ ਕੌਰ ਵਿਧਵਾ ਜਗਤਾਰ ਸਿੰਘ ਵਾਸੀ ਤਾਜਪੁਰ, 34 ਜਸਵਿੰਦਰ ਸਿੰਘ ਪੁੱਤਰ ਦਿਲਾਵਰ ਸਿੰਘ, 35 ਹਰਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ, 36. ਕੁਲਵੀਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਤਾਜਪੁਰ 37. ਜਸਪਾਲ ਸਿੰਘ 38. ਸੁਰਜੀਤ ਕੌਰ ਪਤਨੀ ਦਿਲਬਾਗ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਉੜਾਪੜ 39. ਕੈਨਰਾ ਬੈਂਕ ਬਰਾਂਚ ਰਾਹੋਂ, 40. ਪੰਜਾਬ ਨੈਸ਼ਨਲ ਬੈਂਕ ਬਰਾਂਚ ਔੜ, 41. ਪੰਜਾਬ ਗ੍ਰਾਮੀਣ ਬੈਂਕ ਬਰਾਂਚ ਰਾਹੋਂ।

ਰਕਬਾ ਤਾਜਪੁਰ, ਤਹਿ. ਨਵਾਂ ਸ਼ਹਿਰ।

ਖੇਵਟ ਨੰ. 25 ਖਤੌਨੀ ਨੰ. 28,29,30, ਖੇਵਟ ਨੰ. 129 ਖਤੌਨੀ ਨੰ. 136, ਖੇਵਟ ਨੰ. 145 ਖਤੌਨੀ ਨੰ. 153, ਖੇਵਟ ਨੰ. 108 ਖਤੌਨੀ ਨੰ. 115, ਖੇਵਟ ਨੰ. 157 ਖਤੌਨੀ ਨੰ. 170, ਖੇਵਟ ਨੰ. 105, ਖਤੌਨੀ ਨੰ. 112 ਖੇਵਟ ਨੰ. 155, ਖਤੌਨੀ ਨੰ. 168 ਖੇਵਟ ਨੰ.47 ਖਤੌਨੀ ਨੰ. 57, ਖੇਵਟ ਨੰ. 75 ਖਤੌਨੀ ਨੰ. 80/81 ਖੇਵਟ ਨੰ. 107, ਖਤੌਨੀ ਨੰ. 114 ਖੇਵਟ ਨੰ. 156, ਖਤੌਨੀ ਨੰ. 169 ਬਰੂਏ ਜਮ੍ਹਾਂਬੰਦੀ ਸਾਲ 2013-2014

ਸਹੀ/-ਤਹਿਸੀਲਦਾਰ ਸਹਾਇਕ-ਕਮ
ਕੁਲੈਕਟਰ ਦਰਜਾ ਅੱਵਲ, ਨਵਾਂ ਸ਼ਹਿਰ।

ਨੰਬਰ. 553, ਰੀਡਰ-2 ਮਿਤੀ 23/01/23

## ਕਾਤਰਾਂ

### ਇੰਗਲੈਂਡ ਦਾ ਸਟੱਡੀ ਤੇ ਸਪਾਊਸ ਵੀਜ਼ਾ ਲਵਾਇਆ



**ਜਗਰਾਓਂ (ਨਛੱਤਰ ਸੰਧੂ)** ਗਲੋਬਲ ਫਲਾਇਰਜ਼ ਆਈਲੈਟਸ ਤੇ ਇਮੀਗ੍ਰੇਸ਼ਨ ਸੰਸਥਾ ਦੀ ਵਿਦਿਆਰਥਣ ਅਮਨ ਕੌਰ ਤੇ ਉਨ੍ਹਾਂ ਦੇ ਪਤੀ ਗੁਰਧਿਆਨ ਸਿੰਘ ਵਾਸੀ ਅਰਾਈ ਮਾਜਰਾ (ਪਟਿਆਲਾ) ਦਾ ਇੰਗਲੈਂਡ ਦਾ ਵੀਜ਼ਾ ਲਵਾਇਆ ਗਿਆ ਹੈ। ਗਲੋਬਲ ਫਲਾਇਅਰਜ ਦੇ ਚੇਅਰਮੈਨ ਰਜਤ ਪਲਤਾ ਨੇ ਦੱਸਿਆ ਕਿ ਸੰਸਥਾ ਵੱਲੋਂ ਕਾਨੂੰਨੀ ਤੇ ਪਾਰਦਰਸ਼ੀ ਤਰੀਕੇ ਨਾਲ ਫਾਇਲ ਤਿਆਰ ਕਰਕੇ ਹੀ ਕਨੇਡਾ, ਯੂ ਕੇ, ਅਸਟ੍ਰੇਲੀਆ ਜਾਣ ਲਈ ਅੰਬੈਸੀ ਕੋਲ ਕੇਸ ਅਪਲਾਈ ਕੀਤਾ ਜਾਂਦਾ ਹੈ ਤਾਂ ਜੁ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ।

### 'ਲੁਕਵਾਂ ਸੱਚ' 29 ਨੂੰ ਲੋਕ ਅਰਪਣ

**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦੀ ਮਹੀਨਾਵਾਰ ਇਕੱਤਰਤਾ 29 ਜਨਵਰੀ ਨੂੰ ਸਹੀ 10:00 ਵਜੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸੰਗਰੂਰ ਵਿਖੇ ਹੋ ਰਹੀ ਹੈ, ਜਿਸ ਵਿੱਚ ਕਰਮ ਸਿੰਘ ਜ਼ਖ਼ਮੀ ਦਾ ਲੇਖ-ਸੰਗ੍ਰਹਿ 'ਲੁਕਵਾਂ ਸੱਚ' ਲੋਕ ਅਰਪਣ ਕੀਤਾ ਜਾਵੇਗਾ। ਇਸ ਸਮਾਗਮ ਦੀ ਪ੍ਰਧਾਨਗੀ ਡਾ. ਮੀਤ ਖਟੜਾ ਕਰਨਗੇ ਤੇ ਪੁਸਤਕ ਸਬੰਧੀ ਹੋਣ ਵਾਲੀ ਵਿਚਾਰ-ਚਰਚਾ ਵਿੱਚ ਡਾ. ਇਕਬਾਲ ਸਿੰਘ ਸਕਰੌਦੀ, ਦਲਬਾਰ ਸਿੰਘ, ਮੂਲ ਚੰਦ ਸ਼ਰਮਾ, ਜੰਗੀਰ ਸਿੰਘ ਰਤਨ, ਸੁਖਵਿੰਦਰ ਸਿੰਘ ਲੋਟੇ ਤੇ ਰਜਿੰਦਰ ਸਿੰਘ ਰਾਜਨ ਹਿੱਸਾ ਲੈਣਗੇ। ਸਭਾ ਦੇ ਪ੍ਰੈੱਸ ਸਕੱਤਰ ਅਮਨ ਜੱਖਲਾਂ ਨੇ ਦੱਸਿਆ ਕਿ ਇਸ ਮੌਕੇ ਬਸੰਤ ਰੁੱਤ ਨੂੰ ਸਮਰਪਤ ਵਿਸ਼ਾਲ ਕਵੀ ਦਰਬਾਰ ਵੀ ਹੋਵੇਗਾ।

### ਮੋਟਰਸਾਈਕਲ ਸਵਾਰਾਂ ਨੇ ਰਾਹਗੀਰ ਤੋਂ ਮੋਬਾਈਲ ਤੇ ਨਕਦੀ ਲੁੱਟੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਖਾਈ ਰੋਡ ਟੀ ਪੁਆਇੰਟ 'ਤੇ ਮੋਟਰਸਾਈਕਲ ਸਵਾਰ ਤਿੰਨ ਅਣਪਛਾਤਿਆਂ ਨੇ ਫਿਰੋਜ਼ਪੁਰ ਤੋਂ ਮਮਦੋਟ ਵੱਲ ਜਾ ਰਹੇ ਵਿਅਕਤੀ ਨੂੰ ਬੀਤੀ ਰਾਤ 9 ਵਜੇ ਦੇ ਕਰੀਬ ਆਪਣੀ ਲੁੱਟ ਦਾ ਸ਼ਿਕਾਰ ਬਣਾਏ ਜਾਣ ਦੀ ਖਬਰ ਮਿਲੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਲੁੱਟ ਦਾ ਸ਼ਿਕਾਰ ਹੋਏ ਨੌਜਵਾਨ ਗੁਰਚਰਨ ਸਿੰਘ ਨੇ ਦੱਸਿਆ ਕਿ ਉਹ ਬੀਤੀ ਰਾਤ ਫਿਰੋਜ਼ਪੁਰ ਤੋਂ ਆਪਣੇ ਖੰਬਾ ਵੱਲ ਆ ਰਿਹਾ ਸੀ, ਉਹ ਜਦੋਂ ਖਾਈ-ਟੀ ਪੁਆਇੰਟ ਕੋਲ ਪਹੁੰਚਿਆ ਤਾਂ ਮੋਟਰਸਾਈਕਲ 'ਤੇ ਸਵਾਰ 3 ਅਣਪਛਾਤੇ ਵਿਅਕਤੀ ਨੇ ਮੇਰਾ ਮੋਟਰਸਾਈਕਲ ਰੋਕ ਮੇਰੇ ਗਲ ਪੈ ਗਏ ਤੇ ਮੇਰੇ ਕੋਲੋਂ ਇਕ ਮੋਬਾਈਲ ਸਮੇਤ ਸਿਮ ਖੋਹ ਲਿਆ ਤੇ ਮੇਰਾ ਪਰਸ ਖੋਹ ਕੇ ਉਸ ਵਿੱਚੋਂ 8300 ਰੁਪਏ ਦੀ ਨਕਦੀ ਕੱਢ ਕੇ ਫ਼ਰਾਰ ਹੋ ਗਏ। ਇਸ ਸਬੰਧੀ ਲੁੱਟ ਦਾ ਸ਼ਿਕਾਰ ਨੌਜਵਾਨ ਨੇ ਥਾਣਾ ਮਮਦੋਟ ਨੂੰ ਲਿਖਤੀ ਸ਼ਿਕਾਇਤ ਦਰਜ ਕਰਵਾ ਦਿੱਤੀ ਹੈ।

### 92 ਪ੍ਰਾਣੀਆਂ ਵੱਲੋਂ ਅੰਮ੍ਰਿਤਪਾਨ

**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**-ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਠੀਕਰੀਵਾਲਾ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਹਾਨ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਦਮਦਮੀ ਟਕਸਾਲ ਵੱਲੋਂ ਵਿਸ਼ੇਸ਼ ਤੌਰ 'ਤੇ ਪੁੱਜੇ ਪੰਜ ਪਿਆਰਿਆਂ ਦੀ ਅਗਵਾਈ ਹੇਠ 92 ਪ੍ਰਾਣੀਆਂ ਨੂੰ ਅੰਮ੍ਰਿਤਪਾਨ ਕਰਵਾਇਆ ਗਿਆ। ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਜਗਸੀਰ ਸਿੰਘ, ਮੀਤ ਪ੍ਰਧਾਨ ਰਾਮ ਸਿੰਘ, ਸਕੱਤਰ ਹਰਪਾਲ ਸਿੰਘ ਬੈਂਸ, ਖਜ਼ਾਨਚੀ ਪਰਮਜੀਤ ਸਿੰਘ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਗ੍ਰੰਥ ਸਾਹਿਬ ਨਾਲ ਜੁੜਨ ਵਾਲੇ ਸਿੰਘਾਂ ਨੂੰ ਕਿਹਾ ਕਿ ਪਿੰਡ ਪੱਧਰ 'ਤੇ ਗੁਰਦੁਆਰਾ ਕਮੇਟੀਆਂ ਨੂੰ ਵਧੇਰੇ ਅੰਮ੍ਰਿਤਪਾਨ ਕਰਵਾਉਣ ਲਈ ਅੱਗੇ ਆਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਕਮੇਟੀ ਪ੍ਰਧਾਨ ਜਸਵੀਰ ਸਿੰਘ ਦੀ ਅਗਵਾਈ ਹੇਠ ਸਮੁੱਚੀ ਕਮੇਟੀ ਵੱਲੋਂ ਪੰਜ ਪਿਆਰਿਆਂ ਤੇ ਸਮੂਹ ਪ੍ਰਾਣੀਆਂ ਨੂੰ ਸਨਮਾਨਤ ਕੀਤਾ ਗਿਆ।

### ਰੋਜ਼ਗਾਰ ਕੈਂਪ ਅੱਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਤੇ ਸਿਖਲਾਈ ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 24 ਜਨਵਰੀ ਨੂੰ ਸਵੇਰੇ ਸਾਢੇ 10 ਵਜੇ ਰੋਜ਼ਗਾਰ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਦੀ ਆਈ-ਬਲਾਕ, ਦੂਜੀ ਮੰਜਿਲ ਵਿਖੇ ਸਥਿਤ ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਤੇ ਸਿਖਲਾਈ ਦਫਤਰ ਵਿਖੇ ਲਗਾਇਆ ਜਾਵੇਗਾ।ਇਹ ਜਾਣਕਾਰੀ ਜ਼ਿਲ੍ਹਾ ਰੋਜ਼ਗਾਰ ਅਫਸਰ ਹਰਮੇਸ਼ ਕੁਮਾਰ ਨੇ ਦਿੱਤੀ।ਉਨ੍ਹਾ ਦੱਸਿਆ ਕਿ ਇਸ ਰੋਜ਼ਗਾਰ ਕੈਂਪ ਵਿੱਚ ਭਾਗ ਲੈਣ ਵਾਲੀ ਕੰਪਨੀ ਰਿਲਾਇੰਸ ਜੀਓ ਵੱਲੋਂ ਕੇਵਲ ਲੜਕੀਆਂ ਦੀ ਇੰਟਰਵਿਊ ਕੀਤੀ ਜਾਵੇਗੀ ਤੇ ਇੰਟਰਵਿਊ ਵਿੱਚ ਭਾਗ ਲੈਣ ਵਾਲੇ ਉਮੀਦਵਾਰਾਂ ਵੱਲੋਂ ਆਪਣੀ ਵਿੱਦਿਅਕ ਯੋਗਤਾ ਦੇ ਅਸਲ ਸਰਟੀਫਿਕੇਟ, ਆਧਾਰ ਕਾਰਡ ਤੇ ਉਨ੍ਹਾਂ ਦੀਆਂ ਫੋਟੋ ਕਾਪੀਆਂ ਨਾਲ ਲੈ ਕੇ ਆਉਣਾ ਲਾਜ਼ਮੀ ਹੋਵੇਗਾ।ਉਮੀਦਵਾਰਾਂ ਦੀ ਵਿੱਦਿਅਕ ਯੋਗਤਾ ਅੱਠਵੀਂ/ਦਸਵੀਂ/ਬਾਰਵੀਂ/ਗ੍ਰੈਜੂਏਟ ਆਦਿ ਹੋਵੇ ਤੇ ਉਨ੍ਹਾਂ ਦਾ ਫਰੈਸ਼ਰ ਤੇ ਤਜਰਬੇਕਾਰ ਹੋਣਾ ਲਾਜ਼ਮੀ ਹੈ।

# ਕਿਸਾਨ ਮਹਾਂ ਪੰਚਾਇਤ 'ਚ ਮੋਦੀ ਹਕੂਮਤ ਦੇ ਫਿਰਕੂ-ਫਾਸ਼ੀ ਮਨਸੂਬਿਆਂ ਨੂੰ ਨਕਾਮ ਕਰਨ ਦਾ ਅਹਿਦ ਲਿਆ ਜਾਵੇਗਾ : ਉਗਰਾਹਾਂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੀ ਅਗਵਾਈ ਹੇਠ ਜਥੇਬੰਦੀ ਦੇ ਸੂਬਾ ਆਗੂਆਂ ਨੇ ਟੀਚਰ ਹੋਮ ਬਠਿੰਡਾ ਵਿਖੇ ਇੱਕ ਪ੍ਰੈੱਸ ਕਾਨਫਰੰਸ ਕੀਤੀ, ਜਿਸ ਅੰਦਰ ਇਨ੍ਹਾਂ ਆਗੂਆਂ ਨੇ 26 ਜਨਵਰੀ 2023 ਨੂੰ ਜੀਂਦ (ਹਰਿਆਣਾ) ਵਿਖੇ ਸੰਯੁਗਤ ਕਿਸਾਨ ਮੋਰਚੇ ਨਾਲ ਸਬੰਧਤ ਉੱਤਰੀ ਭਾਰਤ ਦੇ 6 ਸੂਬਿਆਂ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਮਹਾਂ ਪੰਚਾਇਤ ਦੇ ਮਕਸਦਾਂ ਤੇ ਤਿਆਰੀਆਂ ਬਾਰੇ ਦੱਸਿਆ। ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਇਸ ਮਹਾਂ ਪੰਚਾਇਤ ਦਾ ਇੱਕ ਅਹਿਮ ਮਕਸਦ ਦੱਸਦਿਆਂ ਕਿਹਾ ਕਿ ਭਾਵੇਂ ਮੋਦੀ ਹਕੂਮਤ ਨੇ ਇਤਿਹਾਸਕ ਕਿਸਾਨ ਸੰਘਰਸ਼ ਦੇ ਭਾਰੀ ਦਬਾਅ ਅੱਗੇ ਝੁਕਦਿਆਂ ਤਿੰਨ ਕਾਲੇ ਖੇਤੀ ਕਾਨੂੰਨ ਵਾਪਸ ਲੈ ਲਏ ਸਨ, ਪਰ ਸੰਘਰਸ਼ ਦੀ ਸਮਾਪਤੀ ਸਮੇਂ ਇਸ ਦੀਆਂ ਬਹੁਤ ਅਹਿਮ ਮੰਗਾਂ ਅਜੇ ਖੜੀਆਂ ਸਨ, ਜਿਨ੍ਹਾਂ ਨੂੰ ਪੂਰਾ ਕਰਨ ਦਾ ਹਕੂਮਤ ਨੇ ਵਾਅਦਾ ਕੀਤਾ ਸੀ, ਪਰ ਜਿਨ੍ਹਾਂ ਵਿੱਚੋਂ ਉਸ ਨੇ ਇੱਕ ਵੀ ਮੰਗ ਪੂਰੀ ਨਹੀਂ ਕੀਤੀ। ਇਸ ਮਹਾਂ ਪੰਚਾਇਤ ਦਾ ਦੂਜਾ ਅਹਿਮ ਮਕਸਦ ਦੱਸਦਿਆਂ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਕਿਹਾ ਕਿ ਅੱਜ ਤੋਂ 2 ਵਰ੍ਹੇ ਪਹਿਲਾਂ 26 ਜਨਵਰੀ 2021 ਨੂੰ ਮੋਦੀ ਹਕੂਮਤ ਨੇ ਫਿਰਕੂ ਪੱਤਾ ਖੇਡਦਿਆਂ ਸੰਘਰਸ਼ ਤੋਂ ਪਰਾਈਆਂ ਫਿਰਕੂ ਸ਼ਕਤੀਆਂ ਨਾਲ ਨੰਗੀ ਚਿੱਟੀ ਸਾਂਠਗਾਂਠ ਕਰਦਿਆਂ ਸੰਘਰਸ਼ ਨੂੰ ਕੁਚਲਨ ਦੀ ਸਾਜ਼ਿਸ਼ ਰਚੀ ਸੀ, ਜੋ ਕਿ ਕਿਸਾਨ ਜਨਤਾ ਦੀ ਤਾਕਤ ਦੇ ਜ਼ੋਰ ਤੇ ਕਿਸਾਨ ਸੰਘਰਸ਼ ਅੰਦਰਲੀਆਂ ਅਹਿਮ ਕਿਸਾਨ ਜਥੇਬੰਦੀਆਂ ਦੀ ਦਰੁਸਤ ਪੁਹੰਚ ਤੇ ਦਮਖਮ ਦੇ ਜ਼ੋਰ ਨਕਾਮ ਕਰ ਦਿੱਤੀ ਗਈ ਸੀ। ਖੇਤੀ ਕਾਨੂੰਨ ਵਾਪਸ ਕਰਨ ਦੇ ਬਾਵਜੂਦ ਮੋਦੀ ਹਕੂਮਤ ਵੱਲੋਂ ਉਹੀ ਮਨਸੂਬਾ ਤੇ ਸਾਜ਼ਿਸ਼ ਨਾ ਸਿਰਫ ਅਜੇ ਤਿਆਗੇ, ਸਗੋਂ ਵੱਖ-ਵੱਖ ਰੂਪਾਂ 'ਚ ਨਵੇਂ ਸਿਰਿਓਂ ਤੇਜ਼ ਕੀਤੇ ਜਾ ਰਹੇ ਹਨ। ਉਸ ਵੱਲੋਂ ਨਾ ਸਿਰਫ ਖੇਤੀ ਕਾਨੂੰਨਾਂ ਨੂੰ ਹੀ ਵੱਖ-ਵੱਖ ਰੂਪਾਂ 'ਚ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਸਗੋਂ ਵੱਖ-ਵੱਖ ਸਿਆਸੀ ਚਾਲਾਂ ਚੱਲ ਕੇ ਪੰਜਾਬ ਅੰਦਰ ਸੱਤਾ ਹਥਿਆਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸਗੋਂ ਪੰਜਾਬ ਅੰਦਰ ਵੱਖ-ਵੱਖ ਫਿਰਕੂ ਸ਼ਕਤੀਆਂ ਨੂੰ ਸਹਿ ਦੇ ਕੇ ਪੰਜਾਬ ਅੰਦਰ ਫਿਰਕੂ ਪਾਟਕ ਪਾਉਣ ਤੇ ਪੰਜਾਬ, ਹਰਿਆਣਾ ਦੇ ਝਗੜੇ ਖੜੇ ਕਰਕੇ ਸੰਯੁਕਤ ਕਿਸਾਨ ਮੋਰਚੇ ਨੂੰ ਪਾੜਨ ਖਿੰਡਾਉਣ ਅਤੇ ਕਿਸਾਨ ਏਕਤਾ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜੀਂਦ ਦੀ ਕਿਸਾਨ ਮਹਾਂ ਪੰਚਾਇਤ ਅੰਦਰ ਸੰਯੁਗਤ ਕਿਸਾਨ ਮੋਰਚੇ ਨੂੰ ਹੋਰ ਮਜ਼ਬੂਤ ਕਰਨ, ਪੰਜਾਬ ਹਰਿਆਣਾ ਦੇ ਕਿਸਾਨਾਂ ਦੀ ਏਕਤਾ ਨੂੰ ਹੋਰ ਮਜ਼ਬੂਤ ਕਰਨ ਤੇ ਮੋਦੀ ਹਕੂਮਤ ਦੇ ਫਿਰਕੂ-ਫਾਸ਼ੀ ਮਨਸੂਬਿਆਂ ਨੂੰ ਨਕਾਮ ਕਰਨ ਦਾ ਅਹਿਦ ਲਿਆ ਜਾਵੇਗਾ। ਮਹਾਂ ਪੰਚਾਇਤ ਲਈ ਤਿਆਰੀਆਂ ਦੀ ਗੱਲ ਕਰਦਿਆਂ ਜਥੇਬੰਦੀ ਦੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ਨੇ ਕਿਹਾ ਕਿ ਸਾਡੀ ਜਥੇਬੰਦੀ ਵੱਲੋਂ ਇਨ੍ਹਾਂ ਤਿਆਰੀਆਂ ਲਈ ਵਿਸ਼ਾਲ ਕਿਸਾਨ ਮੀਟਿੰਗਾਂ, ਰੈਲੀਆਂ, ਮੋਟਰਸਾਈਕਲ ਮਾਰਚਾਂ ਤੇ ਨੁੱਕੜ ਨਾਟਕਾਂ ਦੇ ਰੂਪ 'ਚ ਵਿਸ਼ਾਲ ਮੁਹਿਮ ਜਥੇਬੰਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਹਾਂ ਪੰਚਾਇਤ ਦੀਆਂ ਤਿਆਰੀਆਂ ਪੂਰੀ ਤਰ੍ਹਾਂ ਮੁਕੰਮਲ ਹੋ ਚੁੱਕੀਆਂ ਹਨ। ਸਾਡੀ ਜਥੇਬੰਦੀ ਵੱਲੋਂ ਲਗਭਗ ਹਜ਼ਾਰ ਵੱਡੀਆਂ ਬੱਸਾਂ ਤੇ ਅਨੇਕਾਂ ਨਿੱਕੇ ਸਾਧਨਾਂ ਰਾਹੀਂ ਘੱਟੋ-ਘੱਟ ਪੰਜਾਹ ਹਜ਼ਾਰ ਕਿਸਾਨਾਂ ਦਾ ਵਿਸ਼ਾਲ ਕਾਫਲਾ ਇਸ ਮਹਾਂ ਪੰਚਾਇਤ ਵਿੱਚ ਸ਼ਾਮਲ ਹੋਵੇਗਾ। ਇਸ ਵਿੱਚ ਵੱਡੀ ਪੱਧਰ 'ਤੇ ਔਰਤਾਂ ਦੀ ਸ਼ਮੂਲੀਅਤ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।

# ਨਸ਼ੀਲੇ ਪਦਾਰਥ ਰੱਖਣ ਦੇ ਦੋਸ਼ 'ਚ 12 ਸਾਲ ਦੀ ਸਜ਼ਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਦੀ ਸੈਸ਼ਨ ਅਦਾਲਤ ਵੱਲੋਂ ਮੈਡੀਕਲ ਗੋਲੀਆਂ, ਕੈਪਸੂਲ ਤੇ ਹੈਰੋਇਨ ਰੱਖਣ ਵਾਲੇ ਇੱਕ ਵਿਅਕਤੀ ਨੂੰ ਭੁਗਤੀਆਂ ਗਵਾਹੀਆਂ ਦੇ ਆਧਾਰ 'ਤੇ ਦੋਸ਼ੀ ਕਰਾਰ ਦਿੰਦੇ ਹੋਏ 12 ਸਾਲ ਕੈਦ ਦੀ ਸਜ਼ਾ ਸੁਣਾਈ ਹੈ। ਮਿਲੀ ਜਾਣਕਾਰੀ ਅਨੁਸਾਰ ਥਾਣਾ ਗੁਰੂ ਹਰਸਹਾਏ ਪੁਲਸ ਵੱਲੋਂ 17 ਜੁਲਾਈ 2019 ਨੂੰ ਦਰਜ ਮਾਮਲੇ 'ਚ ਸਹਾਇਕ ਸਬ ਇੰਸਪੈਕਟਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਘਟਨਾ ਵਾਲੇ ਦਿਨ ਪੁਲਸ ਸਾਥੀਆਂ ਸਮੇਤ ਸ਼ੱਕੀ ਪੁਰਸ਼ਾਂ ਦੀ ਤਲਾਸ਼ 'ਚ ਗਸ਼ਤ ਕਰ ਰਹੇ ਸਨ ਤਾਂ ਮੁਖ਼ਬਰ ਦੀ ਇਤਲਾਹ 'ਤੇ ਮੁਲਜ਼ਮ ਨੂੰ ਕਾਬੂ ਕਰਕੇ ਗੋਲੀਆਂ, ਕੈਪਸੂਲ ਤੇ 10 ਗ੍ਰਾਮ ਹੈਰੋਇਨ ਬਰਾਮਦ ਕੀਤੀ।

ਇਸ ਸਬੰਧੀ ਮਾਮਲੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਫਿਰੋਜ਼ਪੁਰ ਮੈਡਮ ਰਾਜਵਿੰਦਰ ਕੌਰ ਦੀ ਅਦਾਲਤ ਨੇ ਨਾਮਜ਼ਦ ਮੁਲਜ਼ਮ ਅਜੇ ਕੁਮਾਰ ਉਰਫ਼ ਅਜੀ ਪੁੱਤਰ ਛਿੰਦਰ ਪਾਲ ਵਾਸੀ ਉਲਟਾ ਵੇਹੜਾ ਗੁਰੂ ਹਰਸਾਏ ਨੂੰ ਮੁਲਜ਼ਮ ਕਰਾਰ ਦਿੰਦੇ ਹੋਏ 12 ਸਾਲ ਕੈਦ ਤੇ ਇੱਕ ਲੱਖ ਨਕਦ ਜਰਮਾਨਾ ਭਰਨ ਦਾ ਹੁਕਮ ਦਿੱਤਾ।

Before the District Consumer Disputes Redressal Commission, SCO No. 100, Adjoining Hotel P.R. Residency, Block B, Ranjit Avenue, Amritsar

CC No. 540 of 2022

Smt. Gurpreet Kaur W/o S. Balraj Singh Village Khojala, Teh. Batala, Distt. Gurdaspur ...........Complainant

Versus : 1. M/s. Sarvotam Hi-Tech Infra Developers Ltd. through its MD/CEO/ Authorized Officer, 1-2, Deep Complex, Opp. Doaba Automobiles, Court Road, Amritsar sevices also at 72-73, Railway Link Road, Amritsar. Phone No. 0183-5014545.

2. Sh. Malook Singh Uppal CMD/Partner M/s. Sarvotam Hi-Tech Indra Developers Ltd., R/o House No. 95, NRI Colony, Loharka Road, Amritsar. Service also at-
Village Fatoobhila Near Chawinda Devi, Tehsil and Distt. Amritsar.

3. Sh. Jagjit Singh Director of M/s. Sarvotam Hi Tech Infra Developers Ltd. R/o V.P.O. Varpal Kalan, Tehsil and District Amritsar.

4. Gurpreet Singh Uppal Director of M/s. Sarvotam Hi Tech Devilopers Ltd. Village Fatubhilla, District Amritsar.

5. Mr. Patras Chhabra Marketing Manager M/s. Sarvortam Hi Tech Infra Developers Ltd. R/o Gali No.1, Near Polispoint, Rattan Singh Chowk, Fatehgarh Churian Road, Amritsar. M.-98882746823 .....Opposite parties

Whereas it has been proved to the satisfaction of this Commission that opposite Parties No.1 to 4 named above cannot be served by ordinary process and was. therefore, ordered to be served through substituted service. Notice is being issued to the above named opposite party No. 1 to 4 to appear before this Commission either personally or through duly authorized agent/counsel on 25.1.2023 failing which ex-parte proceedings shall be heard against the above named opposite parties. No. 1 to 4.

Issued on this 20th day of December 2022

(Jagdishwar Kumar Chopra)

President
Distt. Consumer Disputes Redressal Commission, Amritsar.

Dec/Asr/31/23 Date 10/1/23

Before the District Consumer Disputes Redressal Commission, SCO No. 100, Adjoining Hotel P.R. Residency, Block B, Ranjit Avenue, Amritsar

CC No. 544 of 2022

Smt. Rajwant Kaur W/o Late S. Sukhwant Singh H. No. 162, Kapoori Gate, Majma Mohalla, Batala, Punjab ..........Complainant

Versus : 1. M/s. Sarvotam Hi-Tech Infra Developers Ltd. through its MD/CEO/ Authorized Officer, 1-2, Deep Complex, Opp. Doaba Automobiles, Court Road, Amritsar sevices also at 72-73, Railway Link Road, Amritsar. Phone No. 0183-5014545.

2. Sh. Malook Singh Uppal CMD/Partner M/s. Sarvotam Hi-Tech Indra Developers Ltd., R/o House No. 95, NRI Colony, Loharka Road, Amritsar. Service also at-
Village Fatoobhila Near Chawinda Devi, Tehsil and Distt. Amritsar.

3. Sh. Jagjit Singh Director of M/s. Sarvotam Hi Tech Infra Developers Ltd. R/o V.P.O. Varpal Kalan, Tehsil and District Amritsar.

4. Gurpreet Singh Uppal Director of M/s. Sarvotam Hi Tech Infra Devilopers Ltd. Village Fatubhilla, District Amritsar.

5. Mr. Patras Chhabra Marketing Manager M/s. Sarvortam Hi Tech Infra Developers Ltd. R/o Gali No.1, Near Polispoint, Rattan Singh Chowk, Fatehgarh Churian Road, Amritsar. M.-98882746823 .....Opposite parties

Whereas it has been proved to the satisfaction of this Commission that opposite Parties No.1 to 4 named above cannot be served by ordinary process and was. therefore, ordered to be served through substituted service. Notice is being issued to the above named opposite party No. 1 to 4 to appear before this Commission either personally or through duly authorized agent/counsel on 25.1.2023 failing which ex-parte proceedings shall be heard against the above named opposite parties. No. 1 to 4.

Issued on this 20th day of December 2022

(Jagdishwar Kumar Chopra)
President
Distt. Consumer Disputes Redressal Commission, Amritsar.

Dec/Asr/35/23 Date 10/1/23

# ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਕਣਕ ਦੀ ਫਸਲ ਦਾ ਸਰਵੇਖਣ



**ਮੱਖੂ (ਰਛਪਾਲ ਸਿੰਘ ਸੰਧੂ)**-ਮੁੱਖ ਖੇਤੀਬਾੜੀ ਅਫਸਰ ਫਿਰੋਜ਼ਪੁਰ ਤੇਜਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇਸ ਸੀਜ਼ਨ ਦੌਰਾਨ ਹੱਦ ਤੋਂ ਵੱਧ ਪਏ ਕੋਹਰੇ ਦੇ ਕਾਰਨ ਵੱਖ ਵੱਖ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਡਾ. ਬਲਵਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ ਮੱਖੂ ਦੀ ਅਗਵਾਈ ਹੇਠ ਡਾ. ਬਚਿੱਤਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਤੇ ਸਿਮਰਪਾਲ ਸਿੰਘ ਬਲਾਕ ਟੈਕਨਾਲੋਜੀ ਮੈਨੇਜਰ ਮੱਖੂ ਵੱਲੋਂ ਪਿੰਡ ਜੋਗੇਵਾਲਾ ਦੇ ਅਗਾਂਹਵਧੂ ਕਿਸਾਨ ਸਤਨਾਮ ਸਿੰਘ ਤੇ ਪਿੰਡ ਮੱਲੇਵਾਲਾ ਦੇ ਕਿਸਾਨ ਗੁਰਲਾਭ ਸਿੰਘ ਦੇ ਖੇਤਾਂ ਵਿੱਚ ਕਣਕ ਦੀ ਫਸਲ ਦਾ ਸਰਵੇਖਣ ਕੀਤਾ ਤੇ ਪਾਇਆ ਕਿ ਭਾਵੇਂ ਕਣਕ ਦੀ ਫਸਲ ਵਾਸਤੇ ਕੋਹਰਾ ਚੰਗਾ ਮੰਨਿਆ ਜਾਂਦਾ ਹੈ, ਪਰ ਇਸ ਵਾਰ ਹੱਦ ਤੋਂ ਵੱਧ ਪਏ ਕੋਹਰੇ ਤੇ ਲਗਾਤਾਰ ਤਾਪਮਾਨ ਡਿੱਗੇ ਰਹਿਣ ਕਾਰਨ ਕਣਕ ਦੀ ਫਸਲ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ ਅਤੇ ਦੋਗੀਆਂ ਵਿੱਚ ਕਣਕ ਦੀ ਫਸਲ ਦੇ ਪੱਤੇ ਸੁੱਕੇ ਦੇਖੇ ਗਏ।

ਇਸ ਦੇ ਇਲਾਜ ਲਈ ਪੁੱਛੇ ਜਾਣ 'ਤੇ ਉਨ੍ਹਾਂ ਦੱਸਿਆ ਕਿ ਇਸ ਸਮੇਂ ਕਿਸੇ ਵੀ ਸਪਰੇਅ ਦੀ ਸਿਫਾਰਸ਼ ਨਹੀਂ ਹੈ ਤੇ ਇਸ ਦੇ ਹੱਲ ਲਈ ਯੂਨੀਵਰਸਿਟੀ ਦੇ ਫਸਲ ਵਿਗਿਆਨੀਆਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ।

ਡਾ. ਬਲਵਿੰਦਰ ਸਿੰਘ ਵੱਲੋਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਪੀਲੀ ਕੁੰਗੀ ਦੇ ਰੋਕਥਾਮ ਲਈ ਕਣਕ ਦੀ ਫਸਲ ਦੇ ਖੇਤਾਂ ਦਾ ਦੌਰਾ ਲਗਾਤਾਰ ਕਰਨ ਤੇ ਪੱਤਿਆ ਦੇ ਪੀਲੇ ਧੱਬੇ ਲੰਮੀਆਂ ਧਾਰੀਆਂ ਦੇ ਰੂਪ ਵਿੱਚ ਦਿਖਾਈ ਦੇਣ ਅਤੇ ਪੱਤਿਆਂ 'ਤੇ ਹਲਦੀ ਨੁਮਾ ਧੂੜਾ ਨਜ਼ਰ ਆਉਣ 'ਤੇ 200 ਗ੍ਰਾਮ ਕੈਵੀਅਟ 25 ਡਬਲਯੂ ਜੀ (ਟੇਬੁਕੋਨਾਜੋਲ) ਜਾਂ 120 ਗ੍ਰਾਮ ਨੋਵੀਟੋ 75 ਡਬਲਯੂਜੀ (ਟ੍ਰਾਈਫਲੋਕਸੀਸਟਰੋਬਿਨ+ਟੇਬੁਕੋਨਾਜੋਲ) ਜਾਂ 200 ਮਿਲਿਲਿਟਰ ਅੰਮਪੈਕਟ (ਐਕਸਟਰਾਟਰੋਬਿਨ+ਸਾਈਪਰਾਕੋਨਾਜੋਲ) ਜਾਂ 200 ਮਿਲੀਲਿਟਰ ਉਪੇਰਾ 18.3 ਐੱ ਈ (ਪਾਈਰੋਕਲੋਸਟਰੋਬਿਨ+ਇਪੋਕਸੀਕੋਨਾਜੋਲ) ਜਾਂ 200 ਮਿਲਿਲਿਟਰ ਕਸਟੋਡੀਆ 320 ਐਸ ਸੀ (ਐਜੋਕਸੀਸਟਰੋਬਿਨ+ਟੇਬੂਕੋਨਾਜੋਲ) ਜਾਂ 200 ਮਿਲਿਲਿਟਰ ਟਿਲਟ 25 ਈ ਸੀ/ਸਾਇਨ 25ਈਸੀ/ਬੰਪਰ 25 ਈ ਸੀ/ ਸਟਿਲਟ 25ਈਸੀ/ ਕੰਪਾਸ 25 ਈ ਸੀ/ ਮਾਰਕਜੋਲ 25 ਈ ਸੀ (ਪ੍ਰੋਪੀਕੋਨਾਜੋਲ) ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰਨ ਦੀ ਸਲਾਹ ਦਿੱਤੀ।

# ਸਾਬਕਾ ਚੇਅਰਮੈਨ ਕਾਲੇਕੇ ਕਾਂਗਰਸੀ ਸਫ਼ਾਂ 'ਚ ਬਣੇ ਲੋਕਪ੍ਰਿਯ ਆਗੂ : ਰਾਜੇਆਣਾ

## ਹਲਕੇ ਦੇ ਕਾਂਗਰਸੀ ਆਗੂ ਤੇ ਵਰਕਰ ਪੂਰੀ ਤਰ੍ਹਾਂ ਇੱਕਜੁੱਟ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਕਾਂਗਰਸ ਪਾਰਟੀ ਦੇ ਸਰਪੰਚ ਗਗਨ ਨਿਗਾਹਾ, ਸੀਪਾ ਰਾਜੇਆਣਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਆਗੂ ਸੁੱਖਾ ਲੰਗੇਆਣਾ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਨੇ ਪੂਰੇ ਪੰਜਾਬ ਦੇ ਵਰਕਰਾਂ ਨੂੰ ਉਤਸ਼ਾਹਤ ਕੀਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ (ਬਾਬਾ) ਦੀ ਰਹਿਨੁਮਾਈ ਹੇਠ ਹਲਕਾ ਬਾਘਾ ਪੁਰਾਣਾ ਤੋਂ ਕਾਂਗਰਸੀ ਆਗੂਆਂ ਤੇ ਵਰਕਰਾਂ ਦਾ ਵੱਡਾ ਕਾਫ਼ਲਾ ਬੱਸਾਂ ਤੇ ਵੱਖ-ਵੱਖ ਵਾਹਨਾਂ ਰਾਹੀਂ ਭਾਰਤ ਜੋੜੋ ਯਾਤਰਾ ਵਿੱਚ ਸ਼ਾਮਲ ਹੋਇਆ, ਜਿਸ 'ਤੇ ਕੁੱਲ ਹਿੰਦ ਕਾਂਗਰਸ ਦੇ ਕੌਮੀ ਆਗੂ ਰਾਹੁਲ ਗਾਂਧੀ ਤੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਜਗਸੀਰ ਸਿੰਘ ਕਾਲੇਕੇ ਦੀ ਤਾਰੀਫ ਕਰਦਿਆਂ ਇਸੇ ਤਰ੍ਹਾਂ ਹੀ ਪਾਰਟੀ ਦੀਆਂ ਸਰਗਰਮੀਆਂ ਬਣਾਈ ਰੱਖਣ ਤੇ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਵਿੱਢਣ ਲਈ ਕਿਹਾ। ਉਨ੍ਹਾਂ ਕਿਹਾ ਕਿ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਵਿੱਚ ਹਲਕੇ ਦੇ ਕਾਂਗਰਸੀ ਆਗੂ ਤੇ ਵਰਕਰ ਪੂਰੀ ਤਰ੍ਹਾਂ ਇੱਕਜੁੱਟ ਹਨ ਤੇ ਕਾਂਗਰਸੀ ਸਫ਼ਾਂ ਵਿੱਚ ਜਗਸੀਰ ਸਿੰਘ ਕਾਲੇਕੇ ਨੇ ਲੋਕਪ੍ਰਿਅਤਾ ਹਾਸਲ ਕੀਤੀ ਹੈ। ਉਕਤ ਆਗੂਆਂ ਨੇ ਕਿਹਾ ਕਿ ਭਾਜਪਾ ਨੇ ਦੇਸ਼ ਅੰਦਰ ਸਰਕਾਰੀ ਏਜੰਸੀਆਂ ਈ ਡੀ, ਸੀ ਬੀ ਆਈ, ਇਨਕਮ ਟੈਕਸ ਆਦਿ ਰਾਹੀਂ ਡਰ ਦਾ ਮਾਹੌਲ ਸਿਰਜਿਆ ਹੈ ਅਤੇ ਇਸ ਮਾਹੌਲ ਰਾਹੀਂ ਦੇਸ਼ ਦੇ ਲੋਕਾਂ ਵਿੱਚ ਨਫਰਤ ਫੈਲਾਈ ਜਾ ਰਹੀ ਹੈ। ਮਹਿੰਗਾਈ, ਬੀਮਾ ਯੋਜਨਾ, ਗਲਤ ਜੀ ਐੱਸ ਟੀ, ਨੋਟਬੰਦੀ, ਕਿਸਾਨਾਂ ਦੀ ਖਾਦ ਦੀ ਸਮੱਸਿਆ ਬਾਰੇ ਕਦੇ ਵੀ ਚਰਚਾ ਨਹੀਂ ਕੀਤੀ ਜਾਂਦੀ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਇਸ ਵਾਰ ਦੇਸ਼ ਦੀ ਸੱਤਾ ਕਾਂਗਰਸ ਪਾਰਟੀ ਦੇ ਹੱਥ ਵਿੱਚ ਹੋਵੇਗੀ।

# ਸੁਪਰੀਮ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਮਾਰੀ ਬਾਜ਼ੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਸੁਪਰੀਮ ਇੰਟਰਨੈਸ਼ਨਲ ਸਕੂਲ ਕਸਬਾ ਦੇ ਵਿਦਿਆਰਥੀਆਂ ਨੇ ਇੰਟਰਨੈਸ਼ਨਲ ਸੁਸਾਇਟੀ ਫਾਰ ਓਲੰਪੀਆਡ ਪੇਪਰ ਦਾ ਪਹਿਲਾ ਪੜਾਅ ਪਾਸ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਜ਼ਿਲ੍ਹੇ ਦੇ ਸਾਰੇ ਸਕੂਲਾਂ ਵਿੱਚੋਂ ਸਿਰਫ ਦੋ ਸਕੂਲਾਂ ਦੇ ਬੱਚੇ ਹੀ ਅਗਲੇ ਪੜਾਅ ਦੇ ਪੇਪਰ ਲਈ ਚੁਣੇ ਗਏ ਹਨ, ਜਿਨ੍ਹਾਂ ਵਿੱਚੋਂ ਸੁਪਰੀਮ ਇੰਟਰਨੈਸ਼ਨਲ ਸਕੂਲ ਇੱਕ ਹੈ। ਇਸ ਸਕੂਲ ਦੀਆਂ ਪਹਿਲੀ ਜਮਾਤ ਦੀਆਂ ਵਿਦਿਆਰਥਣਾਂ ਪਰਲੀਨ ਕੌਰ ਨੇ ਅੰਗਰੇਜ਼ੀ ਤੇ ਹਿਸਾਬ, ਮਨਸੁਖ ਕੌਰ ਨੇ ਹਿਸਾਬ ਤੇ ਤੀਸਰੀ ਜਮਾਤ ਦੀ ਵਿਦਿਆਰਥਣ ਨੇ ਅੰਗਰੇਜ਼ੀ ਅਤੇ ਸਾਇੰਸ ਵਿੱਚ ਬਹੁਤ ਹੀ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਪਾਸ ਕੀਤਾ ਅਤੇ ਹੁਣ ਅੱਗੇ ਜ਼ਿਲ੍ਹੇ ਪੱਧਰ ਦੇ ਪੇਪਰ ਲਈ ਚੁਣੇ ਗਏ ਹਨ, ਜੋ ਪੂਰੇ ਬਰਨਾਲਾ ਜ਼ਿਲ੍ਹੇ ਤੇ ਸੁਪਰੀਮ ਸਕੂਲ ਲਈ ਬੜੀ ਮਾਣ ਵਾਲੀ ਗੱਲ ਹੈ। ਸੁਪਰੀਮ ਐਜੂਕੇਸ਼ਨ ਸੁਸਾਇਟੀ ਦੇ ਡਾਇਰੈਕਟਰ ਡਾ. ਚਰਨ ਸਿੰਘ ਤੇ ਚੇਅਰਮੈਨ ਸ਼੍ਰੀ ਜੋਗਿੰਦਰ ਪ੍ਰਸ਼ਾਦ ਸ਼ਰਮਾ ਨੇ ਬੱਚਿਆਂ, ਅਧਿਆਪਕਾਂ, ਮਾਪਿਆਂ ਅਤੇ ਸਕੂਲ ਦੀ ਪ੍ਰਿੰਸੀਪਲ ਨੂੰ ਬਹੁਤ ਵਧਾਈਆਂ ਦਿੱਤੀਆਂ। ਸੁਪਰੀਮ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਸ਼ਿਆਮਾ ਨਾਇਰ ਨੇ ਇਸ ਸਫ਼ਲਤਾ ਦਾ ਸਿਹਰਾ ਬੱਚਿਆਂ ਤੇ ਅਧਿਆਪਕਾਂ ਦੀ ਮਿਹਨਤ ਦੇ ਸਿਰ ਬੰਨ੍ਹਿਆ।

Court Notice

In the Court of Ms. Shaweta Judicial Magistrate First Class, Amritsar.

CNR No. PBAS03-0059322022

Next Date : 6.2.2023

Sweta W/o Saurabh D/o Jameet Singh R/o Rajasansi, Airport Road, New Adda, Near Billa Karyana Store, Tehsil & Distt. Amritsar.

Petitioner/Complainant

Versus

Saurabh & others

Notice to : 1. Saurabh S/o Dilbagh Singh 2. Dilbagh Singh S/o Roshan Lal 3. Indu Bala W/o Dilbagh Singh 4. Samridhi D/o Dilbagh Singh All r/o V.P.O. Dadh Jhikla, Ward No. 2, Tehsil Palampur, Distt. Kangra, Himachal Pradesh 5. Shruti D/o Dilbagh Singh R/o 605/73-A, Near 27 feet Road, Guru Nanak Nagar, Jamalpur, Awana, Ludhiana.

Respondents/Accused

In the above titled petition the respondent could not be served. It is ordered that the respondent should appear in person or through counsel on 6.2.2023 at 10.00.

For details logon to https://highcourtchd.gov.in/?trs=district notice&district=Amritsar

Judicial Magistrate First Class, Amritsar.

Before the District Consumer Disputes Redressal Commission, SCO No. 100, Adjoining Hotel P.R. Residency, Block B, Ranjit Avenue, Amritsar

CC No. 604 of 2022

Pargat Masih Son of Sohan Masih R/o Khushalpur. Tehsil Dera baba Nanak, Distt. Gurdaspur

Versus : 1. M/s. Sarvotam Hi-Tech Infra Developers Ltd. through its MD/CEO/ Authorized Officer, 1-2, Deep Complex, Opp. Doaba Automobiles, Court Road, Amritsar sevices also at 72-73, Railway Link Road, Amritsar. Phone No. 0183-5014545.

2. Sh. Malook Singh Uppal CMD/Partner M/s. Sarvotam Hi-Tech Indra Developers Ltd., R/o House No. 95, NRI Colony, Loharka Road, Amritsar. Service also at-
Village Fatoobhila Near Chawinda Devi, Tehsil and Distt. Amritsar.

3. Sh. Jagjit Singh Director of M/s. Sarvotam Hi Tech Infra Developers Ltd. R/o V.P.O. Varpal Kalan, Tehsil and District Amritsar.

4. Gurpreet Singh Uppal Director of M/s. Sarvotam Hi Tech Infra Devilopers Ltd. Village Fatubhilla, District Amritsar.

5. Mr. Patras Chhabra Marketing Manager M/s. Sarvortam Hi Tech Infra Developers Ltd. R/o Gali No.1, Near Polispoint, Rattan Singh Chowk, Fatehgarh Churian Road, Amritsar. M.-98882746823 .....Opposite parties

Whereas it has been proved to the satisfaction of this Commission that opposite Parties No.1 to 4 named above cannot be served by ordinary process and was. therefore, ordered to be served through substituted service. Notice is being issued to the above named opposite party No. 1 to 4 to appear before this Commission either personally or through duly authorized agent/counsel on 25.1.2023 failing which ex-parte proceedings shall be heard against the above named opposite parties. No. 1 to 4.

Issued on this 20th day of December 2022

(Jagdishwar Kumar Chopra)
President
Distt. Consumer Disputes Redressal Commission, Amritsar.

Dec/Asr/34/23 Date 10/1/23

# ਨਸ਼ਿਆਂ ਦੇ ਕੇਸ 'ਚ ਲੋੜੀਂਦੇ ਤਿੰਨ ਭਗੌੜੇ ਕਾਬੂ



ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ. ਵਰਿਆਮ ਸਿੰਘ ਖਹਿਰਾ ਤੇ ਥਾਣਾ ਮੁਖੀ ਭਿੰਦਰ ਸਿੰਘ ਖੰਗੂੜਾ।

**ਸਮਰਾਲਾ (ਸੁਰਜੀਤ ਸਿੰਘ)**

ਸਮਰਾਲਾ ਪੁਲਸ ਨੇ ਨਸ਼ਿਆਂ ਦੇ ਕੇਸ ਵਿੱਚ ਲੋੜੀਂਦੇ ਅਦਾਲਤ ਵੱਲੋਂ ਭਗੌੜੇ ਐਲਾਨੇ ਗਏ ਤਿੰਨ ਵਿਅਕਤੀਆਂ ਨੂੰ ਕਾਬੂ ਕਰ ਲਿਆ ਹੈ। ਪ੍ਰੈੱਸ ਕਾਨਫਰੰਸ ਦੌਰਾਨ ਡੀ.ਐੱਸ.ਪੀ. ਸਮਰਾਲਾ ਵਰਿਆਮ ਸਿੰਘ ਖਹਿਰਾ ਤੇ ਥਾਣਾ ਮੁਖੀ ਭਿੰਦਰ ਸਿੰਘ ਖੰਗੂੜਾ ਨੇ ਦੱਸਿਆ ਕਿ ਭਗੌੜੇ ਵਿਅਕਤੀਆਂ ਨੂੰ ਕਾਬੂ ਕਰਨ ਲਈ ਜ਼ਿਲ੍ਹਾ ਮੁਖੀ ਤੇ ਐੱਸ.ਪੀ. ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਥਾਣਾ ਸਮਰਾਲਾ ਦੀ ਪੁਲਸ ਪਾਰਟੀ ਵੱਲੋਂ ਹਰਮੇਸ਼ ਸਿੰਘ ਉਰਫ ਕਾਲਾ ਤੇ ਜਸਵੀਰ ਸਿੰਘ ਉਰਫ ਬੱਬੂ ਵਾਸੀਆਨ ਸਿਹਾਲਾ ਤੇ ਜਸਵਿੰਦਰ ਸਿੰਘ ਵਾਸੀ ਕਟਾਣੀ ਖੁਰਦ ਨੂੰ ਵੱਖ-ਵੱਖ ਥਾਵਾਂ ਤੇ ਕੀਤੀ ਨਾਕੇਬੰਦੀ ਦੌਰਾਨ ਗ੍ਰਿਫਤਾਰ ਕੀਤਾ ਹੈ। ਸ਼੍ਰੀ ਖਹਿਰਾ ਨੇ ਦੱਸਿਆ ਕਿ ਉਕਤ ਵਿਅਕਤੀਆਂ 'ਤੇ ਨਸ਼ਾ ਵੇਚਣ ਦਾ ਕੇਸ ਦਰਜ ਕੀਤਾ ਗਿਆ ਤੇ ਅਦਾਲਤ ਵੱਲੋਂ ਜ਼ਮਾਨਤ 'ਤੇ ਆਉਣ ਤੋਂ ਬਾਅਦ ਇਹ ਕੁਝ ਸਾਲਾਂ ਤੋਂ ਭਗੌੜੇ ਚਲੇ ਆ ਰਹੇ ਸਨ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀਆਂ ਨੂੰ ਅੱਜ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਇਨ੍ਹਾਂ ਵਿਅਕਤੀਆਂ ਵੱਲੋਂ ਐਨਾ ਸਮਾਂ ਕਿੱਥੇ ਕਿੱਥੇ ਵਾਰਦਾਤਾਂ ਕੀਤੀਆਂ ਹਨ, ਇਸ ਬਾਰੇ ਡੂੰਘਾਈ ਨਾਲ ਤਫਤੀਸ਼ ਕਰਕੇ ਪਤਾ ਲਗਾਇਆ ਜਾਵੇਗਾ। ਡੀ ਐੱਸ ਪੀ ਨੇ ਦੱਸਿਆ ਕਿ ਨਸ਼ੇ ਵੇਚਣ ਵਾਲੇ ਸਮਾਜ ਦੇ ਦੁਸ਼ਮਣ ਹਨ, ਲਿਹਾਜ਼ਾ ਇਨ੍ਹਾਂ ਨਾਲ ਕਿਸੇ ਤਰ੍ਹਾਂ ਦੀ ਨਰਮੀ ਨਹੀਂ ਵਰਤੀ ਜਾ ਸਕਦੀ। ਨਸ਼ਿਆਂ ਖਿਲਾਫ ਛੇੜੀ ਮੁਹਿੰਮ ਦੇ ਚੰਗੇ ਸਿੱਟੇ ਸਾਹਮਣੇ ਆ ਰਹੇ ਹਨ।

# ਨੌਜਵਾਨ ਦਾ ਮੋਬਾਇਲ ਖੋਹ ਕੇ ਫਰਾਰ

ਤਪਾ ਮੰਡੀ (ਅਰੁਣ ਗੋਇਲ, ਮੁਨੀਸ਼ ਬਾਂਸਲ) ਮੋਟਰਸਾਇਕਲ ਸਵਾਰ ਲੁਟੇਰੇ ਵੱਲੋਂ ਇੱਕ ਨੌਜਵਾਨ ਦਾ ਮੋਬਾਇਲ ਖੋਹ ਕੇ ਫਰਾਰ ਹੋਣ ਦੀ ਜਾਣਕਾਰੀ ਮਿਲੀ ਹੈ।

ਮਨਵੇਸ਼ ਬਾਂਸਲ ਨਾਮਕ ਵਾਸੀ ਬਾਗ ਬਸਤੀ ਨੌਜਵਾਨ ਪੈਦਲ ਦੁੱਧ ਲੈ ਕੇ ਅੰਦਰਲੀ ਗਊਸ਼ਾਲਾ ਨਜ਼ਦੀਕ ਪੁੱਜਾ ਤਾਂ ਘਰ ਤੋਂ ਮੋਬਾਇਲ ਆਉਣ 'ਤੇ ਸੁਨਣ ਲੱਗਾ ਤਾਂ ਮੋਟਰਸਾਇਕਲ ਸਵਾਰ ਲੁਟੇਰਾ ਹੱਥ 'ਚੋਂ ਮੋਬਾਇਲ ਖੋਹ ਕੇ ਤਾਜੋ ਕੈਂਚੀਆਂ ਵੱਲ ਫਰਾਰ ਹੋ ਗਿਆ। ਨੌਜਵਾਨ ਨੇ ਮੋਟਰਸਾਇਕਲ ਸਵਾਰ ਦਾ ਦੂਰ ਤੱਕ ਪਿੱਛਾ ਵੀ ਕੀਤਾ, ਪਰ ਹੱਥ ਨਹੀਂ ਆਇਆ। ਇਸ ਸੰਬੰਧੀ ਪੁਲਸ ਚੌਂਕੀ ਤਪਾ 'ਚ ਸ਼ਿਕਾਇਤ ਦਰਜ ਕਰਾ ਦਿੱਤੀ ਹੈ। ਪੁਲਸ ਦਾ ਕਹਿਣਾ ਹੈ ਕਿ ਸੀਸੀਟੀਵੀ ਕੈਮਰੇ ਖੰਘਾਲ ਕੇ ਦੋਸ਼ੀਆਂ ਨੂੰ ਜਲਦੀ ਹੀ ਫੜਨ ਦਾ ਦਾਅਵਾ ਕੀਤਾ।

ਆਮ ਸੂਚਨਾ

ਸੂਚਿਤ ਕੀਤਾ ਜਾਂਦਾ ਹੈ ਕਿ ਮੇਰੇ ਪਲਾਟ ਨੰ. 398, ਲੰਬਾਈ 75 ਫੁੱਟ, ਚੌੜਾਈ 30 ਫੁੱਟ ਕੁੱਲ ਰਕਬਾ 250 ਵਰਗ ਗਜ਼, ਖਸਰਾ ਨੰ. 58//15, ਮਿੰਨ ਖੇਵਟ ਖਤੌਨੀ ਨੰ. 139/307 ਜਮ੍ਹਾਂਬੰਦੀ ਸਾਲ 2008/2009 ਵਾਕਿਆ ਰਕਬਾ ਪੰਡੋਰੀ ਵੜੈਚ, ਤਹਿਸੀਲ ਤੇ ਜ਼ਿਲ੍ਹ ਅੰਮ੍ਰਿਤਸਰ ਅਬਾਦੀ ਐੱਸ ਜੀ ਇਨਕਲੇਵ ਫੇਜ਼-2, ਪੁੱਡ ਤੋਂ ਮਨਜ਼ੂਰਸ਼ੁਦਾ ਕਾਲੋਨੀ, ਜਿਸ ਦਾ ਲਾਇਸੈਂਸ ਨੰਬਰ ਐੱਲ ਡੀ ਸੀ 2004/141 ਮਿਤੀ 24-8-2004 ਅਨੁਸਾਰ ਮਿਲ ਚੁੱਕਾ ਹੈ ਤੇ ਮੇਰੀ ਮਾਲਕੀ ਰਾਹੀਂ ਬੈਨਾਮਾ ਤਸਦੀਕੀ ਮਿਤੀ 6-6-2007 ਵਸੀਕਾ ਨੰ. 3472, ਵਹੀ ਨੰ. 1, ਜਿਲਦ ਨੰ. 2938 ਸਫ਼ਾ ਨੰ. 22/23 ਤੇ ਮਿਤੀ 6-6-2007 ਨੂੰ ਦਰਜ ਤਸਦੀਕੀ ਸਬ-ਰਜਿਸਟਰਾਰ ਅੰਮ੍ਰਿਤਸਰ ਅਨੁਸਾਰ ਖਰੀਦ ਕੀਤੀ ਹੋਈ ਹੈ, ਦੇ ਦਸਤਾਵੇਜ਼ ਕਿਤੇ ਗੁੰਮ ਹੋ ਗਏ ਹਨ, ਜਿਸ ਦੀ ਮੈਂ ਪੁਲਸ ਸ਼ਿਕਾਇਤ ਬੱਸ ਸਟੈਂਡ ਪੁਲਸ ਸਟੇਸ਼ਨ ਬਟਾਲਾ ਵਿਖੇ ਐੱਸ ਆਰ ਨੰ. 302664/2022 ਮਿਤੀ 30-12-2022 ਅਧੀਨ ਦਰਜ ਕਰਵਾਈ ਹੋਈ ਹੈ। ਜੇਕਰ ਮੇਰੇ ਉਕਤ ਪਲਾਟ ਦੇ ਦਸਤਾਵੇਜ਼ ਕਿਸੇ ਨੂੰ ਮਿਲਣ ਤਾਂ ਮੇਰੇ ਪਤੇ 'ਤੇ ਸੂਚਿਤ ਕਰੋ।

ਆਸ਼ਾ ਰਾਣੀ ਪਤਨੀ ਸ੍ਰੀ ਪ੍ਰੇਮ ਨਾਥ, ਭੰਡਾਰੀ ਮੁਹੱਲਾ ਨੱਥੂ ਮੱਲ ਦਾ ਬਾਗ, ਨਜ਼ਦੀਕ ਹਰੀ ਪਬਲਿਕ ਸਕੂ ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ।

24-Jan-PAGE-8.qxd 1/23/2023 10:35 PM Page 1



# ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪਾ ਰਹੀ ਸੰਘਰਸ਼ ਦੇ ਰਾਹ : ਮੈਲਡੇ

**ਜਲੰਧਰ (ਰਾਜੇਸ਼ ਥਾਪਾ)**

ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਜਲੰਧਰ ਵਿਖੇ ਪੰਜਾਬ ਪੈਨਸ਼ਨਰਜ਼ ਯੂਨੀਅਨ ਪੰਜਾਬ (ਏਟਕ) ਰਜਿ: ਨੰ: 47/2016 ਦੀ ਸੂਬਾਈ ਮਹੀਨਾਵਾਰ ਮੀਟਿੰਗ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ ਦੀ ਪ੍ਰਧਾਨਗੀ ਹੇਠ ਹੋਈ। ਸੂਬਾ ਜਨਰਲ ਸਕੱਤਰ ਅਵਤਾਰ ਸਿੰਘ ਗਗੜਾ ਨੇ ਮੀਟਿੰਗ ਸ਼ੁਰੂ ਕਰਦੇ ਹੋਏ ਪਿਛਲੇ ਸਮੇਂ ਦੌਰਾਨ ਵਿਛੜੇ ਸਾਥੀਆਂ ਨੂੰ ਸਾਬਕਾ ਆਗੂ ਜਸਵੰਤ ਸਿੰਘ (ਬਹੱਤਰ) ਇਸ ਪੰਜਾਬ ਰੋਡਵੇਜ਼ ਸ਼੍ਰੀ ਅੰਮ੍ਰਿਤਸਰ ਸਾਹਿਬ ਅਤੇ ਪੈਨਸ਼ਨ ਯੂਨੀਅਨ ਦੇ ਮੌਜੂਦਾ ਆਗੂ ਇੰਦਰਜੀਤ ਸਿੰਘ ਭਿੰਡਰ ਪੰਜਾਬ ਰੋਡਵੇਜ਼ ਮੋਗਾ ਅਤੇ ਹੋਰ ਵੱਖ-ਵੱਖ ਘਟਨਾਵਾਂ ਵਿਚ ਵਿਛੜੇ ਸਾਥੀਆਂ ਦੇ ਰਿਵਾਰਾਂ ਨਾਲ ਦੁੱਖ ਦੀ ਘੜੀ ਵਿਚ ਸ਼ਰੀਕ ਹੁੰਦੇ ਹੋਏ ਦੋ ਮਿੰਟ ਲਈ ਮੌਨ ਧਾਰਨ ਕੀਤਾ ਗਿਆ। ਮੀਟਿੰਗ ਵਿਚ ਸੰਬੋਧਨ ਕਰਦੇ ਹੋਏ ਮੁੱਖ ਸਲਾਹਕਾਰ ਜਗਦੀਸ਼ ਸਿੰਘ ਚਾਹਲ ਨੇ ਦੱਸਿਆ ਕਿ ਮੌਜੂਦਾ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਮੰਨਣ ਤੋਂ ਆਨਾਕਾਨੀ ਕਰਦੀ ਜਾਣਬੁੱਝ ਕੇ ਮੁਲਾਜ਼ਮਾਂ/ਪੈਨਸ਼ਨਰਾਂ ਨੂੰ ਸੰਘਰਸ਼ ਵਿਚ ਪਾ ਕੇ ਸੜਕਾਂ 'ਤੇ ਉਤਾਰ ਰਹੀ ਹੈ, ਠੇਕੇ 'ਤੇ ਕੰਟਰੈਕਟ ਕਾਮਿਆਂ ਨੂੰ ਪੱਕੇ ਨਹੀਂ ਕਰ ਰਹੀ। ਮੀਟਿੰਗ ਵਿਚ ਗੁਰਮੇਲ ਸਿੰਘ ਮੈਲਡੇ, ਅਵਤਾਰ ਸਿੰਘ ਤਾਰੀ, ਸੁੱਚਾ ਸਿੰਘ, ਸਵਰਨ ਸਿੰਘ ਹਠੂਰ, ਅੰਗਰੇਜ ਸਿੰਘ ਮੁਕਤਸਰ ਅਤੇ ਅਵਤਾਰ ਸਿੰਘ ਗਗੜਾ ਜਨਰਲ ਸਕੱਤਰ ਆਦਿ ਆਗੂਆਂ ਨੇ ਦੱਸਿਆ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਵੱਲੋਂ ਪੰਜਾਬ ਸਰਕਰ ਦਾ ਰਾਜ ਭਾਗ ਸੰਭਾਲੇ ਹੋਏ ਲੱਗਭੱਗ ਇਕ ਸਾਲ ਹੋਣ ਵਾਲਾ ਹੈ। ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ ਪੈਨਸ਼ਨਰਾਂ ਨੂੰ 6ਵੇਂ ਤਨਖਾਹ ਕਮਿਸ਼ਨ ਵਿਚ ਕੀਤੀ ਬੇਇਨਸਾਫੀ ਵਿਚ ਸੋਧ ਕਰਕੇ ਪੈਨਸ਼ਨਰਾਂ ਨੂੰ ਮੁਲਾਜ਼ਮਾਂ ਵਾਂਗ 2.59 ਗੁਣਾਕ ਫੈਕਟਰ ਦੇ ਕੇ ਮਿਤੀ



1-1-2016 ਤੋਂ ਪੈਨਸ਼ਨਾਂ ਵਿਚ ਸੋਧ ਕੀਤੀ ਜਾਵੇ, ਮਹੀਨਾ ਜਨਵਰੀ 2016 ਤੋਂ ਬਕਾਏ ਦੀ ਅਦਾਇਗੀ ਯਕ ਮੁਸ਼ਤ ਕੀਤੀ ਜਾਵੇ, ਮਹਾਲੇਖਾਕਾਰ ਪੰਜਾਬ ਵਿਚ ਵੱਖ-ਵੱਖ ਵਿਭਾਗਾਂ ਵਿਚੋਂ ਰਵਾਈਜ਼ ਪੈਨਸ਼ਨ ਦੇ ਕੇਸ ਸਾਲਾਂਬੱਧੀ ਪੈਂਡਿੰਗ ਪਏ ਹਨ। ਉਨ੍ਹਾਂ ਦਾ ਨਿਪਟਾਰਾ ਜਲਦੀ ਕਰਨ ਲਈ ਆਦੇਸ਼ ਜਾਰੀ ਕੀਤੇ ਜਾਣ, ਡਾਇਰੈਕਟਰ ਸਿਹਤ ਵਿਭਾਗ ਵਿਚ ਢੇਰਾਂ ਦੇ ਤਦਾਦ ਵਿਚ ਮੈਡੀਕਲ ਰੀਵਰਸਮੈਂਟ ਦੇ ਬਿੱਲ ਪੈਂਡਿੰਗ ਪਏ ਹਨ ਉਨ੍ਹਾਂ ਬਿੱਲਾਂ ਦਾ ਜਲਦੀ ਨਿਪਟਾਰਾ ਕਰਨ ਲਈ ਆਦੇਸ਼ ਜਾਰੀ ਕੀਤੇ ਜਾਣ। ਪਰ ਪੰਜਾਬ ਸਰਕਾਰ ਮੁਲਾਜ਼ਮਾਂ ਪੈਨਸ਼ਨਰਾਂ ਨਾਲ ਕੀਤੇ ਵਾਅਦੇ ਭੁੱਲ ਚੁੱਕੀ ਹੈ। ਇਸ ਲਈ ਪੰਜਾਬ ਸੁਬਾਰਟੀਨੇਟ ਸਰਵਿਸ ਫੈਡਰੇਸ਼ਨ ਵੱਲੋਂ ਸੰਗਰੂਰ ਵਿਚ ਮਿਤੀ 29-1-2023 ਨੂੰ ਕੀਤੀ ਜਾ ਰਹੀ ਮਹਾਂ ਰੈਲੀ ਵਿਚ ਪੰਜਾਬ ਪੈਨਸ਼ਨਰਜ਼ ਯੂਨੀਅਨ ਪੰਜਾਬ (ਰਜਿ:) ਪੰਜਾਬ ਵਿਚੋਂ ਸੋਲਾਂ ਬਰਾਂਚਾਂ ਵਿਚ ਵੱਧ ਤੋਂ ਵੱਧ ਸਾਥੀਆਂ ਸਮੇਤ ਸੰਗਰੂਰ ਰੈਲੀ ਵਿਚ ਸ਼ਾਮਲ ਹੋਵੇਗੀ। ਮੀਟਿੰਗ ਵਿਚ ਸਾਰੀਆਂ ਬਰਾਂਚਾਂ ਦੇ ਆਗੂ ਸੈਂਟਰ ਬਾਡੀ ਦੇ ਆਗੂ ਹਾਜ਼ਰ ਸਨ। ਜਿਵੇਂ ਕਿ ਬਲਰਾਜ ਸਿੰਘ ਭੰਗੂ, ਸਤਿਆਪਾਲ ਗੁਪਤਾ ਅੰਮ੍ਰਿਤਸਰ, ਇਕਬਾਲ ਸਿੰਘ ਪਠਾਨਕੋਟ, ਪ੍ਰਿਤਪਾਲ ਸਿੰਘ ਪੰਡੋਰੀ ਸੂਬਾ ਕੈਸ਼ੀਅਰ, ਨਸੀਬ ਸਿੰਘ ਜੜੌਤ ਰੋਪੜ ਮੀਤ ਪ੍ਰਧਾਨ, ਸੰਤੋਖ ਸਿੰਘ ਜੁਆਇੰਟ ਸਕੱਤਰ, ਮਨਜੀਤ ਸਿੰਘ ਗਿੱਲ ਸਕੱਤਰ, ਗੁਰਬਖਸ਼ ਸਿੰਘ ਢਿੱਲੋਂ ਸਲਾਹਕਾਰ, ਸਤਪਾਲ ਸਹਿਗਲ, ਚਮਕੌਰ ਸਿੰਘ ਡੱਗਰੂ (ਮੋਗਾ), ਜਗਦੀਸ਼ ਸਿੰਘ ਪ੍ਰਧਾਨ, ਪਰਮਜੀਤ ਸਿੰਘ ਜਨਰਲ ਸਕੱਤਰ, ਹਰਜਿੰਦਰ ਸਿੰਘ ਸੀਲੋਂ, ਵੇਦ ਪ੍ਰਕਾਰ ਬਟਾਲਾ, ਵਿਜੈ ਕੁਮਾਰ, ਸੰਤੋਖ ਸਿੰਘ ਜਲੰਧਰ, ਗੁਰਦੀਪ ਸਿੰਘ ਪਠਾਨਕੋਟ, ਮੁਖਤਿਆਰ ਚੰਦ, ਜਤਿੰਦਰ ਸਿੰਘ ਸੋਹਲ, ਦਲਜੀਤ ਸਿੰਘ, ਮੁਕੰਦ ਲਾਲ ਨਵਾਂਸ਼ਹਿਰ, ਮਹਿੰਦਰ ਸਿੰਘ ਰੋਪੜ, ਉਂਕਾਰ ਸਿੰਘ ਹੁਸ਼ਿਆਰਪੁਰ, ਸੁੱਚਾ ਸਿੰਘ ਨੰਗਲ, ਸਵਰਨ ਸਿੰਘ ਤਰਨ ਤਾਰਨ ਅਤੇ ਗੁਰਮੀਤ ਸਿੰਘ ਚੰਡੀਗੜ੍ਹ ਆਦਿ ਹਾਜ਼ਰ ਸਨ।

# ਸਿਹਤ ਵਿਭਾਗ 'ਸੰਪੂਰਨ ਸਿਹਤ ਦੇਖਭਾਲ' ਪ੍ਰਦਾਨ ਕਰਨ ਲਈ ਚੁੱਕੇਗਾ ਅਗਲਾ ਕਦਮ :ਸਿਹਤ ਮੰਤਰੀ

**ਬਹਿਰਾਮ (ਅਵਤਾਰ ਕਲੇਰ)**

ਪੰਜਾਬ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਨੂੰ ਸਫਲਤਾਪੂਰਵਕ ਸ਼ੁਰੂ ਕਰਨ ਤੋਂ ਬਾਅਦ, ਪੰਜਾਬ ਦਾ ਸਿਹਤ ਵਿਭਾਗ ਸਿਹਤ ਸਵੈ-ਸੰਭਾਲ ਲਈ ਹੋਰ ਕਾਰਗਰ ਕਦਮਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਕੇ 'ਸੰਪੂਰਨ ਸਿਹਤ ਦੇਖਭਾਲ' (ਹੋਲਿਸਟਿਕ ਹੈਲਥ ਕੇਅਰ) ਪ੍ਰਦਾਨ ਕਰਨ ਲਈ ਅਗਲਾ ਕਦਮ ਚੁੱਕੇਗਾ। ਉਨ੍ਹਾਂ ਦੱਸਿਆ ਕਿ ਇਸ ਮਾਡਲ ਤਹਿਤ ਸਰਕਾਰੀ ਸਿਹਤ ਕੇਂਦਰਾਂ ਦੇ ਅਹਾਤੇ ਵਿੱਚ 'ਗਾਰਡਨ ਆਫ਼ ਵੈਲਨੈਸ' ਸਥਾਪਤ ਕੀਤਾ ਜਾਵੇਗਾ, ਜਿਸ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ ਸਜਾਵਟੀ ਫੁੱਲ, ਸੁਗੰਧਿਤ ਔਸ਼ਧੀ ਪੌਦੇ, ਟਹਿਲਕਦਮੀ ਲਈ ਟਰੈਕ, ਮੈਡੀਕੇਸ਼ਨ-ਕਮ-ਯੋਗਾ ਕੇਂਦਰ, ਓਪਨ ਏਅਰ ਜਿੰਮ ਅਤੇ ਫਿਜ਼ਿਓਥਰੈਪੀ ਯੂਨਿਟ ਹੋਣਗੇ ਜੋ ਕਿ ਤੰਦਰੁਸਤ ਜੀਵਨ ਸ਼ੈਲੀ ਦਾ ਅਧਾਰ ਬਣਨਗੇ। ਨਵਾਂਸ਼ਹਿਰ 'ਚ ਆਪਣੇ ਜੱਦੀ ਪਿੰਡ ਭੌਰਾ ਦੇ ਨਾਲ ਲੱਗਦੇ ਸੁੱਜੋਂ ਪ੍ਰਾਇਮਰੀ ਹੈਲਥ ਸੈਂਟਰ ਦੇ ਦੌਰੇ ਦੌਰਾਨ ਸਿਹਤ ਮੰਤਰੀ ਨੇ ਕਿਹਾ ਕਿ ਇੱਥੇ ਆਮ ਆਦਮੀ ਕਲੀਨਿਕ ਸਥਾਪਤ ਕਰਨ ਦੇ ਨਾਲ-ਨਾਲ ਆਸ-ਪਾਸ ਦੇ ਇਲਾਕੇ ਦੇ ਵਸਨੀਕਾਂ ਨੂੰ ਵਧੀਆ ਤਰੀਕੇ ਨਾਲ ਇਲਾਜ ਲਈ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੁੱਜੋਂ ਪੀ ਐਚ ਸੀ ਨੂੰ ਪੰਜਾਬ ਦੇ ਪਹਿਲੇ 'ਗਾਰਡਨ ਆਫ਼ ਵੈਲਨੈਸ' ਵਜੋਂ ਵੀ ਵਿਕਸਤ ਕੀਤਾ ਜਾਵੇਗਾ ਤਾਂ ਜੋ ਇਸ ਨੂੰ ਹੋਰਨਾਂ ਲਈ ਆਦਰਸ਼ ਨਮੂਨੇ ਵਜੋਂ ਪੇਸ਼ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਉਹ ਪੇਂਡੂ ਪੰਜਾਬ ਦੇ ਸਿਹਤ ਢਾਂਚੇ ਬਾਰੇ ਚੰਗੀ ਤਰ੍ਹਾਂ ਜਾਣਦੇ ਹਨ ਕਿਉਂਕਿ ਉਨ੍ਹਾਂ ਨੇ ਉਨ੍ਹਾਂ ਸਮਿਆਂ ਦਾ ਸੰਤਾਪ ਝੱਲਿਆ ਹੈ ਜਦੋਂ ਉਨ੍ਹਾਂ ਦੇ ਪਿਤਾ ਨੂੰ ਆਪਣੇ ਬਿਮਾਰ ਪੁੱਤਰ ਨੂੰ ਡਾਕਟਰ ਕੋਲ ਇਲਾਜ ਲਈ ਲਿਜਾਣ ਲਈ ਕਾਫ਼ੀ ਮੁਸ਼ੱਕਤ ਕਰਨੀ ਪਈ ਸੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਸੂਬੇ ਦੇ ਸਿਹਤ ਢਾਂਚੇ ਨੂੰ ਬਿਹਤਰ ਬਣਾਉਣ ਲਈ ਉਨ੍ਹਾਂ 'ਤੇ ਭਰੋਸਾ ਪ੍ਰਗਟਾਇਆ ਹੈ ਅਤੇ ਉਹ ਉਨ੍ਹਾਂ ਉਮੀਦਾਂ 'ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ। ਪਿੰਡ ਪਹੁੰਚਣ 'ਤੇ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ ਗਿਆ, ਜਿੱਥੇ ਉਨ੍ਹਾਂ ਦੇ ਮਾਤਾ ਜੀ ਨਿਵਾਸ ਕਰਦੇ ਹਨ। ਇਸ ਮੌਕੇ 'ਆਪ' ਆਗੂ ਲਲਿਤ ਮੋਹਨ ਪਾਠਕ, ਸਤਨਾਮ ਸਿੰਘ ਜਲਵਾਹਾ ਚੇਅਰਮੈਨ ਇੰਪਰੂਵਮੈਂਟ ਟਰੱਸਟ, ਬਲਬੀਰ ਸਿੰਘ ਕਰਨਾਣਾ, ਸਿਵਲ ਸਰਜਨ ਡਾ: ਦਵਿੰਦਰ ਢਾਂਡਾ, ਸਹਾਇਕ ਸਿਵਲ ਸਰਜਨ ਡਾ. ਜਸਦੇਵ ਸਿੰਘ, ਐਸ ਪੀ (ਐੱਚ) ਗੁਰਮੀਤ ਕੌਰ, ਡੀ ਐਸ ਪੀ ਬੰਗਾ ਸਰਵਣ ਸਿੰਘ ਬੱਲ ਅਤੇ ਤਹਿਸੀਲਦਾਰ ਨਵਾਂਸ਼ਹਿਰ ਸਰਵੇਸ਼ ਰਾਜਨ ਆਦਿ ਹਾਜ਼ਰ ਸਨ।



# ਬੁਲੇਟ ਮੋਟਰਸਾਈਕਲ ਦੇ ਪਟਾਕੇ ਮਾਰਨ ਵਾਲਿਆਂ ਨੂੰ ਦਿੱਤੀ ਚਿਤਾਵਨੀ



**ਮੋਰਿੰਡਾ (ਜੈਜੀ ਸਰਦਾਰ)**

ਪੰਜਾਬ ਸਰਕਾਰ ਅਤੇ ਜ਼ਿਲ੍ਹਾ ਰੂਪਨਗਰ ਪੁਲਸ ਮੁੱਖੀ ਵਿਵੇਕ ਸ਼ੀਲ ਸੋਨੀ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਉਪ ਕਪਤਾਨ ਪੁਲਸ ਸਬ ਡਵੀਜਨ ਮੋਰਿੰਡਾ ਡਾਕਟਰ ਨਵਨੀਤ ਸਿੰਘ ਮਾਹਲ ਜ਼ਿਲ੍ਹਾ ਰੂਪਨਗਰ ਦੀ ਨਿਗਰਾਨੀ ਹੇਠ ਲਾਅ ਐਂਡ ਆਰਡਰ ਤੇ ਟ੍ਰੈਫਿਕ ਨਿਯਮਾਂ ਨੂੰ ਸਖਤੀ ਨਾਲ ਮੇਨਟੇਨ ਕਰਨ ਤੇ ਬੁਲੇਟ ਮੋਟਰਸਾਈਕਲਾਂ ਦੇ ਪਟਾਕੇ ਮਾਰਨ ਵਾਲਿਆਂ ਖਿਲਾਫ ਮੁੱਖ ਅਫਸਰ ਥਾਣਾ ਸਿਟੀ ਮੋਰਿੰਡਾ ਗੁਰਪ੍ਰੀਤ ਸਿੰਘ ਤੇ ਟੀਮ ਵਲੋਂ ਪਟਾਕੇ ਮਾਰਨ ਵਾਲੇ ਬੁਲਟ ਮੋਟਰਸਾਈਕਲ ਦੀ ਭਾਲ ਕੀਤੀ ਅਤੇ ਮੋਟਰਸਾਈਕਲ ਤੇ ਮਾਲਕ ਇਕਬਾਲ ਸਿੰਘ ਪੁੱਤਰ ਬਲਜਿੰਦਰ ਸਿੰਘ ਵਾਸੀ ਉਧਮਪੁਰ ਤਹਿਸੀਲ ਸ੍ਰੀ ਚਮਕੌਰ ਸਾਹਿਬ ਨੂੰ ਟਰੇਸ ਕੀਤਾ। ਮੋਟਰਸਾਈਕਲ ਨੂੰ ਟ੍ਰੈਫਿਕ ਨਿਯਮਾਂ ਦੀ ਉਲੰਘਣਾਂ ਕਰਨ 'ਤੇ ਅ/ਧ 207 ਐੱਮ ਵੀ ਐਕਟ ਤਹਿਤ ਇੰਪਾਊਂਡ ਕੀਤਾ ਗਿਆ ਹੈ। ਮੋਰਿੰਡਾ ਸ਼ਹਿਰ ਦੇ ਨਿਵਾਸੀਆ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਜਿਹੜੇ ਵੀ ਮੋਟਰਸਾਈਕਲ ਮੋਡੀਫਾਈਡ ਸਲੰਸਰਾਂ ਜਾਂ ਬਿਨਾਂ ਨੰਬਰ ਪਲੇਟਾਂ ਤੋ ਚਲਾਏ ਜਾ ਰਹੇ ਹਨ, ਉਹਨਾਂ ਨੂੰ ਕੰਪਨੀ ਨਿਰਧਾਰਤ ਸਲੰਸਰ ਅਤੇ ਨੰਬਰ ਪਲੇਟਾਂ ਲਗਵਾਈਆਂ ਜਾਣ। ਇਸ ਤੋਂ ਇਲਾਵਾ ਸ਼ਹਿਰ ਦੇ ਮਕੈਨਿਕਾਂ ਨੂੰ ਵੀ ਚਿਤਾਵਨੀ ਦਿੱਤੀ ਹੈ ਕਿ ਜੇਕਰ ਕੋਈ ਵੀ ਦੁਕਾਨਦਾਰ ਬੁਲਟ ਮੋਟਰਸਾਈਕਲ ਦੇ ਸਲੰਸਰਾਂ ਨੂੰ ਮੋਡੀਫਾਈ ਕਰਨ ਦਾ ਸਮਾਨ ਰੱਖਦਾ ਪਾਇਆ ਗਿਆ ਜਾਂ ਵੇਚਣ ਦਾ ਜ਼ਿੰਮੇਵਾਰ ਪਾਇਆ ਗਿਆ ਤਾਂ ਉਸਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਗਾਇਕ ਮੌਂਟੀ ਮਨਜੀਤ ਧਾਰਮਿਕ ਟਰੈਕ 'ਸੰਗਤਾਂ ਦੇਣ ਵਧਾਈਆਂ' ਨਾਲ ਹੋ ਰਹੇ ਹਾਜ਼ਰ : ਨਿੰਦਰ ਕੋਟਲੀ

**ਭੋਗਪੁਰ-( ਗੁਰਪ੍ਰੀਤ ਸਿੰਘ ਭੋਗਲ)** -ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 646ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਧਾਰਮਿਕ ਟਰੈਕ ਸੰਗਤਾਂ ਦੇਣ ਵਧਾਈਆਂ ਨਾਲ ਗਾਇਕ ਮੌਂਟੀ ਮਨਜੀਤ ਸਰੋਤਿਆਂ ਦੇ ਰੂਬਰੂ ਹੋ ਰਹੇ ਹਨ। ਇਸ ਸਬੰਧੀ ਮਨੋਹਰ ਧਾਰੀਵਾਲ ਨੂੰ ਜਾਣਕਾਰੀ ਦਿੰਦਿਆਂ ਹੋਇਆਂ ਗਾਇਕ ਮੌਂਟੀ ਮਨਜੀਤ ਨੇ ਦੱਸਿਆ ਕਿ ਇਸ ਧਾਰਮਿਕ ਟਰੈਕ ਸੰਗਤਾਂ ਦੇਣ ਵਧਾਈਆਂ ਦੇ ਗੀਤਕਾਰ ਤਾਰੀ ਰੁਪਾਣਾ ,ਮਿਊਜ਼ਕ ਡਾਇਰੈਕਟਰ ਹਰੀ ਅਮਿਤ , ਡੀ ਓ ਪੀ ਐਡੀਟਰ ਵੀਡਿਓ ਡਾਇਰੈਕਟਰ ਨਰੇਸ਼ ਝੰਮਟ,ਪੇਸਕਸ ਪ੍ਰੋਜੈਕਟ ਮਨੋਹਰ ਧਾਰੀਵਾਲ, ਪ੍ਰੋਡਿਊਸਰ ਜਸਬੀਰ ਦੋਲੀਕੇ ,ਲੇਬਲ ਗੋਲਡ ਰਾਕਾਟ ਕੰਪਨੀ ਨਿਊਜ਼ੀਲੈਂਡ ਦਾ ਹੈ। ਇਸ ਟਰੈਕ ਵਿੱਚ ਵਿਸ਼ੇਸ਼ ਸਹਿਯੋਗ ਪੀਟਰ ਸਫਰੀ ਕੈਨੇਡਾ,ਉਸਤਾਦ ਪੀ ਸੀ ਰਾਊਤ ਰਾਜਪੂਤ ,ਉਸਤਾਦ ਪ੍ਰੋਫੈਸਰ ਭੁਪਿੰਦਰ ਸਿੰਘ, ਆਸ਼ੀਰਵਾਦ ਸ੍ਰੀ 108 ਸੰਤ ਨਿਰੰਜਨ ਦਾਸ ਮਹਾਰਾਜ ਦਾ ਹੈ। ਇਸ ਟਰੈਕ ਦੀ ਸ਼ੂਟਿੰਗ ਵੱਖ ਵੱਖ ਥਾਵਾਂ 'ਤੇ ਕੀਤੀ ਜਾ ਰਹੀ ਹੈ ਅਤੇ ਇਸ ਟਰੈਕ ਨੂੰ ਬਹੁਤ ਜਲਦੀ ਸ਼ੋਸ਼ਲ ਸਾਈਟਾਂ ਯੂ ਟਿਊਬ ਅਤੇ ਵੱਖ ਵੱਖ ਚੈਨਲਾਂ 'ਤੇ ਵਰਲਡ ਵਾਈਡ ਰਿਲੀਜ਼ ਕਰ ਦਿੱਤਾ ਜਾਵੇਗਾ।

# ਨਸ਼ਿਆਂ ਵਿਰੁੱਧ ਸਰਕਾਰ ਤੇ ਪੁਲਸ ਨੂੰ ਜਗਾਉਣ ਹਿੱਤ ਲਗਾਇਆ ਧਰਨਾ

**ਫਿਲੌਰ (ਨਿਰਮਲ)**

ਇੱਥੇ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇਪੀਐਮਓ) ਅਤੇ ਨਸ਼ਾ ਵਿਰੋਧੀ ਫਰੰਟ ਤਹਿਸੀਲ ਫਿਲੌਰ ਵਲੋਂ ਸਰਕਾਰ ਅਤੇ ਪੁਲਸ ਨੂੰ ਜਗਾਉਣ ਹਿਤ ਧਰਨਾ ਲਗਾ ਕੇ ਜੋਰਦਾਰ ਨਾਅਰੇਬਾਜੀ ਕੀਤੀ ਗਈ। ਆਗੂਆਂ ਨੇ ਕਿਹਾ ਪਿਛਲੇ ਸੱਤ ਅੱਠ ਸਾਲ ਤੋਂ ਨਸੇ ਨੇ ਨੌਜਵਾਨਾਂ ਦਾ ਘਾਣ ਕੀਤਾ ਹੋਇਆ ਹੈ, ਜਿਸ ਦਾ ਹੱਲ ਕਰਨ ਲਈ ਨਾ ਹੀ ਕੋਈ ਸਰਕਾਰ ਸੰਜੀਦਾ ਹੈ। ਆਗੂਆਂ ਨੇ ਕਿਹਾ ਪੁਲਸ ਦੇ ਰੋਲ ਬਹੁਤ ਹੀ ਨਕਾਰਆਤਮਿਕ ਦਿਖਾਈ ਦੇ ਰਿਹਾ ਹੈ। ਪੁਲਸ ਦੇ ਸ਼ਹਿ ਅਤੇ ਰਾਜ ਕਰਦੀ ਧਿਰ ਦੇ ਅਸ਼ੀਰਵਾਦ ਨਾਲ ਲਗਾਤਾਰ ਨਸ਼ੇ ਦੀ ਵਿਕਰੀ ਜਾਰੀ ਹੈ। ਦੂਜੇ ਪਾਸੇ ਨਸ਼ੇ ਦੀ ਦਲ ਦਲ 'ਚ ਫਸੇ ਨੌਜਵਾਨਾਂ ਦੀ ਗਿਣਤੀ ਲਗਾਤਾਰ ਵਧਦੀ ਜਾ ਰਹੀ ਹੈ। ਇਸ ਤਾਣੇਬਾਣੇ ਦੌਰਾਨ ਪੁਲਸ ਤੇ ਨਸ਼ਾ ਤਸਕਰਾਂ ਵਲੋਂ ਦੂਹਰੀਂ ਹੱਥੀ ਕਮਾਈ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਪਿੰਡਾਂ 'ਚ ਨਸ਼ਾ ਵਿਰੋਧੀ ਫਰੰਟ ਬਣਾ ਕੇ ਲਗਾਤਾਰ ਲੋਕ ਆਪਣੀ ਆਵਾਜ ਬੁਲੰਦ ਕਰ ਰਹੇ ਹਨ ਪਰ ਕਿਸੇ ਦੇ ਸਿਰ 'ਤੇ ਜੂੰ ਨਹੀਂ ਸਰਕ ਰਹੀਂ। ਜਮਹੂਰੀ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਇਲਾਕੇ ਭਰ 'ਚ ਪੁਲਸ ਵਲੋਂ ਲਗਾਤਾਰ ਨਸ਼ੇ ਵਿਕ ਰਹੇ ਹਨ ਤੇ ਲੁੱਟਾਂ ਖੋਹਾਂ ਤੇ ਚੋਰੀਆਂ ਲਗਾਤਾਰ ਵੱਧ ਰਹੀਆਂ ਹਨ। ਪੁਲਸ ਦੇ ਉਚ ਅਧਿਕਾਰੀ ਦਫਤਰਾਂ ਦੇ ਅੰਦਰ ਬੈਠ ਕੇ ਨਸ਼ੇ ਵਿਕਵਾ ਰਹੇ ਹਨ ਅਤੇ ਮੋਟੀ ਕਮਾਈ ਕੀਤੀ ਜਾ ਰਹੀ ਹੈ। ਸੰਧੂ ਨੇ ਕਿਹਾ ਕਿ ਲੋਕਾਂ ਦੇ ਨਿੱਕੇ ਨਿੱਕੇ ਸਮਾਜੀ ਮਸਲਿਆਂ 'ਚੋਂ ਵੀ ਕਮਾਈ ਕੀਤੀ ਜਾ ਰਹੀ ਹੈ। ਸੰਧੂ ਨੇ ਅੱਗੇ ਕਿਹਾ ਕਿ ਜੇ ਪੁਲਸ ਨੇ ਲੋਕਾਂ ਦੇ ਮਸਲੇ ਹੱਲ ਨਾ ਕੀਤੇ ਤਾਂ ਜਥੇਬੰਦੀਆਂ ਵਲੋਂ ਜਲਦ ਹੀ ਵੱਡਾ ਐਕਸ਼ਨ ਐਲਾਨ ਕੀਤਾ ਜਾਵੇਗਾ। ਇਸ ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਆਗੂ ਤਰਸੇਮ ਸਿੰਘ ਢਿੱਲੋਂ, ਇੰਡੀਅਨ ਫਾਰਮਰਜ ਐਸੋਸੀਏਸ਼ਨ ਸੰਧੂ ਸਤਨਾਮ ਸਿੰਘ ਸੰਧੂ, ਜਮਹੂਰੀ ਕਿਸਾਨ ਸਭਾ ਦੇ ਸੂਬਾ ਖਜਾਨਚੀ ਜਸਵਿੰਦਰ ਸਿੰਘ ਢੇਸੀ, ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ, ਦਿਹਾਤੀ ਮਜਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਪਰਮਜੀਤ ਰੰਧਾਵਾ, ਤਹਿਸੀਲ ਸਕੱਤਰ ਮੇਜਰ ਫਿਲੌਰ, ਜੀਟੀਯੂ ਦੇ ਜ਼ਿਲ੍ਹਾ ਸਕੱਤਰ ਕਰਨੈਲ ਫਿਲੌਰ, ਪਸਸਫ ਦੇ ਆਗੂ ਨਿਰਮੋਲਕ ਸਿੰਘ ਹੀਰਾ, ਜਮਹੂਰੀ ਕਿਸਾਨ ਸਭਾ ਦੇ ਤਹਿਸੀਲ ਫਿਲੌਰ ਦੇ ਪ੍ਰਧਾਨ ਕੁਲਦੀਪ ਸਿੰਘ ਫਿਲੌਰ, ਤਹਿਸੀਲ ਸਕੱਤਰ ਸਰਬਜੀਤ ਸੰਗੋਵਾਲ, ਮਨੋਹਰ ਗਿੱਲ, ਰਾਮ ਸਿੰਘ ਕੈਮਵਾਲਾ, ਮਨਜਿੰਦਰ ਸਿੰਘ ਢੇਸੀ, ਸ਼ਿੰਗਾਰਾ ਸਿੰਘ ਦੁਸਾਂਝ, ਅਜੈ ਫਿਲੌਰ, ਗੁਰਦੀਪ ਗੋਗੀ, ਮੱਖਣ ਸੰਗਰਾਮੀ, ਸੁਨੀਲ ਭੈਣੀ, ਪ੍ਰਭਾਤ ਕਵੀ, ਅਰਸ਼ਦੀਪ ਗੁਰੂ ਨੇ ਸੰਬੋਧਨ ਕੀਤਾ। ਇਸ ਦੌਰਾਨ ਐਸ.ਪੀ.ਡੀ ਸਰਬਜੀਤ ਸਿੰਘ ਬਾਹੀਆ ਨੇ ਧਰਨਾਕਾਰੀਆਂ ਦੀ ਹਾਜਰੀ 'ਚ ਯਕੀਨ ਦਵਾਇਆ ਕਿ ਗੱਲਬਾਤ ਦੌਰਾਨ ਕਈ ਮਸਲੇ ਵਿਚਾਰੇ ਗਏ, ਜਿਸ ਬਾਰੇ ਇੱਕ ਹਫਤੇ ਦੇ ਅੰਦਰ -ਅੰਦਰ ਇਹ ਮਸਲੇ ਹੱਲ ਕਰ ਦਿੱਤੇ ਜਾਣਗੇ। ਯਕੀਨ ਦਵਾਉਣ 'ਤੇ ਧਰਨਾਕਾਰੀਆਂ ਨੇ ਧਰਨਾ ਸਮਾਪਤ ਕਰ ਦਿੱਤਾ।



# ਰਿਆਤ ਬਾਹਰਾ 'ਵਰਸਿਟੀ ਦਾ ਵਿਦਿਆਰਥੀ ਰਾਸ਼ਟਰੀ ਐਨ ਐਸ ਐਸ ਯੁਵਾ ਸੰਮੇਲਨ 'ਚ ਸ਼ਾਮਲ

**ਕੁਰਾਲੀ (ਮੋਹਨ ਅੱਗਰਵਾਲ ਜੋਗਾ)**

ਰਿਆਤ ਬਾਹਰਾ ਯੂਨੀਵਰਸਿਟੀ ਦੇ ਐਨਐਸਐਸ ਵਲੰਟੀਅਰ ਰਾਹੁਲ ਅਵਸਥੀ ਦੀ ਕਰਨਾਟਕ ਦੇ ਹੁਬਲੀ ਵਿਖੇ ਹੋਏ ਰਾਸ਼ਟਰੀ ਐਨਐਸਐਸ ਯੂਥ ਸਮਿਟ ਲਈ ਚੋਣ ਕੀਤੀ ਗਈ ਸੀ। ਇਸ ਯੁਵਾ ਸੰਮੇਲਨ ਦਾ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤਾ ਗਿਆ, ਜਿਸ ਵਿੱਚ ਦੇਸ਼ ਭਰ ਤੋਂ 1000 ਤੋਂ ਵੱਧ ਐਨਐਸਐਸ ਵਾਲੰਟੀਅਰਾਂ ਨੇ ਭਾਗ ਲਿਆ। ਪ੍ਰਧਾਨ ਮੰਤਰੀ ਨੇ ਇਨ੍ਹਾਂ ਵਲੰਟੀਅਰਾਂ ਨੂੰ ਸੰਬੋਧਨ ਕਰਦਿਆਂ ਦੇਸ਼ ਦੇ ਵਿਕਾਸ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਰੇਖਾਂਕਿਤ ਕੀਤਾ। ਇਸ ਮੌਕੇ ਯੋਗ, ਆਯੁਰਵੈਦ, ਹੁਨਰ ਵਿਕਾਸ ਆਦਿ ਵਿਸ਼ਿਆਂ 'ਤੇ ਹੋਰ ਮਹੱਤਵਪੂਰਨ ਸ਼ਖਸੀਅਤਾਂ ਦੁਆਰਾ ਵੀ ਵੱਖ-ਵੱਖ ਭਾਸ਼ਣ ਦਿੱਤੇ ਗਏ ਅਤੇ ਦੇਸ਼ ਦੇ ਹਰ ਖੇਤਰ ਦੁਆਰਾ ਇੱਕ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਜੋ ਅਨੇਕਤਾ ਵਿੱਚ ਏਕਤਾ ਨੂੰ ਦਰਸਾਉਂਦਾ ਹੈ। ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਵਿਦਿਆਰਥੀ ਰਾਹੁਲ ਅਵਸਥੀ ਅਤੇ ਯੂਨੀਵਰਸਿਟੀ ਐਨਐਸਐਸ ਵਿੰਗ ਦੇ ਚੀਫ ਕੋਆਰਡੀਨੇਟਰ ਪ੍ਰੋ.ਏ.ਐਸ. ਚਾਹਲ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ।'ਵਰਸਿਟੀ ਦੇ ਤਿੰਨ ਐਨ ਐਸ ਐਸ ਵਲੰਟੀਅਰਾਂ ਯੁਵਰਾਜ ਸਿੰਘ, ਪੂਨਮ ਅਤੇ ਅਰਾਧਨਾ ਭੱਟੀ ਨੂੰ ਵੀ ਪਿਛਲੇ ਮਹੀਨੇ ਪੱਛਮੀ ਬੰਗਾਲ ਦੇ ਦਾਰਜੀਲਿੰਗ ਵਿਖੇ ਆਯੋਜਿਤ ਕੀਤੇ ਗਏ ਯੂਥ ਐਕਸਚੇਂਜ ਪ੍ਰੋਗਰਾਮ ਲਈ ਚੁਣਿਆ ਗਿਆ ਸੀ।



# ਪੋਸਟਰ ਮੇਕਿੰਗ ਤੇ ਚਿੱਤਰਕਾਰੀ ਰਾਹੀਂ ਸਮਾਜ ਨੂੰ ਕੀਤਾ ਚਾਇਨਾ ਡੋਰ ਦੇ ਨੁਕਸਾਨਾਂ ਪ੍ਰਤੀ ਜਾਗਰੂਕ

**ਟਾਂਡਾ ਉੜਮੁੜ (ਓਂਕਾਰ ਸਿੰਘ, ਜਸਵਿੰਦਰ ਸੰਧੂ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਦੇ ਵਿਦਿਆਰਥੀਆਂ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਇਹ ਪੂਰਾ ਹਫਤਾ ਚਾਇਨਾ ਡੋਰ ਦੇ ਵਿਰੋਧ ਵਿੱਚ ਅਲੱਗ ਅਲੱਗ ਤਰ੍ਹਾਂ ਦੀਆਂ ਗਤੀਵਿਧੀਆਂ ਨਾਲ ਸਮਾਜ ਨੂੰ ਇਸ ਦੇ ਨੁਕਸਾਨ ਦਾ ਸੁਨੇਹਾ ਦੇ ਰਹੇ ਹਨ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੈਡਮ ਮੁਨੀਸ਼ਾ ਸੰਗਰ ਦੀ ਅਗਵਾਈ ਵਿਚ ਆਸ਼ਿਕ ਨੌਵੀਂ ਕਲਾਸ ਦੇ ਬੱਚਿਆਂ ਨੇ ਚਾਈਨਾ ਡੋਰ ਅਤੇ ਇਸ ਤੋਂ ਹੁੰਦੇ ਹੋਏ ਸਮਾਜ ਵਿਚ ਨੁਕਸਾਨ ਨੂੰ ਮੁੱਦਾ ਰੱਖਦੇ ਹੋਏ ਪੋਸਟਰ ਮੇਕਿੰਗ ਗਤੀਵਿਧੀ ਵਿਚ ਹਿੱਸਾ ਲਿਆ। ਆਪਣੀ ਬਾਕਮਾਲ ਚਿੱਤਰਕਾਰੀ ਦੇ ਸਦਕਾ ਉਨਾਂ ਨੇ ਸਮੂਹ ਬੱਚਿਆਂ ਨੂੰ ਅਤੇ ਸਮਾਜ ਨੂੰ ਚਾਈਨਾ ਡੋਰ ਤੋਂ ਹੋ ਰਹੇ ਨੁਕਸਾਨਾ ਬਾਰੇ ਜਾਗਰੂਕ ਕੀਤਾ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਬੱਚਿਆਂ ਨੇ ਆਪਣੇ ਮਨ ਦੇ ਭਾਵ ਚਿੱਤਰਕਾਰੀ ਰਾਹੀਂ ਕਾਗਜਾਂ ਉੱਤੇ ਉਤਾਰੇ ਹਨ ਜਿਨ੍ਹਾਂ ਰਾਹੀਂ ਸਮਾਜ ਨੂੰ ਇਹ ਸੰਦੇਸ਼ ਦੇ ਰਹੇ ਹਨ ਕਿ ਚਾਹੇ ਇਨਸਾਨ ਹੋਵੇ ਜਾ ਜੀਵ ਜੰਤੂ ਹੋਣ ਹਰ ਕੋਈ ਸਾਡੀ ਘੜੀ ਪਲ ਦੀ ਖੁਸ਼ੀ ਅਤੇ ਮਨੋਰੰਜਨ ਦੇ ਕਾਰਨ ਦਰਦ ਹੰਢਾ ਰਿਹਾ ਹੈ। ਸਕੂਲ ਮੈਨੇਜਮੈਂਟ ਨੇ ਦੱਸਿਆ ਕਿ ਅਸੀਂ ਪੰਜਾਬ ਸਰਕਾਰ ਦੇ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਪੂਰਾ ਹਫਤਾ ਚਾਈਨਾ ਡੋਰ ਦੇ ਵਿਰੋਧ ਵਿੱਚ ਬੱਚਿਆਂ ਨੂੰ ਜਾਗਰੂਕ ਕਰਨ ਜਾ ਰਹੇ ਹਾਂ। ਉਨ੍ਹਾਂ ਦੱਸਿਆ ਕਿ ਸਾਡੀ ਅੱਜ ਦੀ ਗਤੀਵਿਧੀ ਬੱਚਿਆਂ ਵੱਲੋਂ ਬਣਾਏ ਗਏ ਚਿੱਤਰ ਸਨ ਜੋ ਸੰਦੇਸ ਦੇ ਰਹੇ ਸਨ ਕਿ ਚਾਇਨਾ ਡੋਰ ਦਾ ਵਿਰੋਧ ਜਰੂਰੀ ਹੈ ਕਿ ਇਸ ਦੀ ਵਰਤੋਂ ਨਿੱਤ-ਨਵੀਆਂ ਦੁਰਘਟਨਾਵਾਂ ਨੂੰ ਸੱਦਾ ਦੇ ਰਹੀ ਹੈ। ਇਹ ਗਤੀਵਿਧੀ 9ਵੀਂ ਕਲਾਸ ਦੇ ਅਧਿਆਪਕ ਰਜਮੀਤ ਕੌਰ, ਬਲਜਿੰਦਰ ਕੌਰ, ਆਰਾਧਿਕਾ ਨੇ ਸੀ ਸੀ ਈ ਵਿਭਾਗ ਦੇ ਅਧਿਆਪਕ ਬਲਜੀਤ ਕੌਰ, ਕੰਚਨ ਖੁਰਾਣਾ, ਪਰਮਜੀਤ ਕੌਰ, ਸੁਮੀਤ ਕੌਰ ਦੇ ਸਹਿਯੋਗ ਨਾਲ ਕਰਵਾਈ ਗਈ। ਇਸ ਮੌਕੇ ਤੇ ਸਕੂਲ ਦੇ ਮੈਨੇਜਰ ਕਰਨਜੀਤ ਸਿੰਘ, ਤਰਨ ਸੈਣੀ ਅਧਿਆਪਕ ਸੰਜੀਵ ਕੁਮਾਰ ਸ਼ਰਮਾ, ਬਿਕਰਮਜੀਤ ਸਿੰਘ ਭੇਲਾ, ਗਜਿੰਦਰਪਾਲ ਸਿੰਘ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਰਾਜਵਿੰਦਰ ਕੌਰ, ਰਾਜਵੀਰ ਕੌਰ, ਗੁਰਪ੍ਰੀਤ ਕੌਰ, ਬਲਵਿੰਦਰ ਕੌਰ, ਕੁਲਵਿੰਦਰ ਕੌਰ, ਸੁਮਨ ਹਾਜਰ ਸਨ।



# ਚਾਈਨਾ ਡੋਰ ਦੇ 92 ਗੱਟੂਆਂ ਸਮੇਤ 2 ਗ੍ਰਿਫਤਾਰ

**ਰੋਪੜ ( ਬਿੰਦਰਾ)** ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਪੁਲਸ ਕਪਤਾਨ ਰੋਪੜ ਵਿਵੇਕ ਸੋਨੀ ਦੇ ਹੁਕਮਾਂ ਅਨੁਸਾਰ ਸ਼ਹਿਰ ਵਿੱਚ ਵਧ ਰਹੀ ਚਾਈਨਾ ਡੋਰ ਦੀ ਵਿਕਰੀ ਨਾਲ ਹੋਣ ਵਾਲੇ ਹਾਦਸਿਆਂ 'ਤੇ ਕਾਬੂ ਪਾਉਣ ਲਈ ਤਰਲੋਚਨ ਸਿੰਘ ਡੀ ਐਸ ਪੀ ਦੇ ਅਗਵਾਈ ਹੇਠ ਇੰਸਪੈਕਟਰ ਪਵਨ ਕੁਮਾਰ ਮੁੱਖ ਅਫਸਰ ਸਿਟੀ ਥਾਣਾ ਰੋਪੜ ਏ ਐਸ ਆਈ ਸੁਰੇਸ਼ ਕੁਮਾਰ ਨੇ ਮੁਖਬਰ ਦੀ ਇਤਲਾਹ 'ਤੇ ਪੁਲਸ ਪਾਰਟੀ ਸਮੇਤ ਪਿੰਡ ਕੋਟਲਾ ਨਿਹੰਗ ਵਿੱਚ ਸੁਖਵਿੰਦਰ ਸਿੰਘ ਪੁੱਤਰ ਪਰਮਜੀਤ ਸਿੰਘ ਦੀ ਦੁਕਾਨ 'ਤੇ ਛਾਪਾ ਮਾਰਿਆ ਅਤੇ ਦੁਕਾਨ ਵਿਚੋਂ 12 ਗੱਟੂ ਚਾਈਨਾ ਡੋਰ ਬਰਾਮਦ ਕੀਤੀ। ਸੁਖਵਿੰਦਰ ਸਿੰਘ ਵਿਰੁੱਧ ਕੇਸ ਦਰਜ ਕਰਕੇ ਪੁੱਛ ਪੜਤਾਲ ਕੀਤੀ ਤਾਂ ਉਸ ਨੇ ਦੱਸਿਆ ਕਿ ਇਹ ਚਾਈਨਾ ਡੋਰ ਦੇ ਗੱਟੂ ਉਸ ਨੇ ਗੌਰਵ ਉਰਫ ਰਾਜਨ ਅਰੋੜਾ ਪੁੱਤਰ ਜਸਵੀਰ ਸਿੰਘ ਵਾਸੀ ਚੋਰਹਟੀਆਂ ਤੋਂ ਖਰੀਦੇ ਹਨ। ਪੁਲਸ ਪਾਰਟੀ ਵਲੋਂ ਜਦੋਂ ਰਾਜਨ ਅਰੋੜਾ ਦੇ ਗੁਦਾਮ ਜੋਕਿ ਨੇੜੇ ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ ਕੋਲ ਬਣਾਇਆ ਹੋਇਆ ਸੀ ਦੀ ਚੈਕਿੰਗ ਕੀਤੀ ਤਾਂ ਉਥੋਂ 80 ਗੱਟੂ ਚਾਈਨਾ ਡੋਰ ਦੇ ਬਰਾਮਦ ਕੀਤੇ ਗਏ। ਪੁਲਸ ਨੇ ਰਾਜਨ ਨੂੰ ਵੀ ਗ੍ਰਿਫਤਾਰ ਕਰ ਲਿਆ ਹੈ ਅਤੇ ਉਸ ਤੋਂ ਹੋਰ ਪੁੱਛ ਪੜਤਾਲ ਕੀਤੀ ਜਾ ਰਹੀ ਹੈ।

# ਸ਼ਿਵ ਮੰਦਰ ਵੱਲੋਂ ਮਹਾਂ ਸ਼ਿਵਰਾਤਰੀ 2023 ਦਾ ਕਾਰਡ ਰਿਲੀਜ਼



**ਕਰਤਾਰਪੁਰ (ਹਰਮੇਸ਼ ਦੱਤ)**- ਸ਼ਿਵ ਮੰਦਿਰ ਕਮੇਟੀ ਬਜਾਰ ਪਾਂਧਿਆਂ ਦੀ ਵਿਸ਼ੇਸ਼ ਮੀਟਿੰਗ ਰਮੇਸ਼ ਸ਼ਰਮਾ ਤੇ ਪ੍ਰਧਾਨ ਦੀਪਕ ਕੁਮਾਰ ਦੀਪਾ ਦੀ ਦੇਖਰੇਖ ਹੇਠ ਹੋਈ। ਮੀਟਿੰਗ ਵਿੱਚ ਮਹਾਂ ਸ਼ਿਵਰਾਤਰੀ 2023 ਦਾ ਕਾਰਡ ਰਿਲੀਜ਼ ਕੀਤਾ ਗਿਆ। ਕਮੇਟੀ ਦੇ ਮੈਂਬਰ ਪਵਨ ਕੁਮਾਰ ਪੰਮਾ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ 2 ਮਿੰਟ ਦਾ ਮੋਨ ਧਾਰਨ ਕਰਕੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਰਮੇਸ਼ ਸ਼ਰਮਾ, ਸੋਢੀ ਲਹਿਰ, ਅਨੀਲ ਸ਼ਰਮਾ, ਸੁਨੀਲ ਕੁਮਾਰ, ਰਾਜੇਸ਼ ਕੁਮਾਰ, ਕੋਸ਼ਲਏਦਰ ਐਰੀ,ਮਾਸਟਰ ਅਮਰੀਕ ਸਿੰਘ, ਸਾਹਿਲ ਭਰਦਵਾਜ, ਹੈਪੀ ਸੋਹਲ,ਜਗਪ੍ਰੀਤ ਸਿੰਘ ਜੱਗੀ, ਔਨਮ ਹਾਂਡਾ, ਮਨਿੰਦਰ, ਸੁਧੀਰ ਵਾਲੀਆਂ, ਗਗਨਦੀਪ ਪੂਰੇਵਾਲ, ਸੁਮਿਤ ਕੁਮਾਰ, ਕਾਰਤਿਕ ਲਹਿਰ, ਰਜਿੰਦਰ ਨਾਗਰ,ਰਾਜੀਵ ਸ਼ਰਮਾ, ਦੀਪਕ ਸ਼ਰਮਾ, ਸ਼ੋਭੀਤ ਸ਼ਰਮਾ, ਜਤਿਨ ਕੁਮਾਰ, ਰਾਕੇਸ਼ ਬੱਸੀ, ਰਾਹੁਲ ਸ਼ਰਮਾ, ਸਹਿਜ ਸ਼ਰਮਾ, ਕੇਸ਼ਵ, ਵਿਵੇਕ, ਰੋਹਿਤ, ਮੋਹਿਤ , ਸ਼ਮੀ ਆਦਿ ਮੌਜੂਦ ਸਨ।

# ਮਹੰਤ ਅਮਰਜੀਤ ਦਾਸ ਨੂੰ ਸ਼ਰਧਾਂਜਲੀਆਂ ਭੇਟ

**ਨੂਰਮਹਿਲ(ਬਾਲ ਕ੍ਰਿਸ਼ਨ ਬਾਲੀ )**- ਸ੍ਰੀ 108 ਮਹੰਤ ਅਮਰਜੀਤ ਦਾਸ ਗੱਦੀ ਨਸ਼ੀਨ ਨਵੀਂ ਸਮਾਧ ਉਦਾਸੀਨ ਡੇਰਾ ਬਾਬਾ ਜੀਵਨ ਦਾਸ ਪਿੰਡ ਭੰਡਾਲ ਬੂਟਾ-ਹਿੰਮਤ ਬਲਾਕ ਨੂਰਮਹਿਲ ਤਹਿ ਫਿਲੌਰ (ਜਲੰਧਰ) ਬੀਤੇ ਦਿਨੀਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ। ਉਨ੍ਹਾਂ ਦੇ ਪਾਵਨ ਸਰੀਰ ਦੀਆਂ ਰਸਮਾਂ ਮਹੰਤ ਹਰਵਿੰਦਰ ਦਾਸ ਉਦਾਸੀਨ ਪੰਥ ਸੀਚੇਵਾਲ, ਮਹੰਤ ਸੁਖਦੇਵ ਦਾਸ ਉਦਾਸੀਨ ਪੰਥ ਬਿਲਗਾ ਵਾਲਿਆਂ ਦੇ ਚੇਲੇ ਹਰਵਿੰਦਰ ਸਿੰਘ , ਬਾਬਾ ਬਲਵੀਰ ਸਿੰਘ ਸੀਚੇਵਾਲ ਨਿਰਮਲੇ ਪੰਥ ਵਾਲਿਆਂ ਦੇ ਚੇਲੇ ਸੰਤ ਸੁਖਜੀਤ ਸਿੰਘ ਸੀਚੇਵਾਲ, ਸੰਤ ਸੁਰਿੰਦਰ ਸਿੰਘ ਸੀਚੇਵਾਲ, ਮਹੰਤ ਕੁਲਦੀਪ ਦਾਸ ਉਦਾਸੀਨ ਪੰਥ ਨੂਰਮਹਿਲ, ਮਹੰਤ ਮਹੇਸ਼ ਚੰਦਰ ਉਦਾਸੀਨ ਪੰਥ ਮਹਿਤਪੁਰ, ਮਹੰਤ ਬਲਵਿੰਦਰ ਦਾਸ ਉਦਾਸੀਨ ਪੰਥ ਫਰਵਾਲਾ, ਸੰਤ ਵਰਿੰਦਰ ਦਾਸ ਉਦਾਸੀਨ ਪੰਥ ਮੁਹੇਮਾਂ ਵਾਲਿਆਂ ਵੱਲੋਂ ਪੂਰਨ ਮਰਿਯਾਦਾ ਅਨੁਸਾਰ ਨਿਭਾਉਂਦੇ ਹੋਏ ਅਗਨ ਭੇਂਟ ਕੀਤਾ ਗਿਆ। ਅਗਨੀ ਉਨਾਂ ਦੇ ਸਪੁੱਤਰ ਜਸਵਿੰਦਰ ਦਾਸ ਵੱਲੋਂ ਦਿੱਤੀ ਗਈ। ਮਹੰਤ ਦੀ ਪਾਵਨ ਦੇਹ ਦੇ ਅੰਤਿਮ ਦਰਸ਼ਨਾਂ ਲਈ ਦੂਰੋਂ ਨੇੜਿਓਂ ਸੈਂਕੜੇ ਸ਼ਰਧਾਲੂ ਪੁੱਜੇ ਤੇ ਨਮ ਅੱਖਾਂ ਨਾਲ ਵਿਦਾਇਗੀ ਦਿੱਤੀ। ਇਸ ਮੌਕੇ ਯੂਨਾਈਟਿਡ ਹਿਊਮਨ ਰਾਈਟਸ ਫਰੰਟ ਦੇ ਪੰਜਾਬ ਪ੍ਰਧਾਨ ਬਲਵੰਤ ਸਿੰਘ ਸੋਹਲ, ਰਾਮ ਕੁਮਾਰ ਘਈ ਕਾਨੂੰਨੀ ਸਲਾਹਕਾਰ ਪੰਜਾਬ, ਅਰੁਣ ਅਗਨੀਹੋਤਰੀ ਪ੍ਰਧਾਨ ਜ਼ਿਲ੍ਹਾ ਜਲੰਧਰ, ਅਨਿਲ ਸੱਭਰਵਾਲ ਸਲਾਹਕਾਰ ਜ਼ਿਲ੍ਹਾ ਜਲੰਧਰ, ਅੰਗਰੇਜ ਸਿੰਘ ਸਲਾਹਕਾਰ ਬਲਾਕ ਮਹਿਤਪੁਰ, ਡੇਰੇ ਦੀ ਪ੍ਰਬੰਧਕ ਕਮੇਟੀ ਪ੍ਰਧਾਨ ਤੇ ਮੈਂਬਰ ,ਪਿੰਡ ਭੰਡਾਲ ਬੂਟਾ ਤੇ ਭੰਡਾਲ ਹਿੰਮਤ ਦੀ ਗ੍ਰਾਮ ਪੰਚਾਇਤ ਤੇ ਦੋਨੋਂ ਨਗਰਾਂ ਦੀ ਸਮੂਹ ਸੰਗਤਾਂ ਨੇ ਮਹੰਤ ਅਮਰਜੀਤ ਦਾਸ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।

# ਗੁਰੂ ਹਰਿ ਰਾਇ ਸਾਹਿਬ ਦੇ 394ਵੇਂ ਪ੍ਰਕਾਸ਼ ਪੁਰਬ ਮੌਕੇ ਪ੍ਰਭਾਤ ਫੇਰੀਆਂ ਜਾਰੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਇਤਿਹਾਸਕ ਪਿੰਡ ਭੁੰਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਦੀ ਚਰਨ ਛੋਹ ਪ੍ਰਾਪਤ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਸ੍ਰੀ ਗੁਰੂ ਹਰਿ ਰਾਇ ਸਾਹਿਬ ਨੌਜਵਾਨ ਸਭਾ ਭੁੰਗਰਨੀ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ 394ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਵੱਲੋਂ ਪ੍ਰਭਾਤ ਫੇਰੀਆਂ ਆਰੰਭ ਹਨ ਜੋਂ ਕਿ 28 ਜਨਵਰੀ ਤੱਕ ਜਾਰੀ ਰਹਿਣਗੀਆਂ। ਉਨ੍ਹਾਂ ਦੱਸਿਆ ਕਿ ਪ੍ਰਭਾਤ ਫੇਰੀਆਂ ਦੌਰਾਨ ਭਾਈ ਸੁਖਚੈਨ ਸਿੰਘ ਹੈੱਡ ਗ੍ਰੰਥੀ, ਪ੍ਰਭਾਤ ਫੇਰੀ ਜੱਥਾ ਆਦਿ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਦੱਸਿਆ ਕਿ ਪ੍ਰਭਾਤ ਫੇਰੀ ਦੌਰਾਨ ਹਰ ਰੋਜ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰੀ ਭਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 25 ਜਨਵਰੀ ਤੋਂ ਸੰਪਟ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 29 ਜਨਵਰੀ ਨੂੰ ਸਵੇਰੇ 9 ਵਜੇ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ ਅਤੇ 30 ਜਨਵਰੀ ਨੂੰ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਖੂਨਦਾਨ ਕੈਂਪ ਅਤੇ ਮੁਫਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 31 ਜਨਵਰੀ ਨੂੰ ਸੰਪਟ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ 'ਚ ਸਾਲਾਨਾ 35ਵਾਂ ਮਹਾਨ ਕੀਰਤਨ ਦਰਬਾਰ ਕਰਵਾਏ ਜਾ ਰਹੇ ਹਨ। ਜਿਸ ਵਿਚ ਇਲਾਕੇ ਭਰ ਤੋਂ ਰਾਗੀ, ਢਾਡੀ ਕਵੀਸਰੀ ਜਥੇ, ਪ੍ਰਚਾਰਕ ਸੰਤ ਮਹਾਂਪੁਰਸ਼ਾਂ ਪੁੱਜ ਰਹੇ ਹਨ। ਇਸ ਮੌਕੇ ਪ੍ਰਬੰਧਕਾਂ ਵੱਲੋਂ ਪ੍ਰਭਾਤ ਫੇਰੀਆਂ ਦੌਰਾਨ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ, ਰਾਜਵੀਰ ਸਿੰਘ, ਬਲਵੀਰ ਸਿੰਘ ਤੰਬੜ, ਬਾਬਾ ਸੁਖਚੈਨ ਸਿੰਘ ਹੈੱਡ ਗ੍ਰੰਥੀ, ਗੁਰਪ੍ਰੀਤ ਸਿੰਘ, ਧਰਮ ਸਿੰਘ ਕਨੇਡਾ, ਬਲਵੀਰ ਸਿੰਘ ਅਮਰੀਕਾ, ਰਾਮ ਸਿੰਘ, ਭੁਪਿੰਦਰ ਸਿੰਘ ਖਾਲਸਾ, ਤਜਿੰਦਰ ਸਿੰਘ, ਤਰਲੋਚਨ ਸਿੰਘ, ਹਰਿੰਦਰ ਸਿੰਘ, ਮਨਜੀਤ ਸਿੰਘ ਬਨਵੈਤ, ਅਮਰੀਕ ਸਿੰਘ, ਜੁਝਾਰ ਸਿੰਘ, ਗੁਰਜੀਤ ਸਿੰਘ, ਮਨਪ੍ਰੀਤ ਸਿੰਘ, ਜਗਤਾਰ ਸਿੰਘ ਤਾਰੀ, ਗੁਰਬਚਨ ਸਿੰਘ ਕਾਕਾ, ਨੰਬਰਦਾਰ ਰਾਜ ਕੁਮਾਰ, ਜੁਝਾਰ ਸਿੰਘ, ਪਰਮਿੰਦਰ ਸਿੰਘ, ਹਰਜਿੰਦਰ ਸਿੰਘ ਕਾਕਾ ਹਲਵਾਈ, ਸਰਬਜੀਤ ਕੌਰ, ਸੰਤੋਸ਼ ਕੁਮਾਰੀ, ਜਸਵੀਰ ਕੌਰ, ਹਰਵਿੰਦਰ ਸਿੰਘ ਭੁੰਗਰਨੀ, ਸਤਵੰਤ ਸਿੰਘ ਸਾਬਕਾ ਪੰਚ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਦੇਸ਼-ਵਿਆਪੀ ਜ਼ਿਲ੍ਹਾ-ਪੱਧਰੀ ਟਰੈਕਟਰ-ਮਾਰਚਾਂ ਲਈ ਬੀ ਕੇ ਯੂ (ਡਕੌਂਦਾ) ਵੱਲੋਂ ਸੂਬੇ ਭਰ 'ਚ ਮੀਟਿੰਗਾਂ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਭਾਰਤੀ ਕਿਸਾਨ ਯੂਨੀਅਨ-ਏਕਤਾ(ਡਕੌਂਦਾ) ਨੇ ਸੰਯੁਕਤ ਕਿਸਾਨ ਮੋਰਚਾ ਵੱਲੋਂ 26 ਜਨਵਰੀ ਨੂੰ ਦੇਸ਼-ਭਰ 'ਚ ਜਿਲ੍ਹਾ ਪੱਧਰ 'ਤੇ ਕੀਤੇ ਜਾਣ ਵਾਲੇ ਟਰੈਕਟਰ-ਮਾਰਚਾਂ ਅਤੇ ਜੀਂਦ 'ਚ ਉੱਤਰੀ ਭਾਰਤ ਦੇ ਕਿਸਾਨਾਂ ਦੀ ਵਿਸ਼ਾਲ ਮਹਾਂਪੰਚਾਇਤ 'ਚ ਸ਼ਮੂਲੀਅਤ ਲਈ ਜ਼ੋਰਦਾਰ ਤਿਆਰੀਆਂ ਵਿੱਢ ਦਿੱਤੀਆਂ ਹਨ। ਇਸ ਤੋਂ ਇਲਾਵਾ ਪੱਖੋ ਕੈਂਚੀਆਂ ਟੋਲ-ਪਲਾਜ਼ੇ 'ਤੇ ਵੀ ਜਥੇਬੰਦੀ ਵੱਲੋਂ ਵੱਡਾ ਇਕੱਠ ਕੀਤਾ ਜਾਵੇਗਾ। ਜਥੇਬੰਦੀ ਵੱਲੋਂ 554 ਪਿੰਡਾਂ 'ਚ ਹੁਣ ਤੱਕ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ। ਬੀਕੇਯੂ-(ਡਕੌਂਦਾ) ਦੇ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜ਼ਗਿੱਲ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਧਨੇਰ, ਜਨਰਲ ਸਕੱਤਰ ਜਗਮੋਹਨ ਸਿੰਘ ਪਟਿਆਲਾ, ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਗੁਰਮੀਤ ਸਿੰਘ ਭੱਟੀਵਾਲ, ਦਰਸ਼ਨ ਸਿੰਘ ਰਾਏਸਰ, ਖਜ਼ਾਨਚੀ ਰਾਮ ਸਿੰਘ ਮਟੋਰੜਾ, ਪ੍ਰੈੱਸ ਸਕੱਤਰ ਬਲਵੰਤ ਸਿੰਘ ਉੱਪਲੀ ਅਤੇ ਵਿਸ਼ੇਸ਼ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ ਦੀ ਅਗਵਾਈ 'ਚ ਸੂਬੇ ਦੇ 16 ਜਿਲ੍ਹਿਆਂ ਸੰਗਰੂਰ, ਪਟਿਆਲਾ, ਬਠਿੰਡਾ, ਬਰਨਾਲਾ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ ਸਾਹਿਬ, ਮਾਨਸਾ, ਫਤਹਿਗੜ੍ਹ ਸਾਹਿਬ, ਮੁਹਾਲੀ, ਕਪੂਰਥਲਾ, ਜਲੰਧਰ, ਗੁਰਦਾਸਪੁਰ, ਤਰਨਤਾਰਨ, ਲੁਧਿਆਣਾ ਦੇ 554 ਤੋਂ ਵੱਧ ਪਿੰਡਾਂ 'ਚ ਲਾਮਬੰਦੀ ਲਈ ਮੀਟਿੰਗਾਂ ਕੀਤੀਆਂ ਗਈਆਂ ਹਨ। ਜਥੇਬੰਦੀ ਵੱਲੋਂ ਪੰਜਾਬ ਦੇ 16 ਜਿਲ੍ਹਿਆਂ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਦਿਆਂ ਟਰੈਕਟਰ ਮਾਰਚ ਕੀਤੇ ਜਾਣਗੇ ਅਤੇ ਮਾਲਵੇ 'ਚੋਂ ਹਜ਼ਾਰਾਂ ਕਿਸਾਨ ਜੀਂਦ (ਹਰਿਆਣਾ) 'ਚ ਹੋਣ ਵਾਲੀ ਕਿਸਾਨ ਮਹਾਂਪੰਚਾਇਤ ਲਈ ਰਵਾਨਾ ਹੋਣਗੇ। ਪੱਖੋ-ਕੈਂਚੀਆਂ ਟੋਲ ਪਲਾਜ਼ਾ 'ਤੇ ਜਥੇਬੰਦੀ ਵੱਲੋਂ ਵੱਡਾ ਇਕੱਠ ਕੀਤਾ ਜਾਵੇਗਾ। ਜਥੇਬੰਦੀ ਦੇ ਜਨਰਲ-ਸਕੱਤਰ ਜਗਮੋਹਨ ਸਿੰਘ ਪਟਿਆਲਾ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਨੇ 21 ਨਵੰਬਰ 2021 ਨੂੰ ਕੇਂਦਰ ਸਰਕਾਰ ਨੂੰ ਲਿਖੇ ਪੱਤਰ ਵਿੱਚ ਆਪਣੀਆਂ ਛੇ ਲੰਬਿਤ ਮੰਗਾਂ ਵੱਲ ਸਰਕਾਰ ਦਾ ਧਿਆਨ ਖਿੱਚਿਆ ਸੀ। ਇਸ ਦੇ ਜਵਾਬ ਵਿੱਚ, 9 ਦਸੰਬਰ 2021 ਨੂੰ, ਸ੍ਰੀ ਸੰਜੇ ਅਗਰਵਾਲ, ਸਕੱਤਰ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਨੇ ਸੰਯੁਕਤ ਕਿਸਾਨ ਮੋਰਚਾ ਨੂੰ ਇੱਕ ਪੱਤਰ ਲਿਖਿਆ। ਇਸ ਪੱਤਰ ਵਿੱਚ ਉਨ੍ਹਾਂ ਸਰਕਾਰ ਦੀ ਤਰਫੋਂ ਕਈ ਮੁੱਦਿਆਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ ਅੰਦੋਲਨ ਵਾਪਸ ਲੈਣ ਦੀ ਅਪੀਲ ਕੀਤੀ। ਸਰਕਾਰ ਦੇ ਇਸ ਪੱਤਰ 'ਤੇ ਭਰੋਸਾ ਕਰਦੇ ਹੋਏ, ਸੰਯੁਕਤ ਕਿਸਾਨ ਮੋਰਚਾ ਨੇ 11 ਦਸੰਬਰ 2021 ਨੂੰ ਦਿੱਲੀ ਦੀਆਂ ਸਰਹੱਦਾਂ 'ਤੇ ਚੱਲ ਰਹੇ ਮੋਰਚੇ ਅਤੇ ਸਾਰੇ ਰੋਸ ਪ੍ਰਦਰਸ਼ਾਂ ਨੂੰ ਮੁਅੱਤਲ ਕਰਨ ਦਾ ਫੈਸਲਾ ਕੀਤਾ ਸੀ। ਅੱਜ 15 ਮਹੀਨੇ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਕੇਂਦਰ ਸਰਕਾਰ ਨੇ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ। ਸਬਾ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਧਨੇਰ ਕੇਂਦਰ-ਸਰਕਾਰ ਤੋਂ ਮੰਗ ਕੀਤੀ ਕਿ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਦੇ ਆਧਾਰ 'ਤੇ, ਸੀ੨ + ੫੦% ਫਾਰਮੂਲੇ ਦੇ ਅਨੁਸਾਰ ਸਾਰੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਅਤੇ ਖਰੀਦ ਦੀ ਗਰੰਟੀ ਦੇਣ ਵਾਲਾ ਕਾਨੂੰਨ ਬਣਾਇਆ ਜਾਵੇ। ਕੇਂਦਰ ਸਰਕਾਰ ਵੱਲੋਂ ਘੱਟੋ-ਘੱਟ ਸਮਰਥਨ ਮੁੱਲ 'ਤੇ ਬਣਾਈ ਗਈ ਕਮੇਟੀ ਅਤੇ ਇਸ ਦੀਆਂ ਦੱਸੀਆਂ ਗਈਆਂ ਸ਼ਰਤਾਂ ਐੱਸ.ਕੇ.ਐੱਮ. ਦੀਆਂ ਸ਼ਰਤਾਂ ਦੇ ਉਲਟ ਹਨ, ਇਸ ਕਮੇਟੀ ਨੂੰ ਬਰਖਾਸਤ ਕਰਕੇ ਘੱਟੋ-ਘੱਟ ਸਮਰਥਨ ਮੁੱਲ 'ਤੇ ਇੱਕ ਨਵੀਂ ਕਮੇਟੀ ਦਾ ਮੁੜ ਗਠਨ ਕੀਤਾ ਜਾਣਾ ਚਾਹੀਦਾ ਹੈ, ਜੋ ਐਮਐਸਪੀ ਦੀ ਕਾਨੂੰਨੀ ਗਾਰੰਟੀ ਅਤੇ ਸਾਰੀਆਂ ਫਸਲਾਂ ਦੀ ਖਰੀਦ ਦੀ ਗਾਰੰਟੀ ਲਈ ਕਾਨੂੰਨ ਬਣਾਉਣ ਵਾਸਤੇ, ਕੇਂਦਰ ਸਰਕਾਰ ਦੁਆਰਾ ਕੀਤੇ ਵਾਅਦੇ ਅਨੁਸਾਰ ਕਿਸਾਨਾਂ ਅਤੇ ਐਸ.ਕੇ.ਐਮ ਨੁਮਾਇੰਦੇ ਸਾਮਲ ਕਰਕੇ ਬਣਾਈ ਜਾਣੀ ਚਾਹੀਦੀ ਹੈ। ਖੇਤੀ ਦੀਆਂ ਲਾਗਤਾਂ ਵਧਣ ਅਤੇ ਫਸਲਾਂ ਦੇ ਲਾਹੇਵੰਦ ਭਾਅ ਨਾ ਮਿਲਣ ਕਾਰਨ, ਭਾਰਤ ਦੇ 80 ਪ੍ਰਤੀਸਤ ਤੋਂ ਵੱਧ ਕਿਸਾਨ ਵੱਡੇ ਕਰਜਿਆਂ ਵਿੱਚ ਫਸ ਗਏ ਹਨ, ਅਤੇ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ, ਇਸ ਲਈ ਅਸੀਂ ਸਾਰੇ ਕਿਸਾਨਾਂ ਦੇ ਸਾਰੇ ਕਰਜੇ ਮੁਆਫ ਕਰਨ ਦੀ ਮੰਗ ਕਰਦੇ ਹਾਂ। ਬਿਜਲੀ ਸੋਧ ਬਿੱਲ, 2020 ਨੂੰ ਤੁਰੰਤ ਵਾਪਸ ਲਿਆ ਜਾਵੇ। 9 ਦਸੰਬਰ 2021 ਨੂੰ ਸੰਯੁਕਤ ਕਿਸਾਨ ਮੋਰਚਾ ਨੂੰ ਲਿਖੇ ਇੱਕ ਪੱਤਰ ਵਿੱਚ, ਕੇਂਦਰ ਸਰਕਾਰ ਨੇ ਇੱਕ ਲਿਖਤੀ ਭਰੋਸਾ ਦਿੱਤਾ ਸੀ ਕਿ, "ਬਿਜਲੀ ਸੋਧ ਬਿੱਲ, 2020 ਨੂੰ ਮੋਰਚੇ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਹੀ ਸੰਸਦ ਵਿੱਚ ਪੇਸ਼ ਕੀਤਾ ਜਾਵੇਗਾ।" ਇਸ ਦੇ ਬਾਵਜੂਦ ਕੇਂਦਰ ਸਰਕਾਰ ਨੇ ਬਿਨਾਂ ਕਿਸੇ ਚਰਚਾ ਤੋਂ ਇਹ ਬਿੱਲ ਸੰਸਦ ਵਿੱਚ ਪੇਸ਼ ਕਰ ਦਿੱਤਾ ਹੈ। ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਜ਼ਿਲ੍ਹੇ ਦੇ ਤਿਕੋਨੀਆ ਵਿਖੇ 3 ਅਕਤੂਬਰ, 2021 ਨੂੰ ਚਾਰ ਕਿਸਾਨਾਂ ਅਤੇ ਇੱਕ ਪੱਤਰਕਾਰ ਦੇ ਕਤਲ ਦੇ ਮੁੱਖ ਸਾਜ਼ਿਸ਼ਕਰਤਾ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੈ ਮਿਸ਼ਰਾ ਟੈਨੀ ਨੂੰ ਮੰਤਰੀ ਮੰਡਲ ਵਿੱਚੋਂ ਬਰਖਾਸਤ ਕਰੋ ਅਤੇ ਗ੍ਰਿਫਤਾਰ ਕਰਕੇ ਜੇਲ੍ਹ ਭੇਜਿਆ ਜਾਵੇ। ਲਖੀਮਪੁਰ ਖੀਰੀ ਕਤਲੇਆਮ ਵਿੱਚ, ਜੇਲ੍ਹਾਂ ਵਿੱਚ ਬੰਦ ਬੇਕਸੂਰ ਚਾਰ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਉਨ੍ਹਾਂ ਵਿਰੁੱਧ ਦਰਜ ਕੀਤੇ ਝੂਠੇ ਕੇਸ ਤੁਰੰਤ ਵਾਪਸ ਲਏ ਜਾਣ।

ਸਰਕਾਰ ਜਖਮੀ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜਾ ਦੇਣ ਦਾ ਆਪਣਾ ਵਾਅਦਾ ਪੂਰਾ ਕਰੇ। ਸਰਕਾਰ ਨੂੰ, ਸੋਕੇ, ਹੜ੍ਹ, ਜ਼ਿਆਦਾ ਮੀਂਹ, ਫਸਲਾਂ ਨਾਲ ਸਬੰਧਤ ਬਿਮਾਰੀਆਂ ਆਦਿ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਸਾਰੀਆਂ ਫਸਲਾਂ ਲਈ ਵਿਆਪਕ ਅਤੇ ਪ੍ਰਭਾਵੀ ਫਸਲ ਬੀਮਾ ਯੋਜਨਾਂ ਲਾਗੂ ਕਰਨੀ ਚਾਹੀਦੀ ਹੈ। ਸਾਰੇ ਦਰਮਿਆਨੇ, ਛੋਟੇ ਅਤੇ ਸੀਮਾਂਤ ਮਰਦ ਅਤੇ ਔਰਤ ਕਿਸਾਨਾਂ ਅਤੇ ਖੇਤ ਮਜਦੂਰਾਂ ਲਈ 10,000 ਰੁਪਏ ਪ੍ਰਤੀ ਮਹੀਨੇ ਦੀ ਕਿਸਾਨ ਪੈਨਸਨ ਸਕੀਮ ਲਾਗੂ ਕੀਤੀ ਜਾਵੇ। ਕਿਸਾਨ ਅੰਦੋਲਨ ਦੌਰਾਨ ਭਾਜਪਾ ਸਾਸਤ ਰਾਜਾਂ ਅਤੇ ਹੋਰ ਰਾਜਾਂ ਅਤੇ ਕੇਂਦਰ ਸ਼ਾਸ਼ਤ ਪ੍ਰਦੇਸ਼ਾਂ ਵਿੱਚ ਕਿਸਾਨਾਂ ਵਿਰੁੱਧ ਜੋ ਝੂਠੇ ਕੇਸ ਦਰਜ ਕੀਤੇ ਗਏ ਸਨ, ਉਹ ਤੁਰੰਤ ਵਾਪਸ ਲਏ ਜਾਣ। ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਸਾਰੇ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜਾ ਦਿੱਤਾ ਜਾਵੇ ਅਤੇ ਉਨ੍ਹਾਂ ਦੇ ਮੁੜ ਵਸੇਬੇ ਦਾ ਪ੍ਰਬੰਧ ਕੀਤਾ ਜਾਵੇ ਅਤੇ ਸਿੰਘੂ ਬਾਰਡਰ 'ਤੇ ਸ਼ਹੀਦ ਕਿਸਾਨਾਂ ਦੀ ਯਾਦਗਾਰ ਬਣਾਉਣ ਲਈ ਜਮੀਨ ਦੀ ਅਲਾਟ ਕੀਤੀ ਜਾਵੇ। ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਜਨਵਰੀ ਦੇ ਦਿੱਤੇ ਇਸ ਸੱਦੇ ਉਪਰੰਤ ਆਉਣ ਵਾਲੇ ਕੇਂਦਰੀ ਬਜਟ ਦੌਰਾਨ ਵਿਸ਼ਾਲ ਦੇਸ਼ ਪੱਧਰੀ ਸੰਘਰਸ਼ ਵਿੱਢਿਆ ਜਾਵੇਗਾ।

# ਔਰਤਾਂ ਨੇ ਝਾੜੂ ਹੱਥਾਂ 'ਚ ਫੜ ਕੇ ਪਾਵਰ ਪਲਾਂਟ ਦੀ ਸੁਆਹ ਵਿਰੁੱਧ ਰੋਸ ਪ੍ਰਗਟਾਇਆ

**ਨਵਾਂਸ਼ਹਿਰ (ਮਨੋਜ ਲਾਡੀ)**- ਮੁੱਹਲਾ ਸ਼ਿਵ ਨਗਰ ਰੇਲਵੇ ਰੋਡ ਨਵਾਂਸ਼ਹਿਰ ਦੀਆਂ ਔਰਤਾਂ ਨੇ ਇਸਤਰੀ ਆਗੂ ਰਜਨੀ ਕੰਡਾ ਦੀ ਅਗਵਾਈ ਵਿੱਚ ਝਾੜੂ ਹੱਥਾਂ ਵਿੱਚ ਫੜਕੇ ਪਾਵਰ ਪਲਾਂਟ ਦੀ ਸ਼ਹਿਰ ਉੱਤੇ ਡਿੱਗਦੀ ਸੁਆਹ ਬੰਦ ਕਰਨ ਦੀ ਮੰਗ ਕੀਤੀ। ਇਸ ਮੌਕੇ ਵਿਚਾਰ ਪੇਸ਼ ਕਰਦਿਆਂ ਰਜਨੀ ਕੰਡਾ ਨੇ ਕਿਹਾ ਕਿ ਇਸ ਸੁਆਹ ਤੋਂ ਸ਼ਹਿਰ ਦੀਆਂ ਔਰਤਾਂ ਡਾਢੀਆਂ ਪ੍ਰੇਸ਼ਾਨ ਹਨ। ਕੱਪੜੇ ਧੋ ਕੇ ਬਾਹਰ ਸੁੱਕਣੇ ਨਹੀਂ ਪਾ ਸਕਦੀਆਂ, ਘਰਾਂ ਦੀ ਸਫਾਈ ਲਈ ਵਾਰ ਵਾਰ ਝਾੜੂ ਪੋਚਾ ਲਾਉਣਾ ਪੈਂਦਾ ਹੈ। ਸੁਆਹ ਅੱਖਾਂ ਖਰਾਬ ਕਰ ਰਹੀ ਹੈ। ਉਹਨਾਂ ਕਿਹਾ ਕਿ 24 ਜਨਵਰੀ ਨੂੰ ਕੀਤੇ ਜਾ ਰਹੇ ਪਾਵਰ ਪਲਾਂਟ ਦੇ ਘਿਰਾਓ ਵਿੱਚ ਔਰਤਾਂ ਹੁੰਮਹੁਮਾ ਕੇ ਪੁੱਜਣਗੀਆਂ।

# ਡਾਕਟਰ ਅੰਬੇਡਕਰ ਕ੍ਰਿਕਟ ਕਲੱਬ 35 ਦੌੜਾਂ ਨਾਲ ਜੇਤੂ



**ਕਰਤਾਰਪੁਰ ( ਹਰਮੇਸ਼ ਦੱਤ)**- ਸ਼੍ਰੀ ਗੁਰੂ ਅਰਜਨ ਦੇਵ ਪਬਲਿਕ ਸਕੂਲ ਕਰਤਾਰਪੁਰ ਦੀ ਗਰਾਂਊਡ ਵਿੱਚ ਡਾਕਟਰ ਅੰਬੇਡਕਰ ਕੱਲਬ ਕਰਤਾਰਪੁਰ ਅਤੇ ਜੀ ਬੀ ਸੀ ਜਲੰਧਰ ਵਿਚਾਲੇ ਫਰੈਂਡਲੀ ਕ੍ਰਿਕੇਟ ਮੈਚ ਖੇਡਿਆ ਗਿਆ। ਟਾਸ ਜਿੱਤ ਕੇ ਪਹਿਲਾਂ ਖੇਡਦਿਆਂ ਅੰਬੇਡਕਰ ਕਲੱਬ ਨੇ 20 ਉਵਰਾਂ ਵਿੱਚ 165 ਦੌੜਾਂ ਬਣਾਈਆਂ। ਜਿਸ ਵਿੱਚ ਬੋਬੀਨ 65 ਦੌੜਾਂ ਨਾਟ ਆਊਟ, ਮਨ 39 ਦੌੜਾਂ, ਰਾਕੇਸ਼ ਨੇ 30 ਦੌੜਾਂ ਬਣਾਈਆਂ। ਦੂਸਰੀ ਟੀਮ ਜੀ ਬੀ ਸੀ ਨੇ 20 ਉਵਰਾਂ ਵਿੱਚ 9 ਵਿਕਟਾਂ ਗਵਾ ਕੇ 130 ਦੌੜਾਂ ਹੀ ਬਣਾ ਸਕੀ। ਡਾਕਟਰ ਅੰਬੇਡਕਰ ਕਲੱਬ ਵਲੋ ਪੰਮਾ ਨੇ 3 ਉਵਰਾਂ ਵਿੱਚ 10 ਰਨ ਦੇ ਕੇ 3 ਵਿਕਟਾਂ, ਰੌਕੀ ਨੇ 4 ਉਵਰਾਂ ਵਿੱਚ 24 ਰਨ ਦੇ ਕੇ 3 ਵਿਕਟਾਂ ਪ੍ਰਾਪਤ ਕੀਤੀਆਂ। ਡਾਕਟਰ ਅੰਬੇਡਕਰ ਕਲੱਬ 35 ਦੌੜਾਂ ਨਾਲ ਜੇਤੂ ਰਹੀ।

# ਵਾਰਡ ਨੰਬਰ-30 ਦੇ ਮੁਹੱਲਾ ਵਾਸੀਆਂ ਨੇ ਪ੍ਰਸ਼ਾਸਨ ਖਿਲਾਫ ਕੀਤੀ ਨਾਅਰੇਬਾਜ਼ੀ



**ਹੁਸ਼ਿਆਰਪੁਰ (ਓ ਪੀ ਰਾਣਾ)**
ਕਈ ਸਰਕਾਰਾਂ ਆਈਆਂ ਤੇ ਗਈਆਂ ਪਰ ਮੌਜੂਦਾ ਸਰਕਾਰ ਵੀ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਦੇ ਚੱਕਰ 'ਚ ਕੰਨੀ ਕਤਰਾਉਂਦੀ ਨਜ਼ਰ ਆ ਰਹੀ ਹੈ। ਮਾਮਲਾ ਹੁਸ਼ਿਆਰਪੁਰ ਦੇ ਮੁਹੱਲਾ ਜਗੀਰਪੁਰਾ ਵਾਰਡ ਨੰਬਰ 30 ਦੀ ਹਾਲਤ ਦਾ ਹੈ। ਇਸ ਮੁਹੱਲੇ ਦੀ ਹਾਲਤ ਦਿਨ ਪ੍ਰਤੀ ਦਿਨ ਖਸਤਾ ਹੁੰਦੀ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਮੁਹੱਲਾ ਵਾਸੀ ਬੀਬੀ ਸੁਰਜੀਤ ਕੌਰ, ਕੁਲਵਿੰਦਰ ਕੌਰ, ਸੀਤਾ ਦੇਵੀ, ਗੁਰਪ੍ਰੀਤ ਕੌਰ, ਅਮਰਜੀਤ ਕੌਰ, ਜੋਗਿੰਦਰ ਕੌਰ, ਸੋਨੀਆ, ਪ੍ਰਿਆ, ਸਨੀ, ਨਰਿੰਦਰ ਕੁਮਾਰ, ਹਨੀ, ਮਨੋਹਰ, ਵਿਨੋਦ, ਅਜੇ, ਸੰਜੀਵ, ਸਮੀ ਕੁਮਾਰ, ਕਮਲ, ਪਰਮਜੀਤ, ਹਰਭਜਨ ਆਦਿ ਨੇ ਦੱਸਿਆ ਕਿ ਕੀ ਪਿਛਲੇ ਕਾਫੀ ਲੰਮੇ ਸਮੇਂ ਤੋਂ ਗਟਰ ਦਾ ਪਾਣੀ ਓਵਰ ਫਲੋ ਹੋ ਕੇ ਗਲੀਆਂ 'ਚ ਘੁੰਮਦਾ ਹੈ। ਜਿਸ ਕਾਰਨ ਇਸ ਗੰਦੇ ਪਾਣੀ ਦੇ ਨਾਲ ਕਈ ਭਿਆਨਕ ਬਿਮਾਰੀਆਂ ਲੱਗਣ ਦਾ ਡਰ ਬਣਿਆ ਹੋਇਆ ਹੈ ਹੋਰ ਤਾਂ ਹੋਰ ਕਈ ਮੁਹੱਲਾ ਵਾਸੀਆਂ ਨੂੰ ਕਈ ਗੰਭੀਰ ਬਿਮਾਰੀਆਂ ਵੀ ਲੱਗ ਚੁੱਕੀਆਂ ਹਨ ਅਤੇ ਛੋਟੇ-ਛੋਟੇ ਬੱਚਿਆਂ ਨੂੰ ਸਕੂਲ ਆਉਣ-ਜਾਣ ਵਿਚ ਵੀ ਵੱਡੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਕਈ ਵਾਰ ਉੱਚ ਅਧਿਕਾਰੀਆਂ ਨੂੰ ਸ਼ਿਕਾਇਤ ਵੀ ਕੀਤੀ ਪਰ ਪ੍ਰਸ਼ਾਸਨ ਕੁੰਭਕਰਨ ਦੀ ਨੀਂਦ ਸੁੱਤਾ ਪਿਆ ਹੈ। ਮੁਹੱਲਾ ਵਾਸੀਆਂ ਨੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਹੁਸ਼ਿਆਰਪੁਰ ਦੇ ਬਹੁਤ ਸਾਰੇ ਮੁਹੱਲੇ ਸਾਡੇ ਮੁਹੱਲੇ ਤੋਂ ਵੱਧ ਸਾਫ ਸੁਥਰੇ ਹਨ, ਕਿਉਂਕਿ ਸਰਕਾਰ ਨੁਮਾਇੰਦਿਆਂ ਵੱਲੋਂ ਇਥੇ ਬਹੁਤ ਪੱਖਪਾਤ ਕੀਤਾ ਜਾ ਰਿਹਾ ਹੈ। ਇਸ ਮੌਕੇ ਮੁਹੱਲਾ ਵਾਸੀਆਂ ਨੇ ਆਪਣੀ ਸਮੱਸਿਆ ਦਾ ਜਲਦ ਤੋਂ ਜਲਦ ਹੱਲ ਕਰਨ ਲਈ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਵੀ ਕੀਤੀ। ਉਨ੍ਹਾਂ ਪ੍ਰਸ਼ਨ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਇਸ ਸਮੱਸਿਆ ਦਾ ਜਲਦ ਤੋਂ ਜਲਦ ਹੱਲ ਨਾ ਕੀਤਾ ਤਾਂ ਸਰਕਾਰ ਖਿਲਾਫ ਸੰਘਰਸ਼ ਤੇਜ ਕੀਤਾ ਜਾਵੇਗਾ।

# ਅਣਪਛਾਤੇ ਵਿਅਕਤੀਆਂ ਦੇ ਹਥਿਆਰਾਂ ਸਮੇਤ ਘੁੰਮਣ ਨਾਲ ਬਣਿਆ ਦਹਿਸ਼ਤ ਦਾ ਮਾਹੌਲ

**ਫਿਲੌਰ (ਨਿਰਮਲ)**- ਨਜਦੀਕੀ ਪਿੰਡ ਖਹਿਰਾ ਵਿਖੇ ਰਾਤ ਦੇ ਸਮੇਂ ਕੁੱਝ ਅਣਪਛਾਤੇ ਵਿਅਕਤੀ ਹਥਿਆਰਾਂ ਸਮੇਤ ਘੁੰਮ ਰਹੇ ਹਨ ਜਿਸ ਨਾਲ ਪਿੰਡ 'ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਆਸ਼ਾ ਰਾਣੀ ਵਾਸੀ ਪਿੰਡ ਖਹਿਰਾ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਸੀ.ਸੀ.ਟੀ.ਵੀ ਕੈਮਰੇ ਲੱਗੇ ਹੋਏ ਹਨ। ਕੈਮਰਿਆਂ ਦੀ ਫੁਟੇਜ ਵਿੱਚ ਰਾਤ ਸਮੇਂ ਅਣਪਛਾਤੇ ਵਿਅਕਤੀ ਹਥਿਆਰਾਂ ਨਾਲ ਘੁੰਮਦੇ ਦਿਖਾਈ ਦੇ ਰਹੇ ਹਨ। ਉਨ੍ਹਾਂ ਵੱਲੋਂ ਸਾਡੇ ਘਰ ਦਾ ਕੈਮਰਾ ਵੀ ਰਾਡ ਮਾਰ ਕੇ ਤੋੜ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਸਾਡੇ ਘਰ 'ਚ ਚੋਰੀ ਹੋਣ ਨਾਲ ਸਾਡਾ ਬਹੁਤ ਨੁਕਸਾਨ ਹੋ ਗਿਆ ਸੀ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪਿੰਡ ਵਿਚ ਪੁਲਸ ਦੀ ਗਸ਼ਤ ਵਧਾਈ ਜਾਵੇ। ਇਸ ਮੌਕੇ ਪਿੰਡ ਦੇ ਮੋਹਤਵਰ ਵਰਿੰਦਰ ਸਿੰਘ ਖਾਲਸਾ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਰਾਤ ਸਮੇਂ ਚੋਰ ਬੇਖੌਫ ਘੁੰਮ ਰਹੇ ਹਨ, ਇਹ ਜਲਦ ਹੀ ਕੋਈ ਨਾ ਕੋਈ ਵਾਰਦਾਤ ਨੂੰ ਅੰਜਾਮ ਦੇਣਗੇ। ਉਨ੍ਹਾਂ ਕਿਹਾ ਕਿ ਉਕਤ ਚੋਰ ਕਿਸੇ ਵਿਅਕਤੀ 'ਤੇ ਹਮਲਾ ਵੀ ਕਰ ਸਕਦੇ ਹਨ। ਉਨ੍ਹਾਂ ਪੁਲਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਉਨ੍ਹਾਂ ਦੇ ਪਿੰਡ 'ਚ ਰਾਤ ਸਮੇਂ ਪੁਲਸ ਦੀ ਗਸ਼ਤ ਤੇਜ ਕੀਤੀ ਜਾਵੇ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ



**ਬਹਿਰਾਮ (ਅਵਤਾਰ ਕਲੇਰ)**
ਪੰਜਾਬ ਪੈਨਸ਼ਨਰਜ਼ ਯੂਨੀਅਨ ਜਿਲ੍ਹਾ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ ਜਗਤਾਰ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਕੀਤੀ ਗਈ। ਇਸ ਮੀਟਿੰਗ 'ਚ ਪੈਨਸ਼ਨਰਾਂ ਦੇ ਮਸਲਿਆਂ ਬਾਰੇ ਸਰਕਾਰ ਦੇ ਵਤੀਰੇ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਵਿਚਾਰ ਚਰਚਾ ਵਿੱਚ ਜਿਲ੍ਹਾ ਜਨਰਲ ਸਕੱਤਰ ਕਾਮਰੇਡ ਮੁਕੰਦ ਲਾਲ, ਦਸੌਂਧਾ ਸਿੰਘ, ਜਸਵਿੰਦਰ ਸਿੰਘ ਭੰਗਲ, ਪ੍ਰੇਮ ਕੁਮਾਰ ਖਜ਼ਾਨਚੀ, ਬਲਵੀਰ ਸਿੰਘ ਮਹਿਤਪੁਰ, ਸੁਰਜੀਤ ਸਿੰਘ ਮਾਣਕ ਨੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਕਾਮਰੇਡ ਮੁਕੰਦ ਲਾਲ ਨੇ ਦੱਸਿਆ ਕਿ ਆਦਮੀ ਅਤੀਤ ਅਤੇ ਤਜਰਬੇ ਤੋਂ ਸਿਖਦਾ ਹੈ। ਇਸੇ ਤਰ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਹਿਸਾਸ ਹੋ ਗਿਆ ਹੈ ਕਿ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ 'ਚ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਕਿੰਨੀ ਅਹਿਮ ਭੂਮਿਕਾ ਹੁੰਦੀ ਹੈ। ਇਸ ਪੁਜਾਰੀ, ਅਧਿਕਾਰੀ ਚੁਣੇ ਹੋਏ ਨੁਮਾਇੰਦਿਆਂ ਦਾ ਗਠਜੋੜ ਕਿਵੇਂ ਲੋਕਾਂ ਦੇ ਮਸਲਿਆਂ ਤੇ ਮੰਗਾਂ ਨੂੰ ਧਰਮ, ਜਾਤ ਅਤੇ ਹੋਰ ਬੇਲੋੜੇ ਹਥਿਆਰ ਵਜੋਂ ਵਰਤ ਕੇ ਦਵਾਇਆ ਜਾਂਦਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ 129 ਕੇਸ ਦਰਜ ਕਰ ਕੇ 172 ਵੱਡੇ ਮਗਰਮੱਛਾਂ ਨੂੰ ਜੇਲ੍ਹ ਭੇਜਿਆ ਹੈ। ਇਸ ਲਈ ਉਹ ਸ਼ਾਬਾਸ ਦੇ ਹੱਕਦਾਰ ਹਨ। ਉਨ੍ਹਾਂ ਦੇ ਧੰਨਵਾਦੀ ਹਾਂ। ਇਸ ਦੇ ਨਾਲ ਹੀ ਮੁੱਖ ਮੰਤਰੀ ਤੋਂ ਮੰਗ ਕੀਤੀ ਹੈ ਕਿ ਪੈਨਸ਼ਨਰਾਂ ਸਾਰੇ ਮਸਲੇ ਵੀ ਇਸੇ ਗਠਜੋੜ ਵੱਲੋਂ ਉਲਝਾਏ ਗਏ ਹਨ। ਜਿਸ 'ਚ ਪੈਨਸ਼ਨਰਾਂ ਅਤੇ ਮੁਲਾਜਮਾਂ ਦਾ ਡੀ ਏ ਦਾ ਬਕਾਇਆਂ 2015 ਤੋਂ 113% ਤੋਂ 116% ਸ਼ਭ ਨੂੰ ਦਿੱਤਾ ਜਾਵੇ। 1.59 ਦੇ ਫੈਕਟਰ ਨਾਲ ਪੈਨਸ਼ਨ ਸੋਧੀ ਜਾਵੇ। ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਦਾ ਭੁਗਤਾਨ ਤਿੰਨ ਮਹੀਨਿਆਂ 'ਚ ਕੀਤਾ ਜਾਵੇ। ਆਊਟ ਸੋਰਸਿਜ਼ ਪ੍ਰਬੰਧ ਖਤਮ ਕਰ ਕੇ ਸਿੱਧੇ ਤੌਰ 'ਤੇ ਪੱਕੀ ਭਰਤੀ ਕੀਤੀ ਜਾਵੇ। ਮਾਨਯੋਗ ਸੁਪਰੀਮ ਕੋਰਟ ਦੇ ਫੈਸਲਿਆਂ ਬਰਾਬਰ ਕੰਮ ਬਰਾਬਰ ਤਨਖਾਹ ਅਤੇ ਲਗਾਤਾਰ ਚੱਲਣ ਵਾਲੇ ਕੰਮਾਂ 'ਚ ਠੇਕੇ 'ਤੇ ਭਰਤੀ ਨਹੀਂ ਕੀਤੀ ਜਾ ਸਕਦੀ, ਨੂੰ ਲਾਗੂ ਕੀਤਾ ਜਾਵੇ। 142 ਮਹੀਨਿਆਂ ਦਾ ਰਹਿੰਦਾ ਬਕਾਇਆ ਦਿੱਤਾ ਜਾਵੇ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 29 ਜਨਵਰੀ ਦੀ ਪੈਨਸ਼ਨਰਜ ਦੀ ਸੰਗਰੂਰ ਰੈਲੀ 'ਚ ਭਰਮੀ ਸ਼ਮੂਲੀਅਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਕੁਮਾਰ ਗਰਚਾ, ਮਹਿੰਦਰ ਸਿੰਘ ਬੀੜ ਪੁਆਧ, ਜੀਵਨ ਲਾਲ, ਸੇਵਾ ਸਿੰਘ,ਦੇਸ ਰਾਜ, ਸੁਰਿੰਦਰ ਸਿੰਘ, ਮਹਿੰਦਰ ਸਿੰਘ ਮਹਿਤ ਪੁਰ, ਮੋਹਣ ਸਿੰਘ ਰੁੜਕੀ ਖਾਸ, ਗੁਰਮੇਲ ਲਾਲ, ਰਘਬੀਰ ਚੰਦ, ਸ਼ਾਮ ਸੁੰਦਰ, ਕਸ਼ਮੀਰ ਸਿੰਘ, ਗੁਰਪਾਲ ਸਿੰਘ, ਸੋਹਣ ਸਿੰਘ ਮਾਣਕ, ਉਮਰਾਓ ਸਿੰਘ ਆਦਿ ਹਾਜ਼ਰ ਸਨ।

# ਪਾਵਰ ਪਲਾਂਟ ਦੇ ਘਿਰਾਓ ਲਈ ਆਗੂਆਂ ਵੱਲੋਂ ਘਰ-ਘਰ ਪਹੁੰਚ



**ਨਵਾਂਸ਼ਹਿਰ (ਮਨੋਜ)**- 24 ਜਨਵਰੀ ਨੂੰ ਨਵਾਂਸ਼ਹਿਰ ਵਾਸੀਆਂ ਵੱਲੋਂ ਕੀਤੇ ਜਾ ਰਹੇ ਕੋਜੈਨਰੇਸ਼ਨ ਪਾਵਰ ਪਲਾਂਟ ਦੇ ਘਿਰਾਓ ਲਈ ਲੋਕ ਸੰਘਰਸ਼ ਮੰਚ ਦੇ ਆਗੂ ਇਸ ਦੀ ਤਿਆਰੀ ਲਈ ਘਰ ਘਰ ਪਹੁੰਚ ਕਰ ਰਹੇ ਹਨ। ਮੰਚ ਦੇ ਆਗੂਆਂ ਨੇ ਬੱਕਰ ਖਾਨਾ ਰੋਡ, ਨਵੀਂ ਅਬਾਦੀ, ਰਵਿਦਾਸ ਨਗਰ , ਗੜ੍ਹਸ਼ੰਕਰ ਰੋਡ ਵਿਖੇ ਘਰ-ਘਰ ਪਹੁੰਚ ਕਰਕੇ ਲੋਕਾਂ ਨੂੰ ਇਸ ਘਿਰਾਓ 'ਚ ਵੱਡੀ ਗਿਣਤੀ 'ਚ ਪਹੁੰਚਣ ਦੀ ਅਪੀਲ ਕੀਤੀ। ਘਰ-ਘਰ ਪਹੁੰਚ ਕਰਨ ਵਾਲਿਆਂ ਵਿਚ ਪ੍ਰੋ.ਦਿਲਬਾਗ ਸਿੰਘ, ਸਤੀਸ਼ ਕੁਮਾਰ, ਬਲਵੀਰ ਕੁਮਾਰ, ਵਿੱਕੀ ਗਿੱਲ, ਨਿੱਕੂ ਰਾਮ ਜਨਾਗਲ ਮੰਚ ਆਗੂ ਸ਼ਾਮਲ ਸਨ।

# ਗੈਂਗਸਟਰਾਂ ਦੇ ਫਾਸਟ ਟਰੈਕ ਅਦਾਲਤਾਂ 'ਚ ਕੇਸ ਚਲਾ ਕੇ ਜਲਦ ਤੋਂ ਜਲਦ ਨਿਪਟਾਏ ਜਾਣ : ਨਿਸ਼ਾਂਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਹਿੰਦੂਤਵੀ ਹਿੰਦੂ ਸੰਗਠਨ ਸ਼ਿਵ ਸੈਨਾ ਹਿੰਦ ਵਲੋ ਪਾਰਟੀ ਦੇ ਚੇਅਰਮੈਨ ਦੀਪਕ ਸ਼ਾਂਡਿਲਿਆ ਅਤੇ ਲੀਗਲ ਸੈੱਲ ਦੇ ਪੰਜਾਬ ਪ੍ਰਧਾਨ ਐਡਵੋਕੇਟ ਕੇਤਨ ਸ਼ਰਮਾ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਪਾਰਟੀ ਦੇ ਕੌਮੀ ਪ੍ਰਧਾਨ ਨਿਸ਼ਾਂਤ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਵਿੱਚ ਪਹੁੰਚਣ 'ਤੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸ਼ਿਵ ਸੈਨਾ ਆਗੂਆਂ ਨੇ ਜੈ ਸ੍ਰੀ ਰਾਮ ਦੇ ਨਾਅਰੇ ਲਾਏ। ਇਸ ਮੌਕੇ ਨਿਸ਼ਾਂਤ ਸ਼ਰਮਾ ਦੇ ਨਾਲ ਪੰਜਾਬ ਪ੍ਰਧਾਨ ਗੁਰਪ੍ਰੀਤ ਸਿੰਘ ਲਾਡੀ ਯੂਥ ਵਿੰਗ ਦੇ ਕੌਮੀ ਬੁਲਾਰੇ ਕੀਰਤ ਸਿੰਘ ਮੁਹਾਲੀ, ਕੌਮੀ ਸੀਨੀਅਰ ਮੀਤ ਪ੍ਰਧਾਨ ਪਰਵਿੰਦਰ ਭੱਟੀ, ਵਿਦਿਆਰਥੀ ਵਿੰਗ ਦੇ ਕੌਮੀ ਪ੍ਰਧਾਨ ਗੌਤਮ ਸ਼ਰਮਾ ਵੀ ਮੌਜੂਦ ਸਨ। ਰਾਸ਼ਟਰੀ ਧਰਮ ਪ੍ਰਚਾਰਕ ਮਹੰਤ ਕਸ਼ਮੀਰ ਗਿਰੀ ਮਹਾਰਾਜ, ਪੰਜਾਬ ਚੇਅਰਮੈਨ ਅਜੇ ਗੁਪਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਰਿਤਿੰਦਰ ਰਾਣਾ ਨੂੰ ਜ਼ਿਲ੍ਹਾ ਪ੍ਰਧਾਨ, ਸੰਜੀਵ ਕੁਮਾਰ ਨੂੰ ਅੰਬਾਲਾ ਸ਼ਹਿਰੀ ਪ੍ਰਧਾਨ, ਨਸੀਬ ਸਿੰਘ ਨੂੰ ਅੰਬਾਲਾ ਦਿਹਾਤੀ ਪ੍ਰਧਾਨ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਗੈਗਸਟਰਾ ਵਲੋ ਨਜਾਇਜ਼ ਪੈਸੇ ਨਾਲ ਬਣਾਈਆਂ ਗਈਆਂ ਜਾਇਦਾਦਾਂ ਦੀ ਜਾਂਚ ਕੀਤੀ ਜਾਵੇ।
ਉਨ੍ਹਾਂ ਕਿਹਾ ਕਿ ਯੂ.ਪੀ ਦੀ ਤਰਜ਼ 'ਤੇ ਹਰਿਆਣਾ 'ਚ ਵੀ ਗੈਂਗਸਟਰਾਂ, ਬਦਮਾਸ਼ਾਂ ਅਤੇ ਨਾਜਾਇਜ਼ ਉਸਾਰੀਆਂ ਦੇ ਘਰਾਂ 'ਤੇ ਪੀਲੇ ਪੰਜੇ ਚਲਾਏ ਜਾ ਰਹੇ ਹਨ, ਜੋ ਕਿ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਅਸੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕਰਦੇ ਹਾਂ ਕਿ ਉਹ ਵੀ ਪੰਜਾਬ ਵਿੱਚ ਨਾਜਾਇਜ਼ ਜਾਇਦਾਦਾਂ ਰੱਖਣ ਵਾਲੇ ਅਪਰਾਧੀਆਂ ਦੇ ਘਰਾਂ ਅਤੇ ਇਮਾਰਤਾਂ 'ਤੇ ਬਿਨਾਂ ਦੇਰੀ ਬੁਲਡੋਜ਼ਰ ਚਲਾਏ ਜਾਣ। ਸ਼ਰਮਾ ਨੇ ਕਿਹਾ ਕਿ ਅਪਰਾਧੀਆਂ 'ਤੇ ਸ਼ਿਕੰਜਾ ਕੱਸਣ ਦੇ ਨਾਲ-ਨਾਲ ਉਨ੍ਹਾਂ ਨੂੰ ਸਬਕ ਸਿਖਾਉਣ ਲਈ ਪੰਜਾਬ ਸਰਕਾਰ ਤੋਂ ਸਪੱਸ਼ਟ ਕੀਤਾ ਜਾਵੇ ਕਿ ਕਿਸੇ ਵੀ ਅਪਰਾਧੀ ਨੂੰ ਬਖਸ਼ਿਆ ਨਹੀਂ ਜਾਵੇਗਾ। ਅਸੀਂ ਪਹਿਲਾਂ ਹੀ ਸਰਕਾਰ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਅਦਾਲਤੀ ਕਾਰਵਾਈ ਦਿਨ-ਰਾਤ ਕੀਤੀ ਜਾਵੇ।
ਇਨ੍ਹਾਂ ਗੈਂਗਸਟਰਾਂ ਨੂੰ ਜਲਦੀ ਤੋਂ ਜਲਦੀ ਸਖ਼ਤ ਤੋਂ ਸਖ਼ਤ ਸਜ਼ਾ ਮਿਲ ਸਕੇ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਅਤੇ ਹਰਿਆਣਾ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਸਾਰੇ ਗੈਂਗਸਟਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਬੈਂਕ ਖਾਤੇ ਚੈੱਕ ਕਰਕੇ ਸੀਲ ਕੀਤੇ ਜਾਣ। ਸ਼ਰਮਾ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਪੁਲਿਸ ਦੇ ਬਹਾਦਰ ਪੁਲਿਸ ਅਧਿਕਾਰੀਆਂ ਵਲੋਂ ਅੱਤਵਾਦੀਆਂ ਨੂੰ ਗ੍ਰਿਫ਼ਤਾਰ ਕਰਨ ਵਿਚ ਵਿਖਾਈ ਗਈ ਬਹਾਦਰੀ, ਅਦਭੁਤ ਰਣਨੀਤੀ ਅਤੇ ਕਾਰਜ ਕੁਸ਼ਲਤਾ ਨੂੰ ਸਿਰਫ਼ ਪੰਜਾਬ ਹੀ ਨਹੀਂ, ਪੂਰਾ ਦੇਸ਼ ਮੰਨ ਰਿਹਾ ਹੈ।

# ਸਰਾਏ ਖਾਸ ਵਿਖੇ ਨਸ਼ਿਆਂ ਦੀ ਰੋਕਥਾਮ ਸੰਬੰਧੀ ਲਗਾਇਆ ਸੈਮੀਨਾਰ



**ਕਰਤਾਰਪੁਰ (ਹਰਮੇਸ਼ ਦੱਤ)**
ਡਾਇਰੈਕਟਰ ਜਨਰਲ ਪੁਲਸ ਪੰਜਾਬ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ , ਐਸ ਐਸ ਪੀ ਜਲੰਧਰ ਦਿਹਾਤੀ ਸਵਰਨਦੀਪ ਸਿੰਘ ਪੀ ਪੀ ਐਸ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸ੍ਰੀਮਤੀ ਮਨਜੀਤ ਕੌਰ ਪੀ ਪੀ ਐਸ ਐਸ ਪੀ ਸਥਾਨਕ ਜਲੰਧਰ ਦਿਹਾਤੀ ਦੀ ਦੇਖ ਰੇਖ ਹੇਠ ਸੁਰਿੰਦਰਪਾਲ ਧੋਗੜੀ ਪੀ ਪੀ ਐਸ ਉਪ ਪੁਲਸ ਕਪਤਾਨ ਸਬ ਡਵੀਜ਼ਨ ਕਰਤਾਰਪੁਰ ਦੀ ਅਗਵਾਈ ਹੇਠ ਇੰਸਪੈਕਟਰ ਰਮਨਦੀਪ ਸਿੰਘ ਮੁੱਖ ਅਫਸਰ ਥਾਣਾ ਕਰਤਾਰਪੁਰ ਵੱਲੋਂ ਸਾਂਝ ਕੇਂਦਰ ਕਰਤਾਰਪੁਰ ਦੇ ਸਹਿਯੋਗ ਨਾਲ ਪਿੰਡ ਸਰਾਏ ਖਾਸ ਕਰਤਾਰਪੁਰ ਜ਼ਿਲ੍ਹਾ ਜਲੰਧਰ ਵਿਖੇ ਨਸ਼ਿਆਂ ਦੀ ਰੋਕਥਾਮ ਸਬੰਧੀ ਸੈਮੀਨਾਰ ਲਗਾਇਆ ਗਿਆ । ਇਸ ਮੌਕੇ ਮੁੱਖ ਅਫਸਰ ਥਾਣਾ ਕਰਤਾਰਪੁਰ ਵੱਲੋਂ ਸਮੂਹ ਪਿੰਡ ਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦਾ ਨਸ਼ਾ ਨਾ ਕਰਨ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਾਇਆ ਗਿਆ। ਇਸ ਤੋਂ ਇਲਾਵਾ ਪਿੰਡ ਵਾਸੀਆਂ ਨੂੰ ਨਸ਼ੇ ਦੀ ਰੋਕਥਾਮ ਤੇ ਨਸ਼ਾ ਕਰਨ ਵਾਲੇ ਵਿਅਕਤੀਆਂ ਬਾਰੇ ਜਾਣਕਾਰੀ ਦੇਣ ਅਤੇ ਨਸ਼ਾ ਵੇਚਣ ਵਾਲੇ ਅਨਸਰਾਂ ਨੂੰ ਫੜਾਉਣ ਵਿੱਚ ਲੋਕਲ ਪੁਲਸ ਦਾ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ ਗਿਆ । ਸੈਮੀਨਾਰ ਵਿੱਚ ਸਾਂਝ ਕੇਂਦਰ ਕਰਤਾਰਪੁਰ ਵੱਲੋਂ ਏ ਐਸ ਆਈ ਜਗਤਾਰ ਸਿੰਘ ,ਏ ਐਸ ਆਈ ਬਹਾਦਰ ਸਿੰਘ ,ਸੀਨੀਅਰ ਸਿਪਾਹੀ ਮਨਪ੍ਰੀਤ ਸਿੰਘ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਪਾਸਟਰ ਲਿਆਕਤ ਮਸੀਹ ,ਜੀਵਨ ਕਲਿਆਨ , ਰਣਜੀਤ ਸਿੰਘ ਰਾਣਾ ,ਸਤਨਾਮ ਸਿੰਘ ਅਤੇ ਹੋਰ ਕਾਫੀ ਔਰਤਾਂ ਤੇ ਨੌਜਵਾਨ ਸ਼ਾਮਿਲ ਸਨ।

# ਵਿਸ਼ੇਸ਼ ਜੈਕਟ ਨੇ ਨਾਕਿਆਂ ਤੇ ਛਾਪਿਆਂ ਦੌਰਾਨ ਆਬਕਾਰੀ ਅਧਿਕਾਰੀਆਂ ਦੀ ਪਛਾਣ ਯਕੀਨੀ ਬਣਾਈ




**ਚੰਡੀਗੜ੍ਹ, (ਗੁਰਜੀਤ ਬਿੱਲਾ)**
ਇਨਫੋਰਸਮੈਂਟ ਗਤੀਵਿਧੀਆਂ ਦੌਰਾਨ ਆਬਕਾਰੀ ਅਧਿਕਾਰੀ ਨੂੰ ਅਧਿਕਾਰਿਕ ਮਾਨਤਾ ਦੇਣ ਲਈ ਪੰਜਾਬ ਆਬਕਾਰੀ ਵਿਭਾਗ ਨੇ ਵਿਭਾਗ ਦੇ ਆਬਕਾਰੀ ਇੰਸਪੈਕਟਰਾਂ, ਆਬਕਾਰੀ ਅਧਿਕਾਰੀਆਂ ਅਤੇ ਇਸ ਤੋਂ ਉੱਪਰ ਦੇ ਅਧਿਕਾਰੀਆਂ ਨੂੰ ਵਿਸ਼ੇਸ਼ ਜੈਕਟਾਂ ਪ੍ਰਦਾਨ ਕੀਤੀਆਂ ਹਨ। ਇਨ੍ਹਾਂ ਜੈਕਟਾਂ ਦੇ ਅੱਗੇ ਪੰਜਾਬ ਸਰਕਾਰ ਅਤੇ ਐਸ.ਓ.ਜੀ (ਸਪੈਸਲ ਆਪ੍ਰੇਸਨ ਗਰੁੱਪ) ਦਾ ਲੋਗੋ ਲੱਗਾ ਹੈ ਅਤੇ ਪਿਛਲੇ ਪਾਸੇ ਵਿਭਾਗ ਦਾ ਨਾਂਅ ਲਿਖਿਆ ਹੋਇਆ ਹੈ। ਇਹ ਜਾਣਕਾਰੀ ਦਿੰਦਿਆਂ ਆਬਕਾਰੀ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਨਾਕਿਆਂ ਜਾਂ ਛਾਪੇਮਾਰੀ ਦੌਰਾਨ ਆਬਕਾਰੀ ਅਧਿਕਾਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਨ੍ਹਾਂ ਜੈਕਟਾਂ 'ਤੇ ਰਿਫਲੈਕਟਿਵ ਪੱਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਵਿਭਾਗ ਦੇ ਅਧਿਕਾਰੀਆਂ ਨੂੰ ਪਿਛਲੇ ਸਮੇਂ ਦੌਰਾਨ ਖਾਸ ਤੌਰ 'ਤੇ ਰਾਤ ਦੇ ਸਮੇਂ ਅਤੇ ਭੀੜ-ਭੜੱਕੇ ਵਾਲੇ ਇਲਾਕਿਆਂ ਵਿੱਚ ਸਰਕਾਰੀ ਪਹਿਰਾਵੇ ਦੀ ਅਣਹੋਂਦ ਕਾਰਨ ਇਨਫੋਰਸਮੈਂਟ ਗਤੀਵਿਧੀਆਂ ਨੂੰ ਅੰਜਾਮ ਦੇਣ ਸਮੇਂ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਬੁਲਾਰੇ ਨੇ ਅੱਗੇ ਕਿਹਾ ਕਿ ਆਬਕਾਰੀ ਇਨਫੋਰਸਮੈਂਟ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲੇ ਵਿਭਾਗ ਦੇ ਅਧਿਕਾਰੀ ਲੰਬੇ ਸਮੇਂ ਤੋਂ ਅਜਿਹੀਆਂ ਸਰਕਾਰੀ ਜੈਕਟਾਂ ਜਾਂ ਪਹਿਰਾਵੇ ਨੂੰ ਲਾਗੂ ਕਰਨ ਦੀ ਮੰਗ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸ ਸਰਕਾਰੀ ਜੈਕਟ ਨੂੰ ਲਾਂਚ ਕਰਕੇ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਪੂਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਅਧਿਕਾਰੀਆਂ ਦੁਆਰਾ ਨਿਰਵਿਘਨ ਘੇਰਾਬੰਦੀ, ਤਲਾਸੀ ਅਤੇ ਜਬਤ ਕਾਰਵਾਈਆਂ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਸਹਾਇਕ ਸਾਬਿਤ ਹੋ ਰਹੀ ਹੈ ਅਤੇ ਜਿੱਥੋਂ ਤੱਕ ਇਨਫੋਰਸਮੈਂਟ ਗਤੀਵਿਧੀਆਂ ਦਾ ਸਬੰਧ ਹੈ ਇਹ ਯਕੀਨੀ ਤੌਰ 'ਤੇ ਵਿਭਾਗ ਦੀ ਪੇਸੇਵਰ ਕੁਸਲਤਾ ਵਿੱਚ ਵਾਧਾ ਕਰੇਗੀ । ਉਨ੍ਹਾਂ ਕਿਹਾ ਕਿ ਆਬਕਾਰੀ ਵਿਭਾਗ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਿਰਧਾਰਿਤ ਆਬਕਾਰੀ ਮਾਲੀਆ ਟੀਚਿਆਂ ਦੀ ਪ੍ਰਾਪਤੀ ਲਈ ਸੁਹਿਰਦ ਯਤਨ ਕਰਨ ਦੇ ਨਾਲ-ਨਾਲ ਗੁਆਂਢੀ ਸੂਬਿਆਂ ਤੋਂ ਸੂਬੇ ਵਿੱਚ ਸਰਾਬ ਦੀ ਤਸਕਰੀ ਨੂੰ ਰੋਕਣ ਤੇ ਨਜਾਇਜ਼ ਸ਼ਰਾਬ ਦੇ ਉਤਪਾਦਨ ਅਤੇ ਵਿਕਰੀ 'ਤੇ ਰੋਕ ਲਗਾਉਣ ਲਈ ਠੋਸ ਉਪਰਾਲੇ ਕਰ ਰਿਹਾ ਹੈ।

# ਗੁਰਦੇਵ ਸਿੰਘ ਐਂਟੀ ਕਰਾਈਮ ਐਂਟੀ ਕੁਰੱਪਸ਼ਨ ਫਾਊਂਡੇਸ਼ਨ ਦੇ ਸੂਬਾ ਮੀਤ ਪ੍ਰਧਾਨ ਨਿਯੁਕਤ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**
ਭ੍ਰਿਸ਼ਟਾਚਾਰ ਅਤੇ ਅਤਿਆਚਾਰ ਇਕ ਐਸੀ ਬਿਮਾਰੀ ਹੈ ਜੋ ਇਨਸਾਨ ਨੂੰ ਮਰਨ ਲਈ ਮਜਬੂਰ ਕਰ ਦਿੰਦੀ ਹੈ, ਪੰਜਾਬ ਦੇ ਅੰਦਰ ਇਸ ਕਦਰ ਭ੍ਰਿਸ਼ਟ ਅਫਸਰ ਬੈਠੇ ਹੋਏ ਹਨ ਜੋ ਬਿਨਾ ਖੌਫ ਟੇਬਲ ਦੇ ਥੱਲੇ ਤੋਂ ਅੰਜਾਮ ਦੇ ਰਹੇ ਹਨ, ਜਿਸ ਕਾਰਨ ਪੰਜਾਬ ਦੇ ਕਿਸੇ ਦਫਤਰ ਵਿੱਚ ਕਿਸੀ ਵੀ ਨਾਗਰਿਕ ਦਾ ਕੰਮ ਬਿਨਾਂ ਰਿਸ਼ਵਤ ਕਰਾਉਣਾ ਅਸਭੰਵ ਹੋ ਗਿਆ ਹੈ । ਸਰਕਾਰ ਵਲ੍ਹੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਜਾਦੀ । ਇਹ ਸ਼ਬਦ ਐਂਟੀ ਕੁਰਪੱਸ਼ਨ ਐਂਟੀ ਕ੍ਰਾਈਮ ਫਾਊਂਡੇਸ਼ਨ ਦੇ ਕੌਮੀ ਮੀਤ ਪ੍ਰਧਾਨ ਅਤੇ ਸੂਬਾ ਪ੍ਰਧਾਨ ਹੁਸਨ ਚੰਦ ਸੈਣੀ ਨੇ ਇਕ ਮੀਟਿੰਗ ਦੌਰਾਨ ਕਹੇ ! ਐਂਟੀ ਕੁਰੱਪਸ਼ਨ ਐਂਟੀ ਕ੍ਰਾਈਮ ਫਾਊਂਡੇਸ਼ਨ ਪੰਜਾਬ ਟੀਮ ਦੀ ਮੀਟਿੰਗ ਰੈਸਟੋਰੈਂਟ ਰੋਪੜ ਵਿਖੇ ਸੂਬਾ ਮੀਤ ਪ੍ਰਧਾਨ ਗੁਰਦੇਵ ਸਿੰਘ ਦੀ ਅਗਵਾਈ ਹੇਠ ਬੁਲਾਈ ਗਈ। ਜਿਸ ਵਿੱਚ ਕੌਮੀ ਮੀਤ ਪ੍ਰਧਾਨ ਅਤੇ ਸੂਬਾ ਪ੍ਰਧਾਨ ਪੰਜਾਬ ਹੁਸਨ ਚੰਦ ਸੈਣੀ ਦਾ ਇਥੇ ਪਹੁੰਚਣ 'ਤੇ ਸੰਸਥਾ ਦੇ ਸਮੂਹ ਅਹੁੱਦੇਦਾਰਾਂ ਅਤੇ ਮੈਂਬਰਾਂ ਵਲ੍ਹੋਂ ਸਵਾਗਤ ਕੀਤਾ ਗਿਆ । ਸੰਸਥਾ ਦੇ ਕੌਮੀ ਮੀਤ ਪ੍ਰਧਾਨ ਅਤੇ ਸੂਬਾ ਪ੍ਰਧਾਨ ਹੁਸਨ ਚੰਦ ਸੈਣੀ ਨੇ ਸੰਬੋਧਿਨ ਕਰਦੇ ਹੋਏ ਸੰਸਥਾ ਵਾਰੇ ਅਤੇ ਉਨ੍ਹਾਂ ਨੇ ਸੰਸਥਾ ਦੇ ਕੰਮਾ ਸਬੰਧੀ ਅਹਿਮ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਡਾ ਪਹਿਲ੍ਹਾ ਕੰਮ ਪੂਰੇ ਭਾਰਤ ਵਿੱਚ ਭ੍ਰਿਸ਼ਟਾਚਾਰ ਅਤੇ ਅਤਿਆਚਾਰ ਖਿਲਾਫ ਆਵਾਜ ਉਠਾਨਾ ਤੇ ਕਿਸੇ ਨਾਲ਼ ਹੋ ਰਹੇ ਅਤਿਆਚਾਰ ਵਾਲੇ ਵਿਅਕਤੀ ਦਾ ਸਹਿਯੋਗ ਕਰਨਾ, ਅਤੇ ਭ੍ਰਿਸ਼ਟਾਚਾਰ ਵਿਰੁੱਧੀ ਕਾਨੂੰਨ ਦੇ ਪ੍ਰਤੀ ਜਾਗਰੂਕਤਾ ਲਈ ਥਾਂ-ਥਾਂ ਕੈਂਪ ਲਗਵਾ ਕਰ ਜਨਤਾ ਨੂੰ ਜਾਗਰਿਤ ਕਰਨਾ ਹੈ । ਇਸ ਉਪਰੰਤ ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਵਲੋਂ ਇਹ ਫੈਸਲਾ ਲਿਆ ਗਿਆ ਕਿ ਸੰਸਥਾ ਦੇ ਕੰਮਾਂ ਵਿੱਚ ਵਧੀਆ ਭੂਮਿਕਾ ਨਿਭਾਉਣ ਵਾਲੇ ਮੈਂਬਰਾਂ ਨੂੰ ਪੱਦ ਉੱਨਤ ਕਰਕੇ ਅੱਗੇ ਜਾਣ ਦਾ ਮੌਕਾ ਦਿੱਤਾ ਜਾਵੇ। ਇਸ ਮੌਕੇ ਗੁਰਦੇਵ ਸਿੰਘ ਨੂੰ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਤੋਂ ਸੂਬਾ ਮੀਤ ਪ੍ਰਧਾਨ, ਅੰਮ੍ਰਿਤਪਾਲ ਸਿੰਘ ਬਣਵੈਤ ਨੂੰ ਜ਼ਿਲ੍ਹਾ ਪ੍ਰਧਾਨ ਤੋਂ ਸੂਬਾ ਸੰਯੁਕਤ ਸਕੱਤਰ, ਡਾ. ਤ੍ਰਿਲੋਚਨ ਸਿੰਘ ਸੈਣੀ ਨੂੰ ਜ਼ਿਲ੍ਹਾ ਸਕੱਤਰ ਤੋਂ ਸੂਬਾ ਸਕੱਤਰ, ਇੰਦਰਜੀਤ ਸਿੰਘ ਨੂੰ ਬਲਾਕ ਤੋਂ ਜ਼ਿਲ੍ਹਾ ਸੰਯੁਕਤ ਸਕੱਤਰ, ਦਲਜੀਤ ਸਿੰਘ ਚਨੌਲੀ ਨੂੰ ਬਲਾਕ ਪ੍ਰਧਾਨ ਤੋਂ ਜ਼ਿਲ੍ਹਾ ਜਨਰਲ ਸਕੱਤਰ ਅਤੇ ਜ਼ਿਲ੍ਹਾ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ। ਇਸ ਮੌਕੇ ਸੂਬਾ ਸਕੱਤਰ ਪ੍ਰਤਾਪ ਸਿੰਘ ਸੈਣੀ, ਹਰਪ੍ਰੀਤ ਸੈਣੀ ਜਿਲ੍ਹਾ ਯੂਥ ਕੁਆਰਡੀਨੇਟਰ ਰੋਪੜ, ਰਾਮ ਪ੍ਰਤਾਪ ਜਿਲ੍ਹਾ ਸਕੱਤਰ ਰੋਪੜ, ਮਨਜੀਤ ਕੌਰ ਜਿਲ੍ਹਾ ਮੀਤ ਪ੍ਰਧਾਨ ਮਹਿਲਾ ਵਿੰਗ ਰੋਪੜ, ਜ਼ਿਲ੍ਹਾ ਸਕੱਤਰ ਅਮਰ ਸਿੰਘ, ਸਕੱਤਰ ਹਰੀ ਸਿੰਘ, ਚੰਦਨ ਵਰਮਾ ਬਲਾਕ ਪ੍ਰਧਾਨ ਰੋਪੜ, ਚਿਤਰੰਜਨ ਸ਼ਰਮਾ ਬਲਾਕ ਮੀਤ ਪ੍ਰਧਾਨ ਨੰਗਲ਼, ਸਾਹਿਲ਼ ਜੋਸ਼ੀ ਬਲਾਕ ਸਕੱਤਰ ਰੋਪੜ, ਵਿਕਟਰ , ਅਮਨਪ੍ਰੀਤ ਆਦਿ ਮੌਜੂਦ ਸਨ ।।

# ਪਿੰਡਾਂ ਦੇ ਰੁਕੇ ਹੋਏ ਵਿਕਾਸ ਕਾਰਜਾਂ ਦਾ ਵੇਰਵਾ ਲਿਖਤੀ ਰੂਪ 'ਚ ਯੂਨੀਅਨ ਨੂੰ ਦੇਣ ਪੰਚਾਇਤਾਂ : ਗੁਲਜਾਰ ਸਿੰਘ

**ਫਗਵਾੜਾ (ਡਾ.ਰਮਨ, ਜਸਵਿੰਦਰ ਢੱਡਾ)**
ਬੀ ਡੀ ਪੀ ਓ ਦਫਤਰ ਫਗਵਾੜਾ ਵਿਖੇ ਬੀਤੇ ਦਿਨ ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵਲੋਂ ਕੀਤੇ ਅਚਨਚੇਤ ਦੌਰੇ ਦੌਰਾਨ ਪੰਚਾਇਤ ਯੂਨੀਅਨ ਬਲਾਕ ਫਗਵਾੜਾ ਦੇ ਅਹੁਦੇਦਾਰਾਂ ਵੱਲੋਂ ਮੁਲਾਕਾਤ ਕੀਤੀ ਗਈ। ਇਸ ਮੁਲਾਕਾਤ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੰਚਾਇਤ ਯੂਨੀਅਨ ਬਲਾਕ ਫਗਵਾੜਾ ਦੇ ਪ੍ਰਧਾਨ ਗੁਲਜਾਰ ਸਿੰਘ ਸਰਪੰਚ ਅਕਾਲਗੜ੍ਹ ਨੇ ਦੱਸਿਆ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਫੰਡ ਮੌਜੂਦ ਹੋਣ ਦੇ ਬਾਵਜੂਦ ਪਿੰਡਾਂ ਦੇ ਰੁਕੇ ਵਿਕਾਸ ਦੇ ਕੰਮ ਸ਼ੁਰੂ ਨਾ ਹੋਣ ਸੰਬੰਧੀ ਦੱਸਿਆ ਗਿਆ। ਉਹਨਾਂ ਪੰਜਾਬ ਦੇ ਵਿਕਾਸ ਨੂੰ ਭਗਵੰਤ ਮਾਨ ਸਰਕਾਰ ਦਾ ਮੁੱਖ ਏਜੰਡਾ ਦੱਸਦਿਆਂ ਭਰੋਸਾ ਦਿੱਤਾ ਕਿ ਪਿੰਡਾਂ ਦੇ ਰੁਕੇ ਹੋਏ ਵਿਕਾਸ ਦੇ ਕੰਮ ਜਲਦੀ ਸ਼ੁਰੂ ਕਰਵਾਏ ਜਾਣਗੇ। ਉਹਨਾਂ ਬਲਾਕ ਫਗਵਾੜਾ ਦੀਆਂ ਸਮੂਹ ਪੰਚਾਇਤਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਆਪੋ ਆਪਣੇ ਪਿੰਡਾਂ ਦੇ ਰੁਕੇ ਹੋਏ ਕੰਮ ਮੰਗ ਪੱਤਰ ਦੇ ਰੂਪ ਵਿੱਚ ਗਰਾਮ ਪੰਚਾਇਤ ਦੇ ਲੈਟਰ ਪੈਡ 'ਤੇ ਲਿਖਤੀ ਰੂਪ (ਮੋਹਰ ਸਮੇਤ) 'ਚ 24 ਜਨਵਰੀ ਦਿਨ ਮੰਗਲਵਾਰ ਨੂੰ ਸਵੇਰੇ 11 ਵਜੇ ਤੋਂ ਦੁਪਿਹਰ 1 ਵਜੇ ਤੱਕ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਯੂਨੀਅਨ ਦੇ ਸਪੁਰਦ ਕੀਤੇ ਜਾਣ ਤਾਂ ਜੋ ਮੰਤਰੀ ਸਾਹਿਬ ਤੋਂ ਚੰਡੀਗੜ੍ਹ 'ਚ ਮੀਟਿੰਗ ਦਾ ਸਮਾਂ ਲੈ ਕੇ ਸਾਰੇ ਮਸਲਿਆਂ ਬਾਰੇ ਗੱਲਬਾਤ ਕੀਤੀ ਜਾ ਸਕੇ।

# ਬੇਲਾ ਕਾਲਜ ਦੇ ਵਿਦਿਆਰਥੀਆਂ ਨੂੰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਵੰਡੇ ਵਜ਼ੀਫੇ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**
ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਵਿਖੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕਾਲਜ ਦੇ ਜਰੂਰਤਮੰਦ, ਪਿਤਾ ਹੀਣ ਅਤੇ ਹੁਸ਼ਿਆਰ ਵਿਦਿਆਰਥੀਆਂ ਨੂੰ 3 ਲੱਖ 25 ਹਜ਼ਾਰ ਰੁਪਏ ਦੀ ਵਜੀਫਾ ਰਾਸ਼ੀ ਦਾ ਚੈੱਕ ਟਰੱਸਟ ਦੇ ਡਾਇਰੈਕਟਰ ਸਿੱਖਿਆ ਸ਼੍ਰੀਮਤੀ ਇੰਦਰਜੀਤ ਕੌਰ ਗਿੱਲ ਅਤੇ ਸਲਾਹਕਾਰ ਸਿਹਤ ਸੇਵਾਵਾਂ ਡਾ. ਦਲਜੀਤ ਸਿੰਘ ਗਿੱਲ ਨੇ ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੂੰ ਸੌਂਪਿਆ। ਇਹ ਵਜੀਫਾ ਵੱਖੋ-ਵਖਰੇ ਵਿਭਾਗਾਂ ਦੇ ਲਗਭਗ 43 ਵਿਦਿਆਰਥੀਆਂ ਵਿੱਚ ਤਕਸੀਮ ਕੀਤਾ ਗਿਆ। ਇਸ ਮੌਕੇ ਬੋਲਦਿਆਂ ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਕਿਹਾ ਕਿ ਸੰਸਥਾ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਿਣੀ ਹੈ ਜੋ ਕਿ ਹਰ ਸਾਲ ਸੰਸਥਾ ਦੇ ਵਿਦਿਆਰਥੀਆਂ ਨੂੰ ਸਹਾਇਤਾ ਰਾਸ਼ੀ ਪ੍ਰਦਾਨ ਕਰਨ ਵਿੱਚ ਵਡਮੁੱਲੀ ਭੂਮਿਕਾ ਨਿਭਾਅ ਰਹੀ ਹੈ। ਉਹਨਾਂ ਇਹ ਵੀ ਦੱਸਿਆ ਕਿ ਸਾਰੇ ਹੀ ਵਿਭਾਗਾਂ ਵਿੱਚ ਪਹਿਲ ਦੇ ਅਧਾਰ 'ਤੇ ਇਸ ਵਜੀਫੇ ਲਈ ਲੋੜਵੰਦ ਵਿਦਿਆਰਥੀਆਂ ਕੋਲੋਂ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਕਿ ਵਿਦਿਆਰਥੀਆਂ ਨੂੰ ਸਮੇਂ ਸਿਰ ਆਰਥਿਕ ਸਹਾਇਤਾ ਪ੍ਰਾਪਤ ਹੋ ਸਕੇ। ਉਹਨਾਂ ਕਿਹਾ ਕਿ ਚੈਰੀਟੇਬਲ ਟਰੱਸਟ ਦੇ ਬਾਨੀ ਡਾ.ਐਸ.ਪੀ. ਸਿੰਘ ਓਬਰਾਏ ਨੇ ਲੋਕ ਭਲਾਈ ਵਿੱਚ ਪ੍ਰੋਫੈਸਰਸ਼ਿਪ ਦੀ ਮੁਹਾਰਤ ਹਾਸਿਲ ਕੀਤੀ ਹੈ। ਉਹਨਾਂ ਨੇ ਅਨੇਕਾਂ ਹੀ ਲੈਬਾਰਟਰੀਆਂ, ਅਣਗਿਣਤ ਸੇਵਾਵਾਂ, ਹੁਨਰ ਵਿਕਾਸ ਕੇਂਦਰ ਖੋਲਣੇ, ਲੋੜਵੰਦਾਂ ਨੂੰ ਮਦਦ, ਮੈਡੀਕਲ ਸਹੂਲਤਾਂ, ਪ੍ਰਦੇਸਾਂ ਵਿੱਚ ਸੰਕਟ ਨਾਲ ਜੂਝ ਰਹੇ ਵਿਅਕਤੀਆਂ ਨੂੰ ਸਹਾਇਤਾ ਆਦਿ ਦੇ ਨਾਲ-ਨਾਲ਼ ਸਿੱਖਿਆ ਦੇ ਖੇਤਰ ਵਿੱਚ ਬਹੁਤ ਵੱਡਾ ਯੋਗਦਾਨ ਹੈ।

# ਅਰੈਨਿਕ ਐਸੋਸੀਏਸ਼ਨ ਦਾ ਹੈਲਥ ਤੇ ਪੇਸ਼ੈਂਟ ਕੇਅਰ ਟਰੇਨਿੰਗ ਕੈਂਪ ਸੰਪੰਨ



**ਜਲੰਧਰ, (ਸ਼ੈਲੀ ਐਲਬਰਟ)**
ਅਰੈਨਿਕ ਐਸੋਸੀਏਸ਼ਨ ਦੇ ਪ੍ਰਧਾਨ ਸੰਦੀਪ ਰੰਧਾਵਾ ਨੇ ਦੱਸਿਆ ਕਿ ਉਨ੍ਹਾਂ ਦੁਆਰਾ ਸੱਤ ਦਿਨੀਂ ਨਿਸ਼ੁੱਲਕ, ਮੁਫਤ ਬੋਰਡਿੰਗ, ਲੌਰਡਿੰਗ ਦਾ ਹੈਲਥ ਅਤੇ ਪੇਸ਼ੈਂਟ ਕੇਅਰ ਦਾ ਟਰੇਨਿੰਗ ਕੈਂਪ ਪਿੰਡ ਅਜ਼ੀਮਗੜ੍ਹ (ਸਮਾਨਾ) ਵਿਖੇ 9 ਜਨਵਰੀ ਤੋਂ 15 ਜਨਵਰੀ ਤੱਕ ਕਰਵਾਇਆ ਗਿਆ। ਟਰੇਨਿੰਗ ਕੈਂਪ ਦਾ ਉਦਘਾਟਨ ਸੰਤ ਸਬੈਸਟਿਅਨ ਚਰਚ ਦੇ ਫਾਦਰ ਵਿਜੈ ਰਾਜੂ ਅਤੇ ਸੰਸਥਾ ਦੇ ਪ੍ਰੋ. ਵੱਸਣ ਰੰਧਾਵਾ ਨੇ ਸੰਯੁਕਤ ਰੂਪ ਵਿੱਚ ਕੀਤਾ। ਇਨ੍ਹਾਂ ਦੇ ਨਾਲ ਸੰਸਥਾ ਦੇ ਪ੍ਰਧਾਨ ਸੰਦੀਪ ਰੰਧਾਵਾ ਵੀ ਨਜ਼ਰ ਆਏ। ਕੈਂਪ ਵਿੱਚ ਉਮੀਦਵਾਰਾਂ ਨੂੰ ਪੇਸ਼ੈਂਟ ਕੇਅਰ ਦਾ ਕੰਮ ਸਿਖਾਅ ਕੇ ਆਤਮ ਨਿਰਭਰ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਸਫਲ ਉਮੀਦਵਾਰਾਂ ਨੂੰ ਪਿੰਡ ਅਜ਼ੀਮਗੜ੍ਹ ਦੇ ਸਰਪੰਚ ਯਾਦਵਿੰਦਰ ਸਿੰਘ (ਸਰਪੰਚ ਪ੍ਰਤੀਨਿਧੀ) ਅਤੇ ਸੰਸਥਾ ਦੇ ਪ੍ਰਧਾਨ ਸੰਦੀਪ ਰੰਧਾਵਾ ਨੇ ਮਿਲ ਕੇ ਯੋਗ ਸਰਟੀਫਿਕੇਟ ਪ੍ਰਦਾਨ ਕੀਤੇ। ਇਸ ਮੌਕ ਪਿੰਡ ਦੇ ਸਰਪੰਚ ਯਾਦਵਿੰਦਰ ਸਿੰਘ ਨੇ ਉਮੀਦਵਾਰਾਂ ਨੂੰ ਨਿਮਰਤਾ ਸਚਾਈ, ਇਮਾਨਦਾਰੀ ਅਤੇ ਹਲੀਮੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਪ੍ਰਧਾਨ ਸੰਦੀਪ ਰੰਧਾਵਾ ਨੇ ਆਏ ਹੋਏ ਸੱਜਣਾਂ ਦੇ ਧੰਨਵਾਦ ਕੀਤਾ। ਸੰਸਥਾ ਦੇ ਪ੍ਰਧਾਨ ਨੇ ਦੱਸਿਆ ਕਿ ਸਫਲ ਉਮੀਦਵਾਰਾਂ ਨੂੰ ਜਲਦੀ ਹੀ ਯੋਗਤਾ ਅਨੁਸਾਰ ਨੌਕਰੀ ਮੁਹੱਈਆ ਕਰਵਾਈ ਜਾਵੇਗੀ।

# ਬੇਟੀਆਂ ਦੀ ਸਮਰੱਥਾ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ : ਚੋਪੜਾ




**ਜਲੰਧਰ, (ਇਕਬਾਲ ਸਿੰਘ ਉਭੀ)**
'ਬੇਟੀ ਬਚਾਓ ਬੇਟੀ ਪੜ੍ਹਾਓ' ਮੁਹਿੰਮ ਤਹਿਤ ਭਰੂਣ ਹੱਤਿਆ ਵਿਰੁੱਧ ਸੰਦੇਸ਼ ਦਿੰਦੇ ਹੋਏ ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਟਸ ਵੱਲੋਂ 'ਕੌਮੀ ਬਾਲੜੀ ਦਿਵਸ' ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਸੁਧਾਂਸ਼ੂ ਗੁਪਤਾ ਦੀ ਅਗਵਾਈ 'ਚ ਪ੍ਰੀ-ਵਿੰਗ ਦੀਆਂ ਨੰਨ੍ਹੀਆਂ ਵਿਦਿਆਰਥਣਾਂ ਨੇ 'ਸੇਵ ਗਰਲ ਚਾਈਲਡ' ਦੇ ਸੰਬੰਧ 'ਚ ਵੱਖ-ਵੱਖ ਪੋਜ ਤੇ ਪੋਸਟਰ ਬਣਾ ਕੇ ਭਰੂਣ ਹੱਤਿਆ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ 'ਬੇਟੀ ਪੜ੍ਹਾਓ ਤੇ ਬੇਟੀ ਪੜ੍ਹਾਓ' ਦਾ ਨਾਅਰਾ ਬੁਲੰਦ ਕੀਤਾ। ਇਸ ਮੌਕੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਕਿਹਾ ਕਿ ਹਰ ਸਾਲ 24 ਜਨਵਰੀ ਨੂੰ 'ਕੌਮੀ ਬਾਲੜੀ ਦਿਹਾੜਾ' ਮਨਾਇਆ ਜਾਂਦਾ ਹੈ ਤਾਂ ਜੋ ਸਿੱਖਿਆ, ਪੋਸ਼ਣ, ਕਾਨੂੰਨੀ ਅਧਿਕਾਰਾਂ, ਡਾਕਟਰੀ ਦੇਖਭਾਲ ਤੇ ਬੱਚੀਆਂ ਦੀ ਸੁਰੱਖਿਆ ਆਦਿ ਦੇ ਮਹੱਤਵ ਨੂੰ ਦਰਪੇਸ਼ ਅਸਮਾਨਤਾਵਾਂ ਨੂੰ ਉਜਾਗਰ ਕੀਤਾ ਜਾ ਸਕੇ। ਦੇਸ਼ 'ਚ ਮਰਦ-ਔਰਤ ਦਾ ਅਨੁਪਾਤ ਹਰ ਸਾਲ ਲਗਾਤਾਰ ਵਧ ਰਿਹਾ ਹੈ, ਜਿਸ ਨਾਲ ਸਮਾਜਿਕ ਅਸਮਾਨਤਾ ਪੈਦਾ ਹੋ ਰਹੀ ਹੈ ਜੋ ਸਮਾਜ ਲਈ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਧੀਆਂ ਅਨਮੋਲ ਹੁੰਦੀਆਂ ਹਨ। ਧੀਆਂ ਦੀ ਸਮਰੱਥਾ ਬਾਰੇ ਆਮ ਲੋਕਾਂ 'ਚ ਜਾਗਰੂਕਤਾ ਵਧਾਉਣ ਦੀ ਲੋੜ ਹੈ। ਕੋਈ ਵੀ ਅਜਿਹਾ ਖੇਤਰ ਨਹੀਂ ਹੈ ਜਿੱਥੇ ਔਰਤਾਂ ਨੇ ਆਪਣੇ-ਆਪ ਨੂੰ ਸਾਬਤ ਕਰਕੇ ਨਾ ਦਿਖਾਇਆ ਹੋਵੇ। ਉਨ੍ਹਾਂ ਵਿਦਿਆਰਥੀਆਂ ਨੂੰ ਲੜਕੀਆਂ ਪ੍ਰਤੀ ਸਮਾਜਿਕ ਨਜ਼ਰੀਆ ਬਦਲਣ 'ਚ ਆਪਣਾ ਬਣਦਾ ਯੋਗਦਾਨ ਪਾਉਣ 'ਤੇ ਜ਼ੋਰ ਦਿੱਤਾ।

# ਪੁਰਾਣੀ ਪੈਨਸ਼ਨ ਬਹਾਲੀ ਦੇ ਅਧੂਰੇ ਨੋਟੀਫਿਕੇਸ਼ਨ ਤੋਂ ਨਰਾਜ਼ ਐਨ ਪੀ ਐਸ ਮੁਲਾਜ਼ਮ ਫੜਨਗੇ ਸੰਘਰਸ਼ ਦਾ ਰਾਹ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਪਿਛਲੇ ਦਿਨੀਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੀ ਜ਼ਿਲ੍ਹਾ ਇਕਾਈ ਦੀ ਇੱਕ ਜ਼ਿਲ੍ਹਾ ਪੱਧਰੀ ਮੀਟਿੰਗ ਹੋਈ। ਜਿਸ 'ਚ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਦੇ ਐਲਾਨ ਤੋਂ ਬਾਅਦ ਕੀਤੇ ਅਧੂਰੇ ਨੋਟੀਫਿਕੇਸ਼ਨ ਨੂੰ ਆੜੇ ਹੱਥੀਂ ਲਿਆ ਗਿਆ। ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਫੈਸਲੇ ਤੋਂ ਬਾਅਦ ਇਸ ਸਬੰਧੀ ਜੋ ਨੋਟੀਫਿਕੇਸ਼ਨ ਕੀਤਾ ਗਿਆ ਉਹ ਮਹਿਜ ਚੋਣ ਸਟੰਟ ਹੋ ਨਿੱਬੜਿਆ ਹੈ। ਅੱਜ ਇਸ ਫੈਸਲੇ ਨੂੰ ਢਾਈ ਮਹੀਨੇ ਬੀਤ ਜਾਣ ਤੋਂ ਬਾਅਦ ਵੀ ਨਾ ਤਾਂ ਕਿਸੇ ਕਰਮਚਾਰੀ ਦੀ ਐਨ ਪੀ ਐਸ ਅਧੀਨ ਕਟੌਤੀ ਬੰਦ ਹੋਈ ਅਤੇ ਨਾ ਹੀ ਕਿਸੇ ਵੀ ਕਰਮਚਾਰੀ ਦਾ ਜੀ ਪੀ ਐਫ ਨੰਬਰ ਅਲਾਟ ਹੋਇਆ ਹੈ। ਅਜਿਹੇ ਵਿੱਚ ਪੰਜਾਬ ਭਰ ਦਾ ਮੁਲਾਜ਼ਮ ਵਰਗ ਠੱਗਿਆ ਮਹਿਸੂਸ ਕਰ ਰਿਹਾ ਹੈ। ਆਗੂਆਂ ਵੱਲੋਂ ਇਹ ਸ਼ੰਕਾ ਵੀ ਜਾਹਿਰ ਕੀਤੀ ਗਈ ਕਿ ਹੋ ਸਕਦਾ ਹੈ, ਪੰਜਾਬ ਸਰਕਾਰ ਵੱਲੋਂ ਹਿਮਾਚਲ ਅਤੇ ਗੁਜਰਾਤ ਚੋਣਾ ਨੂੰ ਮੁੱਖ ਰੱਖ ਕੇ ਸਿਆਸੀ ਲਾਹਾ ਲੈਣ ਲਈ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਐਲਾਨ ਕੀਤਾ ਗਿਆ ਹੋਵੇ। ਇਸ ਸੰਬੰਧੀ ਇਹ ਕਿਹਾ ਗਿਆ ਸੀ ਕਿ ਜਲਦ ਹੀ ਐਸ ਓ ਪੀ ਜ਼ਾਰੀ ਕਰਕੇ ਪੁਰਾਣੀ ਪੈਨਸ਼ਨ ਨੂੰ ਲਾਗੂ ਕਰ ਦਿੱਤਾ ਜਾਵੇਗਾ ਪਰ ਅਜਿਹਾ ਨਹੀਂ ਹੋਇਆ। ਐਨ ਪੀ ਐਸ ਮੁਲਾਜਮਾਂ ਵਿੱਚ ਘੋਰ ਨਿਰਾਸ਼ਾ ਪਾਈ ਜਾ ਰਹੀ ਹੈ। ਸੂਬੇ ਭਰ ਵਿੱਚ ਸੂਬਾ ਕਮੇਟੀ ਦੇ ਸੱਦੇ 'ਤੇ 23 ਜਨਵਰੀ ਤੋਂ 31 ਜਨਵਰੀ ਤੱਕ ਬਲਾਕ ਪੱਧਰ ਤੇ ਅਤੇ ਫ਼ਿਰ 1 ਫਰਵਰੀ ਤੋਂ 7 ਫਰਵਰੀ ਦੌਰਾਨ ਜ਼ਿਲ੍ਹਾ ਪੱਧਰ 'ਤੇ ਇਸ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਰੋਸ਼ ਜਾਹਰ ਕੀਤਾ ਜਾਵੇਗਾ ਅਤੇ ਜੇਕਰ ਫਿਰ ਵੀ ਸਰਕਾਰ ਵੱਲੋਂ ਕੋਈ ਠੋਸ ਉਪਰਾਲੇ ਨਾ ਕੀਤੇ ਗਏ ਤਾਂ ਮਜ਼ਬੂਰਨ ਪੰਜਾਬ ਭਰ ਦੇ ਐਨ ਪੀ ਐਸ ਮੁਲਾਜਮ ਸੂਬਾ ਪੱਧਰੀ ਵੱਡੀ ਰੈਲੀ ਕਰਨਗੇ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਤਿਲਕ ਰਾਜ ਨੇ ਦੱਸਿਆ ਕਿ ਇਸ ਸਬੰਧੀ ਜ਼ਿਲ੍ਹਾ ਪੱਧਰੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸ ਗੜ੍ਹਦੀਵਾਲਾ, ਪ੍ਰਿਤਪਾਲ ਸਿੰਘ ਚੌਟਾਲਾ, ਵਿਕਾਸ ਸ਼ਰਮਾ, ਸੁਰਜੀਤ ਰਾਜਾ, ਸਤਵਿੰਦਰ ਸਿੰਘ, ਤਿਲਕ ਰਾਜ, ਦਵਿੰਦਰ ਸਿੰਘ, ਅਸ਼ੋਕ, ਪਰਮਜੀਤ ਮਾਹਿਲਪੁਰ, ਨਰਿੰਦਰ ਅਜਨੋਹਾ, ਕਮਲਜੀਤ ਸਿੰਘ ਹਾਜ਼ਰ ਹੋਏ।

# ਭਾਮ ਵਿਖੇ 29ਵੇਂ ਮੂਰਤੀ ਸਥਾਪਨਾ ਦਿਵਸ ਮੌਕੇ ਸ਼ੋਭਾ ਯਾਤਰਾ ਸਜਾਈ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਪਿੰਡ ਭਾਮ ਵਿਖੇ 29ਵਾਂ ਮੂਰਤੀ ਸਥਾਪਨਾ ਦਿਵਸ, ਦੁਰਗਾ ਮੰਦਰ, ਪਿੰਡ ਭਾਮ ਵਿਖੇ ਭਾਮੇਸਵਰੀ ਮਿਸ਼ਨਰੀ ਟਰੱਸਟ ਅਤੇ ਇਲਾਕੇ ਦੇ ਸਹਿਯੋਗ ਨਾਲ 29ਵਾਂ ਮੂਰਤੀ ਸਥਾਪਨਾ ਦਿਵਸ ਮੰਦਰ ਦੇ ਮੁੱਖ ਸੇਵਾਦਾਰ ਭੈਣ ਵਿਨੋਦ ਕੁਮਾਰੀ ਚੇਅਰਪਰਸਨ ਭਾਮੇਸ਼ਵਰੀ ਮਿਸ਼ਨਰੀ ਟਰੱਸਟ ਦੀ ਅਗਵਾਈ ਹੇਠ 29ਵੇਂ ਮੂਰਤੀ ਸਥਾਪਨਾ ਦਿਵਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਇਸ ਮੌਕੇ ਸੇਵਾਦਾਰ ਗੁਰਨਾਮ ਜਸਵਾਲ ਨੇ ਦੱਸਿਆ ਕਿ ਇਹ ਸ਼ੋਭਾ ਯਾਤਰਾ ਮਾਂ ਦੁਰਗਾ ਮੰਦਰ ਤੋਂ ਆਰੰਭ ਹੋ ਕੇ ਵੱਖ ਪੜਾਵਾਂ ਤੋਂ ਹੁੰਦੀ ਸ਼ਾਮ ਨੂੰ ਸਮਾਪਤੀ ਹੋਈ। ਇਹ ਮੌਕੇ ਸ਼ੋਭਾ ਯਾਤਰਾ ਦੌਰਾਨ ਵੱਖ ਵੱਖ ਮੁਹੱਲਿਆਂ ਵਿਚ ਸਵਾਗਤੀ ਗੇਟ ਲਗਾਕੇ ਸੰਗਤਾਂ ਦਾ ਫੁੱਲਾਂ ਦੀ ਵਰਖਾ ਕਰਕੇ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਵੱਖ ਵੱਖ ਮੁਹੱਲਿਆਂ ਵਿਚ ਸੰਗਤਾਂ ਵੱਲੋਂ ਲੰਗਰ ਲਗਾਏ ਗਏ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਸ਼ੋਭਾ ਯਾਤਰਾ ਦੌਰਾਨ ਪੰਜਾਬ ਦੀਆਂ ਨਾਮਵਰ ਭਜਨ ਮੰਡਲੀਆਂ ਨੇ ਮਾਤਾ ਜੀ ਗੁਣਗਾਨ ਕੀਤੇ। ਇਸ ਮੌਕੇ ਮੁੱਖ ਸੇਵਾਦਾਰ ਭੈਣ ਵਿਨੋਦ ਕੁਮਾਰੀ, ਸੇਵਾਦਾਰ ਗੁਰਨਾਮ ਜਸਵਾਲ ਸਾਂਤੀ ਦੇਵੀ ਕੁਲਦੀਪ ਕੌਰ, ਤਿਪਤਾ ਦੇਵੀ, ਚੰਦਰ ਪ੍ਰਕਾਸ਼ ਦਿੱਲੀ, ਰਤਨ ਸਿੰਘ ਕੰਦੀ, ਹਰਮੇਸ਼ ਚੰਦਰ, ਲਾਲੀ ਆਦਮਪੁਰ, ਪੰਮੀ ਡੇਹਰਾਦੂਨ, ਪੰਡਤ ਮੁਕੇਸ਼ ਸ਼ਰਮਾ, ਅਮਰਜੀਤ ਸਿੰਘ ਭਾਮ, ਟਿੰਕੂ ਜਸਵਾਲ, ਹੈਪੀ ਪਧਿਆਣਾ, ਵਿਜੈ ਕੁਮਾਰ, ਡਾਕਟਰ ਬਲਜੀਤ ਸਿੰਘ, ਡਾਕਟਰ ਗੁਰਪ੍ਰੀਤ ਸਿੰਘ ਬਰਾੜ, ਅਮਰਜੀਤ ਸਿੰਘ ਬਿੱਲਾ, ਰੋਸ਼ਨ ਭਾਮ, ਗੁਰਜੀਤ ਜਸਵਾਲ, ਸੰਨੀ ਜਸਵਾਲ, ਵਿਸ਼ਾਲ ਸ਼ਰਮਾ, ਤਰਸੇਮ ਕਨੈਡਾ, ਨਰਿੰਦਰ ਹਾਰਟਾ, ਦੀਪਾ ਜਸਵਾਲ, ਦਲਜੀਤ ਭਾਮ, ਡਾਕਟਰ ਟੋਨੀ ਭਾਮ, ਸੁਦਰਸ਼ਨ ਧੀਰ ਆਦਿ ਹਾਜ਼ਰ ਸਨ।

# ਜਿੰਪਾ ਨੇ ਸ਼ਹੀਦ ਬਾਬਾ ਦੀਪ ਸਿੰਘ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ 'ਚ ਲਗਵਾਈ ਹਾਜ਼ਰੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਇੱਕ ਅਲੌਕਿਕ ਨਗਰ ਕੀਰਤਨ ਹੁਸ਼ਿਆਰਪੁਰ ਦੇ ਵੱਖ-ਵੱਖ ਬਾਜ਼ਾਰਾਂ ਵਿਚ ਸਜਾਇਆ ਗਿਆ। ਵੱਡੀ ਗਿਣਤੀ ਵਿੱਚ ਨਾਨਕ ਨਾਮ ਲੇਵਾ ਸੰਗਤਾਂ ਗੁਰੂ ਸਾਹਿਬ ਦੀ ਇਲਾਹੀ ਬਾਣੀ ਦਾ ਜਸ ਕਰਦੀਆਂ ਨਾਲ-ਨਾਲ ਚੱਲ ਰਹੀਆਂ ਸਨ। ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਗੁਰੂ ਚਰਨਾਂ ਵਿਚ ਹਾਜ਼ਰੀ ਲਗਾਈ ਅਤੇ ਲੰਗਰ 'ਚ ਸੇਵਾ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜੀਵਨ ਭਗਤੀ ਤੇ ਸ਼ਕਤੀ ਦਾ ਸੁਮੇਲ ਸੀ, ਜਿਸ ਤੋਂ ਸਾਨੂੰ ਗੁਰੂ ਸਾਹਿਬ ਨੂੰ ਸਮਰਪਿਤ ਹੋ ਕੇ ਜੀਵਨ ਜਿਉਣ ਦੀ ਪ੍ਰੇਰਨਾ ਮਿਲਦੀ ਹੈ। ਇਸ ਮੌਕੇ ਗੁਰੂਦੁਆਰਾ ਸ਼ਹੀਦ ਸਿੰਘਾਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਰਣਜੀਤ ਸਿੰਘ ਨੇ ਜਿੰਪਾ ਨੂੰ ਸਿਰੋਪਾ ਭੇਂਟ ਕੀਤਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਵਿਜੈ ਅੱਗਰਵਾਲ, ਵਰਿੰਦਰ ਸ਼ਰਮਾ ਬਿੰਦੂ, ਹਰਮਿੰਦਰ ਸਿੰਘ ਗੋਪੀ, ਸਤਵੰਤ ਸਿੰਘ ਸਿਆਨ, ਜਸਪਾਲ ਸੁਮਨ, ਨਵਜੋਤ ਕੌਰ ਜੋਤੀ, ਮਨਜੋਤ ਕੌਰ, ਸੰਤੋਸ਼ ਸੈਣੀ, ਮੰਦੀਪ ਕੌਰ, ਗੁਰਮੇਲ ਸਿੰਘ, ਸਤੀਸ਼ ਨਈਅਰ, ਤਰੁਣ ਸ਼ਰਮਾ, ਧੀਰਜ ਸ਼ਰਮਾ, ਅਰਜੁਨ ਸ਼ਰਮਾ, ਮਨੀਸ਼ ਸ਼ਰਮਾ, ਮਿੱਕੂ ਸ਼ਰਮਾ, ਕਮਲਜੀਤ ਸਿੰਘ, ਬਹਾਦਰ ਸਿੰਘ ਸੁਨੇਤ, ਬਲਵੀਰ ਸਿੰਘ ਸੈਣੀ ਵੀ ਮੌਜੂਦ ਸਨ।

24-JAN-PAGE-10.qxd 1/23/2023 10:16 PM Page 1



ਮਾਮਲਾ ਦਲਦਲ ਰੂਪੀ ਗੰਦੇ ਪਾਣੀ 'ਚ ਬੱਚੇ ਦੀ ਡੁੱਬ ਕੇ ਹੋਈ ਮੌਤ ਦਾ

# ਤੀਸਰੇ ਦਿਨ ਵੀ ਏਕਮ ਦੀ ਦੇਹ ਸੜਕ ਵਿਚਕਾਰ ਪਈ ਰਹੀ

## ▪ ਐਕਸ਼ਨ ਕਮੇਟੀ ਤੇ ਪ੍ਰਸ਼ਾਸਨ 'ਚ ਨਹੀਂ ਹੋ ਸਕਿਆ ਮਸਲਾ ਹੱਲ



ਮਾਨਸਾ (ਰੀਤਵਾਲ)-ਬੀਤੀ 20 ਜਨਵਰੀ ਨੂੰ ਬੁਢਲਾਡਾ ਸ਼ਹਿਰ ਦੇ ਵਾਰਡ ਨੰ. 17 ਦੀ ਜੀਵਨ ਕਲੋਨੀ ਵਿੱਚ ਨਗਰ ਕੌਂਸਲ ਵੱਲੋਂ ਪੁੱਟੇ ਡੂੰਘੇ ਟੋਏ ਦੇ ਦਲਦਲ ਰੂਪੀ ਗੰਦੇ ਪਾਣੀ ਵਿੱਚ 6 ਸਾਲਾ ਬੱਚੇ ਦੇ ਡੁੱਬਣ ਕਾਰਨ ਹੋਈ ਮੌਤ ਤੋਂ ਬਾਅਦ ਤੀਸਰੇ ਦਿਨ ਵੀ ਪ੍ਰਸ਼ਾਸਨ ਵੱਲੋਂ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਕਾਰਵਾਈ ਤੇ ਪੀੜਤ ਪਰਿਵਾਰ ਨੂੰ ਕੋਈ ਵਿੱਤੀ ਸਹਾਇਤਾ ਨਾ ਦੇਣ ਕਾਰਨ ਹਲਕੇ ਦੀਆਂ ਭਰਾਤਰੀ ਜਥੇਬੰਦੀਆਂ ਤੇ ਐਕਸ਼ਨ ਕਮੇਟੀ ਵੱਲੋਂ ਰੱਤੀਆ-ਬੁਢਲਾਡਾ ਸੜਕ ਦੇ ਵਿਚਕਾਰ ਰੱਖੀ ਮ੍ਰਿਤਕ ਏਕਮ ਦੀ ਦੇਹ ਦਾ ਸਸਕਾਰ ਨਾ ਹੋ ਸਕਿਆ। ਜਾਣਕਾਰੀ ਅਨੁਸਾਰ ਲੋਕਾਂ ਵੱਲੋਂ ਪੀੜਤ ਪਰਿਵਾਰ ਨੂੰ ਇੰਨਸਾਫ ਦਿਵਾਉਣ ਲਈ ਪਿਛਲੇ ਤਿੰਨ ਦਿਨਾਂ ਤੋਂ ਅਪਣੇ ਘਰਾਂ ਨੂੰ ਛੱਡ ਕੇ ਸੜਕ 'ਤੇ ਦਿਨ-ਰਾਤ ਇੱਕ ਕੀਤਾ ਹੋਇਆ ਹੈ, ਪਰ ਪ੍ਰਸ਼ਾਸਨ ਵੱਲੋਂ ਇਸ ਘਟਨਾ ਦੇ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਕਾਰਵਾਈ ਤੇ ਪੀੜਤ ਪਰਿਵਾਰ ਨੂੰ ਮੁਆਵਜ਼ਾ ਦਿਵਾਉਣ ਵਿੱਚ ਕੋਈ ਹਾਂ-ਪੱਖੀ ਹੁੰਗਾਰਾ ਨਜ਼ਰ ਨਹੀਂ ਆ ਰਿਹਾ। ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਜ਼ਿਲ੍ਹਾ ਪ੍ਰਧਾਨ ਦਿਲਬਾਗ ਸਿੰਘ ਗੱਗੀ ਕਲੀਪੁਰ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਬਾਬੂ ਸਿੰਘ ਬਰ੍ਹੇ, ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਤਰਜੀਤ ਸਿੰਘ ਚਹਿਲ ਨੇ ਕਿਹਾ ਕਿ ਅੱਜ ਤਿੰਨ ਦਿਨ ਬੀਤਣ ਦੇ ਬਾਵਜੂਦ ਕਿਸੇ ਵੀ ਪ੍ਰਸ਼ਾਸਨਕ ਅਧਿਕਾਰੀ ਵੱਲੋਂ ਪੀੜਤ ਪਰਿਵਾਰ ਦੀ ਸੁਣਨ ਦੀ ਬਜਾਏ ਡੰਗ ਟਪਾਓ ਨੀਤੀ ਤਹਿਤ ਕੰਮ ਕੀਤਾ ਜਾ ਰਿਹਾ ਹੈ, ਜੋ ਕਿ ਅਤਿ ਨਿੰਦਣਯੋਗ ਕਾਰਵਾਈ ਹੈ। ਆਗੂਆਂ ਨੇ ਕਿਹਾ ਕਿ ਇੱਕ ਗਰੀਬ ਤੇ ਮੱਧਵਰਗੀ ਪਰਿਵਾਰ ਦੇ ਨਾਲ ਹੋਈ ਮੰਦਭਾਗੀ ਘਟਨਾ 'ਤੇ ਪ੍ਰਸ਼ਾਸਨ ਵੱਲੋਂ ਅਫਸੋਸ ਤਾਂ ਕੀ ਕਰਨਾ ਸੀ, ਉਸ ਦੀ ਮ੍ਰਿਤਕ ਦੇਹ ਦਾ ਵੀ ਅਪਮਾਨ ਕਰ ਰਹੇ ਹਨ, ਜੋ ਸਹਿਣਯੋਗ ਨਹੀਂ ਹੈ। ਉਨ੍ਹਾਂ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜਲਦ ਪੀੜਤ ਪਰਿਵਾਰ ਨੂੰ ਇੰਨਸਾਫ ਨਾ ਦਿੱਤਾ ਤਾਂ ਇਹ ਸੰਘਰਸ਼ ਰੋਹ ਭਰਭੂਰ ਤੇ ਤਿੱਖਾ ਕਰਨ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ।

# ਪੈਨਸ਼ਨਰ ਐਸੋਸੀਏਸ਼ਨ ਵੱਲੋਂ ਡੀ ਏ ਵਾਧੇ ਦਾ ਫੈਸਲਾ ਸਭ 'ਤੇ ਲਾਗੂ ਕਰਨ ਦੀ ਮੰਗ



ਬਰੇਟਾ (ਰੀਤਵਾਲ)-ਸਥਾਨਕ ਦੁਰਗਾ ਮੰਦਰ ਧਰਮਸ਼ਾਲਾ ਵਿੱਚ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਬਰੇਟਾ ਦੀ ਮਾਸਿਕ ਇਕੱਤਰਤਾ ਪ੍ਰਧਾਨ ਮੇਲਾ ਸਿੰਘ ਮੰਡੇਰ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਵੱਡੀ ਗਿਣਤੀ 'ਚ ਪੈਨਸ਼ਨਰ ਇਕੱਠੇ ਹੋਏ ਤੇ ਸੋਹਣ ਲਾਲ ਜਿੰਦਲ ਨੇ ਪੈਨਸ਼ਨਰਾਂ ਲਈ ਵਿੱਤੀ ਲਾਭ ਤੇ ਹੋਰ ਮੁਸ਼ਕਲਾਂ ਸਬੰਧੀ ਸਵਾਲਾਂ ਦੇ ਜਵਾਬ ਦਿੱਤੇ। ਮੈਂਬਰਾਂ ਦੀ ਇਸ ਸੈਸ਼ਨ ਵਿੱਚ ਭਾਗੀਦਾਰੀ ਬਹੁਤ ਉਤਸ਼ਾਹ ਜਨਕ ਰਹੀ। ਇਸ ਮਹੀਨੇ ਜਨਮ ਦਿਨ ਵਾਲੇ ਖੁਸ਼ ਕਿਸਮਤ ਮੈਂਬਰਾਂ ਨੂੰ ਵਧਾਈ ਦਿੱਤੀ ਤੇ ਸਨਮਾਨਤ ਵੀ ਕੀਤਾ ਗਿਆ। ਇਸ ਇਕੱਠ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਮਾਣਯੋਗ ਹਾਈ ਕੋਰਟ ਦੇ ਡੀ ਏ ਸਬੰਧੀ ਫੈਸਲੇ ਨੂੰ ਸਭ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਲਾਗੂ ਕੀਤਾ ਜਾਵੇ ਤੇ 119 ਪ੍ਰਤੀਸ਼ਤ ਦਾ ਲਾਭ ਦੇ ਕੇ ਤਨਖਾਹ ਤੇ ਪੈਨਸ਼ਨ ਸੋਧ ਕੇ ਲਾਗੂ ਕਰਨ ਦਾ ਪੱਤਰ ਜਾਰੀ ਕੀਤਾ ਜਾਵੇ। ਇਸ ਮੌਕੇ ਬਰੇਟਾ ਦੇ ਨੌਜਵਾਨ ਗਗਨ ਗੱਗੀ ਦੀ ਬੇਵਕਤ ਮੌਤ 'ਤੇ ਦੁੱਖ ਤੇ ਅਫਸੋਸ ਪ੍ਰਗਟ ਕੀਤਾ ਗਿਆ।

ਪ੍ਰਧਾਨ ਮੇਲਾ ਸਿੰਘ ਮੰਡੇਰ ਨੇ ਜਥੇਬੰਦੀ ਤੋਂ ਬਾਹਰ ਰਹਿ ਗਏ ਸਾਥੀਆਂ ਨੂੰ ਮੈਂਬਰ ਬਣਾ ਕੇ ਜਥੇਬੰਦੀ ਨਾਲ ਜੋੜਨ ਲਈ ਸਾਰੇ ਮੈਂਬਰਾਂ ਨੂੰ ਤਨਦੇਹੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਅੰਤ ਵਿੱਚ ਜਥੇਬੰਦੀ ਦਾ 2023 ਦਾ ਕੈਲੰਡਰ ਜਾਰੀ ਕੀਤਾ ਗਿਆ। ਇਸ ਸਾਲ ਦੇ ਕੈਲੰਡਰ ਲਈ ਵਿੱਤੀ ਸਹਿਯੋਗ ਦੇਣ ਲਈ ਹਰਬੰਸ ਸਿੰਘ ਪ੍ਰਧਾਨ ਮੁਲਾਜ਼ਮ ਕਲੋਨੀ ਬਰੇਟਾ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਰਾਹੁਲ ਗਾਂਧੀ ਨੇ ਭਾਰਤ ਜੋੜੋ ਯਾਤਰਾ ਦੌਰਾਨ ਜਗਸੀਰ ਕਾਲੇਕੇ ਨੂੰ ਦਿੱਤਾ ਥਾਪੜਾ

## ▪ ਭਾਰਤ ਜੋੜੋ ਯਾਤਰਾ 'ਚ ਸ਼ਿਰਕਤ ਲਈ ਕਾਲੇਕੇ ਨੇ ਕੀਤਾ ਧੰਨਵਾਦ



ਚੇਅਰਮੈਨ ਜਗਸੀਰ ਸਿੰਘ ਕਾਲੇਕੇ ਯਾਤਰਾ ਦੌਰਾਨ ਰਾਹੁਲ ਗਾਂਧੀ ਨਾਲ ਗੱਲਬਾਤ ਦੌਰਾਨ।

ਬਾਘਾ ਪੁਰਾਣਾ (ਮਨੀ ਸਿੰਗਲਾ)

ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅੰਦਰ ਕਾਂਗਰਸ ਪਾਰਟੀ ਨੂੰ 'ਏਕੇ' ਵਿੱਚ ਰੱਖਣ ਲਈ ਵੱਡੀ ਸਰਗਰਮੀ ਸ਼ੁਰੂ ਕਰਦਿਆਂ ਹਲਕੇ ਅੰਦਰ ਨਿਰਾਸ਼ ਹੋ ਰਹੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਨਵੀਂ ਰੂਹ ਫੂਕਦੇ ਹੋਏ ਉਨ੍ਹਾਂ ਨੂੰ ਸਰਗਰਮ ਕਰਨ ਵਾਲੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਨੇਤਾ ਜਗਸੀਰ ਸਿੰਘ ਕਾਲੇਕੇ ਨੂੰ ਕੁੱਲ ਹਿੰਦ ਕਾਂਗਰਸ ਦੇ ਸਾਬਕਾ ਪ੍ਰਧਾਨ ਸ੍ਰੀ ਰਾਹੁਲ ਗਾਂਧੀ ਵੱਲੋਂ ਭਾਰਤ ਜੋੜੋ ਯਾਤਾਰਾ ਦੌਰਾਨ ਥਾਪੜੇ ਦਿੰਦੇ ਹੋਏ ਪਾਰਟੀ ਸਰਗਰਮੀਆਂ ਹੋਰ ਤੇਜ਼ ਕਰਨ ਲਈ ਪ੍ਰੇਰਿਤ ਕੀਤਾ। ਸ੍ਰੀ ਰਾਹੁਲ ਗਾਂਧੀ ਨਾਲ ਲੰਮਾਂ ਸਮਾਂ ਕਾਫ਼ਲੇ ਦੌਰਾਨ ਪੈਦਲ ਤੁਰਨ ਵਾਲੇ ਸ੍ਰੀ ਕਾਲੇਕੇ ਵੱਲੋਂ ਹਲਕੇ ਅੰਦਰ ਕੀਤੀਆਂ ਜਾ ਰਹੀਆਂ ਸਰਗਰਮੀਆਂ ਸਬੰਧੀ ਵਰਕਰਾਂ ਦੀ ਜ਼ਮੀਨੀ ਹਕੀਕਤ ਵੀ ਸ੍ਰੀ ਰਾਹੁਲ ਗਾਂਧੀ ਦੇ ਧਿਆਨ ਵਿੱਚ ਲਿਆਂਦੀ। ਹਲਕਾ ਬਾਘਾ ਪੁਰਾਣਾ ਤੋਂ ਵੱਡੇ ਕਾਫ਼ਲੇ ਦੇ ਰੂਪ ਵਿੱਚ ਹਿੱਸਾ ਲੈਣ ਵਾਲੇ ਸ੍ਰੀ ਕਾਲੇਕੇ ਨੇ ਹਲਕੇ ਦੇ ਪਾਰਟੀ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸੇ ਤਰ੍ਹਾਂ ਸਰਗਰਮੀਆਂ ਜਾਰੀ ਰੱਖਣ ਤਾਂ ਜੋ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਹਲਕੇ ਵਿੱਚੋਂ ਕਾਂਗਰਸੀ ਉਮੀਦਵਾਰ ਦੀ ਵੋਟ ਵੱਧ ਸਕੇ। ਉਨ੍ਹਾਂ ਕਿਹਾ ਕਿ ਦੇਸ਼ ਵਿੱਚੋਂ ਨਫ਼ਰਤ ਦੀ ਰਾਜਨੀਤੀ ਦਾ ਖ਼ਾਤਮਾ ਕਰਨ ਲਈ ਜੋ ਮੁਹਿੰਮ ਸ੍ਰੀ ਰਾਹੁਲ ਗਾਂਧੀ ਨੇ ਚਲਾਈ ਹੈ, ਉਸ ਨਾਲ ਦੇਸ਼ ਵਿੱਚ ਕਾਂਗਰਸ ਦੇ ਹੱਕ ਵਿੱਚ ਲੋਕ ਲਹਿਰ ਖੜੀ ਹੋਈ ਹੈ। ਉਨ੍ਹਾ ਕਿਹਾ ਕਿ ਯਾਤਾਰਾ ਨੇ ਦੇਸ਼ ਵਿੱਚੋਂ ਭਾਜਪਾ ਨੂੰ ਚੱਲਦਾ ਕਰਨ ਦਾ ਮੁੱਢ ਬੰਨ੍ਹ ਦਿੱਤਾ ਹੈ। ਇਸ ਮੌਕੇ ਸਰਪੰਚ ਗਗਨ ਨਿਗਾਹਾਂ, ਸੀਪਾ ਰਾਜੇਆਣਾ ਚੇਅਰਮੈਨ, ਮਨਜੀਤ ਸਿੰਘ, ਸੁੱਖਾ ਲੰਗੇਆਣੀਆਂ, ਸੁਰਿੰਦਰ ਸਿੰਘ, ਜਗਸੀਰ ਸਿੰਘ ਜੱਗਾ, ਸੰਦੀਪ ਸਿੰਘ, ਸੀਪਾ ਰਾਜੇਆਣਾ, ਹਰਦੀਸ਼ ਸੇਖਾ ਤੇਜਪਾਲ ਕੌਰ, ਗੁਰਮੁੱਖ ਸਿੰਘ ਤੇ ਹੋਰ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

## ਕਾਤਰਾਂ

### ਸ਼ਹਿਰ 'ਚ ਹਫਤੇ 'ਚ ਕੈਂਸਰ ਨਾਲ ਤੀਸਰੀ ਮੌਤ



ਬਰੇਟਾ (ਰੀਤਵਾਲ)-ਸਥਾਨਕ ਮੰਡੀ 'ਚ ਲਗਾਤਾਰ ਕੈਂਸਰ ਨਾਲ ਹੋ ਰਹੀਆਂ ਮੌਤਾਂ ਨੂੰ ਲੈ ਕੇ ਲੋਕ ਚਿੰਤਤ ਹਨ। ਜ਼ਿਕਰਯੋਗ ਹੈ ਕਿ ਬਰੇਟਾ 'ਚ ਇੱਕ ਹਫਤੇ ਵਿੱਚ ਕੈਂਸਰ ਨਾਲ ਤੀਜੀ ਮੌਤ ਹੋ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬਿੰਦੂ ਬਾਲਾ (47) ਪਿਛਲੇ ਕਈ ਸਾਲਾਂ ਤੋਂ ਬਰੇਨ ਦੇ ਕੈਂਸਰ ਤੋਂ ਪੀੜਤ ਸੀ, ਜਿਸ ਦਾ ਇਲਾਜ ਚੰਡੀਗੜ੍ਹ ਕੈਂਸਰ ਹਸਪਤਾਲ ਤੋਂ ਚੱਲ ਰਿਹਾ ਸੀ। ਬਿੰਦੂ ਬਾਲਾ ਨੇ ਇਸ ਬਿਮਾਰੀ ਦੀ ਪੀੜ ਨਾ ਝਲਦੇ ਹੋਏ ਐਤਵਾਰ ਦੀ ਸਵੇਰ ਘਰ 'ਚ ਦਮ ਤੋੜ ਦਿੱਤਾ। ਮ੍ਰਿਤਕਾ ਆਪਣੇ ਪਿੱਛੇ ਪਤੀ ਤੋਂ ਇਲਾਵਾ ਇੱਕ ਬੇਟਾ ਤੇ ਬੇਟੀ ਛੱਡ ਗਈ ਹੈ। ਦੱਸਣਯੋਗ ਹੈ ਕਿ ਬਰੇਟਾ 'ਚ ਕੈਂਸਰ ਪੀੜਤਾਂ ਦੀ ਗਿਣਤੀ ਤਿੰਨ ਸੈਂਕੜੇ ਤੋਂ ਵੱਧ ਅੱਪੜ ਚੁੱਕੀ ਹੈ।

### ਡੀ ਸੀ ਤੇ ਵਿਧਾਇਕ ਵੱਲੋਂ ਪਤੰਗਬਾਜ਼ੀ ਲਈ ਚਾਈਨਾ ਡੋਰ ਨਾ ਵਰਤਣ ਦੀ ਅਪੀਲ

ਮਮਦੋਟ (ਹਰਪਾਲ ਸਿੰਘ ਸੋਢੀ, ਜਸਬੀਰ ਸਿੰਘ ਕੰਬੋਜ)-ਬਸੰਤ



ਪੰਚਮੀ ਮੌਕੇ ਕੀਤੀ ਜਾਂਦੀ ਪਤੰਗਬਾਜ਼ੀ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚੋਂ ਫਿਰੋਜ਼ਪੁਰ ਜ਼ਿਲ੍ਹੇ ਦੀ ਅਲੱਗ ਹੀ ਪਹਿਚਾਣ ਹੈ। ਜ਼ਿਲ੍ਹੇ ਦੀ ਇਸ ਪਹਿਚਾਣ ਨੂੰ ਬਰਕਰਾਰ ਰੱਖਣ ਲਈ ਸਮਾਜ ਦੇ ਸਾਰੇ ਵਰਗਾਂ ਦਾ ਫਰਜ਼ ਬਣਦਾ ਹੈ ਕਿ ਪਤੰਗ ਉਡਾਉਣ ਲਈ ਉਹ ਚਾਈਨਾ ਡੋਰ ਦੀ ਵਰਤੋਂ ਨਾ ਕਰਨ, ਉਥੇ ਹੀ ਸਮਾਜ ਨੂੰ ਸੇਧ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਵੱਲੋਂ ਵੀ ਚਾਈਨਾ ਡੋਰ ਨਾ ਵਰਤਣ ਦੀ ਅਪੀਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਚਾਹੀਦਾ ਹੈ ਕਿ ਅਸੀਂ ਆਪ, ਆਪਣੇ ਪਰਿਵਾਰ, ਪਸ਼ੂ-ਪੰਛੀਆਂ ਤੇ ਵਾਤਾਵਰਨ ਦੀ ਸੰਭਾਲ ਲਈ ਨਾ ਤਾਂ ਖੁਦ ਚਾਈਨਾ ਡੋਰ ਖਰੀਦ ਕਰੀਏ ਤੇ ਨਾ ਹੀ ਆਪ ਜਾਂ ਪਰਿਵਾਰਕ ਮੈਂਬਰਾਂ ਨੂੰ ਇਸ ਦੀ ਵਰਤੋਂ ਕਰਨ ਦਈਏ। ਇਸ ਨੂੰ ਲੈ ਕੇ ਮਾਣਯੋਗ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਜੇਸ਼ ਧੀਮਾਨ ਦੀਆਂ ਹਦਾਇਤਾਂ ਅਨੁਸਾਰ ਸਿੱਖਿਆ ਵਿਭਾਗ ਫਿਰੋਜ਼ਪੁਰ ਵੱਲੋਂ ਬਸੰਤ ਪੰਚਮੀ ਦੇ ਤਿਉਹਾਰ ਮੌਕੇ ਪਤੰਗਬਾਜ਼ੀ ਲਈ ਚਾਇਨੀਜ਼ ਡੋਰ ਦੀ ਵਰਤੋਂ ਨਾ ਕਰਨ ਲਈ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਦੌਰਾਨ ਅੱਜ 2500 ਤੋਂ ਵੱਧ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਚਾਈਨਜ਼ ਡੋਰ ਨਾ ਵਰਤਣ ਦਾ ਪ੍ਰਣ ਕੀਤਾ।

### ਚਾਇਨਾ ਡੋਰ ਦੀ ਲਪੇਟ 'ਚ ਆ ਕੇ ਵਿਅਕਤੀ ਜ਼ਖਮੀ



ਜਲਾਲਾਬਾਦ (ਜੀਤ ਕੁਮਾਰ)-ਚਾਇਨਾ ਡੋਰ ਦੀ ਲਪੇਟ 'ਚ ਆਉਣ ਨਾਲ ਇਕ ਵਿਅਕਤੀ ਜ਼ਖਮੀ ਹੋ ਗਿਆ ਹੈ। ਜ਼ਖਮੀ ਵਿਅਕਤੀ ਚਿੰਮਨ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਚੱਕ ਅਰਾਈਆਂਵਾਲਾ ਉਰਫ ਫਲੀਆਂਵਾਲਾ ਨੇ ਦੱਸਿਆ ਕਿ ਉਹ ਆਪਣੇ ਪਿੰਡ ਤੋਂ ਮੋਟਰਸਾਈਕਲ 'ਤੇ ਜਲਾਲਾਬਾਦ ਸ਼ਹਿਰ ਨੂੰ ਜਾ ਰਿਹਾ ਸੀ ਤਾਂ ਜਦੋਂ ਰਸਤੇ ਵਿੱਚ ਫਲਾਈ ਓਵਰ ਦੇ ਚੜ੍ਹਨ ਲੱਗੇ ਤਾਂ ਸੜਕ 'ਤੇ ਡਿੱਗੀ ਹੋਈ ਚਾਇਨਾ ਡੋਰ ਦੀ ਲੇਪਟ ਵਿੱਚ ਆ ਗਿਆ, ਜਿਸ ਨਾਲ ਜਿੱਥੇ ਉਸ ਦੇ ਕੱਪੜੇ ਬੁਰੀ ਤਰ੍ਹਾਂ ਨਾਲ ਕੱਟੇ ਗਏ, ਉਥੇ ਇਸ ਦੇ ਨਾਲ ਹੀ ਇੱਕ ਹੱਥ ਵਿੱਚ ਸੱਟ ਲੱਗ ਗਈ। ਲੋਕਾਂ ਦੀ ਪੁਲਸ ਪ੍ਰਸ਼ਾਸਨ ਪਾਸੋਂ ਮੰਗ ਹੈ ਕਿ ਚਾਇਨਾ ਡੋਰ 'ਤੇ ਮੁਕੰਮਲ ਰੋਕ ਹੋਣ ਦੇ ਬਾਵਜੂਦ ਚਾਇਨਾ ਡੋਰ ਵੇਚਣ ਵਾਲੇ ਲੋਕਾਂ ਦੇ ਖਿਲਾਫ ਕਾਰਵਾਈ ਕਰਨ ਲਈ ਅੱਗੇ ਆਉਣ ਦੀ ਲੋੜ ਹੈ ਤਾਂ ਜੋ ਚਾਇਨਾ ਡੋਰ ਦੇ ਨਾਲ ਹੋਣ ਵਾਲੇ ਹਾਦਸਿਆਂ ਤੋਂ ਬਚਾਅ ਹੋ ਸਕੇ।

### ਬਿਜਲੀ ਬੰਦ ਸੰਬੰਧੀ ਸੂਚਨਾ

ਪਟਿਆਲਾ (ਨ ਜ਼ ਸ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਬ ਡਵੀਜ਼ਨ ਵੱਲੋਂ ਪ੍ਰੈੱਸ ਨੂੰ ਜਾਰੀ ਬਿਆਨ 'ਚ ਬਿਜਲੀ ਖਪਤਕਾਰਾਂ ਤੇ ਆਮ ਜਨਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ 11 ਕੇ ਵੀ ਅਨਾਜ ਮੰਡੀ ਫੀਡਰ ਦੀ ਜ਼ਰੂਰੀ ਮੁਰੰਮਤ ਲਈ ਅਨਾਜ ਮੰਡੀ, ਯਾਦਵਿੰਦਰਾ ਕਲੋਨੀ, ਕਲੈਰੀਆ ਹੋਟਲ, ਬੰਸਤ ਵਿਹਾਰ, ਇੰਦਰਾ ਕਲੋਨੀ, ਕਿਸਾਨ ਮਾਰਕਿਟ, ਰਤਨ ਨਗਰ, ਸਰਹਿੰਦ ਰੋਡ ਮੇਨ 'ਤੇ ਦਰੱਖਤਾਂ ਦੀਆਂ ਟਾਹਣੀਆਂ ਦੀ ਛੰਗਾਈ ਕਰਨ ਲਈ ਬਿਜਲੀ ਸਪਲਾਈ 24 ਜਨਵਰੀ 2023 ਨੂੰ ਸਵੇਰ 10.00 ਵਜੇ ਤੋਂ ਬਾਅਦ ਦੁਪਹਿਰ 04.00 ਵਜੇ ਤੱਕ ਬੰਦ ਰਹੇਗੀ।

# ਕਾਂਗਰਸੀ ਆਗੂ ਲਾਲੀ ਗਗਨੇਜਾ 'ਆਪ' 'ਚ ਸ਼ਾਮਲ



ਬਲਦੇਵ ਲਾਲੀ ਗਗਨੇਜਾ ਨੂੰ ਪਾਰਟੀ 'ਚ ਸ਼ਾਮਲ ਕਰਨ ਸਮੇਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਤੇ ਹੋਰ।

ਮਲੋਟ (ਗੁਰਮੀਤ ਸਿੰਘ ਮੱਕੜ)-ਕਾਂਗਰਸ ਪਾਰਟੀ ਵਿੱਚ ਵੱਖ-ਵੱਖ ਅਹੁਦਿਆਂ 'ਤੇ ਰਹੇ ਬਲਦੇਵ ਕੁਮਾਰ ਗਗਨੇਜਾ (ਲਾਲੀ ਗਗਨੇਜਾ) ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ ।ਲਾਲੀ ਗਗਨੇਜਾ ਦਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣਾ ਕਾਂਗਰਸ ਲਈ ਵੱਡਾ ਝਟਕਾ ਹੈ, ਕਿਉਂਕਿ ਉਹ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵੱਡੇ ਅਹੁਦਿਆਂ ਤੋਂ ਇਲਾਵਾ ਬਲਾਕ ਕਾਂਗਰਸ ਕਮੇਟੀ ਮਲੋਟ ਦੇ ਪ੍ਰਧਾਨ ਦੇ ਅਹੁਦੇ 'ਤੇ ਰਹੇ ਹਨ।ਸਥਾਨਕ ਇੱਕ ਗੈਸਟ ਹਾਊਸ ਵਿੱਚ ਕਰਵਾਏ ਸਮਾਗਮ ਦੌਰਾਨ ਪੰਜਾਬ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ। ਇਸ ਮੌਕੇ ਆਪਣੇ ਸੰਬੋਧਨ ਵਿੱਚ ਲਾਲੀ ਗਗਨੇਜਾ ਨੇ ਕਿਹਾ ਕਿ ਉਹ ਆਪ ਪਾਰਟੀ ਦੇ ਕੰਮਕਾਜ ਤੋਂ ਸੰਤੁਸ਼ਟ ਹੋ ਕੇ ਤੇ ਕਾਂਗਰਸ ਪਾਰਟੀ ਵੱਲੋਂ ਨਜ਼ਰਅੰਦਾਜ਼ ਕੀਤੇ ਜਾਣ ਕਾਰਨ ਆਪ ਵਿੱਚ ਸ਼ਾਮਲ ਹੋਏ ਹਨ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਲਾਲੀ ਗਗਨੇਜਾ ਦਾ ਸਵਾਗਤ ਕਰਦਿਆਂ ਕਿਹਾ ਕਿ ਉਹ ਇੱਕ ਅਣਥੱਕ ਮਿਹਨਤੀ ਕਾਂਗਰਸੀ ਆਗੂ ਦੇ ਪਾਰਟੀ ਵਿੱਚ ਆਉਣ ਨਾਲ ਪਾਰਟੀ ਮਜ਼ਬੂਤ ਹੋਵੇਗੀ। ਉਨ੍ਹਾਂ ਵਾਅਦਾ ਕੀਤਾ ਕਿ ਉਹ ਆਉਣ ਵਾਲੇ ਸਮੇਂ ਵਿੱਚ ਲਾਲੀ ਗਗਨੇਜਾ ਨੂੰ ਬਣਦਾ ਮਾਣ ਸਤਿਕਾਰ ਦੇਣਗੇ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਲੋਟ ਵਿੱਚ ਸੀਵਰੇਜ ਦੀ ਸਮੱਸਿਆ ਹੱਲ ਕਰਨ ਲਈ ਪੰਜਾਬ ਸਰਕਾਰ ਨੇ 34 ਕਰੋੜ ਦੀ ਰਾਸ਼ੀ ਦਾ ਪ੍ਰੋਜੈਕਟ ਮਨਜ਼ੂਰ ਕੀਤਾ ਹੈ, ਜਿਸ ਵਿੱਚੋਂ 9 ਕਰੋੜ ਦੀ ਰਾਸ਼ੀ ਆ ਚੁੱਕੀ ਹੈ। ਉਨ੍ਹਾ ਦੱਸਿਆ ਕਿ ਬਾਕੀ ਦੀ ਰਕਮ ਅਗਲੇ 6 ਮਹੀਨਿਆਂ ਵਿੱਚ ਆ ਜਾਵੇਗੀ, ਜਿਸ ਨਾਲ ਮਲੋਟ ਦੇ ਲੋਕਾਂ ਦੀ ਮੁੱਖ ਮੁਸ਼ਕਲ ਸੀਵਰੇਜ ਸਮੱਸਿਆ ਦਾ ਹੱਲ ਹੋ ਜਾਵੇਗਾ।

# 29 ਦੀ ਸੰਗਰੂਰ ਰੈਲੀ ਲਈ ਬੱਸਾਂ ਦਾ ਕਾਫਲਾ 9 ਵਜੇ ਚੱਲੇਗਾ

ਮੋਗਾ (ਅਮਰਜੀਤ ਬੱਬਰੀ)



ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਮੋਗਾ ਦੀ ਮੀਟਿੰਗ ਮੌਕੇ ਹਾਜ਼ਰ ਫੈਡਰੇਸ਼ਨ ਆਗੂ ਤੇ ਮੈਂਬਰ।

ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਮੋਗਾ ਦੀ ਵਿਸ਼ੇਸ਼ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿੱਚ ਹੋਈ, ਜਿਸ ਦੀ ਪ੍ਰਧਾਨਗੀ ਮੁੱਖ ਜਥੇਬੰਦਕ ਸਕੱਤਰ ਕਾਮਰੇਡ ਜਗਦੀਸ਼ ਸਿੰਘ ਚਾਹਲ ਨੇ ਕੀਤੀ। ਮੀਟਿੰਗ ਬਾਰੇ ਜਾਣਕਾਰੀ ਦਿੰਦੇ ਹੋਏ ਗੁਰਮੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਫੈਡਰੇਸ਼ਨ ਦੀ ਸੂਬਾਈ ਲੀਡਰਸ਼ਿਪ ਦੇ ਫੈਸਲੇ ਅਨੁਸਾਰ 29 ਫਰਵਰੀ 23 ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾਈ ਰੈਲੀ ਦੀ ਤਿਆਰੀ ਵਜੋਂ ਵਿਚਾਰ ਵਟਾਂਦਰਾ ਕੀਤਾ ਗਿਆ। ਫੈਸਲਾ ਕੀਤਾ ਗਿਆ ਕਿ ਸੂਬਾਈ ਫੈਸਲੇ ਅਨੁਸਾਰ ਇਸ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰਜ਼ ਸ਼ਮੂਲੀਅਤ ਕਰਨਗੇ। ਹਰ ਜਥੇਬੰਦੀ ਦੇ ਆਗੂ ਨੇ ਇਸ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਵਾਅਦਾ ਕੀਤਾ। ਸੰਗਰੂਰ ਦੀ ਇਹ ਰੈਲੀ ਪੰਜਾਬ ਵਿੱਚ ਵੱਖ ਵੱਖ ਵਿਭਾਗਾਂ, ਬੋਰਡਾਂ, ਨਿਗਮਾਂ ਦੇ ਸਮੂਹ ਕੱਚੇ, ਠੇਕਾ ਅਧਾਰਤ ਤੇ ਆਊਟ ਸੋਰਸ, ਸਕੀਮ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਪੂਰੀਆਂ ਤਨਖਾਹਾਂ ਅਤੇ ਭੱਤਿਆਂ ਸਮੇਤ ਰੈਗੂਲਰ ਕਨਰ, ਪਰਖ ਕਾਲ ਸਮੇਂ ਦੌਰਾਨ ਮੁੱਢਲੀ ਤਨਖਾਹ ਦੇਣ, ਪੁਨਰਗਠਨ ਦੇ ਦੇ ਨਾਮ 'ਤੇ ਖਤਮ ਕੀਤੀਆਂ ਹਜ਼ਾਰਾਂ ਆਸਾਮੀਆਂ ਤੁਰੰਤ ਬਹਾਲ ਕਰਨ, ਜਨਵਰੀ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਦਾ ਨੋਟੀਫਿਕੇਸ਼ਨ ਜਾਰੀ ਕਰਨ ਤੇ ਪੁਰਾਣੀ ਪੈਨਸ਼ਨ ਸਕੀਮ ਹੂਬਹੂ ਬਹਾਲ ਕਰਨ, 2015 ਤੋਂ ਮਹਿੰਗਾਈ ਭੱਤੇ ਦਾ ਬਕਾਇਆ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਤੁਰੰਤ ਦੇਣ, ਆਂਗਣਵਾੜੀ, ਆਸ਼ਾ ਵਰਕਰਾਂ ਤੇ ਹੈਲਪਰਾਂ, ਮਿੱਡ-ਡੇ-ਮੀਲ ਵਰਕਰਾਂ ਤੇ ਹੋਰ ਸਕੀਮ ਵਰਕਰਾਂ ਨੂੰ ਰੈਗੂਲਰ ਕਰਨ ਅਤੇ ਘੱਟੋ-ਘੱਟ ਉਜ਼ਰਤ ਦਾ ਕਾਨੂੰਨ ਲਾਗੂ ਕਰਕੇ ਤਨਖਾਹ ਦੇਣ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੋਰ ਮਸਲੇ ਵੀ ਹੱਲ ਕਰਾਉਣ ਲਈ ਪੰਜਾਬ ਭਰ ਤੋਂ ਕਾਮੇ, ਮੁਲਾਜ਼ਮ ਤੇ ਪੈਨਸ਼ਨਰ ਡਿਪਟੀ ਕਮਿਸ਼ਨਰ ਦਫ਼ਤਰ ਸੰਗਰੂਰ ਵਿਖੇ ਪਹੁੰਚਣਗੇ। ਫੈਸਲਾ ਕੀਤਾ ਗਿਆ 29 ਜਨਵਰੀ ਨੂੰ ਮੋਗਾ ਦੇ ਬੱਸ ਅੱਡੇ ਵਿੱਚ ਬੱਸਾਂ ਦਾ ਕਾਫਲਾ ਠੀਕ 9 ਵਜੇ ਸੰਗਰੂਰ ਦੀ ਰੈਲੀ ਵਿੱਚ ਸ਼ਾਮਲ ਹੋਣ ਲਈ ਚੱਲੇਗਾ। ਇਸ ਮੀਟਿੰਗ ਵਿੱਚ ਗੁਰਜੰਟ ਸਿੰਘ ਕੋਕਰੀ ਕਨਵੀਨਰ ਪੁਰਾਣੀ ਪੈਨਸ਼ਨ ਪ੍ਰਾਪਤੀ ਪ੍ਰਾਪਤੀ ਮੋਰਚਾ ਪੰਜਾਬ, ਗੁਰਮੇਲ ਸਿੰਘ ਨਾਹਰ ਪਾਵਰਕਾਮ ਤੇ ਟਰਾਂਸਕੋ ਯੂਨੀਅਨ ਪੰਜਾਬ, ਬੂਟਾ ਸਿੰਘ ਭੱਟੀ ਗੌ.ਸ.ਟੀ.ਯੂ., ਗੁਰਚਰਨ ਕੌਰ ਆਂਗਣਵਾੜੀ ਵਰਕਰਜ਼ ਤੇ ਹੈਲਪਰਜ਼ ਯੂ., ਦਰਸ਼ਨ ਲਾਲ ਮੋਗਾ ਡਿਪਟੀ ਜਨਰਲ ਸਕੱਤਰ ਪੰਜਾਬ, ਬਚਿੱਤਰ ਸਿੰਘ ਧੋਥੜ ਪ੍ਰਧਾਨ ਪੰਜਾਬ ਪੈਨਸ਼ਨਰਜ਼ ਯੂਨੀਅਨ, ਅਜਮੇਰ ਸਿੰਘ ਅਖਾੜਾ, ਅਜਮੇਰ ਸਿੰਘ ਕੈਸ਼ੀਅਰ, ਗੁਰਮੀਤ ਸਿੰਘ ਧਾਲੀਵਾਲ, ਚਮਨ ਲਾਲ ਸੰਗੇਲੀਆ ਦੀ ਕਲਾਸ ਫੋਰ ਗੌ: ਇੰਪ. ਯੂ., ਸੁਰਿੰਦਰ ਸਿੰਘ ਬਰਾੜ, ਪੋਹਲਾ ਸਿੰਘ ਬਰਾੜ, ਸਤਪਾਲ ਸਹਿਗਲ ਆਦਿ ਹਾਜ਼ਰ ਸਨ।

# ਮੋਟਰਸਾਈਕਲ ਚੋਰੀ ਕਰਨ ਦੇ ਦੋਸ਼ ਮਾਮਲਾ ਦਰਜ

ਮਲੋਟ (ਗੁਰਮੀਤ ਸਿੰਘ ਮੱਕੜ)

ਥਾਣਾ ਕਬਰਵਾਲਾ ਪੁਲਿਸ ਨੇ ਮੋਟਰਸਾਈਕਲ ਚੋਰੀ ਦੇ ਦੋਸ਼ ਹੇਠ ਅਣਪਛਾਤੇ ਵਿਅਕਤੀ 'ਤੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਅਰਜੁਨ ਸਿੰਘ ਵਾਸੀ ਰਾਣੀਵਾਲਾ ਨੇ ਦੱਸਿਆ ਕਿ ਪੰਨੀਵਾਲਾ ਵਿਖੇ ਉਸ ਦੀ ਮੋਬਾਇਲ ਰਿਪੇਅਰ ਦੀ ਦੁਕਾਨ ਹੈ। ਉਸ ਨੇ ਦੱਸਿਆ ਕਿ ਉਹ ਤੇ ਉਸ ਦਾ ਸਾਲਾ ਆਪਣੇ ਤੋਂ ਮੋਟਰਸਾਈਕਲ, ਜੋ ਕਿ ਉਸ ਦੇ ਪਿਤਾ ਦੇ ਨਾਮ 'ਤੇ ਹੈ, ਆਪਣੀ ਦੁਕਾਨ ਦੇ ਬਾਹਰ ਖੜਾ ਕਰਕੇ ਕੰਮ ਕਰਨ ਲੱਗੇ ਪਏ ਅਤੇ ਜਦੋਂ ਸ਼ਾਮ ਨੂੰ ਘਰ ਜਾਣ ਲੱਗੇ ਤਾਂ ਉਥੇ ਮੋਟਰਸਾਈਕਲ ਨਹੀਂ ਸੀ ਅਤੇ ਕੋਈ ਅਣਪਛਾਤਾ ਵਿਅਕਤੀ ਮੋਟਰਸਾਈਕਲ ਚੋਰੀ ਕਰਕੇ ਲੈ ਗਿਆ। ਪੁਲਸ ਨੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪੰਜਾਬ ਸਰਕਾਰ ਜ਼ੀਰਾ ਸ਼ਰਾਬ ਫੈਕਟਰੀ ਬੰਦ ਕਰਨ ਸੰਬੰਧੀ ਨੋਟੀਫਿਕੇਸ਼ਨ ਤੁਰੰਤ ਜਾਰੀ ਕਰੇ : ਕਾਦੀਆਂ



ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਅਹਿਮ ਮੀਟਿੰਗ ਪਿੰਡ ਸਹਿਜੜਾ ਵਿਖੇ ਬਲਾਕ ਪ੍ਰਧਾਨ ਗੁਰਧਿਆਨ ਸਿੰਘ ਸਹਿਜੜਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਵਿਸ਼ੇਸ਼ 'ਤੇ ਸ਼ਾਮਲ ਹੋਏ ਭਾਕਿਯੂ ਕਾਦੀਆਂ ਦੇ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸੋਸ਼ਲ ਮੀਡੀਆ ਜ਼ਰੀਏ ਜ਼ੀਰਾ ਦੀ ਸ਼ਰਾਬ ਫੈਕਟਰੀ ਬੰਦ ਕਰਨ ਦਾ ਐਲਾਨ ਤਾਂ ਕਰ ਚੁੱਕੇ ਹਨ, ਪਰ ਅਜੇ ਤੱਕ ਮੁੱਖ ਮੰਤਰੀ ਵੱਲੋਂ ਲਿਖਤੀ ਤੌਰ 'ਤੇ ਨੋਟੀਫਿਕੇਸ਼ਨ ਜਾਰੀ ਨਾ ਕਰਕੇ ਆਪਣੇ ਬਿਆਨਾਂ ਨੂੰ ਅਮਲੀ ਜਾਮਾ ਨਹੀਂ ਪਹਿਨਾਇਆ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਜ਼ੀਰਾ ਸ਼ਰਾਬ ਫੈਕਟਰੀ ਬੰਦ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰਕੇ ਲੋਕਾਂ 'ਚ ਪੈਦਾ ਹੋਇਆ ਭੰਬਲਭੂਸਾ ਦੂਰ ਕੀਤਾ ਜਾਵੇ। ਉਨ੍ਹਾ ਕਿਹਾ ਕਿ ਜ਼ੀਰਾ ਦੀ ਸ਼ਰਾਬ ਫੈਕਟਰੀ ਨੇ ਧਰਤੀ ਹੇਠਾਂ ਜ਼ਹਿਰੀਲਾ ਪਾਣੀ ਸੁੱਟਿਆ ਹੈ, ਜਿਸ ਕਾਰਨ ਇਲਾਕੇ ਵਿੱਚ ਭਿਆਨਕ ਬਿਮਾਰੀਆਂ ਫੈਲ ਰਹੀਆਂ ਹਨ ਤੇ ਬਿਮਾਰੀਆਂ ਦਾ ਸ਼ਿਕਾਰ ਹੋਏ ਲੋਕਾਂ ਦੀਆਂ ਮੌਤਾਂ ਹੋ ਰਹੀਆਂ ਹਨ। ਉਨ੍ਹਾ ਫੈਕਟਰੀ ਮਾਲਕਾਂ ਖਿਲਾਫ ਕੇਸ ਦਰਜ ਕਰਨ ਦੀ ਮੰਗ ਕੀਤੀ। ਉਨ੍ਹਾ ਸਪੱਸ਼ਟ ਕਿਹਾ ਕਿ ਸਰਕਾਰ ਵੱਲੋਂ ਨੋਟੀਫਿਕੇਸ਼ਨ ਕੀਤੇ ਜਾਣ ਤੱਕ ਕਿਸਾਨ ਧਰਨਾ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਬਲਾਕ ਪ੍ਰਧਾਨ ਗੁਰਧਿਆਨ ਸਿੰਘ ਬਾਜਵਾ, ਗਗਨਦੀਪ ਸਿੰਘ ਬਾਜਵਾ, ਜਰਨੈਲ ਸਿੰਘ ਸਹੌਰ, ਗੁਰਜੀਤ ਸਿੰਘ ਜਵੰਧਾ, ਸੁਖਮੰਦਰ ਸਿੰਘ, ਛੀਨੀਵਾਲ, ਮੇਜਰ ਸਿੰਘ ਛੀਨੀਵਾਲ, ਸਾਧੂ ਸਿੰਘ, ਸਿਕੰਦਰ ਸਿੰਘ, ਗੁਰਤੇਜ ਸਿੰਘ, ਗੁਰਮੇਲ ਸਿੰਘ, ਕੁਲਦੀਪ ਸਿੰਘ, ਅਮਰਜੀਤ ਸਿੰਘ, ਗੁਰਪ੍ਰੀਤ ਸਿੰਘ, ਗੁਰਮੀਤ ਸਿੰਘ ਆਦਿ ਹਾਜ਼ਰ ਸਨ।

# ਡੀ ਪੀ ਐੱਸ ਸਕੂਲ ਦੇ ਵਿਦਿਆਰਥੀਆਂ ਜਾਗਰੂਕਤਾ ਅਭਿਆਨ ਕੱਢਿਆ



ਰਾਜਪੁਰਾ (ਰਮੇਸ਼ ਕਟਾਰੀਆ)-ਇਥੋਂ ਦੇ ਐੱਸ ਡੀ ਐੱਮ ਰਾਜਪੁਰਾ ਡਾਕਟਰ ਸੰਜੀਵ ਕੁਮਾਰ ਤੇ ਨੀਨਾ ਮਿੱਤਲ ਐੱਮ.ਐੱਲ.ਏ. ਰਾਜਪੁਰਾ ਨੇ ਡੀ ਪੀ ਐੱਸ ਸੀ ਸਕੂਲ ਦੇ ਵਿਦਿਆਰਥੀਆਂ ਨੂੰ ਹਰੀ ਝੰਡੀ ਦੇ ਕੇ ਚਿਲਡਰਨ ਪਾਰਕ, ਰਾਜਪੁਰਾ ਤੋਂ ਸ਼ੁਰੂਆਤ ਕੀਤੀ ਗਈ। ਜਾਗਰੂਕਤਾ ਅਭਿਆਨ ਦਾ ਮੁੱਖ ਵਿਸ਼ਾ ਵਿਦਿਆਰਥੀਆਂ ਨੂੰ ਸੁਤੰਤਰਤਾ ਦਾ ਸਹੀ ਅਰਥ ਸਮਝਾਉਣਾ ਸੀ। ਇਸ ਅਭਿਆਨ ਦੀ ਸ਼ੁਰੂਆਤ ਡਾਂਡੀ ਮਾਰਚ ਤੋਂ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਨੁੱਕੜ ਨਾਟਕ ਪੇਸ਼ ਕੀਤਾ, ਜਿਸ ਦਾ ਉਦੇਸ਼ ਸਭ ਨੂੰ ਮੌਲਿਕ ਅਧਿਕਾਰਾਂ ਤੋਂ ਜਾਣੂ ਕਰਵਾਉਣਾ ਸੀ। ਨੁੱਕੜ ਨਾਟਕ ਦੇ ਬਾਅਦ ਚਾਰੋਂ ਦਿਸ਼ਾਵਾਂ ਦੇ ਪ੍ਰਮੁੱਖ ਨਾਚਾਂ ਦੁਆਰਾ ਅਨੇਕਤਾ ਵਿੱਚ ਏਕਤਾ ਦਾ ਪ੍ਰਦਰਸ਼ਨ ਕੀਤਾ ਗਿਆ। ਵੇਦਾਂ, ਉਪਨਿਸ਼ਦਾਂ ਤੇ ਧਾਰਮਿਕ ਗ੍ਰੰਥਾਂ ਦਾ ਮਹੱਤਵ ਦੱਸਦੇ ਹੋਏ ਝਾਕੀਆਂ ਕੱਢੀਆਂ ਗਈਆ। ਇਸ ਅਭਿਆਨ ਦੀ ਸ਼ੋਭਾ ਡਿਜੀਟਲ ਇੰਡੀਆ ਦੀ ਝਾਕੀ ਰਹੀ, ਜਿਸ ਵਿੱਚ ਭਾਰਤ ਦੇ ਤਕਨੀਕੀ ਖੇਤਰ ਵਿੱਚ ਹੋਏ ਵਿਕਾਸ ਨੂੰ ਦਰਸਾਇਆ ਗਿਆ। ਇਸ ਅਭਿਆਨ ਦੀ ਮਾਪਿਆਂ ਤੇ ਰਾਜਪੁਰਾ ਵਾਸੀਆਂ ਨੇ ਬਹੁਤ ਪ੍ਰਸ਼ੰਸਾ ਕੀਤੀ। ਸਕੂਲ ਦੀ ਨਿਰਦੇਸ਼ਕ ਗੁਨਮੀਤ ਬਿੰਦਰਾ ਨੇ ਵਿਦਿਆਰਥੀਆਂ ਨੂੰ ਅਨੁਭਵਾਂ ਦੇ ਸਹਿਯੋਗ ਨਾਲ ਸਿੱਖਿਅਤ ਕਰਨ ਦਾ ਚੁੱਕਿਆ ਗਿਆ ਬੀੜਾ ਜਾਰੀ ਰੱਖਿਆ। ਸਕੂਲ ਦੀ ਮੁੱਖ ਅਧਿਆਪਕਾ ਗੀਤਿਕਾ ਚੰਦਰਾ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦਾ ਧੰਨਵਾਦ ਕੀਤਾ।

# ਅਕਾਲੀਆਂ ਤੇ ਕਾਂਗਰਸੀਆਂ ਦੀਆਂ ਨੀਤੀਆਂ ਕਰਕੇ ਸੂਬਾ ਕਰਜ਼ੇ 'ਚ ਡੁੱਬਿਆ : ਗਿੱਲ ਯੂ ਕੇ

## ▪ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਸਨਅਤਾਂ ਜ਼ਰੂਰੀ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਭਗਵੰਤ ਮਾਨ ਸਰਕਾਰ ਲੋਕ ਭਲਾਈ ਦੇ ਕੰਮਾਂ ਲਈ ਲਗਾਤਾਰ ਯਤਨਸ਼ੀਲ ਹੈ। ਕਾਂਗਰਸ ਤੇ ਅਕਾਲੀਆਂ ਨੇ ਆਪਣੇ ਕਾਰਜਕਾਲ ਦੌਰਾਨ ਲੋਕ ਭਲਾਈ ਦੀਆਂ ਨੀਤੀਆਂ ਤੋਂ ਲਾਂਭੇ ਜਾ ਕੇ ਆਪਣੇ ਘਰ ਭਰਨ ਵੱਲ ਧਿਆਨ ਰੱਖਿਆ, ਜਿਸ ਕਰਕੇ ਪੰਜਾਬ ਕਰਜ਼ੇ ਦੀ ਡੂੰਘੀ ਖਾਈ ਵਿੱਚ ਜਾ ਡਿੱਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਪਟਿਆਲਾ ਤੋਂ ਸੀਨੀਅਰ ਆਗੂ ਦਲਬੀਰ ਸਿੰਘ ਗਿੱਲ ਯੂ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਪੰਜਾਬ ਦੌਰੇ 'ਤੇ ਆਏ ਆਪ ਆਗੂ ਦਲਬੀਰ ਸਿੰਘ ਗਿੱਲ ਯੂ ਕੇ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਗਲਤ ਆਰਥਿਕ ਨੀਤੀਆਂ ਕਰਕੇ ਕਰਜ਼ੇ ਦੀ ਦਲਦਲ ਵਿੱਚ ਡੁੱਬੇ ਪੰਜਾਬ ਨੂੰ ਪੈਰਾਂ ਸਿਰ ਕਰਨ ਲਈ ਨਵੀਆਂ ਨੀਤੀਆਂ ਦੀ ਲੋੜ ਹੈ। ਆਮ ਆਦਮੀ ਪਾਰਟੀ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਇਸੇ ਉੱਤੇ ਕੰਮ ਕਰ ਰਹੀ ਹੈ। ਉਨ੍ਹਾ ਕਿਹਾ ਕਿ ਇੰਡਸਟਰੀ ਤੋਂ ਬਿਨਾਂ ਰੁਜ਼ਗਾਰ ਦੇ ਵਸੀਲੇ ਪੈਦਾ ਨਹੀਂ ਕੀਤੇ ਜਾ ਸਕਦੇ, ਪਰ ਕਿਸੇ ਵੀ ਇੰਡਸਟਰੀ ਨੂੰ ਸੂਬੇ ਦੇ ਵਾਤਾਵਰਣ ਤੇ ਪਾਣੀ ਨਾਲ ਖਿਲਵਾੜ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਉਨ੍ਹਾ ਸਰਕਾਰ ਵੱਲੋਂ ਜ਼ੀਰਾ ਸ਼ਰਾਬ ਫੈਕਟਰੀ ਬੰਦ ਕੀਤੇ ਜਾਣ ਦੇ ਫੈਸਲੇ ਨੂੰ ਦਰੁਸਤ ਕਰਾਰ ਦਿੰਦਿਆਂ ਕਿਹਾ ਕਿ ਜਿਹੜੀਆ ਫੈਕਟਰੀਆ ਟਰੀਟਮੈਂਟ ਪਲਾਂਟ ਲਗਾ ਕੇ ਉਨ੍ਹਾਂ ਨੂੰ ਬਿਨਾਂ ਚਲਾਏ ਕੰਮ ਕਰ ਰਹੀਆਂ ਹਨ, ਉਨ੍ਹਾਂ ਦੀ ਪੜਤਾਲ ਕਰਵਾਈ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਟਰੱਕ ਯੂਨੀਅਨ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ, ਨਗਰ ਪੰਚਾਇਤ ਦੇ ਪ੍ਰਧਾਨ ਨਰੇਸ਼ ਕੁਮਾਰ ਬਾਂਸਲ, ਗੁਰੀ ਏਮਸੀ, ਪ੍ਰਮਿੰਦਰਜੀਤ ਪਿੰਕਾ ਤੇ ਸੰਦੀਪ ਸਾਂਵਰਾ ਆਦਿ ਹਾਜ਼ਰ ਸਨ।

# ਮੁਰਾਦਪੁਰ ਨਸ਼ਿਆਂ ਵਿਰੁੱਧ ਜੰਗ 'ਚ ਅੱਗੇ ਆਇਆ

## ▪ ਨਸ਼ਿਆਂ ਵਿਰੁੱਧ ਤੌਬਾ ਕਰਨ ਵਾਲੇ ਪਿੰਡਾਂ ਨੂੰ ਵਿਕਾਸ ਲਈ ਮਿਲੇਗੀ ਵਿਸ਼ੇਸ਼ ਤਰਜੀਹ : ਜੌੜਾਮਾਜਰਾ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸਮਾਣਾ ਹਲਕੇ ਦੇ ਪਿੰਡ ਮੁਰਾਦਪੁਰ ਦੇ ਵਸਨੀਕਾਂ ਨੇ ਇੱਕ ਅਹਿਮ ਪਹਿਲਕਦਮੀ ਕਰਦਿਆਂ ਨਸ਼ਿਆਂ ਦੀ ਵਿੱਕਰੀ ਵਿਰੁੱਧ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਵਿੱਢੀ ਜੰਗ 'ਚ ਪੰਜਾਬ ਪੁਲਸ ਨੂੰ ਸਹਿਯੋਗ ਦੇਣ ਤੇ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਹੋਰਨਾਂ ਨੂੰ ਜਾਗਰੂਕ ਕਰਨ ਦੀ ਸਹੁੰ ਖਾਧੀ ਹੈ। ਪੰਜਾਬ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੀਆਂ ਲਗਾਤਾਰ ਕੋਸ਼ਿਸ਼ਾਂ ਸਦਕਾ ਨਸ਼ਿਆਂ ਖ਼ਿਲਾਫ਼ ਅੱਗੇ ਆਏ ਇਸ ਪਿੰਡ ਦੇ ਵਸਨੀਕਾਂ ਨੇ ਪਿੰਡ ਵਿੱਚ ਨਸ਼ਿਆਂ ਦੀ ਕਿਸੇ ਵੀ ਤਰ੍ਹਾਂ ਦੀ ਵਿੱਕਰੀ ਹੋਣ ਦੀ ਸੂਰਤ 'ਚ ਪੁਲਸ ਨੂੰ ਸੂਚਿਤ ਕਰਨ ਦਾ ਵੀ ਅਹਿਦ ਕੀਤਾ ਹੈ। ਸਮਾਣਾ ਦੇ ਡੀ.ਐੱਸ.ਪੀ. ਸੌਰਵ ਜਿੰਦਲ, ਸੀ.ਆਈ.ਏ. ਸਟਾਫ਼ ਦੇ ਇੰਚਾਰਜ ਇੰਸਪੈਕਟਰ ਵਿਜੇ ਕੁਮਾਰ ਤੇ ਇੰਸਪੈਕਟਰ ਗੁਰਇਕਬਾਲ ਸਿੰਘ ਸਿਕੰਦ ਐਤਵਾਰ ਵਿਸ਼ੇਸ਼ ਤੌਰ 'ਤੇ ਪਿੰਡ ਦੇ ਸਰਪੰਚ ਬਲਕਾਰ ਸਿੰਘ ਤੇ ਪੰਚਾਇਤ ਮੈਂਬਰਾਂ ਦੇ ਸੱਦੇ ਉਤੇ ਪਿੰਡ ਪੁੱਜੇ। ਪਿੰਡ ਦੇ ਗੁਰੂਘਰ ਵਿਖੇ ਇਕੱਠੇ ਹੋਏ ਲੋਕਾਂ ਨੇ ਕਿਹਾ ਕਿ ਉਨ੍ਹਾਂ ਦੇ ਪਿੰਡ ਮੁਰਾਦਪੁਰ ਵਿੱਚ ਕਿਸੇ ਨੂੰ ਕੋਈ ਨਸ਼ਾ ਨਹੀਂ ਵੇਚਣ ਦਿੱਤਾ ਜਾਵੇਗਾ ਤੇ ਜੇਕਰ ਕੋਈ ਵਿਅਕਤੀ ਬਾਹਰੋਂ ਆ ਕੇ ਇੱਥੇ ਨਸ਼ਾ ਵੇਚੇਗਾ ਤਾਂ ਇਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇਗੀ। ਇਸ ਤੋਂ ਬਿਨਾਂ ਜਿਹੜੇ ਲੋਕ ਨਸ਼ਿਆਂ ਦੇ ਸੇਵਨ ਦੇ ਆਦੀ ਹੋ ਚੁੱਕੇ ਹਨ, ਉਨ੍ਹਾਂ ਦਾ ਇਲਾਜ ਕਰਵਾਇਆ ਜਾਵੇਗਾ। ਡੀ.ਐੱਸ.ਪੀ. ਸੌਰਵ ਜਿੰਦਲ ਨੇ ਕਿਹਾ ਕਿ ਪਟਿਆਲਾ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਜੰਗ ਨੂੰ ਲੋਕਾਂ ਦਾ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸੇ ਤਹਿਤ ਹੀ ਪਿੰਡ ਮੁਰਾਦਪੁਰ ਦੇ ਲੋਕ ਨਸ਼ਿਆਂ ਤੋਂ ਤੰਗ ਆ ਕੇ ਪੁਲਸ ਨੂੰ ਨਸ਼ਿਆਂ ਦੀ ਪਿੰਡ ਵਿੱਚ ਵਿੱਕਰੀ ਵਿਰੁੱਧ ਸਹਿਯੋਗ ਦੇਣ ਲਈ ਅੱਗੇ ਆਏ ਹਨ।

ਇਸੇ ਦੌਰਾਨ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਵਿੱਢੀ ਜੰਗ 'ਚ ਸਹਿਯੋਗ ਦੇਣ ਸਮੇਤ ਨਸ਼ਿਆਂ ਨੂੰ ਤੌਬਾ ਕਰਨ ਵਾਲੇ ਪਿੰਡਾਂ ਨੂੰ ਵਿਕਾਸ ਲਈ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ। ਇਸ ਮੌਕੇ ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ ਤੇ ਪੀ.ਏ. ਗੁਰਦੇਵ ਸਿੰਘ ਟਿਵਾਣਾ ਸਮੇਤ ਹੋਰ ਪਤਵੰਤੇ ਮੌਜੂਦ ਸਨ।

ਸੀ.ਆਈ.ਏ. ਇੰਚਾਰਜ ਇੰਸਪੈਕਟਰ ਵਿਜੇ ਕੁਮਾਰ ਨੇ ਦੱਸਿਆ ਕਿ ਪਿੰਡ ਮੁਰਾਦਪੁਰ 'ਚ ਹੈਰੋਇਨ, ਚਿੱਟਾ, ਸਮੈਕ, ਨਸ਼ੀਲੀਆਂ ਗੋਲੀਆਂ, ਗਾਂਜਾ, ਭੁੱਕੀ, ਚੂਰਾ ਪੋਸਤ ਆਦਿ ਨਸ਼ਿਆਂ ਦੀ ਵਿੱਕਰੀ ਦੇ ਬਹੁਤ ਸਾਰੇ ਮਾਮਲੇ ਸਾਹਮਣੇ ਆਏ ਸਨ, ਜਿਸ ਲਈ ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਨਸ਼ਿਆਂ ਨੂੰ ਤੌਬਾ ਕਰਨ ਲਈ ਮਨਾਇਆ। ਉਨ੍ਹਾ ਕਿਹਾ ਕਿ ਅੱਜ ਪਿੰਡ ਦੇ ਵੱਡੇ ਇਕੱਠ 'ਚ ਲੋਕਾਂ ਦੇ ਧਾਰਮਿਕ ਵਿਸ਼ਵਾਸ ਮੁਤਾਬਕ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਗਈ ਤੇ ਲੋਕਾਂ ਨੇ ਇਸ ਉੱਪਰ ਕਾਇਮ ਰਹਿਣ ਦਾ ਪ੍ਰਣ ਵੀ ਕੀਤਾ ਹੈ।

# ਸ਼ਾਂਤੀ ਵਿੱਦਿਆ ਮੰਦਰ 'ਚ ਬਸੰਤ ਕਾਰਨੀਵਲ ਮਨਾਇਆ



ਸ਼ਾਂਤੀ ਵਿੱਦਿਆ ਮੰਦਰ ਵਿੱਚ ਬਸੰਤ ਕਾਰਨੀਵਲ ਮਨਾਏ ਜਾਣ ਦੀ ਤਸਵੀਰ।

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸ਼ਾਂਤੀ ਵਿੱਦਿਆ ਮੰਦਰ ਵਿੱਚ ਬਸੰਤ ਕਾਰਨੀਵਲ ਮਨਾਇਆ ਗਿਆ।ਸਕੂਲ ਵਿੱਚ ਮਾਪੇ-ਅਧਿਆਪਕ ਮੀਟਿੰਗ ਹੋਈ ਤੇ ਹਰ ਮਾਪੇ ਮੀਟਿੰਗ ਦੀ ਤਰ੍ਹਾਂ ਇਸ ਪੇਰੈਂਟਸ ਮੀਟਿੰਗ ਵਿੱਚ ਵੀ ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਲਈ ਕੁਝ ਵਿਸ਼ੇਸ਼ ਪ੍ਰੋਗਰਾਮ ਰੱਖਿਆ ਗਿਆ, ਜਿਸ ਨੂੰ 'ਬਸੰਤ ਕਾਰਨੀਵਲ' ਦਾ ਨਾਮ ਦਿੱਤਾ ਗਿਆ।ਇਸ ਕਾਰਨੀਵਲ ਵਿੱਚ ਸਕੂਲ ਦੀ ਆਰਟ ਐਂਡ ਕਰਾਫਟ ਅਧਿਆਪਕਾ ਹਰੀਸ਼ ਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਵੇਸਟ ਮਟੀਰੀਅਲ ਤੋਂ ਬਣਾਏ ਗਏ ਟੇਬਲ ਲੈਂਪ, ਡੈਕੋਰੇਸ਼ਨ ਪੀਸ, ਲੈਂਪ ਸਟੈਂਡ, ਵਾਲ ਹੈਂਗਿੰਗ, ਫੋਟੋ ਫਰੇਮ ਆਦਿ ਦੀ ਪ੍ਰਦਰਸ਼ਨੀ ਲਗਾਈ ਗਈ।ਇਸ ਦੇ ਨਾਲ ਹੀ ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਮਾਪਿਆਂ ਲਈ ਖਾਣ-ਪੀਣ ਦੇ ਸਟਾਲ ਵੀ ਲਗਾਏ ਗਏ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਤੇ ਸੰਗੀਤ ਅਧਿਆਪਕਾ ਡਿੰਪਲ ਨੇ ਪ੍ਰੇਰਣਾਦਾਇਕ ਗੀਤ ਵੀ ਗਾਏ। ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਇਸ ਕਾਰਨੀਵਲ ਦਾ ਭਰਪੂਰ ਆਨੰਦ ਮਾਣਿਆ।ਇਸ ਕਾਰਨੀਵਲ ਦੇ ਆਯੋਜਨ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਚੀਨੀ ਡੋਰ ਦੀ ਵਰਤੋਂ ਨਾ ਕਰਨ ਦਾ ਸੁਨੇਹਾ ਦੇਣਾ ਸੀ।ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਰਜਨੀ ਮਡਾਹਰ ਨੇ ਸਮੂਹ ਵਿਦਿਆਰਥੀਆਂ, ਸਟਾਫ਼ ਤੇ ਉਨ੍ਹਾਂ ਦੇ ਮਾਪਿਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੰਦੇ ਹੋਏ ਸੰਦੇਸ਼ ਦਿੱਤਾ ਕਿ ਤਿਉਹਾਰ ਸਾਨੂੰ ਪਿਆਰ ਵੰਡਣ ਦਾ ਉਪਦੇਸ਼ ਦਿੰਦੇ ਹਨ ਨਾ ਕਿ ਕਿਸੇ ਦਾ ਨੁਕਸਾਨ ਕਰਨਾ।ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਬਸੰਤ ਪੰਚਮੀ 'ਤੇ ਪਤੰਗ ਉਡਾਈਏ, ਪਰ ਚੀਨੀ ਡੋਰ ਦੀ ਵਰਤੋਂ ਨਾ ਕਰੀਏ।ਇਸ ਕਾਰਨ ਕਈ ਜਾਨਾਂ ਚਲੀਆਂ ਜਾਂਦੀਆਂ ਹਨ।ਮਾਸੂਮ ਪੰਛੀਆਂ ਦੀ ਮੌਤ ਹੋ ਜਾਂਦੀ ਹੈ ਤੇ ਕੁਝ ਲੋਕ ਜ਼ਿੰਦਗੀ ਭਰ ਲਈ ਅਪੰਗ ਹੋ ਜਾਂਦੇ ਹਨ।ਇਸ ਲਈ ਸਾਨੂੰ ਇਹ ਤਿਉਹਾਰ ਬੜੀ ਸਾਵਧਾਨੀ ਨਾਲ ਮਨਾਉਣਾ ਚਾਹੀਦਾ ਹੈ। ਵਿਦਿਆਰਥੀਆਂ ਦੇ ਮਾਪਿਆਂ ਨੇ ਇਸ ਸ਼ਲਾਘਾਯੋਗ ਕਾਰਜ ਲਈ ਮੈਨੇਜਮੈਂਟ ਕਮੇਟੀ ਮੈਂਬਰ ਤੇ ਸਕੂਲ ਦੀ ਪ੍ਰਿੰਸੀਪਲ ਦਾ ਧੰਨਵਾਦ ਕੀਤਾ।

# ਬ੍ਰਾਂਡ ਅੰਬੈਸਡਰ ਕੈਪਟਨ ਨਰੇਸ਼ ਵਰਮਾ ਨੂੰ ਕੀਤਾ ਸਨਮਾਨਤ



ਜਗਰਾਉਂ (ਅਮਿਤ ਖੰਨਾ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦਿਸ਼ਾ ਨਿਰਦੇਸ਼ ਹੇਠ ਪ੍ਰੀਖਿਆ ਦੀ ਤਿਆਰੀ ਲਈ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ 'ਚ ਕਰਵਾਏ ਇਕ ਸਮਾਗਮ 'ਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੂੰ ਆਪਣੇ ਆਲੇ ਦੁਆਲੇ ਦੀ ਸਫਾਈ ਦਾ ਸੰਦੇਸ਼ ਦਿੰਦੇ ਹੋਏ ਕਿਹਾ ਕਿ ਸਫਾਈ ਵਿੱਚ ਹੀ ਖੁਦਾਈ ਹੈ। ਉਨ੍ਹਾ ਕਿਹਾ ਕਿ ਅਪਣੇ ਦੇਸ਼ ਨੂੰ ਸਾਫ-ਸੁਥਰਾ ਤੇ ਸੋਹਣਾ ਬਣਾਉਣ ਦੀ ਸ਼ੁਰੂਆਤ ਸਾਨੂੰ ਅਪਣੇ ਘਰ ਤੇ ਆਲੇ ਦੁਆਲੇ ਤੋਂ ਕਰਨੀ ਚਾਹੀਦੀ ਹੈ। ਇਸ ਮੌਕੇ ਉਨ੍ਹਾ ਵਿਦਿਆਰਥੀਆਂ ਨੂੰ ਪਾਣੀ ਨੂੰ ਘੱਟ ਵਿਅਰਥ ਕਰਨ ਤੇ ਪਲਾਸਟਿਕ ਨੂੰ ਨਾ ਵਰਤਣ ਦਾ ਵੀ ਸੰਦੇਸ਼ ਦਿੱਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਨੀਤਾ ਕਾਲੜਾ ਨੇ ਕਿਹਾ ਕਿ ਕੈਪਟਨ ਨਰੇਸ਼ ਵਰਮਾ ਪਿਛਲੇ 40 ਸਾਲਾਂ ਤੋਂ ਬੱਚਿਆਂ ਵਿੱਚ ਹਰਮਨ ਪਿਆਰੇ ਨੇ ਤੇ ਬੱਚੇ ਉਨ੍ਹਾਂ ਦੀ ਗੱਲ ਮੰਨਦੇ ਨੇ। ਇਸ ਮੌਕੇ ਬਤੌਰ ਬ੍ਰਾਂਡ ਅੰਬੈਸਡਰ ਪਹਿਲੀ ਵਾਰ ਸਕੂਲ ਪੰਹੁਚਣ 'ਤੇ ਸਾਬਕਾ ਪ੍ਰਿੰਸੀਪਲ ਕੈਪਟਨ ਨਰੇਸ਼ ਵਰਮਾ ਨੂੰ ਪ੍ਰਿੰਸੀਪਲ ਅਨੀਤਾ ਕਾਲੜਾ, ਚੇਅਰਮੈਨ ਸਤੀਸ਼ ਕਾਲੜਾ, ਸਾਬਕਾ ਵਿਧਾਇਕ ਹਰਜੋਤ ਕਮਲ, ਭੂਸ਼ਣ ਗੋਇਲ, ਗੌਰਵ ਖੁੱਲਰ, ਰਾਜੇਸ਼ ਲੂੰਬਾ, ਜਗਦੀਸ਼ ਓਹਰੀ, ਹਰਭਗਵਾਨ ਦਾਸ ਬਾਵਾ, ਸ਼ਾਮ ਸੁੰਦਰ, ਸੰਚਿਤ ਗੋਇਲ ਤੇ ਪ੍ਰਦੀਪ ਜੈਨ ਨੇ ਸਨਮਾਨਤ ਕੀਤਾ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦਾ ਡੈਲੀਗੇਟ ਅਜਲਾਸ

## ▪ ਸਰਕਾਰ ਪੇਂਡੂ ਡਾਕਟਰਾਂ ਨੂੰ ਜ਼ਲੀਲ ਕਰਨਾ ਬੰਦ ਕਰੇ



ਮਹਿਲ ਕਲਾਂ (ਬਲਵਿੰਦਰ ਵਜੀਦਕੇ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦਾ ਡੈਲੀਗੇਟ ਅਜਲਾਸ ਬਲਾਕ ਪ੍ਰਧਾਨ ਦਲਬਾਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਬਲਾਕ ਚੇਅਰਮੈਨ ਅਮਰਜੀਤ ਸਿੰਘ ਕਾਲਸਾਂ, ਬਲਾਕ ਪ੍ਰਧਾਨ ਦਲਬਾਰ ਸਿੰਘ ਨੇ ਸਮੂਹ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਦੀਆਂ ਸਰਗਰਮੀਆਂ ਬਾਰੇ ਜਾਣਕਾਰੀ ਦਿੱਤੀ। ਸਾਲਾਨਾ ਰਿਪੋਰਟ ਸੈਕਟਰੀ ਨਿਰਭੈ ਸਿੰਘ ਵੱਲੋਂ ਪੇਸ਼ ਕੀਤੀ ਗਈ। ਵਿੱਤੀ ਰਿਪੋਰਟ ਜਸਵੰਤ ਸਿੰਘ ਛੀਨੀਵਾਲ ਵੱਲੋਂ ਪੇਸ਼ ਕੀਤੀ, ਜੋ ਸਰਬਸੰਮਤੀ ਨਾਲ ਪਾਸ ਕੀਤੀ ਗਈ। ਇਸ ਮੌਕੇ ਚੇਅਰਮੈਨ ਅਮਰਜੀਤ ਸਿੰਘ ਕਾਲਸਾਂ ਨੇ ਕਿਹਾ ਕਿ ਸੂਬਾ ਸਰਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ, ਉਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਸਮੂਹ ਸਾਥੀਆਂ ਨੂੰ ਸੰਘਰਸ਼ ਲਈ ਤਿਆਰ ਰਹਿਣ ਲਈ ਆਖਿਆ। ਸਰਬ ਸੰਮਤੀ ਨਾਲ ਕੀਤੀ ਅਹੁਦੇਦਾਰਾਂ ਦੀ ਚੋਣ 'ਚ ਸਰਪ੍ਰਸਤ ਅਮਰਜੀਤ ਸਿੰਘ ਕਾਲਸਾਂ ਤੇ ਗੁਰਮੀਤ ਸਿੰਘ ਦੀਵਾਨਾ, ਚੇਅਰਮੈਨ ਕੇਸਰ ਖਾਨ, ਵਾਈਸ ਚੇਅਰਮੈਨ ਅਨਵਰ ਖਾਨ, ਪ੍ਰਧਾਨ ਦਲਵਾਰ ਸਿੰਘ ਮਹਿਲ ਕਲਾਂ, ਸੀਨੀ: ਮੀਤ ਪ੍ਰਧਾਨ ਅਮਰਜੀਤ ਸਿੰਘ, ਮੀਤ ਪ੍ਰਧਾਨ ਬੇਅੰਤ ਸਿੰਘ ਮੂੰਮ, ਜਨਰਲ ਸਕੱਤਰ ਨਿਰਭੈ ਸਿੰਘ ਨਿਹਾਲੂਵਾਲ, ਮੀਤ ਪ੍ਰਧਾਨ ਮੇਜਰ ਛਾਪਾ, ਮੀਤ ਪ੍ਰਧਾਨ ਕੇਵਲ ਸਿੰਘ ਜਲਾਲਦੀਵਾਲ, ਸਕੱਤਰ ਹਰੀ ਸਿੰਘ ਮੂੰਮ, ਖਜ਼ਾਨਚੀ ਰਜਿੰਦਰ ਸਿੰਘ ਛੀਨੀਵਾਲ, ਖਜ਼ਾਨਚੀ ਜਸਵੰਤ ਸਿੰਘ ਛੀਨੀਵਾਲ, ਮੁੱਖ ਬੁਲਾਰਾ ਬਾਰੂ ਮਹੁੰਮਦ, ਪ੍ਰੈੱਸ ਸਕੱਤਰ ਗੁਰਚਰਨ ਸਿੰਘ ਰਾਜਗੜ੍ਹ ਤੋਂ ਇਲਾਵਾ ਸਰਕਲ ਪ੍ਰਧਾਨ ਬਚਿੱਤਰ ਸਿੰਘ ਰਾਜਗੜ੍ਹ, ਬਲਵੀਰ ਸਿੰਘ ਗੋਬਿੰਦਗੜ੍ਹ, ਜੰਗ ਬਹਾਦਰ, ਗੁਰਮੀਤ ਸਿੰਘ ਗਹਿਲਾ, ਏਰੀਆ ਇੰਚਾਰਜ ਸੁਖਵਿੰਦਰ ਸਿੰਘ ਜਲਾਲਦੀਵਾਲ, ਬਲਵਿੰਦਰ ਸਿੰਘ, ਪਰਮਜੀਤ ਸਿੰਘ ਛਾਪਾ, ਰੇਵਲ ਸਿੰਘ ਗੁੰਮਟੀ, ਸੁਖਪਾਲ ਸਿੰਘ ਰਾਏਸਰ, ਅੰਮ੍ਰਿਤਪਾਲ ਸਿੰਘ, ਇੰਦਰਜੀਤ ਸਿੰਘ ਸੋਹੀਆ ਤੇ ਸਲਾਹਕਾਰ ਕਮੇਟੀ ਮੈਂਬਰ ਮਨਜੀਤ ਸਿੰਘ ਸੈਦੋਕੇ, ਰਵਿੰਦਰ ਕੁਮਾਰ ਪੰਡੋਰੀ, ਦਲਬਾਰਾ ਸਿੰਘ ਕੁਤਬਾ, ਬਲਵੰਤ ਸਿੰਘ ਸਹਿਬਾਜ਼ਪੁਰਾ ਚੁਣੇ ਗਏ।

24-Jan-2023-page-11-Majha.qxd 1/23/2023 10:20 PM Page 1



## ਭਲਕੇ ਰਾਸ਼ਟਰੀ ਵੋਟਰ ਦਿਵਸ ਮੌਕੇ ਐੱਸਐੱਸਐੱਮ ਕਾਲਜ 'ਚ ਹੋਵੇਗਾ ਜ਼ਿਲਾ ਪੱਧਰੀ ਸਮਾਗਮ

ਗੁਰਦਾਸਪੁਰ, 23 ਜਨਵਰੀ (ਜਨਕ ਮਹਾਜਨ)-ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਤਹਿਤ 25 ਜਨਵਰੀ ਨੂੰ 13ਵਾਂ ਰਾਸ਼ਟਰੀ ਵੋਟਰ ਦਿਵਸ ਜ਼ਿਲ੍ਹਾ ਗੁਰਦਾਸਪੁਰ ਵਿੱਚ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ 25 ਜਨਵਰੀ ਨੂੰ ਰਾਸ਼ਟਰੀ ਵੋਟਰ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਐੱਸਐੱਸਐੱਮ. ਕਾਲਜ ਦੀਨਾਨਗਰ ਵਿਖੇ ਹੋਵੇਗਾ ਜਦਕਿ ਇਸ ਤੋਂ ਇਲਾਵਾ ਜ਼ਿਲੇ ਦੇ ਸਮੂਹ ਬੂਥਾਂ ਉੱਪਰ ਵੀ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾਵੇਗਾ। ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਇਸ ਵਾਰ ਰਾਸ਼ਟਰੀ ਵੋਟਰ ਦਿਵਸ ਦਾ ਥੀਮ 'ਨਥਿੰਗ ਲਾਈਕ ਵੋਟਿੰਗ, ਆਈ ਵੋਟ ਫਾਰ ਸ਼ਿਓਰ' ਨਿਸ਼ਚਿਤ ਕੀਤਾ ਗਿਆ ਹੈ। ਇਸਦੇ ਨਾਲ ਹੀ ਚੋਣ ਕਮਿਸ਼ਨ ਵੱਲੋਂ ਉਸ ਦਿਨ 'ਮੈਂ ਭਾਰਤ ਹੂੰ' ਗੀਤ ਵੀ ਲਾਂਚ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਮੌਕੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਦੱਸਣ ਦੇ ਨਾਲ ਨਵੇਂ ਬਣੇ ਵੋਟਰਾਂ ਨੂੰ ਐਪਿਕ ਕਿੱਟ ਵੀ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ ਲੋਕਤੰਤਰ ਪ੍ਰਣਾਲੀ ਵਿੱਚ ਨਾਗਰਿਕਾਂ/ਵੋਟਰਾਂ ਦੀ ਭਾਗਦਾਰੀ ਨੂੰ ਵਧਾਉਣ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪੱਧਰੀ ਸਮਾਗਮ ਅਤੇ ਬੂਥ ਪੱਧਰੀ ਸਮਾਗਮਾਂ ਵਿੱਚ ਵੋਟਰ ਪ੍ਰਣ ਵੀ ਚੁਕਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਵੀ ਰਾਸ਼ਟਰੀ ਵੋਟਰ ਦਿਵਸ ਮੌਕੇ 25 ਜਨਵਰੀ ਨੂੰ ਸਵੇਰੇ 11:00 ਵਜੇ ਵੋਟ ਪ੍ਰਣ ਲਿਆ ਜਾਵੇਗਾ। ਜ਼ਿਲ੍ਹਾ ਚੋਣ ਅਧਿਕਾਰੀ ਨੇ ਅੱਗੇ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਮੌਕੇ ਬੈਸਟ ਈਆਰਓ, ਬੈਸਟ ਨੋਡਲ ਅਫ਼ਸਰ (ਸਵੀਪ), ਬੈਸਟ ਸੁਪਰਵਾਈਜ਼ਰ ਅਤੇ ਬੈਸਟ ਬੀਐੱਲਓ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

## ਇੱਕੋ ਰਾਤ ਚਾਰ ਘਰਾਂ 'ਚੋਂ ਸੋਨਾ, ਚਾਂਦੀ ਤੇ ਨਕਦੀ ਚੋਰੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਥਾਣੇ ਅਧੀਨ ਪੈਂਦੇ ਪਿੰਡ ਨਵੀਂ ਝੌਲੀ ਵਿੱਚ ਚੋਰਾਂ ਨੇ ਇੱਕੋ ਰਾਤ ਵਿੱਚ ਚਾਰ ਘਰਾਂ ਵਿੱਚੋਂ ਸੋਨਾ, ਚਾਂਦੀ ਅਤੇ ਨਕਦੀ ਚੋਰੀ ਕਰ ਲਈ ਹੈ। ਪੁਲਸ ਨੇ ਪੀੜਤ ਪਰਿਵਾਰ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੇ ਚੋਰਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।



ਤਿਲਕ ਰਾਜ ਪੁੱਤਰ ਮਿਲਖੀ ਰਾਮ ਵਾਸੀ ਨਵੀਂ ਝੌਲੀ ਨੇ ਦੱਸਿਆ ਕਿ ਬੀਤੀ 22 ਜਨਵਰੀ ਨੂੰ ਉਸ ਦਾ ਲੜਕਾ ਸੁਨੀਲ ਕੁਮਾਰ ਆਪਣੇ ਰਿਸ਼ਤੇਦਾਰਾਂ ਦੇ ਘਰ ਪਿੰਡ ਅਵਾਂਖਾ ਗਿਆ ਹੋਇਆ ਸੀ ਜਦੋਂਕਿ ਉਹ ਘਰ ਵਿਚ ਇਕੱਲੀ ਸੀ। ਅੱਧੀ ਰਾਤ ਨੂੰ ਜਦੋਂ ਉਹ ਪਿਸ਼ਾਬ ਕਰਨ ਲਈ ਉੱਠਿਆ ਤਾਂ ਦੇਖਿਆ ਕਿ ਉਸ ਦੇ ਕਮਰੇ ਦਾ ਗੇਟ ਅਤੇ ਪਿਛਲੇ ਕਮਰੇ ਦਾ ਦਰਵਾਜ਼ਾ ਖੁੱਲ੍ਹਾ ਸੀ। ਜਦੋਂ ਉਹ ਦਰਵਾਜ਼ੇ ਕੋਲ ਗਿਆ ਤਾਂ ਕਮਰੇ ਵਿੱਚ 6 ਵਿਅਕਤੀ ਮੌਜੂਦ ਸਨ, ਜਿਨ੍ਹਾਂ ਨੇ ਆਪਣੇ ਮੂੰਹ ਕੱਪੜੇ ਨਾਲ ਢੱਕੇ ਹੋਏ ਸਨ ਜਦੋਂਕਿ 3 ਵਿਅਕਤੀਆਂ ਕੋਲ ਡੰਡੇ ਸਨ ਅਤੇ 3 ਵਿਅਕਤੀ ਕਮਰੇ ਵਿੱਚ ਪਏ ਅਲਮਾਰੀ, ਸੰਦੂਖ, ਪੇਟੀ ਦੀ ਤਲਾਸ਼ੀ ਲੈ ਰਹੇ ਸਨ। ਉਨ੍ਹਾਂ ਨੂੰ ਦੇਖ ਕੇ ਸਾਰੇ ਚੋਰ ਕਮਰੇ ਵਿੱਚੋਂ ਬਾਹਰ ਨੂੰ ਦੌੜਨ ਲੱਗੇ। ਜਦੋਂ ਚੋਰਾਂ ਨੂੰ ਪੀੜਤ ਨੇ ਫੜਨ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਹੇਠਾਂ ਧੱਕਾ ਦੇ ਕੇ ਗੇਟ ਰਾਹੀਂ ਬਾਹਰ ਭੱਜ ਗਏ। ਪੀੜਤ ਨੇ ਘਰ ਤੋਂ ਬਾਹਰ ਆ ਕੇ ਰੌਲਾ ਪਾਇਆ ਅਤੇ ਆਸ ਪਾਸ ਦੇ ਲੋਕ ਇਕੱਠੇ ਹੋਏ ਗਏ। ਇਸ ਤੋਂ ਬਾਅਦ ਉਸ ਨੇ ਫੋਨ ਰਾਹੀਂ ਆਪਣੇ ਲੜਕੇ ਨੂੰ ਪੂਰੀ ਜਾਣਕਾਰੀ ਦਿੱਤੀ। ਜਦੋਂ ਸਵੇਰੇ ਉਸ ਦਾ ਲੜਕਾ ਘਰ ਆਇਆ ਤਾਂ ਤਲਾਸ਼ੀ ਦੌਰਾਨ ਪਤਾ ਲੱਗਾ ਕਿ ਚੋਰ ਉਸ ਦੇ ਘਰੋਂ 8 ਸੋਨੇ ਦੀਆਂ ਮੁੰਦਰੀਆਂ, ਇਕ ਸੋਨੇ ਦੀ ਚੇਨ, ਇਕ ਸੋਨੇ ਦਾ ਹਾਰ, ਇਕ ਸੋਨੇ ਦਾ ਟਿੱਕਾ, ਇਕ ਸੋਨੇ ਦਾ ਕੋਕਾ ਅਤੇ ਇਕ ਜੋੜਾ ਚਾਂਦੀ ਦੇ ਕੰਗਣ ਲੈ ਗਏ ਹਨ। ਚਾਂਦੀ ਦੀਆਂ ਝਾਂਜਰਾਂ, ਇੱਕ ਬੱਚੇ ਦੇ ਚਾਂਦੀ ਦੇ ਕੰਗਣ, ਦੋ ਘੜੀਆਂ ਅਤੇ 5 ਹਜ਼ਾਰ ਰੁਪਏ ਦੀ ਨਕਦੀ ਚੋਰੀ ਕਰ ਚੋਰ ਫਰਾਰ ਹੋ ਗਏ। ਉਨ੍ਹਾਂ ਇਹ ਵੀ ਪਤਾ ਲੱਗਾ ਹੈ ਕਿ ਚੋਰਾਂ ਨੇ ਉਨ੍ਹਾਂ ਦੇ ਪਿੰਡ ਵਾਸੀ ਅਜੈ ਸਿੰਘ, ਕੇਵਲ ਸਿੰਘ, ਸੁਰਿੰਦਰ ਸਿੰਘ ਦੇ ਘਰੋਂ ਗਹਿਣੇ ਅਤੇ ਨਕਦੀ ਚੋਰੀ ਕਰ ਲਈ ਹੈ। ਜ਼ਿਕਰਯੋਗ ਹੈ ਕਿ ਦੀਨਾਨਗਰ ਇਲਾਕੇ 'ਚ ਚੋਰੀ ਦੀਆਂ ਘਟਨਾਵਾਂ ਆਮ ਹੋ ਗਈਆਂ ਹਨ। ਲੋਕ ਆਪਣੀ ਮਿਹਨਤ ਦੀ ਕਮਾਈ ਗਵਾ ਰਹੇ ਹਨ ਪਰ ਹੈਰਾਨੀ ਦੀ ਗੱਲ ਹੈ ਕਿ ਪੁਲਸ ਚੋਰਾਂ ਨੂੰ ਕਾਬੂ ਕਰਨ ਵਿੱਚ ਨਾਕਾਮ ਸਾਬਤ ਹੋ ਰਹੀ ਹੈ। ਚੋਰਾਂ ਦੇ ਡਰ ਕਾਰਨ ਲੋਕ ਘਰੋਂ ਬਾਹਰ ਨਿਕਲਣ ਤੋਂ ਪਹਿਲਾਂ ਕਈ ਵਾਰ ਸੋਚਣ ਲਈ ਮਜਬੂਰ ਹਨ।

## ਸੇਵਾ-ਮੁਕਤ ਸਰਕਾਰੀ ਮੁਲਾਜ਼ਮਾਂ ਨੂੰ ਆਮਦਨ ਟੈਕਸ ਦੇ ਦਾਇਰੇ ਤੋਂ ਬਾਹਰ ਕੀਤੇ ਜਾਣ ਦੀ ਮੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਦਸਮੇਸ਼ ਸੇਵਾ ਸੁਸਾਇਟੀ ਦੇ ਪ੍ਰਧਾਨ ਤੇ ਦਿੱਲੀ ਸਰਕਾਰ ਪੈਨਸ਼ਨਰਸ ਵੈਲਫੇਅਰ ਐਸੋਸੀਏਸ਼ਨ ਦੇ ਕਾਰਜਕਾਰੀ ਮੈਂਬਰ ਇੰਦਰ ਮੋਹਨ ਸਿੰਘ ਨੇ ਭਾਰਤ ਸਰਕਾਰ ਨੂੰ ਸਰਕਾਰੀ ਸੇਵਾ-ਮੁਕਤ ਮੁਲਾਜ਼ਮਾਂ ਨੂੰ ਬਕਾਇਆ ਡੀ. ਏ. ਦਾ ਭੁਗਤਾਨ ਕਰਨ 'ਤੇ ਇਨ੍ਹਾਂ ਸਾਬਕਾ ਮੁਲਾਜ਼ਮਾਂ ਨੂੰ ਆਮਦਨ ਕਰ ਦੇ ਦਾਇਰੇ ਤੋਂ ਬਾਹਰ ਰੱਖਣ ਦੀ ਅਪੀਲ ਕੀਤੀ ਹੈ।'

ਇਸ ਸਬੰਧ 'ਚ ਖੁਲਾਸਾ ਕਰਦਿਆਂ ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਨੇ ਕੋਵਿਡ-2019 ਮਹਾਂਮਾਰੀ ਦੌਰਾਨ ਸਰਕਾਰੀ ਮੁਲਾਜ਼ਮਾਂ ਤੋਂ ਇਲਾਵਾ ਪੈਨਸ਼ਨਰਾਂ ਨੂੰ 18 ਮਹੀਨੇ ਮਹਿੰਗਾਈ ਭੱਤੇ ਤੋਂ ਵਾਂਝਾ ਰਖਿਆ ਸੀ, ਜਿਸਦਾ ਹੁਣ ਤੱਕ ਭੁਗਤਾਨ ਨਹੀਂ ਕੀਤਾ ਗਿਆ। ਸਰਕਾਰੀ ਮੁਲਾਜ਼ਮਾਂ ਦੇ ਡੀ. ਏ. ਦੀ ਰਾਸ਼ੀ ਨੂੰ ਰੋਕਣ ਦਾ ਸਰਕਾਰ ਨੂੰ ਕੋਈ ਅਧਿਕਾਰ ਨਹੀ ਹੈ ਕਿਉਂਕਿ ਇਹ ਸਮੇਂ-ਸਮੇਂ 'ਤੇ ਵੱਧ ਰਹੀ ਮਹਿੰਗਾਈ ਦੀ ਭਰਪਾਈ ਕਰਨ ਲਈ ਦਿੱਤਾ ਜਾਂਦਾ ਹੈ, ਖਾਸ ਤੌਰ 'ਤੇ ਪੈਨਸ਼ਨਰਾਂ ਲਈ ਜਿਨ੍ਹਾਂ ਨੂੰ ਆਪਣਾ ਗੁਜ਼ਾਰਾ ਪਹਿਲਾ ਹੀ ਇਕ ਸੀਮਿਤ ਪੈਨਸ਼ਨ ਨਾਲ ਕਰਨਾ ਪੈਂਦਾ ਹੈ। ਮਿਲੀ ਜਾਣਕਾਰੀ ਮੁਤਾਬਿਕ ਇਸ ਸਬੰਧ 'ਚ ਭਾਰਤ ਦੀ ਵੱਖ-ਵੱਖ ਅਦਾਲਤਾਂ ਵਲੋਂ ਵੀ ਮੁਲਾਜ਼ਮਾਂ ਦੇ ਹੱਕ 'ਚ ਸਮੇਂ-ਸਮੇਂ 'ਤੇ ਸਰਕਾਰ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ।

ਇੰਦਰ ਮੋਹਨ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਸੇਵਾ-ਮੁਕਤ ਪੈਨਸ਼ਨਰਾਂ ਨੂੰ ਆਮਦਨ ਟੈਕਸ ਦੇ ਦਾਇਰੇ ਤੋਂ ਵੀ ਬਾਹਰ ਰੱਖਣਾ ਚਾਹੀਦਾ ਹੈ ਤੇ ਇਨਾਂ ਨੂੰ ਮਿਲਣ ਵਾਲੀ ਪੈਨਸ਼ਨ ਨੂੰ ਆਮਦਨ ਕਰਾਰ ਨਹੀ ਦਿੱਤਾ ਜਾਣਾ ਚਾਹੀਦਾ ਹੈ ਕਿਉਂਕਿ ਪੈਨਸ਼ਨ ਦਾ ਭੁਗਤਾਨ ਮੁਲਾਜ਼ਮਾਂ ਦੇ ਲੰਬੇ ਸਮੇਂ ਦੀ ਸਰਕਾਰੀ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਦੇ ਅੰਤਲੇ ਸਮੇਂ ਦੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਇਕ ਭੱਤੇ ਦੇ ਰੂਪ ਵਿੱਚ ਕੀਤਾ ਜਾਂਦਾ ਹੈ।

ਇੰਦਰ ਮੋਹਨ ਸਿੰਘ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਉਹ ਇਨ੍ਹਾਂ ਮਾਮਲਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਦਿਆਂ ਸਰਕਾਰੀ ਮੁਲਾਜ਼ਮਾਂ ਤੇ ਖਾਸ ਤੌਰ 'ਤੇ ਸੇਵਾ-ਮੁਕਤ ਪੈਨਸ਼ਨਰਾਂ ਦੇ 18 ਮਹੀਨੇ ਦੇ ਬਕਾਇਆ ਡੀ. ਏ. ਦਾ ਫੌਰੀ ਤੌਰ 'ਤੇ ਭੁਗਤਾਨ ਕਰੇ ਤੇ ਸਾਰੇ ਪੈਨਸ਼ਨਰਾਂ ਨੂੰ ਆਮਦਨ ਟੈਕਸ ਦੇ ਦਾਇਰੇ ਤੋਂ ਬਾਹਰ ਰਖਣ ਦੀ ਕਵਾਇਤ ਕਰੇ ਤਾਂ ਕਿ ਜ਼ਿੰਦਗੀ ਦੇ ਆਖਿਰੀ ਪੜ੍ਹਾਅ 'ਤੇ ਬੈਠੇ ਬਜ਼ੁਰਗ ਸੁਖਾਲੇ ਢੰਗ ਨਾਲ ਆਪਣਾ ਜੀਵਨ ਬਤੀਤ ਕਰ ਸਕਣ।

## ਸ਼ਿਵ ਕੁਮਾਰ ਬਟਾਲਵੀ ਦੀ ਯਾਦ 'ਚ ਜ਼ਿਲ੍ਹਾ ਪੱਧਰੀ ਕਵੀ ਸੰਮੇਲਨ ਭਲਕੇ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬੀ ਮਾਂ ਬੋਲੀ ਦੇ ਲਾਡਲੇ ਸ਼ਾਇਰ ਸ਼ਿਵ ਕੁਮਾਰ ਬਟਾਲਵੀ ਦੀ ਯਾਦ ਵਿੱਚ ਹੁਣ 25 ਜਨਵਰੀ ਨੂੰ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ, ਬਟਾਲਾ ਵਿਖੇ ਜ਼ਿਲ੍ਹਾ ਪੱਧਰੀ ਕਵੀ ਸੰਮੇਲਨ ਕਰਵਾਇਆ ਜਾਵੇਗਾ। ਇਸ ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਦੇ ਊਰਜਾ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ. ਹੋਣਗੇ। ਪਹਿਲਾਂ ਇਹ ਸਮਾਗਮ 24 ਜਨਵਰੀ ਨੂੰ ਸ਼ਾਮ 4:00 ਵਜੇ ਉਲੀਕਿਆ ਗਿਆ ਸੀ ਪਰ ਮਾਣਯੋਗ ਊਰਜਾ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਗੁਰਦਾਸਪੁਰ ਵਿਖੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਨਿਭਾਉਣ ਲਈ ਪਹੁੰਚ ਰਹੇ ਹਨ ਅਤੇ ਉਨ੍ਹਾਂ ਵੱਲੋਂ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਦੀ ਸਹਿਮਤੀ ਉਪਰੰਤ ਇਹ ਸੰਮੇਲਨ ਹੁਣ 25 ਜਨਵਰੀ ਦੀ ਸ਼ਾਮ ਨੂੰ ਕੀਤਾ ਗਿਆ ਹੈ, ਜਿਸ ਵਿੱਚ ਉਹ ਮੁੱਖ ਮਹਿਮਾਨ ਵਜੋਂ ਪਹੁੰਚ ਰਹੇ ਹਨ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ.



ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਸ਼ਿਵ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ, ਬਟਾਲਾ ਵਿਖੇ ਹੋਣ ਵਾਲਾ ਇਹ ਸੰਮੇਲਨ 25 ਜਨਵਰੀ ਨੂੰ ਸ਼ਾਮ 4 ਵਜੇ ਸ਼ੁਰੂ ਹੋਵੇਗਾ।

ਉਨ੍ਹਾਂ ਦੱਸਿਆ ਕਿ ਇਸ ਕਵੀ ਸੰਮੇਲਨ ਵਿੱਚ ਪੰਜਾਬੀ ਮਾਂ ਬੋਲੀ ਦੇ ਨਾਮਵਰ ਕਵੀਆਂ ਤੋਂ ਇਲਾਵਾ ਪੰਜਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀ, ਅੱਠਵੀਂ ਜਮਾਤ ਤੋਂ ਬਾਹਰਵੀਂ ਜਮਾਤ ਤੱਕ ਦੇ ਵਿਦਿਆਰਥੀ ਅਤੇ 12ਵੀਂ ਜਮਾਤ ਤੋਂ ਗਰੈਜੂਏਸ਼ਨ ਤੱਕ ਦੇ ਵਿਦਿਆਰਥੀ ਹਿੱਸਾ ਲੈ ਸਕਦਾ ਹਨ। ਉਨ੍ਹਾਂ ਕਿਹਾ ਕਿ ਕਵੀ ਸੰਮੇਲਨ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਦੇ ਨਾਲ ਨਗਦ ਇਨਾਮ ਵੀ ਦਿੱਤੇ ਜਾਣਗੇ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸ਼ਿਵ ਬਟਾਲਵੀ ਪੰਜਾਬੀ ਮਾਂ ਬੋਲੀ ਦਾ ਉਹ ਸ਼ਾਇਰ ਹੈ ਜਿਸ ਨੇ ਪੂਰੀ ਦੁਨੀਆਂ ਵਿੱਚ ਮਾਂ ਬੋਲੀ ਪੰਜਾਬੀ ਅਤੇ ਆਪਣੇ ਸ਼ਹਿਰ ਬਟਾਲਾ ਦਾ ਨਾਮ ਰੋਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਮਹਾਨ ਸ਼ਾਇਰ ਦੀ ਯਾਦ ਵਿੱਚ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਸੁਸਾਇਟੀ ਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਮਿਲ ਕੇ ਲੜੀਵਾਰ ਸੈਮੀਨਾਰ, ਨਾਟਕ ਅਤੇ ਕਵੀ ਦਰਬਾਰ ਕਰਵਾਏ ਜਾਣਗੇ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਸਾਹਿਤ ਨਾਲ ਵੱਧ ਤੋਂ ਵੱਧ ਜੋੜਿਆ ਜਾ ਸਕੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵਿਦਿਆਰਥੀਆਂ ਤੇ ਸ਼ਿਵ ਕੁਮਾਰ ਬਟਾਲਵੀ ਨੂੰ ਚਾਹੁਣ ਵਾਲਿਆਂ ਨੂੰ 25 ਜਨਵਰੀ ਸ਼ਾਮ 4 ਵਜੇ ਹੋ ਰਹੇ ਇਸ ਜ਼ਿਲ੍ਹਾ ਪੱਧਰੀ ਕਵੀ ਸੰਮੇਲਨ ਵਿੱਚ ਸ਼ਾਮਲ ਹੋਣ ਦਾ ਨਿੱਘਾ ਸੱਦਾ ਦਿੱਤਾ ਹੈ।

## ਥਾਣਾ ਮੁਖੀ ਬਾਜਵਾ ਗੁ. ਬੀੜ ਬਾਬਾ ਬੁੱਢਾ ਜੀ ਵਿਖੇ ਹੋਏ ਨਤਮਸਤਕ



ਝਬਾਲ (ਹਰਜਿੰਦਰ ਸਿੰਘ, ਰੌਬਿਨ ਸਿੰਘ ਸੋਨੀ)-ਥਾਣਾ ਝਬਾਲ ਦੇ ਨਵ-ਨਿਯੁਕਤ ਥਾਣਾ ਮੁਖੀ ਸਬ-ਇੰਸ ਬਲਜਿੰਦਰ ਸਿੰਘ ਬਾਜਵਾ ਆਪਣਾ ਚਾਰਜ ਸੰਭਾਲਣ ਤੋਂ ਬਾਅਦ ਮਾਝੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੂੰ ਗੁਰਦੁਆਰਾ ਸਾਹਿਬ ਦੇ ਮੈਨੇਜਰ ਹਰਜਿੰਦਰ ਸਿੰਘ ਪੱਟੀ ਨੇ ਬਾਬਾ ਬੁੱਢਾ ਜੀ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਉਨ੍ਹਾਂ ਕਿਹਾ ਕਿ ਉਹ ਬਹੁਤ ਵਡਭਾਗੇ ਹਨ ਜਿਨ੍ਹਾਂ ਨੂੰ ਬਾਬਾ ਬੁੱਢਾ ਜੀ ਦੀ ਪਵਿੱਤਰ ਧਰਤੀ 'ਤੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ ਤੇ ਮੈਂ ਆਪਣੀ ਡਿਊਟੀ ਪੂਰੀ ਮਿਹਨਤ ਤੇ ਇਮਾਨਦਾਰੀ ਨਾਲ ਕਰਾਂਗਾ। ਇਸ ਮੌਕੇ ਉਨ੍ਹਾਂ ਨਾਲ ਐੱਸਆਈ ਬਲਰਾਜ ਸਿੰਘ, ਏਐੱਸਆਈ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਬੰਦੀ ਸਿੰਘਾਂ ਦੀ ਰਿਹਾਈ ਲਈ ਘਰ-ਘਰ ਤੱਕ ਪਹੁੰਚ ਕਰੇਗੀ ਸ਼੍ਰੋਮਣੀ ਕਮੇਟੀ: ਗਰੇਵਾਲ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੋਕ ਲਹਿਰ ਸਿਰਜਣ ਦੇ ਮੱਦੇਨਜ਼ਰ ਸ਼ੁਰੂ ਕੀਤੀ ਗਈ ਦਸਤਖ਼ਤੀ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਹੁਣ ਪ੍ਰਚਾਰਕ ਜਥਿਆਂ ਰਾਹੀਂ ਇਸ ਨੂੰ ਪਿੰਡ ਪੱਧਰ 'ਤੇ ਤੱਕ ਲਿਜਾਇਆ ਜਾ ਰਿਹਾ ਹੈ। ਇਹ ਦਸਤਖ਼ਤੀ ਮੁਹਿੰਮ 1 ਦਸੰਬਰ 2022 ਨੂੰ ਸ਼ੁਰੂ ਕੀਤੀ ਗਈ ਸੀ, ਜਿਸ ਤਹਿਤ ਹੁਣ ਤੀਕ ਲੱਖਾਂ ਪ੍ਰੋਫਾਰਮੇ ਭਰੇ ਜਾ ਚੁੱਕੇ ਹਨ। ਮੌਜੂਦਾ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਸਾਹਿਬਾਨ ਅੰਦਰ 90 ਦੇ ਕਰੀਬ ਕੇਂਦਰ ਸੰਗਤ ਪਾਸੋਂ ਪ੍ਰੋਫਾਰਮੇ ਭਰਵਾਉਣ ਲਈ ਕਾਰਜ ਕਰ ਰਹੇ ਹਨ। ਹੁਣ ਇਸ ਲਹਿਰ ਨੂੰ ਹੋਰ ਪ੍ਰਚੰਡ ਕਰਦਿਆਂ ਵਿਦਿਅਕ ਅਦਾਰਿਆਂ ਦੇ ਨਾਲ-ਨਾਲ ਪ੍ਰਚਾਰਕ ਜਥਿਆਂ ਰਾਹੀਂ ਪਿੰਡਾਂ ਤੱਕ ਪਹੁੰਚਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਕਮੇਟੀ ਭਾਵੇਂ ਅਰਸੇ ਤੋਂ ਵੱਖ-ਵੱਖ ਤਰੀਕਿਆਂ ਰਾਹੀਂ ਆਪਣੀ ਅਵਾਜ਼ ਉਠਾਉਂਦੀ ਆ ਰਹੀ ਹੈ, ਪਰੰਤੂ ਹੁਣ ਇਸ ਨੂੰ ਲੋਕ ਲਹਿਰ ਸਿਰਜਣ ਦੇ ਮਨੋਰਥ ਨਾਲ ਦਸਤਖ਼ਤੀ ਮੁਹਿੰਮ ਤਹਿਤ ਅੱਗੇ ਵਧਾਇਆ ਜਾ ਰਿਹਾ ਹੈ। ਭਾਵੇਂ ਕਿ ਕਾਨੂੰਨੀ ਚਾਰਾਜੋਈ ਵੀ ਜਾਰੀ ਹੈ, ਲੇਕਿਨ ਲੋਕਾਂ ਦੀਆਂ ਭਾਵਨਾਵਾਂ ਨੂੰ ਸਰਕਾਰਾਂ ਤੱਕ ਪਹੁੰਚਾਉਣਾ ਵੀ ਬੇਹੱਦ ਅਹਿਮ ਹੈ। ਇਸੇ ਤਹਿਤ ਹੀ ਦਸਤਖ਼ਤੀ ਮੁਹਿੰਮ ਸ਼ੁਰੂ ਕੀਤੀ ਗਈ ਸੀ, ਜਿਸ ਤਹਿਤ ਹੁਣ ਤੱਕ 10 ਲੱਖ ਤੋਂ ਵੱਧ ਪ੍ਰੋਫਾਰਮੇ ਭਰੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹੁਣ ਇਸ ਲਹਿਰ ਨੂੰ ਅੰਤਮ ਪੜਾਅ 'ਤੇ ਹੋਰ ਤੇਜ਼ ਕਰ ਦਿੱਤਾ ਗਿਆ ਹੈ ਅਤੇ ਵਿਦਿਅਕ ਅਦਾਰਿਆਂ ਅੰਦਰ ਵਿਦਿਆਰਥੀਆਂ ਨੂੰ ਇਸ ਦਾ ਹਿੱਸਾ ਬਣਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਪੱਧਰ 'ਤੇ ਪ੍ਰੋਫਾਰਮੇ ਭਰਵਾਉਣ ਲਈ ਪ੍ਰਕਿਰਿਆ ਆਰੰਭੀ ਗਈ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਅੰਦਰ ਪਹਿਲਾਂ ਸਥਾਪਤ ਕੇਂਦਰਾਂ ਵਿਚ ਸੰਗਤਾਂ ਵੱਲੋਂ ਉਤਸ਼ਾਹ ਨਾਲ ਹਿੱਸਾ ਲਿਆ ਜਾ ਰਿਹਾ ਹੈ, ਲੇਕਿਨ ਬਹੁਤ ਸਾਰੇ ਲੋਕ ਜੋ ਗੁਰੂ ਘਰਾਂ ਵਿਚ ਆ ਕੇ ਪ੍ਰੋਫਾਰਮੇ ਨਹੀਂ ਭਰ ਸਕੇ, ਉਨ੍ਹਾਂ ਨੂੰ ਵੀ ਇਸ ਦਾ ਹਿੱਸਾ ਬਣਾਉਣ ਲਈ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਚਾਰਕ ਜਥਿਆਂ ਵੱਲੋਂ ਜਿਥੇ ਜਿਥੇ ਵੀ ਧਰਮ ਪ੍ਰਚਾਰ ਲਹਿਰ ਤਹਿਤ ਸਮਾਗਮ ਕੀਤੇ ਜਾਂਦੇ ਹਨ, ਉਥੇ ਸੰਗਤਾਂ ਨੂੰ ਇਹ ਪ੍ਰੋਫਾਰਮੇ ਭਰਨ ਲਈ ਅਪੀਲ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਫਾਰਮੇ ਭਰਵਾਉਣ ਦਾ ਕਾਰਜ ਮੁਕੰਮਲ ਕਰਨ ਉਪਰੰਤ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਤਹਿਤ ਸਮਾਂ ਨਿਰਧਾਰਤ ਕਰਕੇ ਭਾਰਤ ਦੇ ਰਾਸ਼ਟਰਪਤੀ ਦੇ ਨਾਂ 'ਤੇ ਇਕ ਪੱਤਰ ਸਮੇਤ ਪ੍ਰੋਫਾਰਮੇ ਪੰਜਾਬ ਦੇ ਰਾਜਪਾਲ ਨੂੰ ਸੌਂਪੇ ਜਾਣਗੇ।

ਭਾਈ ਗਰੇਵਾਲ ਨੇ ਇਹ ਵੀ ਦੱਸਿਆ ਕਿ ਪੰਜਾਬ ਤੋਂ ਇਲਾਵਾ ਵੱਖ-ਵੱਖ ਸੂਬਿਆਂ ਅੰਦਰ ਵੀ ਦਸਤਖ਼ਤੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਹਰਿਆਣਾ, ਹਿਮਾਂਚਲ ਪ੍ਰਦੇਸ਼, ਜੰਮੂ ਕਸ਼ਮੀਰ, ਉਤਰ ਪ੍ਰਦੇਸ਼, ਦਿੱਲੀ, ਰਾਜਿਸਥਾਨ, ਉਤਰਾਖੰਡ, ਗੁਜਰਾਤ, ਮੱਧ ਪ੍ਰਦੇਸ਼, ਕਲਕੱਤਾ, ਛੱਤੀਸਗੜ੍ਹ ਆਦਿ ਥਾਵਾਂ 'ਤੇ ਸਿੱਖ ਮਿਸ਼ਨਾਂ ਰਾਹੀਂ ਪ੍ਰੋਫਾਰਮੇ ਭਰਵਾਏ ਜਾ ਰਹੇ ਹਨ। ਇਸ ਦੇ ਨਾਲ ਹੀ ਆਨਲਾਈਨ ਤਰੀਕੇ ਨਾਲ ਵਿਦੇਸ਼ਾਂ ਤੋਂ ਵੀ ਹਜ਼ਾਰਾਂ ਦੀ ਗਿਣਤੀ 'ਚ ਲੋਕ ਦਸਤਖ਼ਤੀ ਮੁਹਿੰਮ ਨਾਲ ਜੁੜੇ ਹਨ। ਉਨ੍ਹਾਂ ਦੱਸਿਆ ਕਿ ਨਾਗਾਲੈਂਡ ਅਤੇ ਤਾਮਿਲਨਾਡੂ ਅੰਦਰ ਵੀ ਸਵੈ-ਇਛਕ ਤੌਰ 'ਤੇ ਕੁਝ ਸਮਾਜਿਕ ਸੰਗਠਨਾਂ ਨੇ ਵੀ ਪ੍ਰੋਫਾਰਮੇ ਭਰਨ ਲਈ ਵੀ ਸਹਿਯੋਗ ਕੀਤਾ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਦਸਤਖ਼ਤੀ ਮੁਹਿੰਮ ਦੇ ਕੌਮੀ ਕਾਰਜ ਵਿਚ ਵੱਧ ਚੜ੍ਹ ਕੇ ਸਹਿਯੋਗੀ ਬਣਨ, ਤਾਂ ਜੋ ਸਰਕਾਰਾਂ ਤੱਕ ਸਿੱਖ ਬੰਦੀਆਂ ਨਾਲ ਕੀਤੇ ਜਾ ਰਹੇ ਵਿਤਕਰੇ ਵਿਰੁੱਧ ਆਵਾਜ਼ ਪਹੁੰਚਾਈ ਜਾ ਸਕੇ।

## ਵਿਧਾਇਕ ਸੋਹਲ ਤੇ ਡੀ ਸੀ ਤਰਨਤਾਰਨ ਨੇ ਬੱਸ ਅੱਡਾ ਝਬਾਲ ਦਾ ਲਿਆ ਜਾਇਜ਼ਾ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਅੱਡਾ ਝਬਾਲ ਵਿਖੇ ਅੱਜ ਤੋਂ ਦਸ ਸਾਲ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਲਗਭਗ ਢਾਈ ਕਰੋੜ ਦੀ ਲਾਗਤ ਨਾਲ ਤਿਆਰ ਕੀਤੇ ਬੱਸ ਅੱਡੇ ਜਿਸ ਨੂੰ ਅੱਜ ਤੱਕ ਪਿਛਲੀਆਂ ਅਕਾਲੀ ਤੇ ਕਾਂਗਰਸੀ ਵਲੋਂ ਸਰਕਾਰਾਂ ਚਾਲੂ ਨਾ ਕਰਨ ਕਰਕੇ ਵਿਹਲਾ ਪਿਆ ਬੱਸ ਅੱਡਾ ਉਦਘਾਟਨ ਦੀ ਉਡੀਕ ਵਿੱਚ ਬੈਠਾ ਹੈ। ਨਾ ਹੀ ਇਥੇ ਬਣੀਆਂ ਕੋਈ 26 ਦੁਕਾਨਾਂ ਦੀ ਅੱਜ ਤੱਕ ਬੋਲੀ ਹੋਈ ਜਿਸ ਕਾਰਨ ਉਹ ਦੁਕਾਨਾਂ ਵੀ ਬੰਦ ਪਈਆ ਹਨ। ਇਸ ਅੱਡੇ ਨੂੰ ਚਾਲੂ ਕਰਨ ਅਤੇ ਦੁਕਾਨਾਂ ਦੀ ਬੋਲੀ ਕਰਾਉਣ ਨੂੰ ਲੈ ਕੇ ਅੱਜ ਹਲਕਾ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਅਤੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਰਿਸ਼ੀਪਾਲ ਸਿੰਘ ਨੇ ਹੋਰ ਅਧਿਕਾਰੀਆਂ ਸਮੇਤ ਇਸ ਬੱਸ ਅੱਡੇ ਦਾ ਦੌਰਾ ਕਰਕੇ ਜਾਇਜ਼ਾ ਲਿਆ।



ਇਸ ਸਮੇਂ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਕਿਹਾ ਕਿ ਇਕ ਮਹੀਨੇ ਦੇ ਅੰਦਰ ਅੰਦਰ ਇਸ ਬੰਦ ਪਏ ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਬੱਸ ਅੱਡੇ ਦਾ ਉਦਘਾਟਨ ਟਰਾਂਸਪੋਰਟ ਮੰਤਰੀ ਨੂੰ ਬੁਲਾ ਕੇ ਕੀਤਾ ਜਾ ਰਿਹਾ ਹੈ ਅਤੇ ਉਸ ਦੇ ਬਾਅਦ ਬੰਦ ਪਈਆ ਦੁਕਾਨਾ ਦੀ ਖੁਲੇਆਮ ਬੋਲੀ ਕਰਵਾ ਕੇ ਇਨ੍ਹਾਂ ਨੂੰ ਕਿਰਾਏ ਤੇ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਰਕਾਰੀ ਪੈਸੇ ਨੂੰ ਵਿਅਰਥ ਨਹੀਂ ਜਾਣ ਦੇਵੇਗੀ। ਇਸ ਸਮੇਂ ਏਡੀਸੀ ਵਿਕਾਸ ਜਗਵਿੰਦਰ ਸਿੰਘ ਗਰੇਵਾਲ, ਡੀਡੀਪੀਓ ਗੁਰਪ੍ਰੀਤ ਸਿੰਘ ਗਿੱਲ, ਬੀਡੀਪੀਓ ਜਸਬੀਰ ਸਿੰਘ ਢਿੱਲੋਂ, ਡਾਕਟਰ ਕੁਲਦੀਪ ਸਿੰਘ ਰੰਧਾਵਾ, ਸੋਸ਼ਲ ਮੀਡੀਆ ਕੋਆਰਡੀਨੇਟਰ ਮਾਣਕ ਸਿੰਘ ਹੈਪੀ ਝਬਾਲ, ਕੈਪਟਨ ਲਖਵਿੰਦਰ ਸਿੰਘ ਮੰਨਣ, ਚਰਨਜੀਤ ਸਿੰਘ ਸੋਢੀ, ਨਾਥੂ ਬਾਬਾ ਲੰਗਾਹ, ਕਾਰਜ ਸਿੰਘ, ਸੰਤੋਖ ਸਿੰਘ ਝਬਾਲ, ਮਨਦੀਪ ਸਿੰਘ ਭੋਜੀਆਂ, ਵਪਾਰ ਮੰਡਲ ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਗੁਰਜੀਤ ਸਿੰਘ ਸੋਨੀ ਬਾਬਾ, ਚਰਨਜੀਤ ਸਿੰਘ ਸੋਢੀ, ਕਸ਼ਮੀਰ ਸਿੰਘ ਕਸੇਲ , ਹਰਜੀਤ ਸਿੰਘ ਸੋਹਲ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਾਰਟੀ ਵਰਕਰ ਹਾਜ਼ਰ ਸਨ।

## ਪੁਲਸ ਵੱਲੋਂ ਨਾਜਾਇਜ਼ ਸ਼ਰਾਬ ਸਣੇ ਮੁਲਜ਼ਮ ਕਾਬੂ

ਗੁਰਦਾਸਪੁਰ (ਜਨਕ ਮਹਾਜਨ)- ਪੁਲਸ ਸਟੇਸ਼ਨ ਦੀਨਾਨਗਰ ਵਲੋਂ ਇਕ ਵਿਅਕਤੀ ਪਾਸੋਂ 12000 ਐੱਮਐੱਲ ਨਜਾਇਜ਼ ਸ਼ਰਾਬ ਬਰਾਮਦ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਜਾਣਕਾਰੀ ਅਨੁਸਾਰ ਏਐੱਸਆਈ ਰਮੇਸ਼ ਲਾਲ ਸਮੇਤ ਪੁਲਸ ਪਾਰਟੀ ਦੌਰਾਨੇ ਗਸ਼ਤ ਮੁਖਬਰ ਖਾਸ ਦੀ ਇਤਲਾਹ 'ਤੇ ਪਿੰਡ ਬਰਿਆਰ ਤੋਂ ਰਾਕੇਸ਼ ਕੁਮਾਰ ਪੁੱਤਰ ਧਰਮਪਾਲ ਵਾਸੀ ਬਰਿਆਰ ਨੂੰ ਸਕੂਟਰੀ ਨੰਬਰ ਪੀਬੀ 06 ਬੀ ਸੀ 1330 ਸਮੇਤ ਕਾਬੂ ਕਰਕੇ ਸਕੂਟਰੀ 'ਤੇ ਰੱਖੇ ਕੈਨ ਪਲਾਸਟਿਕ ਦੀ ਤਲਾਸ਼ੀ ਲਈ ਤਾਂ ਉਸ ਵਿਚੋਂ 12000 ਐੱਮਐੱਲ ਨਜਾਇਜ਼ ਸ਼ਰਾਬ ਬਰਾਮਦ ਹੋਈ। ਮੁਲਜ਼ਮ ਖਿਲਾਫ ਦੀਨਾਨਗਰ ਪੁਲਸ ਨੇ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪਾਵਰਕਾਮ, ਟਰਾਂਸਕੋ ਪੰਜਾਬ (ਕੇਸਰੀ ਝੰਡਾ) ਪੰਜਾਬ ਵੱਲੋਂ ਜ਼ਰੂਰੀ ਇਕੱਤਰਤਾ

ਧਾਰੀਵਾਲ (ਮਨਦੀਪ ਸਿੰਘ ਫਿੱਕੀ) - ਬਿਜਲੀ ਮੁਲਾਜ਼ਮਾਂ ਦੀ ਪ੍ਰਮੁੱਖ ਜਥੇਬੰਦੀ ਇੰਪਲਾਇਜ਼ ਫੈਡਰੇਸ਼ਨ ਪੰਜਾਬ ਰਾਜ ਬਿਜਲੀ ਬੋਰਡ ਪੰਜਾਬ , ਹੁਣ ਪਾਵਰਕਾਮ, ਟਰਾਂਸਕੋ ਪੰਜਾਬ (ਕੇਸਰੀ ਝੰਡਾ) ਪੰਜਾਬ ਦੇ ਪ੍ਰਧਾਨ ਗੁਰਵੇਲ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਇਸ ਮੌਕੇ ਇੰਪ: ਫੈਡ: ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਸੀਨੀ: ਆਗੂ ਗੁਰਵਿੰਦਰ ਸਿੰਘ ਦੇ ਮਾਤਾ ਅਤੇ ਪਿਤਾ ਦੀ ਪਿਛਲੇ ਦਿਨੀਂ ਹੋਈ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿੱਛੜੀਆਂ ਹੋਈਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਦਿਹਾਤੀ ਮੰਡਲ ਬਟਾਲਾ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ ਜਿਸ ਵਿੱਚ ਪ੍ਰਧਾਨ ਰਜੇਸ਼ ਕੁਮਾਰ ਡੇਰਾ ਬਾਬਾ ਨਾਨਕ, ਸੀਨੀਅਰ ਮੀਤ ਪ੍ਰਧਾਨ ਜਸਪਾਲ, ਮੀਤ ਪ੍ਰਧਾਨ ਮਨਪ੍ਰੀਤ ਸਿੰਘ, ਸਰਪ੍ਰਸਤ ਬਲਕਾਰ ਸਿੰਘ ਜਾਂਗਲਾ, ਜਨਰਲ ਸਕੱਤਰ ਬਲਵਿੰਦਰ ਸਿੰਘ ਕੋਟਲੀ ਸੂਰਤ ਮੱਲ੍ਹੀ ਚੁਣੇ ਗਏ। ਇਸ ਚੋਣ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਚਰਨਜੀਤ ਸਿੰਘ, ਗਰੀਬ ਸਿੰਘ ਹਸਨਪੁਰੀ, ਅਰਵਿੰਦਰ ਸਿੰਘ ਮੱਲ੍ਹੀ, ਬਲਜਿੰਦਰ ਸਿੰਘ ਬਾਜਵਾ, ਗੁਰਜੀਤ ਸਿੰਘ ਮਾੜੀ ਪੰਨਵਾਂ, ਬਲਜੀਤ ਸਿੰਘ ਸੂਰਪਵਾਲੀ ਵਿਨੋਦ ਕੁਮਾਰ ਠਾਕੁਰ, ਸਰਕਲ ਪ੍ਰਧਾਨ ਸਰਵਣ ਸਿੰਘ ਡੱਲਾ, ਸਰਕਲ ਸਕੱਤਰ ਸਲਵਿੰਦਰ ਕੁਮਾਰ, ਜਸਪਾਲ ਸਿੰਘ ਗੁਰਦਾਸਪੁਰ, ਗੁਰਦੀਪ ਸਿੰਘ ਉਧਨਵਾਲ, ਸੁਰਜੀਤ ਸਿੰਘ ਕੂਲਸੀ ਸੂਰਤ ਮੱਲ੍ਹੀ ਪ੍ਰਭਜੋਤ ਸਿੰਘ ਅਤੇ ਨਿਸ਼ਾਂਤ ਸ਼ਰਮਾ ਆਦਿ ਫੈਡ: ਆਗੂ ਸ਼ਾਮਲ ਸਨ।



## ਹੀਰਿਆਂ ਜੜੇ ਗਹਿਣਿਆਂ ਦੇ ਦਿਵਾਨੇ ਹੁਣ ਕਰਨ ਆਪਣੇ ਸੁਪਨਿਆਂ ਨੂੰ ਪੂਰਾ

ਨਵੀਂ ਦਿੱਲੀ : ਇਹ ਸਮਾਂ ਹੈ ਰਿਲਾਇੰਸ ਜਵੈਲਜ਼ "ਡ੍ਰੀਮ ਡਾਇਮੰਡ ਸੇਲ" ਦੇ ਨਾਲ ਬੇਮਿਸਾਲ ਸ਼ਾਨ ਅਤੇ ਚਮਕ ਦਾ ਅਨੁਭਵ ਕਰਨ ਦਾ। ਰਿਲਾਇੰਸ ਜਵੈਲਜ਼ ਵਿਲੱਖਣ ਡਿਜ਼ਾਈਨਾਂ, ਵਿਲੱਖਣ ਕਲੈਕਸ਼ਨ ਅਤੇ ਵੱਖ-ਵੱਖ ਦਿਲਚਸਪ ਆਫ਼ਰਾਂ 'ਤੇ ਫੋਕਸ ਕਰਕੇ ਆਪਣੇ ਗਾਹਕਾਂ ਨੂੰ ਖਰੀਦਦਾਰੀ ਦਾ ਸਭ ਤੋਂ ਵਧੀਆ ਅਨੁਭਵ ਪ੍ਰਦਾਨ ਕਰਨ ਲਈ ਵਚਨਬੱਧ ਹੈ। ਡ੍ਰੀਮ ਡਾਇਮੰਡ ਸੇਲ ਦੇ ਨਾਲ ਇਹ ਬ੍ਰਾਂਡ ਆਪਣੇ ਗਾਹਕਾਂ ਨੂੰ ਸ਼ਾਨਦਾਰ ਕਾਰੀਗਰੀ ਦੇ ਨਾਲ ਡਾਇਮੰਡ ਜਿਊਲਰੀ ਡਿਜ਼ਾਈਨ ਦੀ ਵਿਸ਼ਾਲ ਸ਼੍ਰੇਣੀ ਦਾ ਅਨੁਭਵ ਕਰਨ ਦਾ ਮੌਕਾ ਪ੍ਰਦਾਨ ਕਰ ਰਿਹਾ ਹੈ।

ਚਮਕਦੇ ਹੀਰਿਆਂ ਅਤੇ ਸੰਪੂਰਨਤਾ ਲਈ ਹੱਥਾਂ ਨਾਲ ਤਿਆਰ ਕੀਤੇ ਗਏ ਡਿਜ਼ਾਈਨਾਂ ਦੇ ਨਾਲ ਹੀਰਿਆਂ ਦਾ ਕਲੈਕਸ਼ਨ ਹਾਰ ਦੇ ਸੈੱਟਾਂ, ਪੈਂਡੈਂਟ ਸੈੱਟਾਂ, ਚੂੜੀਆਂ, ਕੜਿਆਂ, ਮੁੰਦਰੀਆਂ ਅਤੇ ਹੋਰ ਬਹੁਤ ਸਾਰੇ ਗਹਿਣਿਆਂ ਵਿੱਚ ਮਨਮੋਹਕ ਡਿਜ਼ਾਈਨਾਂ ਨੂੰ ਪ੍ਰਦਰਸ਼ਿਤ ਕਰਦਾ ਹੈ ਜੋ ਕਿਸੇ ਵੀ ਖਾਸ ਮੌਕੇ ਲਈ ਤੁਹਾਡੀ ਸ਼ਾਨ ਵਿੱਚ ਚਾਰ ਚੰਨ ਲਗਾ ਦਿੰਦੇ ਹਨ। ਇਸ ਨਵੇਂ ਕਲੈਕਸ਼ਨ ਦੇ ਬਾਰੇ ਬੋਲਦੇ ਹੋਏ ਰਿਲਾਇੰਸ ਜਵੈਲਜ ਦੇ ਮੁੱਖ ਕਾਰਜਕਾਰੀ ਅਧਿਕਾਰੀ, ਸੁਨੀਲ ਨਾਇਕ ਨੇ ਕਿਹਾ ਕਿ ਹੀਰੇ ਦੇ ਗਹਿਣਿਆਂ ਦਾ ਸਾਡਾ ਸੰਗ੍ਰਹਿ ਕਾਰੀਗਰੀ ਅਤੇ ਕਦੇ ਵੀ ਪੁਰਾਣੇ ਨਾ ਹੋਣ ਵਾਲੇ ਡਿਜ਼ਾਈਨ ਦਾ ਇੱਕ ਸ਼ਾਨਦਾਰ ਸੁਮੇਲ ਹੈ। ਇਨ੍ਹਾਂ ਗਹਿਣਿਆਂ ਨੂੰ ਬਹੁਤ ਧਿਆਨ ਅਤੇ ਬਾਰੀਕੀ ਦੇ ਨਾਲ ਤਿਆਰ ਕੀਤਾ ਗਿਆ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਹਰੇਕ ਗਹਿਣਾ ਇੱਕ ਸਦੀਵੀ ਨਾਯਾਬ ਗਹਿਣਾ ਹੈ। ਇਹ ਸੁੰਦਰਤਾ, ਅਦਭੁੱਤ ਸ਼ਾਨ ਅਤੇ ਸਦੀਵੀ ਪਿਆਰ ਦਾ ਪ੍ਰਤੀਕ ਹੈ।

ਹੀਰੇ ਦੇ ਗਹਿਣੇ ਸੁੰਦਰਤਾ ਅਤੇ ਨਜ਼ਾਕਤ ਦਾ ਪ੍ਰਤੀਕ ਹੁੰਦੇ ਹਨ। ਰਿਲਾਇੰਸ ਜਵੈਲਜ਼ ਦੇ ਹੀਰਿਆਂ ਦੇ ਕਲੈਕਸ਼ਨ ਦੇ ਨਾਲ ਅਸੀਂ ਆਪਣੇ ਗਾਹਕਾਂ ਨੂੰ ਸ਼ਾਨਦਾਰ ਡਿਜ਼ਾਈਨ ਪ੍ਰਦਾਨ ਕਰਨ ਦਾ ਟੀਚਾ ਰੱਖਦੇ ਹਾਂ ਜੋ ਜੀਵਨ ਭਰ ਲਈ ਸੰਜੋ ਕੇ ਰੱਖੇ ਜਾ ਸਕਦੇ ਹਨ।

## ਬਾਬਾ ਲਾਲ ਦਿਆਲ ਦਾ 668ਵਾਂ ਜਨਮ ਦਿਹਾੜਾ ਮਨਾਇਆ



ਗੁਰਦਾਸਪੁਰ (ਜਨਕ ਮਹਾਜਨ)- ਸ਼੍ਰੀ ਸ਼੍ਰੀ 1008 ਸਤਿਗੁਰੂ ਬਾਬਾ ਲਾਲ ਦਿਆਲ ਜੀ ਦਾ 668ਵਾਂ ਜਨਮ ਦਿਹਾੜਾ ਨਵਾਂ ਸ਼ਾਲਾ ਤੇ ਪੁਰਾਣਾ ਸ਼ਾਲਾ ਦੀਆਂ ਸੰਗਤਾਂ ਵਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸੰਗਤਾਂ ਵਲੋਂ ਬਾਬਾ ਜੀ ਦੀ ਯਾਦ ਵਿਚ ਹਵਨ ਯਗ ਕਰਵਾਇਆ ਗਿਆ ਅਤੇ 2 ਘੰਟੇ ਸਤਸੰਗ ਵੀ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਵਨ ਕੱਦ ਨਵਾਂ ਸ਼ਾਲਾ, ਸੁਸ਼ੀਲ ਵਰਮਾ ਪੁਰਾਣਾ ਸ਼ਾਲਾ ਦੇ ਪਰਿਵਾਰਕ ਮੈਂਬਰਾਂ ਤੇ ਦੁਕਾਨਾਦਾਰਾਂ ਦੇ ਸਹਿਯੋਗ ਨਾਲ ਬਾਬਾ ਲਾਲ ਦਿਆਲ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਏ ਗਏ।

ਉਨ੍ਹਾਂ ਨੇ ਸੰਗਤਾ ਨੂੰ ਸਤਿਗੁਰੂ ਲਾਲ ਦਿਆਲ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ ਅਤੇ ਗਰੀਬ ਤੇ ਲੋੜਵੰਦ ਲੋਕਾਂ ਨੂੰ ਸੇਵਾ ਕਰਨ ਲਈ ਹਮੇਸ਼ਾ ਪਹਿਲਕਦਮੀ ਕਰਨ 'ਤੇ ਜ਼ੋਰ ਦਿੱਤਾ। f

ਇਸ ਮੌਕੇ ਪੁਰਾਣਾ ਸ਼ਾਲਾ ਤੇ ਨਵਾਂ ਸ਼ਾਲਾ ਦੇ ਦੁਕਾਨਦਾਰ ਤੇ ਪਿੰਡਾਂ ਦੇ ਲੋਕ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਇਮਾਨਦਾਰ ਆਟੋ ਡਰਾਈਵਰ ਨੂੰ ਪੁਲਸ ਨੇ ਕੀਤਾ ਸਨਮਾਨਿਤ

ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)-ਜ਼ਿਲ੍ਹਾ ਪੁਲਸ ਮੁੱਖੀ ਗੁਰਮੀਤ ਸਿੰਘ ਚੌਹਾਨ ਵਲੋਂ ਇਮਾਨਦਾਰੀ ਨਾਲ ਬਜ਼ਾਰ ਵਿੱਚੋਂ ਗਹਿਣੇ ਅਸਲ ਮਾਲਕ ਨੂੰ ਸੌਂਪਣ ਵਾਲੇ ਆਟੋ ਡਰਾਈਵਰ ਪਰਮਜੀਤ ਸਿੰਘ ਪੁੱਤਰ ਦਲਬੀਰ ਸਿੰਘ ਵਾਸੀ ਝਬਾਲ ਨੂੰ ਪੁਲਸ ਪ੍ਰਸੰਸਾ ਪੱਤਰ ਅਤੇ 11 ਹਜ਼ਾਰ ਰੁਪਏ ਦੇ ਕੇ ਸਨਮਾਨਿਤ ਕੀਤਾ ਅਤੇ ਇਮਾਨਦਾਰੀ ਲਈ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸਾਡੇ ਸਮਾਜ ਵਿੱਚ ਇਮਾਨਦਾਰੀ ਦੀ ਬਹੁਤ ਲੋੜ ਹੈ ਤੇ ਇਮਾਨਦਾਰ ਵਿਅਕਤੀ ਬਹੁਤ ਥੋੜ੍ਹੇ ਮਿਲਦੇ ਹਨ ਤੇ ਅੱਜ ਸਾਨੂੰ ਪਰਮਜੀਤ ਸਿੰਘ ਵਰਗੇ ਇਮਾਨਦਾਰ ਬੰਦਿਆਂ ਦੀ ਬਹੁਤ ਲੋੜ ਹੈ। ਇੱਥੇ ਵਰਣਨਯੋਗ ਹੈ ਕਿ ਪਰਮਜੀਤ ਸਿੰਘ ਨੂੰ ਝਬਾਲ ਚੌਕ ਵਿੱਚੋਂ ਇੱਕ ਮੋਮੀ ਲਿਫਾਫੇ ਵਿੱਚ ਕਰੀਬ ਚਾਰ ਲੱਖ ਦੇ ਸੋਨੇ ਦੇ ਗਹਿਣੇ ਮਿਲੇ ਸਨ ਜਿਸ 'ਤੇ ਉਸ ਨੇ ਗਹਿਣੇ ਵਾਲੀਆਂ ਦੁਕਾਨਾਂ 'ਤੇ ਦਿਖਾਏ ਪਰ ਅਸਲ ਮਾਲਕ ਤੱਕ ਨਹੀਂ ਪਹੁੰਚ ਸਕਿਆ ਅਤੇ ਉਸ ਨੇ ਇਸ ਬਾਰੇ ਅਖਬਾਰ ਵਿੱਚ ਪ੍ਰਕਾਸ਼ਿਤ ਕਰਵਾ ਦਿੱਤਾ ਤੇ ਆਪਣੇ ਗਹਿਣਿਆਂ ਦੀ ਨਿਸ਼ਾਨੀ ਦੱਸ ਕੇ ਲੈ ਜਾਣ ਨੂੰ ਕਿਹਾ ਤੇ ਕਰੀਬ ਦੋ ਮਹੀਨੇ ਬਾਅਦ ਜਦ ਅਸਲ ਮਾਲਕ ਕਿਸੇ ਗਹਿਣਿਆਂ ਵਾਲੀ ਦੁਕਾਨ 'ਤੇ ਗਏ ਤੇ ਗਹਿਣੇ ਗੁੰਮ ਹੋਣ ਦੀ ਗੱਲ ਕੀਤੀ ਤਾਂ ਇਸ 'ਤੇ ਦੁਕਾਨਦਾਰ ਨੇ ਪਰਮਜੀਤ ਸਿੰਘ ਬਾਰੇ ਦੱਸਿਆ ਜਿਸ ਤੋਂ ਬਾਅਦ ਪਿੰਡ ਭੁੱਚਰ ਕਲਾਂ ਦੇ ਵਾਸੀ ਉਸ ਨੂੰ ਮਿਲੇ ਤੇ ਆਪਣੇ ਗਹਿਣਿਆਂ ਦੀ ਨਿਸ਼ਾਨੀ ਦੱਸੀ। ਉਸ ਤੋਂ ਬਾਅਦ ਉਸ ਨੇ ਗਹਿਣੇ ਅਸਲ ਮਾਲਕਾਂ ਨੂੰ ਸੌਂਪ ਦਿੱਤੇ ਜਿਸ ਕਾਰਨ ਅੱਜ ਜ਼ਿਲ੍ਹਾ ਪੁਲਸ ਮੁੱਖੀ ਗੁਰਮੀਤ ਸਿੰਘ ਚੌਹਾਨ ਵਲੋਂ ਪਰਮਜੀਤ ਸਿੰਘ ਨੂੰ ਸਨਮਾਨਿਤ ਕੀਤਾ ਅਤੇ ਗਣਤੰਤਰ ਦਿਵਸ ਮੌਕੇ ਵੀ ਸਨਮਾਨਿਤ ਕਰਨ ਲਈ ਕਿਹਾ। ਪਰਮਜੀਤ ਸਿੰਘ ਦੀ ਇਸ ਇਮਾਨਦਾਰੀ ਦੀ ਜਗ੍ਹਾ-ਜਗ੍ਹਾ ਚਰਚਾ ਹੋ ਰਹੀ ਹੈ। ਇਸ ਮੌਕੇ ਥਾਣਾ ਮੁੱਖੀ ਝਬਾਲ ਸਬ ਇੰਸ ਬਲਜਿੰਦਰ ਸਿੰਘ ਬਾਜਵਾ, ਆਮ ਆਦਮੀ ਪਾਰਟੀ ਦੇ ਸੂਬਾ ਜੁਆਇੰਟ ਸਕੱਤਰ ਗੁਰਦੇਵ ਸਿੰਘ ਸੰਧੂ, ਬਲਾਕ ਪ੍ਰਧਾਨ ਕਸ਼ਮੀਰ ਸਿੰਘ ਕਸੇਲ, ਗੁਰਜੀਤ ਸਿੰਘ ਬਾਬਾ ਸੋਨੀ ਝਬਾਲ, ਸੰਨੀ ਛੀਨਾ ਆਦਿ ਹਾਜ਼ਰ ਸਨ।



## ਬਾਊ ਪ੍ਰੇਮ ਸਾਗਰ ਗੁਪਤਾ ਨੂੰ ਨਮ ਅੱਖਾਂ ਨਾਲ ਅੰਤਮ ਵਿਦਾਇਗੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਨਾਮਵਰ ਬਿਜ਼ਨਸਮੈਨ ਗੁਪਤਾ ਜਨਰਲ ਸਟੋਰ ਦੇ ਮਾਲਕ ਰਾਜੇਸ਼ ਕੁਮਾਰ ਗੁਪਤਾ (ਬਿੱਟਾ ਮਹਾਜਨ) ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦ ਅੱਜ ਸਵੇਰੇ ਕਰੀਬ 9 ਵਜੇ ਉਨ੍ਹਾਂ ਦੇ ਪਿਤਾ ਸਾਬਕਾ ਨਗਰ ਕੌਂਸਲ ਪ੍ਰਧਾਨ ਬਾਉ ਪ੍ਰੇਮ ਸਾਗਰ ਗੁਪਤਾ ਦਾ ਅਚਾਨਕ ਦੇਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਹਿੰਦੂ ਰੀਤੀ ਮਰਿਆਦਾ ਅਨੁਸਾਰ ਸਥਾਨਕ ਕਸਬੇ ਦੀ ਸ਼ਿਵਪੁਰੀ ਵਿਖੇ ਕਰ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਵੱਡੇ ਸਪੁੱਤਰ ਰਾਜੇਸ਼ ਕੁਮਾਰ (ਬਿੱਟਾ) ਵੱਲੋਂ ਦਿੱਤੀ ਗਈ। ਇਸ ਅੰਤਿਮ ਯਾਤਰਾ ਮੌਕੇ ਵੱਡੀ ਗਿਣਤੀ ਵਿੱਚ ਰਾਜਨੀਤਕ, ਧਾਰਮਿਕ, ਸਮਾਜ ਸੇਵੀ ਆਗੂਆਂ ਤੋਂ ਇਲਾਵਾ ਇਲਾਕੇ ਦੇ ਲੋਕ ਤੇ ਪੱਤਰਕਾਰ ਭਾਈਚਾਰੇ ਦੇ ਲੋਕ ਤੇ ਰਿਸ਼ਤੇਦਾਰਾਂ ਨੇ ਹਾਜ਼ਰ ਹੋ ਕੇ ਬਾਉ ਪ੍ਰੇਮ ਸਾਗਰ ਗੁਪਤਾ ਨੂੰ ਨਮ ਅੱਖਾਂ ਨਾਲ ਅੰਤਮ ਵਿਦਾਇਗੀ ਦਿੱਤੀ ਤੇ ਮਹਾਜਨ ਪਰਿਵਾਰ ਨਾਲ ਦੁੱਖ ਪ੍ਰਗਟ ਕੀਤਾ।



ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ, ਮਹੇਸ਼ ਗੁਪਤਾ, ਰਾਜਨ ਗੁਪਤਾ, ਐਡਵੋਕੇਟ ਪਰਮੀਤ ਸਿੰਘ ਬੇਦੀ, ਐਡਵੋਕੇਟ ਸੁਖਦੀਪ ਸਿੰਘ ਬੇਦੀ, ਜਥੇਦਾਰ ਅਮਰੀਕ ਸਿੰਘ ਖਲੀਲਪੁਰ, ਹੀਰਾ ਲਾਲ ਜੰਡਿਆਲ, ਕਾਂਗਰਸੀ ਆਗੂ ਮੁਨੀਸ਼ ਮਹਾਜਨ, ਸੁਸ਼ੀਲ ਮਹਾਜਨ, ਜਨਕ ਰਾਜ ਮਹਾਜਨ, ਗੋਗਾ ਮਹਾਜਨ, ਈਸ਼ਵਰ ਪ੍ਰਕਾਸ਼ ਗੁਪਤਾ, ਕੁਲਵਿੰਦਰ ਸਿੰਘ ਬੇਦੀ, ਧਰਮਪਾਲ ਸਿੰਘ ਮੱਤਰੀ, ਸਾਬਕਾ ਜ਼ਿਲਾ ਸਿੱਖਿਆ ਅਫਸਰ ਵਿਨੋਦ ਕੁਮਾਰ ਮੱਤਰੀ, ਰਾਮ ਲੁਭਾਇਆ ਸੈਕਟਰੀ, ਹਰਜੀਤ ਸਿੰਘ ਠੇਠਰਕੇ, ਸੁਰਜੀਤ ਸਿੰਘ ਠੇਠਰਕੇ, ਕਾਂਗਰਸੀ ਆਗੂ ਦਵਿੰਦਰ ਪਾਲ ਸਿੰਘ ਬੇਦੀ, ਪਵਨ ਕੁਮਾਰ ਪੰਮਾ, ਡਾਕਟਰ ਮਦਨ ਮੋਹਨ ਮਹਾਜਨ, ਅਮਨ ਜੰਡਿਆਲ, ਦੀਪਕ ਸ਼ਰਮਾ, ਸਾਬਕਾ ਕੌਂਸਲਰ ਸੱਤਪਾਲ ਸ਼ੌਂਕੀ, ਕਪਿਲ ਕੁਮਾਰ ਧਵਨ, ਪ੍ਰਿੰਸੀਪਲ ਰਾਕੇਸ਼ ਕੁਮਾਰ ਮਹਾਜਨ, ਵਿਜੇ ਸ਼ਰਮਾ, ਹੀਰਾ ਸਿੰਘ ਮਾਂਗਟ, ਅਵਤਾਰ ਸਿੰਘ ਰੰਧਾਵਾ, ਜਤਿੰਦਰ ਬੇਦੀ, ਚੇਤਨ ਕੁਮਾਰ, ਮੂਲ ਰਾਜ ਭੱਟੀ, ਰਿੰਕਾ ਵਾਲੀਆ, ਮਾਸਟਰ ਕੰਵਲਜੀਤ ਸਿੰਘ, ਸਾਬਕਾ ਕੌਂਸਲਰ ਦਲਜੀਤ ਸਿੰਘ ਜੋਸ, ਜੇਈ ਹਰਜੀਤ ਸਿੰਘ ਜੋਸ, ਬਿੱਟੂ ਸ਼ਰਮਾ, ਡਾ: ਰੂਬੀ ਮਹਿਤਾ, ਮਿੰਟਾ ਸਰਨਾ, ਪ੍ਰਿੰ: ਹਰਜੀਤ ਸਿੰਘ ਬੇਦੀ, ਅਸ਼ੋਕ ਮਰਵਾਹਾ, ਰਿਪੂ ਮਰਵਾਹਾ, ਅਮਿਤ ਮਹਾਜਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਤੇ ਮਹਾਜਨ ਪਰਿਵਾਰ ਦੇ ਰਿਸ਼ਤੇਦਾਰ ਹਾਜ਼ਰ ਸਨ।

## ਸਕੂਲ ਆਫ ਐਮੀਨੈਂਸ 'ਚ ਦੋ ਸਾਇੰਸ ਅਧਿਆਪਕਾਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

ਪਠਾਨਕੋਟ (ਦਵਿੰਦਰ ਸਿੰਘ)-ਸਿੱਖਿਆ ਵਿਭਾਗ ਪੰਜਾਬ ਵਲੋਂ ਬਣਾਏ ਜਾ ਰਹੇ 117 ਸਕੂਲ ਆਫ ਐਮੀਨੈਂਸ ਦਾ ਰਾਜ ਪੱਧਰੀ ਲਾਂਚ ਸਮਾਰੋਹ ਜੋ ਕਿ 21 ਜਨਵਰੀ ਨੂੰ ਆਈ. ਐੱਸ. ਬੀ. ਮੋਹਾਲੀ ਵਿੱਖੇ ਕਰਵਾਇਆ ਗਿਆ, 'ਚ ਜ਼ਿਲ੍ਹਾ ਪਠਾਨਕੋਟ ਦੇ ਦੋ ਵਿਗਿਆਨ ਅਧਿਆਪਕਾਂ ਸੰਜੀਵ ਸ਼ਰਮਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੀਰਾ ਅਤੇ ਅਜੇ ਕੁਮਾਰ ਭੋਗਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਮੱਟੀ ਨੂੰ ਉਚੇਚੇ ਤੌਰ 'ਤੇ ਵਿਗਿਆਨ ਗਤੀਵਿਧੀਆਂ ਦੀ ਸਟਾਲ ਲਗਾਉਣ ਲਈ ਸੱਦਾ ਦਿੱਤਾ ਗਿਆ। ਸਾਇੰਸ ਮਾਸਟਰ ਸੰਜੀਵ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ ਕਿ ਸਕੂਲ ਆਫ ਐਮੀਨੈਂਸ ਦੇ ਉਦਘਾਟਨੀ ਸਮਾਰੋਹ ਵਿੱਚ ਸਾਰੇ ਪੰਜਾਬ ਵਿੱਚੋਂ ਸਿਰਫ਼ 4 ਅਧਿਆਪਕਾਂ ਨੂੰ ਵਿਗਿਆਨ ਦੀ ਸਟਾਲ ਲਗਾਉਣ ਲਈ ਬੁਲਾਇਆ ਗਿਆ ਸੀ ਅਤੇ ਇਨ੍ਹਾਂ ਚਾਰ ਅਧਿਆਪਕਾ ਵਿੱਚੋਂ 2 ਅਧਿਆਪਕ ਪਠਾਨਕੋਟ ਜ਼ਿਲ੍ਹੇ ਦੇ ਸਨ। ਉਨ੍ਹਾਂ ਦੱਸਿਆ ਕਿ ਇਸ ਗਤੀਵਿਧੀ ਸਟਾਲ ਦਾ ਮੰਤਵ ਲੋਕਾਂ ਤੱਕ ਇਹ ਸੁਨੇਹਾ ਦੇਣਾ ਸੀ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਗਿਆਨ ਅਧਿਆਪਕ ਪ੍ਰੈਕਟੀਕਲ ਰਾਹੀਂ ਵਿਗਿਆਨ ਨੂੰ ਬਹੁਤ ਹੀ ਸੁਚੱਜੇ ਅਤੇ ਸੁਖਾਲੇ ਤਰੀਕੇ ਨਾਲ ਪੜ੍ਹਾ ਰਹੇ ਹਨ। ਸੰਜੀਵ ਸ਼ਰਮਾ ਨੇ ਦੱਸਿਆ ਕਿ ਖੁਦ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਸਿੱਖਿਆ ਮੰਤਰੀ ਪੰਜਾਬ ਹਰਜੋਤ ਬੈਂਸ ਅਤੇ



ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਉਨ੍ਹਾਂ ਦੇ ਵਿਗਿਆਨ ਗਤੀਵਿਧੀਆਂ ਦੇ ਸਟਾਲ ਦਾ ਦੌਰਾ ਕੀਤਾ ਅਤੇ ਵਿਗਿਆਨ ਵਿਸ਼ੇ ਦੇ ਸਿੱਖਿਆ ਸੁਧਾਰ ਲਈ ਕੀਤੇ ਗਏ ਕੰਮਾਂ ਲਈ ਹੌਸਲਾ ਅਫਜ਼ਾਈ ਕੀਤੀ। ਸਿੱਖਿਆ ਸਕੱਤਰ ਪੰਜਾਬ ਜਸਪ੍ਰੀਤ ਤਲਵਾਰ , ਡੀਜੀਐੱਸਈ ਵਰਿੰਦਰ ਕੁਮਾਰ ਸ਼ਰਮਾ ਅਤੇ ਹੋਰ ਉੱਚ ਅਧਿਕਾਰੀਆਂ ਵੱਲੋਂ ਵੀ ਵਿਗਿਆਨ ਗਤੀਵਿਧੀਆਂ ਵਿੱਚ ਰੁਚੀ ਵਿਖਾਈ ਗਈ ਅਤੇ ਪ੍ਰਸ਼ੰਸਾ ਕੀਤੀ ਗਈ। ਸੰਜੀਵ ਸ਼ਰਮਾ ਨੇ ਕਿਹਾ ਕਿ ਉਹ ਉੱਚ ਅਧੀਕਾਰੀਆਂ ਅਤੇ ਵਿਸ਼ੇਸ਼ ਤੌਰ ਤੇ ਗੁਣਾਤਮਿਕ ਸਿੱਖਿਆ ਸਟੇਟ ਇੰਚਾਰਜ ਸੰਜੇ ਸ਼ਰਮਾ, ਅਭਿਨਵ ਜੋਸ਼ੀ ਐੱਸਆਰਪੀ ਸਾਇੰਸ, ਜਸਵੀਰ ਸਿੰਘ ਦੇ ਧੰਨਵਾਦੀ ਹਨ

## ਸ਼ਹਿਰੀ ਨੌਜਵਾਨਾਂ ਲਈ ਸਕਿਲ ਕੋਰਸਾਂ ਦੀ ਰਜਿਸਟ੍ਰੇਸ਼ਨ ਸ਼ੁਰੂ

ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਰਕਾਰ ਦੀ ਮੁਹਿੰਮ ਹੁਨਰ ਵਿਕਾਸ ਮਿਸ਼ਨ ਤਹਿਤ ਜ਼ਿਲ੍ਹਾ ਪਠਾਨਕੋਟ ਵਿਖੇ 25 ਜਨਵਰੀ ਨੂੰ ਮਾਸ ਮੋਬਲਾਈਜੇਸ਼ਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਰੋਜ਼ਗਾਰ ਅਫਸਰ ਰਮਨ ਨੇ ਦੱਸਿਆ ਕਿ ਪਠਾਨਕੋਟ ਦੇ ਸ਼ਹਿਰੀ ਨੌਜਵਾਨਾਂ ਲਈ ਰੋਜ਼ਗਰ ਮੁਖੀ ਹੁਨਰ ਵਿਕਾਸ ਕੋਰਸ ਕਰਵਾਏ ਜਾ ਰਹੇ ਹਨ। ਚਾਹਵਾਨ ਪ੍ਰਾਰਥੀ ਜਿਨ੍ਹਾਂ ਦੀ ਵਿੱਦਿਅਕ ਯੋਗਤਾ ਘੱਟੋ-ਘੱਟ ਦਸਵੀਂ ਪਾਸ ਅਤੇ ਗਰੈਜੂਏਸ਼ਨ ਹੈ ਅਤੇ ਉਨ੍ਹਾਂ ਦੀ ਉਮਰ 18 ਤੋਂ 35 ਸਾਲ ਹੈ ਉਹ ਇਨ੍ਹਾਂ ਕੋਰਸਾਂ ਲਈ ਡੀਬੀਈਈ ਵਿਖੇ ਆ ਕੇ ਅਪਲਾਈ ਕਰ ਸਕਦੇ ਹਨ।

ਚਾਹਵਾਨ ਪ੍ਰਾਰਥੀ ਮਿਤੀ 25.01.2023 ਨੂੰ ਦਿਨ ਬੁੱਧਵਾਰ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਕਮਰਾ ਨੰ: 352 ਦੂਜੀ ਮੰਜ਼ਿਲ ਮਲਿਕਪੁਰ, ਪਠਾਨਕੋਟ ਵਿਖੇ ਸਵੇਰੇ 9:30 ਤੋਂ ਸ਼ਾਮ 5:00 ਵਜੇ ਤੱਕ ਆ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਵਿਜੇ ਕੁਮਾਰ ਬੀਟੀਐੱਮ ਦੇ ਮੋਬਾਈਲ ਨੰ: 9465857874 'ਤੇ ਸੰਪਰਕ ਕਰ ਸਕਦੇ ਹਨ।

## ਗਣਤੰਤਰ ਦਿਵਸ ਸਮਾਗਮ ਦੀ ਰਿਹਰਸਲ ਕਰਵਾਈ

ਗੁਰਦਾਸਪੁਰ (ਜਨਕ ਮਹਾਜਨ)-ਅੱਜ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਗੁਰਦਾਸਪੁਰ ਵਿਖੇ 26 ਜਨਵਰੀ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀ ਰਿਹਰਸਲ ਕਰਵਾਈ ਗਈ। ਰਿਹਰਸਲ ਦੌਰਾਨ ਕੌਮੀ ਝੰਡਾ ਲਹਿਰਾਉਣ ਦੀ ਰਸਮ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਨਿਧੀ ਕੁਮੁਦ ਬਾਮਬਾ ਵੱਲੋਂ ਨਿਭਾਈ ਗਈ। ਮੁੱਖ ਮਹਿਮਾਨ ਵੱਲੋਂ ਪਰੇਡ ਦਾ ਮੁਆਇਨਾ ਕਰਨ ਤੋਂ ਬਾਅਦ ਪਰੇਡ ਕਮਾਂਡਰ ਡੀ.ਐੱਸ.ਪੀ. ਕਲਾਨੌਰ ਗੁਰਵਿੰਦਰ ਸਿੰਘ ਦੀ ਕਮਾਂਡ ਹੇਠ ਪੰਜਾਬ ਪੁਲਸ ਦੇ ਜਵਾਨਾਂ, ਪੰਜਾਬ ਪੁਲਸ ਦੀ ਮਹਿਲਾ ਪਲਟੂਨ, ਪੰਜਾਬ ਹੋਮਗਾਰਡ, ਐੱਨਸੀਸੀ ਕੈਡਿਟਾਂ, ਪੰਜਾਬ ਪੁਲਸ ਬੈਂਡ ਅਤੇ ਸਕੂਲੀ ਵਿਦਿਆਰਥੀਆਂ ਦੇ ਬੈਂਡ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਇਸ ਤੋਂ ਬਾਅਦ ਵੱਖ-ਵੱਖ ਸਕੂਲੀ ਵਿਦਿਆਰਥੀਆਂ ਵੱਲੋਂ ਮਾਸ ਪੀ. ਟੀ. ਸ਼ੋਅ ਅਤੇ ਪੰਜਾਬੀ ਸੱਭਿਆਚਾਰ ਤੇ ਦੇਸ਼ ਭਗਤੀ ਨਾਲ ਲਬਰੇਜ਼ ਵੱਖ-ਵੱਖ ਪ੍ਰੋਗਰਾਮ ਪੇਸ਼ ਕੀਤੇ ਗਏ। ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਨਿਧੀ ਕੁਮੁਦ ਨੇ ਕਿਹਾ ਕਿ 26 ਜਨਵਰੀ ਨੂੰ ਗੁਰਦਾਸਪੁਰ ਵਿਖੇ ਪੂਰੇ ਉਤਸ਼ਾਹ ਨਾਲ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਸੂਬੇ ਦੇ ਊਰਜਾ ਅਤੇ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਹਰਭਜਨ ਸਿੰਘ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਣਤੰਤਰ ਦਿਵਸ ਸਮਾਗਮ ਵਿੱਚ ਸਾਰੇ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹਾਜ਼ਰੀ ਲਾਜ਼ਮੀ ਹੈ ਅਤੇ ਸਾਰੇ ਆਪਣਾ ਫ਼ਰਜ਼ ਸਮਝਦੇ ਹੋਏ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋਣ। ਇਸਦੇ ਨਾਲ ਹੀ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਰੌਣਕਾਂ ਨੂੰ ਵਧਾਉਣ। ਅੱਜ ਦੀ ਰਿਹਰਸਲ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮਨਮੋਹਨ ਸਿੰਘ, ਐੱਸਡੀਐੱਮ ਗੁਰਦਾਸਪੁਰ ਸ੍ਰੀਮਤੀ ਅਮਨਦੀਪ ਕੌਰ ਘੁੰਮਣ, ਸਹਾਇਕ ਕਮਿਸ਼ਨਰ ਡਾ. ਵਰੁਣ ਕੁਮਾਰ, ਡੀਡੀਪੀਓ ਸਤੀਸ਼ ਕੁਮਾਰ, ਐਕਸੀਅਨ ਬਲਦੇਵ ਸਿੰਘ ਰੰਧਾਵਾ, ਮੁੱਖ ਖੇਤੀਬਾੜੀ ਅਫ਼ਸਰ ਡਾ. ਕੁਲਵਿੰਦਰ ਸਿੰਘ ਢਿਲੋਂ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਸ਼ਾਮ ਸਿੰਘ, ਡੀ.ਐਫਐਸਸੀ ਸੁਖਜਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਅਮਰਜੀਤ ਸਿੰਘ ਭਾਟੀਆ, ਡੀਪੀਓ ਮੈਡਮ ਸੁਮਨਦੀਪ ਕੌਰ, ਡਾ. ਭਾਰਤ ਭੂਸ਼ਨ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



24-Jan-PAGE-12.qxd 1/23/2023 10:34 PM Page 1



# ਲੁੱਟ ਦੇ ਲੋੜੀਂਦੇ ਵਿਅਕਤੀਆਂ ਨੂੰ ਮੋਟਰਸਾਈਕਲ ’ਤੇ 40,000 ਰੁਪਏ ਸਮੇਤ ਕੀਤਾ ਕਾਬੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਰਤਾਜ ਸਿੰਘ ਚਾਹਲ, ਆਈ.ਪੀ.ਐਸ. ਸੀਨੀਅਰ ਪਲਿਸ ਕਪਤਾਨ, ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਤੇ ਮਨਪ੍ਰੀਤ ਢਿੱਲੋਂ ਪੀ.ਪੀ.ਐਸ ਪੁਲਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਪਰਮਿੰਦਰ ਸਿੰਘ ਮੰਡ ਪੀ.ਪੀ.ਐਸ. ਉਪ ਪੁਲਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਪਲਵਿੰਦਰ ਸਿੰਘ ਉਪ-ਪੁਲਿਸ ਕਪਤਾਨ ਸਬ-ਡਵੀਜ਼ਨ ਸਿਟੀ ਹੁਸ਼ਿਆਰਪੁਰ, ਇੰਚਾਰਜ ਸੀ.ਆਈ.ਏ ਸਟਾਫ ਇੰਸਪੈਕਟਰ ਬਲਵਿੰਦਰ ਪਾਲ ਅਤੇ ਮੁੱਖ ਅਫਸਰ ਥਾਣਾ ਮਾਡਲ ਟਾਊਨ ਸਬ-ਇੰਸਪੈਕਟਰ ਹਰਮ ਸਿੰਘ ਦੇ ਅਧੀਨ ਵਿਸ਼ੇਸ਼ ਟੀਮਾਂ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਸਿੰਗੜੀਵਾਲ ਵਿਚ ਕੇ.ਐਫ.ਸੀ ਬਾਈਪਾਸ ਤੋਂ ਸ਼ਾਮ ਨੂੰ ਮੋਟਰਸਾਈਕਲ ਸਵਾਰ 2 ਅਣਪਛਾਤੇ ਲੁਟੇਰਿਆਂ ਵਲੋਂ ਈ.ਸੀ.ਉ. ਵੈਨ ਚਾਲਕ ਹਰਪ੍ਰੀਤ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਪਿੰਡ ਛੱਡਵਾਲ ਥਾਣਾ ਸ਼ਾਹਕੋਟ ਜ਼ਿਲ੍ਹਾ ਜਲੰਧਰ ਪਾਸੋਂ ਉਸ ਦੀ ਕੁਟਮਾਰ ਕਰਕੇ ਕਰੀਬ 103 ਲੱਖ ਰੁਪਏ ਅਤੇ ਈ.ਸੀ.ਉ. ਦੋਨੋ ਖੋਹ ਕਰਨ ਵਾਲੇ ਦੋਸ਼ੀਆਂ ਨੂੰ ਟਰੇਸ ਕਰਕੇ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਤਾਜ ਸਿੰਘ ਚਾਹਲ, ਆਈ.ਪੀ.ਐਸ. ਸੀਨੀਅਰ ਪੁਲਸ ਕਪਤਾਨ, ਹੁਸ਼ਿਆਰਪੁਰ ਨੇ ਦੱਸਿਆ ਕਿ ਬੀਤੇ ਦਿਨੀਂ ਮੋਟਰਸਾਈਕਲ ਸਵਾਰ 12 ਅਣਪਛਾਤੇ ਲੁਟੇਰਿਆਂ ਵੱਲੋਂ ਵੈਨ ਚਾਲਕ ਹਰਪ੍ਰੀਤ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਪਿੰਡ ਚੜਵਾਲ ਥਾਣਾ ਸ਼ਾਹਕੋਟ ਜ਼ਿਲ੍ਹਾ ਜਲੰਧਰ ਪਾਸੇ ਉਸ ਦੀ ਕੁੱਟਮਾਰ ਕਰਕੇ ਕਰੀਬ 13 ਲੱਖ ਰੁਪਏ ਅਤੇ ਈ.ਸੀ.ਉ ਵੈਨ ਦੀ ਖੋਹ



ਕੀਤੀ ਸੀ। ਜਿਸ ’ਤੇ ਹੁਸ਼ਿਆਰਪੁਰ ਪੁਲਸ ਵਲੋਂ ਬੜੀ ਮੁਸਤੈਦੀ ਨਾਲ ਕੇ.ਐਫ.ਸੀ. ਬਾਈਪਾਸ ਤੋਂ ਥੋੜਾ ਅੱਗੇ ਫਾਟਕਾਂ ਦੇ ਨਜ਼ਦੀਕ ਕੁਝ ਹੀ ਸਮੇਂ ਵਿੱਚ ਖੋਹ ਕੀਤੀ ਈ.ਸੀ.ਉ ਵੈਨ ਬਰਾਮਦ ਕਰ ਲਈ ਸੀ ਅਤੇ ਹਰਪ੍ਰੀਤ ਸਿੰਘ ਉਕਤ ਦੇ ਬਿਆਨਾਂ ਤੇ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਪਰਚਾ ਰਜਿਸਟਰ ਕੀਤਾ ਗਿਆ ਸੀ। ਜਿਸ ਉਪਰੰਤ ਮਨਪ੍ਰੀਤ ਸਿੰਘ ਢਿੱਲੋਂ (ਪੀ.ਪੀ.ਐਸ) ਪੁਲਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਉਪਰੋਕਤ ਟੀਮਾਂ ਦਾ ਗਠਨ ਕੀਤਾ ਗਿਆ। ਜਿਸ ਤੇ ਉਪਰੋਕਤ ਟੀਮਾਂ ਵਲੋਂ ਸਾਇੰਟਫਿਕ ਤੇ ਟੈਕਨੀਕਲ ਤਰੀਕੇ ਨਾਲ ਕਾਰਵਾਈ ਕਰਦੇ ਹੋਏ ਉਕਤ ਵਿਅਕਤੀਆਂ ਦੀ ਭਾਲ ਸ਼ੁਰੂ ਕੀਤੀ ਗਈ। ਦੌਰਾਨੇ ਤਫਤੀਸ਼ ਕੁਲ ਉਪਰੋਕਤ ਟੀਮਾਂ ਵੱਲੋਂ ਉਕਤ ਘਟਨਾ ਨੂੰ ਅੰਜਾਮ ਦੇਣ ਵਾਲੇ ਵਿਅਕਤੀ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਪਿਆਰਾ ਸਿੰਘ ਵਾਸੀ ਕੁਹਾੜ ਕਲਾਂ ਥਾਣਾ ਸ਼ਾਹਕੋਟ ਜ਼ਿਲ੍ਹਾ ਜਲੰਧਰ ਅਤੇ ਨਵੀਨ ਕੁਮਾਰ ਪੁੱਤਰ ਲੇਟ ਅਸ਼ੋਕ ਕੁਮਾਰ ਵਾਸੀ ਵਾਰਡ ਨੰਬਰ 13, ਮਕਾਨ ਨੰਬਰ 23, ਮੁਹੱਲਾ ਮਾਡਲ ਟਾਊਨ ਸ਼ਾਹਕੋਟ ਥਾਣਾ ਸ਼ਾਹਕੋਟ ਜ਼ਿਲ੍ਹਾ ਜਲੰਧਰ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਵਾਰਦਾਤ ਵਿੱਚ ਵਰਤਿਆ ਗਿਆ ਮੋਟਰਸਾਈਕਲ ਮਾਰਕਾ ਹੀਰ ਪੈਸ਼ਨ ਨੰਬਰੀ ਫਭ08-ਧ-1273 ਅਤੇ ਖੋਹ ਕੀਤੀ ਰਕਮ ਵਿੱਚੋਂ 40,000 ਰੁਪਏ ਬਰਾਮਦ ਕੀਤੇ ਗਏ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀਆ ਵੱਲੋਂ ਦੱਸਿਆ ਗਿਆ ਕਿ ਉਹ ਪਹਿਲਾਂ ਗੌਰਵ ਸੇਲਜ ਕਾਰਪੋਰੇਸ਼ਨ ਸ਼ਾਹਕੋਟ ਜਲੰਧਰ ਵਿੱਚ ਕੰਮ ਕਰਦੇ ਸਨ। ਜਿਨ੍ਹਾਂ ਵੱਲੋਂ ਸਮਾਨ ਦੀ ਡਲੀਵਰੀ ਸਮੇਂ ਗੱਡੀ ਵਿਚੋਂ ਤੇਲ ਚੋਰੀ ਕੀਤਾ ਜਾਂਦਾ ਸੀ। ਜਿਸ ਦੀ ਜਾਣਕਾਰੀ ਗੌਰਵ ਸੇਲਜ ਕਾਰਪੋਰੇਸ਼ਨ ਸ਼ਾਹਕੋਟ ਜ਼ਿਲ੍ਹਾ ਜਲੰਧਰ ਦੇ ਮਾਲਕ ਗੌਰਵ ਨੂੰ ਲੱਗ ਗਈ। ਜਿਨ੍ਹਾਂ ਨੇ ਉਨ੍ਹਾਂ ਨੂੰ ਕੰਮ ਤੋਂ ਕੱਢ ਦਿੱਤਾ ਤੇ ਮੁਦੱਈ ਮੁਕਦਮਾ ਹਰਪ੍ਰੀਤ ਸਿੰਘ ਉਕਤ ਨੂੰ ਉਨ੍ਹਾਂ ਦੀ ਥਾਂ ਕੰਮ ਤੇ ਰੱਖ ਲਿਆ। ਜਿਸ ’ਤੇ ਮੁਦੱਈ ਮੁੱਕਦਮਾ ਤੇ ਗੌਰਵ ਸੇਲਜ਼ ਕਾਰਪੋਰੇਸ਼ਨ ਸ਼ਾਹਕੋਟ ਜ਼ਿਲ੍ਹਾ ਜਲੰਧਰ ਦੇ ਮਾਲਕ ਗੌਰਵ ਨੂੰ ਸਬਕ ਸਿਖਾਉਣ ਲਈ ਉਨ੍ਹਾਂ ਵੱਲੋਂ ਹਮਸਲਾਹ ਹੋ ਕੇ ਉਪਰੋਕਤ ਘਟਨਾ ਨੂੰ ਅੰਜਾਮ ਦਿੱਤਾ ਗਿਆ।

# ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਨੇ ਐਮ ਐਲ ਏ ਇੰਦਰਜੀਤ ਕੌਰ ਮਾਨ ਨੂੰ ਦਿੱਤਾ ਮੰਗ-ਪੱਤਰ

**ਮਹਿਤਪੁਰ (ਰਾਜਾ)**

ਪੈਨਸ਼ਨਰਜ ਐਸੋਇਏਸ਼ਨ ਪਾਵਰਕਾਮ ਸਹਿਰੀ/ ਸਬ ਅਰਬਨ ਮੰਡਲ ਨਕੋਦਰ ਵੱਲੋਂ ਮੈਡਮ ਇੰਦਰਜੀਤ ਕੌਰ ਮਾਨ ਐਮ. ਐਲ. ਏ ਨਕੋਦਰ ਨੂੰ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਸਰਕਾਰ ਤੋਂ ਮੰਗ ਕੀਤੀ ਗਈ ਕਿ ਮਿਤੀ 31- 12-2015 ਤੱਕ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ 2.59 ਦਾ ਫੈਕਟਰ ਦਿੱਤਾ ਜਾਵੇ। ਸੋਧੀਆਂ ਹੋਈਆਂ ਪੈਨਸ਼ਨਾਂ ਤੁਰੰਤ ਜਾਰੀ ਕੀਤੀਆਂ ਜਾਣ ਅਤੇ ਬਕਾਇਆ ਜਾਰੀ ਕੀਤਾ ਜਾਵੇ, ਪਾਵਰਕਾਮ ਦੇ ਰਿਟਾਇਰ ਹੋਏ ਕਰਮਚਾਰੀਆਂ ਨੂੰ ਬਾਕੀ ਸੂਬਿਆਂ ਦੀ ਤਰ੍ਹਾਂ ਬਿਜਲੀ ਯੂਨੀਟਾਂ ਦੀ ਰਿਆਇਤ ਦਿੱਤੀ ਜਾਵੇ। ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਰਿਲੀਜ ਕਰਕੇ ਬਕਾਇਆ ਰਕਮ ਦੀ ਅਦਾਇਗੀ ਕੀਤੀ ਜਾਵੇ। ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ ਅਤੇ ਕੈਸ਼ਲੈੱਸ ਮੈਡੀਕਲ ਸਕੀਮ ਦੁਬਾਰਾ ਚਾਲੂ ਕੀਤੀ ਜਾਵੇ। ਜਗਦੀਸ਼ ਕਲੇਰ ਪ੍ਰਧਾਨ ਸ਼ਹਿਰੀ ਮੰਡਲ ਅਤੇ ਸਬ ਅਰਬਨ ਨੇ ਕਿਹਾ



ਕਿ ਜੇਕਰ ਪੰਜਾਬ ਸਰਕਾਰ ਨੇ ਉਪਰੋਕਤ ਮੰਗਾਂ 31-1-23 ਤੱਕ ਨਾ ਮੰਨੀਆਂ ਤਾਂ ਇਸ ਤੋਂ ਬਾਅਦ ਵਿਚ ਪੈਨਸ਼ਨਰ ਐਸੋਈਏਸਨ ਵੱਲੋਂ ਸੰਘਰਸ਼ ਹੋਰ ਤੇਜ ਕੀਤਾ ਜਾਵੇਗਾ। ਮੰਗ ਪੱਤਰ ਦੇਣ ਵਾਲਿਆਂ ਵਿਚ ਸੰਤੋਖ ਸਿੰਘ ਨਾਹਲ ਸੀਨੀਅਰ ਮੀਤ ਪ੍ਰਧਾਨ ਸਰਕਲ ਕਪੂਰਥਲਾ, ਜਗਦੀਸ਼ ਕਲੇਰ ਪ੍ਰਧਾਨ ਪੈਨਸ਼ਨ ਐਸੋਈਏਸ਼ਨ ਸ਼ਹਿਰੀ ਸਬਮੰਡਲ ਨਕੋਦਰ, ਮੋਹਨ ਲਾਲ ਸਮੈਲ ਪੁਰ ਸਕੱਤਰ ਪੈਨਸ਼ਨਰ ਐਸੋਈਏਸ਼ਨ, ਜਸਵੰਤ ਰਾਏ ਸੀਨੀਅਰ ਮੀਤ ਪ੍ਰਧਾਨ,ਅਮਰ ਸਿੰਘ ਵਿੱਤ ਸਕੱਤਰ,ਰਾਮ ਲਾਲ ਸ਼ਾਹਪੁਰ, ਨਿਰਮਲ ਸਿੰਘ ਸੰਗੋਵਾਲ, ਬੂਟਾ ਸਿੰਘ ਏ.ਏ.ਓ,ਲੁਬਰ ਰਾਮ, ਸੁਭਾਸ਼ ਚੰਦ, ਵਿਸ਼ਕਰਮਾ ਗਿਰੀ, ਕੇਵਲ ਸਿੰਘ, ਜਗਜੀਤ ਸਿੰਘ, ਨਗਿੰਦਰ ਸਿੰਘ, ਦਰਸ਼ਨ ਸਿੰਘ ਡੱਲਾ,ਪਰਸਨ ਸਿੰਘ ਖਿੰਡਾ, ਹਰਭਜਨ ਸਿੰਘ ਐਸ.ਡੀ.ਓ, ਸੁਰਜੀਤ ਸ਼ਾਮਪੁਰ ਆਦਿ ਹਾਜਰ ਸਨ।

# ਅਧਿਆਪਕ ਸਵਰਨ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਗਰਮ ਕੱਪੜੇ ਭੇਟ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੱਕੂਮਾਜਰਾ ਦੇ ਐਸ.ਐਸ ਮਾਸਟਰ ਸਵਰਨ ਸਿੰਘ ਨੇ ਆਪਣੇ ਨਿੱਜੀ ਖਰਚੇ ’ਤੇ 6ਵੀਂ ਜਮਾਤ ਤੋਂ 8ਵੀਂ ਜਮਾਤ ਤੱਕ ਦੇ ਸਾਰੇ ਵਿਦਿਆਰਥੀਆਂ ਨੂੰ ਗਰਮ ਕੱਪੜੇ ਭੇਟ ਕੀਤੇ ਅਤੇ ਨਾਲ ਹੀ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਇਹ ਵੀ ਵਿਸ਼ਵਾਸ ਦਿਵਾਇਆ ਜੇਕਰ ਉਹਨਾਂ ਨੂੰ ਪੜ੍ਹਾਈ ਖਰਚੇ ਸਬੰਧੀ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਹ ਹੱਲ ਕਰਨਗੇ। ਇਸ ਮੌਕੇ ਚੇਅਰਮੈਨ ਸਕੂਲ ਮਨੈਜਮੈਂਟ ਕਮੇਟੀ ਸਰਪੰਚ ਅਜਮੇਰ ਸਿੰਘ, ਪੰਚ ਹਰੀ ਓਮ, ਪੰਚ ਕੁਲਜੀਤ ਸਿੰਘ ਅਤੇ ਸਟਾਫ ਮੈਂਬਰ ਵਿੱਚੋਂ ਸੁਰਿੰਦਰ ਸਿੰਘ, ਭਾਗ ਸਿੰਘ, ਗੁਰਕ੍ਰਿਪਾਲ ਸਿੰਘ, ਹਰਵਿੰਦਰ ਸਿੰਘ, ਵਿਸ਼ਾਲ ਗੁਪਤਾ, ਬੀਨਾ ਕੁਮਾਰੀ, ਬਲਜੀਤ ਕੌਰ, ਬਲਵਿੰਦਰ ਕੌਰ, ਮੋਹਣ ਸਿੰਘ ਤੋਂ ਇਲਾਵਾ ਵਿਦਿਆਰਥੀ ਸ਼ਾਮਲ ਸਨ।

# ਲੇਖਕਾ ਮਨਜੀਤ ਕੌਰ ਗਿੱਲ ਯੂ ਐੱਸ ਏ ਦੀ ਕਾਵਿ-ਪੁਸਤਕ ਇੰਟਰਨੈੱਟ ’ਤੇ ਲੋਕ-ਅਰਪਣ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੀਤੇ ਦਿਨੀ ਅਮਰੀਕਾ ਨਿਵਾਸੀ ਨਾਮਵਰ ਲੇਖਿਕਾ ਮਨਜੀਤ ਕੌਰ ਗਿੱਲ ਦੀ ਕਾਵਿ-ਪੁਸਤਕ “ਸ਼ਿਅਰ ਅਰਜ਼ ਹੈ 2022” ਇੰਟਰਨੈੱਟ ਉੱਤੇ ਲੋਕ-ਅਰਪਣ ਕੀਤੀ ਗਈ। ਜਿਸ ਨੂੰ ਕਿ ਕਾਜਲ ਪਬਲਿਸ਼ਰਜ਼ ਵਲੋਂ ਤਿਆਰ ਕਰਕੇ ਪ੍ਰਕਾਸ਼ਿਤ ਕੀਤਾ ਗਿਆ ਹੈ। ਮਨਜੀਤ ਕੌਰ ਗਿੱਲ ਨੇ ਸਾਲ 2022 ਵਿੱਚ ਜੋ ਰਚਨਾਵਾਂ ਲਿਖੀਆਂ ਉਸਨੂੰ ਪੁਸਤਕ ਦੇ ਰੂਪ ਵਿੱਚ ਇੰਟਰਨੈੱਟ ਉੱਤੇ ਲੋਕ-ਅਰਪਣ ਕਰਵਾਇਆ ਹੈ। ਇਹ ਪੁਸਤਕ ਉਨ੍ਹਾਂ ਨੇ ਪੰਜਾਬੀ ਮਾਂ ਬੋਲੀ ਅਤੇ ਪੰਜਾਬੀ ਭੈਣਾਂ ਭਰਾਵਾਂ ਤੋਂ ਉਨ੍ਹਾਂ ਦੀ ਕਲਮ ਨੂੰ ਮਿਲ ਰਹੇ ਬੇਸ਼ੁਮਾਰ ਪਿਆਰ ਅਤੇ ਸਤਿਕਾਰ ਨੂੰ ਸਮਰਪਿਤ ਕੀਤੀ ਹੈ। ਇਸ ਪੁਸਤਕ ਨੂੰ ਪਾਠਕਾਂ ਵਲੋਂ ਇੰਟਰਨੈੱਟ ਉੱਤੇ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਥੋੜੇ ਹੀ ਦਿਨਾਂ ਵਿੱਚ ਹੁਣ ਤੱਕ ਇਸ ਪੁਸਤਕ ਨੂੰ ਅਨੇਕਾਂ ਪਾਠਕਾਂ ਵਲੋਂ ਪੜ੍ਹਿਆ ਜਾ ਚੁੱਕਾ ਹੈ। ਇਸ ਪੁਸਤਕ ਨੂੰ ਗੂਗਲ ਉੱਤੇ ਸ਼ੇਅਰ ਅਰਜ਼ ਹੈ 2022 ਮਨਜੀਤ ਕੌਰ ਗਿੱਲ ਅੰਗ੍ਰੇਜ਼ੀ ਦੇ ਅੱਖਰਾਂ ਵਿੱਚ ਸਰਚ ਕਰਕੇ ਬੜੀ ਹੀ ਅਸਾਨੀ ਨਾਲ ਪੜ੍ਹਿਆ ਜਾ ਸਕਦਾ ਹੈ ਪੁਸਤਕ ਦੇ ਲੋਕ-ਅਰਪਣ ਉੱਤੇ ਮਨਜੀਤ ਕੌਰ ਗਿੱਲ ਨੂੰ ਪੰਜਾਬੀ ਕਾਵਿ ਜਗਤ ਦੀਆਂ ਨਾਮਵਰ ਕਲਮਾਂ ਅਤੇ ਉਨ੍ਹਾਂ ਦੇ ਅਨੇਕਾਂ ਪਾਠਕਾਂ ਵਲੋਂ ਮੁਬਾਰਕਬਾਦ ਦਿੱਤੀ ਗਈ।

# ਧਾਲੀਵਾਲ ਨੇ ਸੁਭਾਸ਼ ਨਗਰ ’ਚ ਨਵੇਂ ਖੁੱਲ੍ਹੇ ਚਿਰਾਗ ਐਸੋਸੀਏਟਸ ਦਫ਼ਤਰ ਦਾ ਕੀਤਾ ਉਦਘਾਟਨ



**ਫਗਵਾੜਾ (ਡਾ. ਰਮਨ)**

ਹਲਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਨੇ ਸੁਭਾਸ਼ ਨਗਰ ਵਿੱਚ ਨਵੇਂ ਖੁੱਲ੍ਹੇ ਪ੍ਰਾਪਰਟੀ ਕੰਸਲਟੈਂਸੀ ਅਤੇ ਫਾਈਨਾਂਸ ਦਫ਼ਤਰ ਚਿਰਾਗ ਐਸੋਸੀਏਟਸ ਦਾ ਉਦਘਾਟਨ ਕੀਤਾ। ਉਨ੍ਹਾਂ ਐਸੋਸੀਏਟਸ ਦੇ ਪ੍ਰੋਪਰਾਈਟਰ ਆਸ਼ੂ ਮਾਰਕੰਡਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਮਾਰਕੰਡਾ ਨੂੰ ਲੰਬੇ ਸਮੇਂ ਤੋਂ ਜਾਣਦੇ ਹਨ, ਜੋ ਬਹੁਤ ਹੀ ਮਿੱਠਬੋਲੜੇ ਅਤੇ ਮਿਹਨਤੀ ਸ਼ਖ਼ਸੀਅਤ ਦੇ ਮਾਲਕ ਹਨ। ਉਹ ਚਿਰਾਗ ਐਸੋਸੀਏਟਸ ਨੂੰ ਸਫਲਤਾ ਦੀਆਂ ਬੁਲੰਦੀਆਂ ’ਤੇ ਜ਼ਰੂਰ ਲੈ ਕੇ ਜਾਣਗੇ। ਆਸ਼ੂ ਮਾਰਕੰਡਾ ਨੇ ਦੱਸਿਆ ਕਿ ਪ੍ਰਾਪਰਟੀ ਖਰੀਦਣ ਅਤੇ ਵੇਚਣ ਤੋਂ ਇਲਾਵਾ ਕਰਜਾ ਲੈਣ ਦੇ ਚਾਹਵਾਨ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਗਾਹਕਾਂ ਨੂੰ ਵਧੀਆ ਸੇਵਾਵਾਂ ਪ੍ਰਦਾਨ ਕਰਨ ਦੀ ਗੱਲ ਵੀ ਕਹੀ। ਇਸ ਦੌਰਾਨ ਸੀਨੀਅਰ ਕਾਂਗਰਸੀ ਆਗੂ ਵਿਨੋਦ ਵਰਮਾਨੀ, ਕਾਂਗਰਸ ਪਾਰਟੀ ਦੇ ਡੈਲੀਗੇਟ ਮੈਂਬਰ ਗੁਰਜੀਤ ਪਾਲ ਵਾਲੀਆ, ਅਸ਼ੋਕ ਵਧਵਾ, ਤਜਿੰਦਰਾ ਬਾਵਾ, ਕੁਲਦੀਪ ਸਿੰਘ ਮੇਵਾ ਸਿੰਘ ਵਾਲੇ, ਗੁਰਦੀਪ ਸਿੰਘ ਕੰਗ ਜ਼ਿਲ੍ਹਾ ਪ੍ਰਧਾਨ ਐਂਟੀ ਕੁਰੱਪਸ਼ਨ ਫਾਊਂਡੇਸ਼ਨ ਆਫ਼ ਇੰਡੀਆ, ਲਾਇਨ ਅਤੁਲ ਜੈਨ ਜ਼ੋਨ ਚੇਅਰਮੈਨ 321-ਡੀ, ਲਾਇਨ ਸੁਨੀਲ ਢੀਂਗਰਾ ਪ੍ਰਧਾਨ ਲਾਇਨਜ਼ ਕਲੱਬ ਫਗਵਾੜਾ ਸਿਟੀ, ਈਸ਼ ਕੁਮਾਰ, ਪਵਨ ਮਾਰਕੰਡਾ, ਕਰਨ ਮਾਰਕੰਡਾ, ਨਵੀਨ ਮਾਰਕੰਡਾ ਸਮੇਤ ਸ਼ਹਿਰ ਭਰ ਦੇ ਪਤਵੰਤਿਆਂ ਵੱਲੋਂ ਆਸ਼ੂ ਮਾਰਕੰਡਾ ਨੂੰ ਵਧਾਈ ਦਿੱਤੀ ਗਈ।

# ਅੱਠ ਸਾਲ ਬਾਅਦ ਜਨਮੀ ਬੇਟੀ ਦੀਆਂ ਮਨਾਈਆਂ ਖੁਸ਼ੀਆਂ



**ਕੁਰਾਲੀ (ਮੋਹਨ ਅੱਗਰਵਾਲ ਜੋਗਾ)**-ਪਿੰਡ ਸੁਹਾਲੀ ਦੇ ਨੌਜਵਾਨ ਜੋੜੇ ਦੇ ਘਰ ਵਿਆਹ ਤੋਂ ਅੱਠ ਸਾਲ ਬਾਅਦ ਖੁਸ਼ੀਆ ਆਈਆਂ। ਰਣਜੋਧ ਸਿੰਘ ਤੇ ਪਰਮਜੀਤ ਕੌਰ ਦੇ ਘਰ ਬੇਟੀ ਨੇ ਜਨਮ ਲਿਆ ਤੇ ਪਰਵਾਰ ਨੇ ਵਿਆਹ ਵਾਂਗੂੰ ਖੁਸ਼ੀਆਂ ਮਨਾਈਆਂ ਗਈਆਂ ਤੇ ਬੇਟੀ ਨੂੰ ਹਸਪਤਾਲ ਤੋਂ ਫੁੱਲਾਂ ਵਾਲੀ ਗੱਡੀ ਵਿੱਚ ਘਰ ਲੈ ਕੇ ਆਏ ਤੇ ਪਿੰਡ ਵਿੱਚ ਲੱਡੂ ਵੰਡੇ ਗਏ। ਬੇਟੀ ਨੂੰ ਘਰ ਵਿੱਚ ਰੀਬਨ ਕੱਟ ਕੇ ਦਾਖਲ ਕੀਤਾ ਤੇ ਢੋਲ ਵਜਾਏ ਗਏ। ਰਣਜੋਧ ਸਿੰਘ ਨੇ ਲੋਕਾਂ ਨੂੰ ਅਪੀਲ ਵੀ ਕੀਤੀ ਕਿ ਬੱਚਿਆਂ ਨੂੰ ਬਰਾਬਰ ਸਮਝਣਾ ਚਾਹੀਦਾ ਹੈ। ਬੇਟੀ ਦਾ ਵੀ ਸਤਿਕਾਰ ਕਰਨਾ ਚਾਹੀਦਾ ਹੈ ।

# ਆਰਗੈਨਿਕ ਐਂਡ ਨੈਚੂਰਲ ਫਾਰਮਿੰਗ ਵਿਸ਼ੇ ’ਤੇ ਦੋ ਰੋਜ਼ਾ ਅਫ਼ਸਰ ਸਿਖਲਾਈ ਕੋਰਸ ਲਗਾਇਆ

**ਹੁਸ਼ਿਆਰਪੁਰ, (ਓ ਪੀ ਰਾਣਾ )**

ਫਸਲੀ ਵਿਭਿੰਨਤਾ ਸਕੀਮ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਹੁਸ਼ਿਆਰਪੁਰ ਡਾ. ਗੁਰਦੇਵ ਸਿੰਘ ਦੀ ਅਗਵਾਈ ਹੇਠ ‘ਆਰਗੈਨਿਕ ਐਂਡ ਨੈਚੂਰਲ ਫਾਰਮਿੰਗ’ ਵਿਸ਼ੇ ’ਤੇ ਦੋ ਰੋਜ਼ਾ



ਅਫ਼ਸਰ ਸਿਖਲਾਈ ਕੋਰਸ ਲਗਾਇਆ ਗਿਆ। ਇਸ ਸਿਖਲਾਈ ਕੋਰਸ ਵਿਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਬਲਾਕਾਂ ਤੋਂ ਆਏ 20 ਖੇਤੀਬਾੜੀ ਅਫ਼ਸਰਾਂ, ਖੇਤੀਬਾੜੀ ਵਿਕਾਸ ਅਫ਼ਸਰਾਂ ਅਤੇ ਖੇਤੀਬਾੜੀ ਵਿਸਥਾਰ ਅਫ਼ਸਰਾਂ ਨੇ ਹਿੱਸਾ ਲਿਆ। ਇਸ ਟ੍ਰੇਨਿੰਗ ਦੌਰਾਨ ਪਹਿਲੇ ਦਿਨ ਦੀ ਟ੍ਰੇਨਿੰਗ ਖੇਤੀ ਭਵਨ ਹੁਸ਼ਿਆਰਪੁਰ ਵਿਖੇ ਕਰਵਾਈ ਗਈ, ਜਿਸ ਵਿਚ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਦੇਵ ਸਿੰਘ ਵਲੋਂ ਆਏ ਹੋਏ ਅਫ਼ਸਰਾਂ ਨੂੰ ਜੈਵਿਕ ਖੇਤੀ ਨੂੰ ਸਮੇਂ ਦੀ ਲੋੜ ਦੱਸਦੇ ਹੋਏ, ਇਸ ਦਾ ਵੱਧ ਤੋਂ ਵੱਧ ਕਿਸਾਨਾਂ ਵਿਚ ਪ੍ਰਚਾਰ ਕਰਨ ਵਾਸਤੇ ਹਦਾਇਤ ਕੀਤੀ ਗਈ। ਇਸ ਮੌਕੇ ਕੇ.ਵੀ.ਕੇ ਬਾਹੋਵਾਲ ਤੋਂ ਟ੍ਰੇਨਿੰਗ ਦੇਣ ਆਏ ਡਾ. ਗੁਰਪ੍ਰਤਾਪ ਸਿੰਘ (ਸਹਿਯੋਗ ਪ੍ਰੋਫੈਸਰ, ਫ਼ਸਲ ਵਿਗਿਆਨ) ਅਤੇ ਡਾ. ਸੁਖਵਿੰਦਰ ਸਿੰਘ ਔਲਖ (ਸਹਾਇਕ ਪ੍ਰੋਫੈਸਰ ਸਬਜੀ ਵਿਗਿਆਨ) ਵਲੋਂ ਟ੍ਰੇਨਿੰਗ ਵਿਚ ਹਿੱਸਾ ਲੈਣ ਵਾਲੇ ਅਫ਼ਸਰਾਂ ਨੂੰ ਜੈਵਿਕ ਅਤੇ ਕੁਦਰਤੀ ਖੇਤੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਇਸ ਸਾਲ ਵਿਸ਼ਵ ਪੱਧਰ ’ਤੇ ਮਨਾਏ ਜਾ ਰਹੇ ‘ਇੰਟਰਨੈਸ਼ਨਲ ਯੀਅਰ ਆਫ਼ ਮਿਲਟ’ ਦੇ ਸਬੰਧ ਵਿਚ ਮਿਲਟ ਦੀ ਕਾਸ਼ਤ ਬਾਰੇ ਵੀ ਜਾਣਕਾਰੀ ਦਿੱਤੀ ਗਈ। ਟ੍ਰੇਨਿੰਗ ਦੇ ਦੂਜੇ ਦਿਨ ਭਗਤ ਪੂਰਨ ਸਿੰਘ ਚੈਰੀਟੇਬਲ ਪਿੰਗਲਵਾੜਾ ਸੁਸਾਇਟੀ ਵਲੋਂ ਜੰਡਿਆਲਾ ਗੁਰੂ ਵਿਖੇ ਚਲਾਏ ਜਾ ਰਹੇ ਜ਼ੀਰੋ ਬਜ਼ਟ ਕੁਦਰਤੀ ਫਾਰਮ ਦਾ ਦੌਰਾ ਕਰਵਾਇਆ ਗਿਆ। ਇਸ ਮੌਕੇ ਰਾਜਬੀਰ ਸਿੰਘ, ਸੋਸਾਇਟੀ ਮੈਂਬਰ ਭਗਤ ਪੂਰਨ ਸਿੰਘ ਚੈਰੀਟੇਬਲ ਪਿੰਗਲਵਾੜਾ ਸੁਸਾਇਟੀ ਵਲੋਂ ਕੁਦਰਤੀ ਫਾਰਮ ਵਿਚ ਕੀਤੀ ਜਾ ਰਹੀ ਜੀਰੋ ਬਜਟ ਕੁਦਰਤੀ ਖੇਤੀ ਬਾਰੇ ਜਾਣਕਾਰੀ ਦੇਣ ਦੇ ਨਾਲ ਕੁਦਰਤੀ ਫਾਰਮ ਦਾ ਦੌਰਾ ਵੀ ਕਰਵਾਇਆ ਗਿਆ। ਇਸ ਮੌਕੇ ਡਾ. ਹਰਸ਼ਰਨਜੀਤ ਸਿੰਘ ਜ਼ਿਲ੍ਹਾ ਸਿਖਲਾਈ ਅਫ਼ਸਰ ਹੁਸ਼ਿਆਰਪੁਰ, ਡਾ. ਹਰਮਨਦੀਪ ਸਿੰਘ ਖੇਤੀਬਾੜੀ ਅਫ਼ਸਰ ਬੀਜ, ਹਰਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ (ਬੀਜ), ਇੰਜ: ਲਵਲੀ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਗੜ੍ਹਾ ਨਿਵਾਸੀਆਂ ਨੇ ਰੋਸ ਮਾਰਚ ਕਰਕੇ ਫੂਕਿਆ ਪੰਜਾਬ ਸਰਕਾਰ ਦਾ ਪੁਤਲਾ

**ਜਲੰਧਰ (ਰਾਜੇਸ਼ ਥਾਪਾ)**

ਸਥਾਨਕ ਸ਼ਹਿਰ ਦੇ ਇਲਾਕਾ ਗੜ੍ਹਾ ਦੇ ਨਿਵਾਸੀਆਂ ਨੇ ਇਲਾਕੇ ਦੀ ਇੱਕੋ-ਇੱਕ ਸਰਕਾਰੀ ਸਿਹਤ ਸੰਸਥਾ ‘ਅਰਬਨ ਪ੍ਰਾਇਮਰੀ ਹੈਲਥ ਸੈਂਟਰ’ ਦੇ ਖਾਤਮੇ ਦੀਆਂ ਸਰਕਾਰੀ ਕੁਚਾਲਾਂ ਦੇ ਵਿਰੋਧ ਵਿੱਚ ਕੌਂਸਲਰ ਪ੍ਰਭ ਦਿਆਲ ਭਗਤ ਅਤੇ ਸਾਬਕਾ ਕੌਂਸਲਰਾਂ ਕਮਲਾ ਕਾਲਾ ਤੇ ਕ੍ਰਿਪਾਲ ਪਾਲੀ ਦੀ ਅਗਵਾਈ ਵਿੱਚ ਗਲੀਆਂ-ਬਾਜ਼ਾਰਾਂ ’ਚ ਰੋਹ ਭਰਿਆ ਮੁਜਾਹਰਾ ਕਰਨ ਪਿੱਛੋਂ ਹੈਲਥ ਸੈਂਟਰ ਦੀ ਬਿਲਡਿੰਗ ਸਾਹਵੇਂ ਜ਼ੋਰਦਾਰ ਰੋਸ ਰੈਲੀ ਕਰਕੇ ਸੂਬਾ ਸਰਕਾਰ ਦਾ ਪੁਤਲਾ ਫੂਕਿਆ। ਭਾਰੀ ਗਿਣਤੀ ਇਸਤਰੀਆਂ ਸਮੇਤ ਇਕੱਤਰ ਹੋਏ ਸੈਂਕੜੇ ਲੋਕਾਂ ਨੇ ਆਕਾਸ਼ ਗੁੰਜਾਊ ਨਾਹਰਿਆਂ ਨਾਲ ਸੂਬਾ ਸਰਕਾਰ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਤੋਂ ਵਾਂਝੇ ਕਰਨ ਦੇ ਕੋਝੇ ਇਰਾਦਿਆਂ ਵਿਰੁੱਧ ਤਿੱਖੇ ਰੋਸ ਦਾ ਪ੍ਰਗਟਾਵਾ ਕੀਤਾ। ਰੈਲੀ-ਮੁਜਾਹਰੇ ਵਿੱਚ ਉਚੇਚੇ ਸ਼ਾਮਲ ਹੋਏ ਦਿਹਾਤੀ ਮਜਦੂਰ ਸਭਾ ਦੇ ਸੂਬਾਈ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ, ਬਿਜਲੀ ਕਾਮਿਆਂ ਦੀ ਸਿਰਮੌਰ ਜੱਥੇਬੰਦੀ ਟੈਕਨੀਕਲ ਸਰਵਿਸ ਯੂਨੀਅਨ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਖੰਨਾ, ਪੈਨਸ਼ਨਰਜ ਐਸੋਸੀਏਸ਼ਨ ਦੇ ਸੂਬਾਈ ਆਗੂ ਸ਼ਿਵ ਕੁਮਾਰ ਤਿਵਾੜੀ ਨੇ ਇਲਾਕਾ ਵਾਸੀਆਂ ਦੀ ਵਾਜਬ ਮੰਗ ਅਤੇ ਹੱਕੀ ਘੋਲ ਦਾ ਪੂਰਨ ਸਮਰਥਨ ਕਰਨ ਦਾ ਐਲਾਨ ਕੀਤਾ। ਸੂਬਾਈ ਆਗੂਆਂ ਨੇ ਮੰਗ ਕੀਤੀ



ਕਿ ਪੰਜਾਬ ਸਰਕਾਰ ਇਲਾਕਾ ਨਿਵਾਸੀਆਂ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਰਾਹੀਂ ਭੇਜੇ ਗਏ ਮੰਗ ਪੱਤਰ ਵਿਚਲੀਆਂ ਹੈਲਥ ਸੈਂਟਰ ਨੂੰ ਅਪਗ੍ਰੇਡ ਕਰਨ, ਲੋੜੀਂਦਾ ਅਮਲਾ ਨਿਯੁਕਤ ਕਰਨ ਅਤੇ ਅਤਿ ਆਧੁਨਿਕ ਮਸ਼ੀਨਾਂ ਸਥਾਪਤ ਕਰਨ ਆਦਿ ਮੰਗਾਂ ਮੰਨਣ ਦਾ ਫੌਰੀ ਐਲਾਨ ਕਰੇ ‘ਆਮ ਆਦਮੀ ਮੁਹੱਲਾ ਕਲੀਨਿਕ’ ਖੋਲ੍ਹਣ ਦੇ ਨਾਂਅ ’ਤੇ ਚੰਗੇ-ਭਲੇ ਚਲਦੇ ਹੈਲਥ ਸੈਂਟਰ ਤੋਂ ਲੋਕਾਂ ਨੂੰ ਵਾਂਝੇ ਕਰਨ ਦੇ ਕੋਝੇ ਇਰਾਦਿਆਂ ਤੋਂ ਬਾਜ ਆਵੇ। ਇਸ ਮੌਕੇ ਦਿਹਾਤੀ ਮਜਦੂਰ ਸਭਾ ਦੇ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ, ਸੀਟੀਯੂ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਰਾਮ ਕਿਸ਼ਨ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਛੇਹਰਟਾ, ਔਰਤ ਮੁਕਤੀ ਮੋਰਚਾ ਦੀ ਆਗੂ ਸੁਨੀਤਾ ਨੂਰਪੁਰੀ ਨੇ ਵੀ ਵਿਚਾਰ ਰੱਖੇ।

# ਮਾਨ ਸਰਕਾਰ ਮੁਲਾਜ਼ਮਾਂ ਨਾਲ ਕਰ ਰਹੀ ਧੋਖਾ : ਸੰਤੋਖ ਸਿੰਘ



**ਫਿਲੌਰ (ਨਿਰਮਲ)**- ਕਲਾਸ ਫੋਰ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ ਦੀ ਮੀਟਿੰਗ ਜ਼ਿਲ੍ਹਾ ਜਲੰਧਰ ਦੇ ਬ੍ਰਾਂਚ ਫਿਲੌਰ ਦੇ ਪ੍ਰਧਾਨ ਸੰਤੌਖ ਸਿੰਘ ਦੀ ਅਗਵਾਈ ਹੇਠ ਹੋਈ। ਜਿਸ ਦੌਰਾਨ ਉਨ੍ਹਾਂ ਆਪਣੀਆਂ ਹੱਕੀ ਮੰਗਾਂ ਸਬੰਧੀ ਚਰਚਾ ਕੀਤੀ। ਇਸ ਮੌਕੇ 29 ਜਨਵਰੀ ਨੂੰ ਸੰਗਰੂਰ ਵਿਖੇ ਹੋ ਰਹੀ ਰੈਲੀ ਦੀਆਂ ਤਿਆਰੀਆਂ ਸਬੰਧੀ ਵੀ ਡਿਊਟੀਆਂ ਲਗਾਈਆਂ। ਉਨ੍ਹਾਂ ਸਮੂਹ ਯੂਨੀਅਨ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ 29 ਜਨਵਰੀ ਦੀ ਰੈਲੀ ਲਈ ਸਵੇਰੇ 11 ਵਜੇ ਫਿਲੌਰ ਪਹੁੰਚਣ ਤਾਂ ਜੋਂ ਵੱਡੀ ਗਿਣਤੀ ਵਿਚ ਡੀ.ਸੀ ਦਫਤਰ ਸੰਗਰੂਰ ਰੈਲੀ ਵਿਖੇ ਹੋਣ ਜਾ ਰਹੀ ਰੈਲੀ ’ਚ ਹਿੱਸਾ ਲਿਆ ਜਾਵੇ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਮੁਲਾਜਮਾਂ ਨਾਲ ਧੋਖਾ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਆਪਣੀਆ ਹੱਕੀ ਮੰਗਾਂ ਪੂਰੀਆਂ ਕਰਨ ਲਈ ਵੀ ਕਿਹਾ। ਇਸ ਮੌਕੇ ’ਤੇ ਉਪ ਪ੍ਰਧਾਨ ਮੰਗਤ ਰਾਮ, ਜਨਰਲ ਸਕੱਤਰ ਸੋਢੀ ਰਾਮ, ਸੁਰਿੰਦਰ ਪਾਲ ਚੇਅਰਮੈਨ ਪੀ.ਡਬਲਿਊ.ਡੀ, ਸੁਖਦੀਪ ਸਿੰਘ ਖੇਤੀਬਾੜੀ, ਬਲਰਾਜ ਸਿਵਲ ਹਸਪਤਾਲ, ਸਰਬਜੀਤ ਸਿੰਘ, ਅਮਰਜੀਤ ਸਿੰਘ ਅਤੇ ਹਾਜਰ ਸਨ।

## 16ਵਾਂ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ ਸੰਪਨ

# ਸਰਕਾਰੀ ਮਾਡਲ ਸਕੂਲ ਜਲੰਧਰ ਨੇ ਜਿੱਤਿਆ ਖਿਤਾਬ

**ਜਲੰਧਰ (ਸ਼ੈਲੀ ਅਲਬਰਟ)**

ਸਰਕਾਰੀ ਮਾਡਲ ਸਕੂਲ ਜਲੰਧਰ ਨੇ ਸਰਕਾਰੀ ਮਾਡਲ ਸਕੂਲ ਚੰਡੀਗੜ੍ਹ ਨੂੰ 4-2 ਦੇ ਫਰਕ ਨਾਲ ਹਰਾ ਕੇ 16ਵੇਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ (ਅੰਡਰ 19) ਦਾ ਖਿਤਾਬ ਜਿੱਤ ਲਿਆ। ਜਦਕਿ ਸ਼ਹੀਦ ਉਧਮ ਸਿੰਘ ਸਕੂਲ ਤਰਨ ਤਾਰਨ ਨੇ ਤਜਿਾ, ਕਿਸ਼ਤਿਜ ਹਾਈ ਸਕੂਲ ਜਮਸ਼ੇਦਪੁਰ ਨੇ ਚੋਥਾ ਸਥਾਨ ਹਾਸਲ ਕੀਤਾ। ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਜਸਟਿਸ ਹਰਮਿੰਦਰ ਸਿੰਘ ਮਦਾਨ ਨੇ ਕੀਤੀ ਜਦਕਿ ਸੁਧੀਰ ਰੀਲਨ (ਜੀਐਮ ਇੰਡੀਅਨ ਪੋਟਾਸ਼ ਲਿਮਿਟੇਡ) ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਜੇਤੂ ਟੀਮ ਨੂੰ ਇਕ ਲੱਖ 50 ਹਜ਼ਾਰ ਰੁਪਏ ਅਤੇ ਮਾਤਾ ਪ੍ਰਕਾਸ਼ ਕੌਰ ਕੱਪ ਨਾਲ ਸਨਮਾਨਿਆ ਗਿਆ। ਜਦਕਿ ਉਪ ਜੇਤੂ ਟੀਮ ਨੂੰ ਇਕ ਲੱਖ ਰੁਪਏ ਨਕਦ ਅਤੇ ਟਰਾਫੀ ਨਾਲ ਸਨਮਾਨਿਆ ਗਿਆ। ਤੀਜੇ ਸਥਾਨ ’ਤੇ ਰਹਿਣ ਵਾਲੀ ਟੀਮ ਨੂੰ 80 ਹਜ਼ਾਰ ਰੁਪਏ ਨਕਦ ਅਤੇ ਚੌਥੇ ਸਥਾਨ ’ਤੇ ਰਹਿਣ ਵਾਲੀ ਟੀਮ ਨੂੰ 60 ਹਜ਼ਾਰ ਰੁਪਏ ਨਕਦ ਦਿੱਤੇ ਗਏ। ਟੂਰਨਾਮੈਂਟ ਕਮੇਟੀ ਵਲੋਂ ਸਰਕਾਰੀ ਮਾਡਲ ਸਕੂਲ ਜਲੰਧਰ ਦੇ ਮਨਮੀਤ ਸਿੰਘ ਨੂੰ ਟੂਰਨਾਮੈਂਟ ਦਾ ਉਭਰਦਾ ਖਿਡਾਰੀ ਐਲਾਨਿਆ ਜਦਕਿ ਇਸੇ ਸਕੂਲ ਦੇ ਦਿਲਰਾਜ ਸਿੰਘ ਨੂੰ ਟੂਰਨਾਮੈਂਟ ਦਾ ਸਰਵੋਤਮ ਸਕੋਰਰ ਐਲਾਨਿਆ ਗਿਆ। ਸ਼ਹੀਦ ਉਧਮ ਸਿੰਘ ਸਕੂਲ ਤਰਨਤਾਰਨ ਦੇ ਏਕਮਪ੍ਰੀਤ ਸਿੰਘ ਨੂੰ ਸਰਵੋਤਮ ਗੋਲਕੀਪਰ, ਸਰਕਾਰੀ ਮਾਡਲ ਸਕੂਲ ਚੰਡੀਗੜ੍ਹ ਦੇ ਪਰਮਵੀਰ ਸਿਮਘ ਨੂੰ ਸਰਵੋਤਮ ਫੁਲ ਬੈਕ, ਕਿਸ਼ਤਿਜ ਹਾਈ ਸਕੂਲ ਜਮਸ਼ੇਦਪੁਰ ਦੇ ਅਸਿਮ ਇੱਕਾ ਨੂੰ ਸਰਵੋਤਮ ਹਾਫ ਬੈਕ ਅਤੇ ਸਰਕਾਰੀ ਮਾਡਲ ਸਕੂਲ ਚੰਡੀਗੜ੍ਹ ਦੇ ਸੁਰਿੰਦਰ ਸਿੰਘ ਨੂੰ ਸਰਵੋਤਮ ਫਾਰਵਰਡ ਐਲਾਨਿਆ ਗਿਆ।



ਇਨ੍ਹਾਂ ਸਾਰਿਆਂ ਨੂੰ ਦਸ-ਦਸ ਹਜ਼ਾਰ ਰੁਪਏ ਨਕਦ ਅਤੇ ਟਰਾਫੀਆਂ ਨਾਲ ਸਨਮਾਨਿਆ ਗਿਆ। ਕਿਸ਼ਤਿਜ਼ ਹਾਈ ਸਕੂਲ ਜਮਸ਼ੇਦਪੁਰ ਨੂੰ ਫੇਅਰ ਪਲੇਅ ਟਰਾਫੀ ਨਾਲ ਸਨਮਾਨਿਆ ਗਿਆ। ਫਾਇਨਲ ਮੁਕਾਬਲੇ ਵਿੱਚ ਸਰਕਾਰੀ ਮਾਡਲ ਸਕੂਲ ਜਲੰਧਰ ਦੀਆਂ ਟੀਮ ਨੇ ਖੇਡ ਦੇ ਸ਼ੁਰੂ ਤੋਂ ਹੀ ਖੇਡ ਤੇ ਦਬਦਬਾ ਬਣਾਇਆ। ਖੇਡ ਦੇ 6ਵੇਂ ਮਿੰਟ ਵਿੱਚ ਜਲੰਧਰ ਦੇ ਅਰਸ਼ਦੀਪ ਨੇ ਗੋਲ ਕਰਕੇ ਖਾਤਾ ਖੋਲ੍ਹਿਆ। 17ਵੇਂ ਮਿੰਟ ਵਿੱਚ ਚੰਡੀਗੜ੍ਹ ਦੇ ਪਰਮਵੀਰ ਸਿੰਘ ਨੇ ਗੋਲ ਕਰਕੇ ਬਰਾਬਰੀ ਕੀਤੀ। ਜਲੰਧਰ ਦੇ ਦਿਲਰਾਜ ਸਿੰਘ ਨੇ ਅਗਲੇ ਹੀ ਮਿੰਟ ਗੋਲ ਕਰਕੇ ਸਕੋਰ 2-1 ਕੀਤਾ। ਖੇਡ ਦੇ 36ਵੇਂ ਮਿੰਟ ਵਿੱਚ ਜਲੰਧਰ ਰਜਿੰਦਰ ਸਿੰਘ ਨੇ ਗੋਲ ਕਰਕੇ ਸਕੋਰ 3-1 ਕੀਤਾ। 48ਵੇਂ ਮਿੰਟ ਵਿੱਚ ਜਲੰਧਰ ਦੇ ਜਸਵਿੰਦਰ ਸਿੰਘ ਨੇ ਗੋਲ ਕਰਕੇ ਸਕੋਰ 4-1 ਕੀਤਾ। ਖੇਡ ਦੇ 50ਵੇਂ ਮਿੰਟ ਵਿੱਚ ਚੰਡੀਗੜ੍ਹ ਦੇ ਦੀਪਕ ਕੁਮਾਰ ਨੇ ਗੋਲ ਕਰਕੇ ਸਕੋਰ 2-4 ਕੀਤਾ। ਫਾਇਨਲ ਮੈਚ ਤੋਂ ਪਹਿਲਾਂ ਮਾਸਟਰਜ਼ ਟੀਮ ਨੇ ਲੜਕੀਆਂ ਦੀ ਟੀਮ ਨੂੰ 2-0 ਨਾਲ ਹਰਾ ਕੇ ਨੁਮਾਇਸ਼ੀ ਮੈਚ ਜਿੱਤਿਆ। ਇਸ ਮੈਚ ਤੋਂ ਪਹਿਲਾਂ ਖੇਡੇ ਗਏ ਤੀਸਰੇ ਚੌਥੇ ਸਥਾਨ ਲਈ ਮੈਚ ਵਿੱਚ ਸ਼ਹੀਦ ਉਧਮ ਸਿੰਘ ਸਕੂਲ ਤਰਨ ਤਾਰਨ ਨੇ ਕਿਸ਼ਤਿਜ਼ ਸਕੂਲ ਜਮਸ਼ੇਦਪੁਰ ਨੂੰ ਪਨੈਲਟੀ ਸ਼ੂਟ ਆਊਟ ਰਾਂਹੀ 4-2 ਨਾਲ ਹਰਾ ਕੇ ਤੀਜ ਸਥਾਨ ਹਾਸਲ ਕੀਤਾ। ਫਾਇਨਲ ਮੈਚ ਦੇ ਮੁੱਖ ਮਹਿਮਾਨ ਜਸਟਿਸ ਹਰਮਿੰਦਰ ਸਿੰਘ ਮਾਦਨ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ। ਇਸ ਮੌਕੇ ’ਤੇ ਰਾਜਬੀਰ ਕੌਰ, ਡਾ. ਬਲਜੀਤ ਕੌਰ, ਹਰਭਜਨ ਸਿੰਘ ਕਪੂਰ, ਮਨਜੀਤ ਸਿੰਘ ਕਪੂਰ, ਹਰਦੀਪ ਸਿੰਘ ਕਪੂਰ, ਤੀਰਥ ਸਿੰਘ ਕਪੂਰ, ਗੁਨਦੀਪ ਸਿੰਘ ਕਪੂਰ, ਦੀਪਇੰਦਰ ਸਿੰਘ, ਕਿਰਤ ਸਿੰਘ, ਗੁਰਪ੍ਰੀਤ ਸਿੰਘ, ਅਜਿੰਦਰਪਾਲ ਸਿੰਘ, ਉਲੰਪੀਅਨ ਹਰਪ੍ਰੀਤ ਸਿੰਘ ਮੰਡੇਰ, ਜਗਦੀਪ ਸਿੰਘ ਗਿੱਲ, ਇਕਬਾਲ ਸਿੰਘ ਸੰਧੂ, ਉਲੰਪੀਅਨ ਰਜਿੰਦਰ ਸਿੰਘ, ਉਲੰਪੀਅਨ ਸੰਜੀਵ ਕੁਮਾਰ, ਰਿਪੁਦਮਨ ਕੁਮਾਰ ਸਿੰਘ, ਜੀ ਐਸ ਸੰਘਾ, ਨਵਤੇਜ ਸਿੰਘ ਤੇਜਾ (ਆਸਟਰੇਲੀਆ), ਤੇਜਾ ਸਿੰਘ, ਕ੍ਰਿਪਾਲ ਸਿੰਘ ਮਠਾਰੂ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।

# ‘ਪਰੀਕਸ਼ਾ ’ਤੇ ਚਰਚਾ’ ਤਹਿਤ ਕਰਵਾਇਆ ਪੇਂਟਿੰਗ ਮੁਕਾਬਲਾ

**ਕਰਤਾਰਪੁਰ (ਹਰਮੇਸ਼ ਦੱਤ)**

ਭਾਜਪਾ ਸਰਕਲ ਕਰਤਾਰਪੁਰ ਦੇ ਪ੍ਰਧਾਨ ਸ਼ੈਲੀ ਮਹਾਜਨ ਅਤੇ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਰਾਮਗੜ੍ਹੀਆ ਕੋ ਐਡ. ਸਕੂਲ ਕਰਤਾਰਪੁਰ ਵਲੋਂ ਕੇਂਦਰ ਸਰਕਾਰ ਦੇ “ਪਰੀਕਸ਼ਾ ਤੇ ਚਰਚਾ” ਪ੍ਰੋਗਰਾਮ ਤਹਿਤਰ ਡਰਾਇੰਗ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਕਰਤਾਰਪੁਰ ਦੇ ਵੱਖ-ਵੱਖ 16 ਸਕੂਲਾਂ ਦੇ 9ਵੀਂ ਤੋਂ 12ਵੀਂ ਜਮਾਤ ਤੱਕ ਦੇ 55 ਪੇਂਟਿੰਗ ਹੁਨਰਮੰਦ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਭਾਜਪਾ ਜ਼ਿਲ੍ਹਾ ਜਲੰਧਰ ਦਿਹਾਤੀ ਪ੍ਰਧਾਨ ਅਮਰਜੀਤ ਸਿੰਘ ਅਮਰੀ ਅਤੇ ਜ਼ਿਲ੍ਹਾ ਸਕੱਤਰ ਐਡਵੋਕੇਟ ਕ੍ਰਿਸ਼ਨ ਕੁਮਾਰ ਸ਼ਰਮਾ ਵਿਸ਼ੇਸ਼ ਤੌਰ ’ਤੇ ਪਹੁੰਚੇ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਸਾਰੇ ਪ੍ਰਤੀਯੋਗੀਆਂ ਦਾ ਆਤਮ ਵਿਸ਼ਵਾਸ ਵਧਾਉਣ ਲਈ ਨੁਕਤੇ ਦੱਸੇ ਅਤੇ ਸਮੂਹ ਸਕੂਲਾਂ ਖਾਸ ਕਰਕੇ ਰਾਮਗੜ੍ਹੀਆ ਕੋ ਐਡ. ਸਕੂਲ ਕਰਤਾਰਪੁਰ ਦੀ ਪ੍ਰਬੰਧਕ ਕਮੇਟੀ ਦਾ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੁਕਾਬਲੇ ਦੇ ਜੱਜ ਮੰਜਿਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਬੱਚਿਆਂ ਨੂੰ ਪੇਂਟਿੰਗ ਦੇ ਟਿਪਸ ਦਿੱਤੇ। ਪਹਿਲਾਂ ਸਾਰੇ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਅਤੇ ਉਸ ਤੋਂ ਬਾਅਦ ਸਵੇਰੇ 11:00 ਵਜੇ ਮੁਕਾਬਲਾ ਸ਼ੁਰੂ ਹੋਇਆ ਜਿਸ ਵਿੱਚ ਪ੍ਰਸਿੱਧ ਚਿੱਤਰਕਾਰ ਮੰਜਿਲ ਸਿੰਘ ਨੇ ਵਿਦਿਆਰਥੀਆਂ ਨੂੰ ਚਿੱਤਰਕਾਰੀ ਕਰਨ ਲਈ “ਪ੍ਰੀਖਿਆ ਅਤੇ ਪ੍ਰੀਖਿਆ ਦਾ ਤਣਾਅ” ਸਿਰਲੇਖ ਹੇਠ ਚਿਤਰ ਬਣਾਉਣ ਲਈ ਦਿੱਤਾ । ਵਿਦਿਆਰਥੀਆਂ ਵੱਲੋਂ ਆਪਣੀ ਸਿਰਜਣਾਤਮਕਤਾ ਦੀ ਵਰਤੋਂ ਕਰਦਿਆਂ ਕੈਨਵਸ ’ਤੇ ਪੇਂਟਿੰਗ ਬਣਾਏ ਗਏ, ਜਿਸ ਵਿੱਚ ਸੇਂਟ ਸੋਲਜਰ ਸਕੂਲ ਕਰਤਾਰਪੁਰ ਦੀ ਵਿਦਿਆਰਥਣ



ਕਮਲ ਕੌਰ ਪਹਿਲੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਤਾਰਪੁਰ ਦੀ ਵਿਦਿਆਰਥਣ ਗੁਰਜੀਤ ਕੌਰ ਦੂਜੇ ਅਤੇ ਜਾਹਨਵੀ ਸੋਂਧੀ ਆਰੀਆ ਮਾਡਲ ਸਕੂਲ ਕਰਤਾਰਪੁਰ ਦੀ ਵਿਦਿਆਰਥਣ ਨੇ ਤੀਜਾ ਸਥਾਨ ਹਾਸਿਲ ਕੀਤਾ। ਸਾਰੇ ਜੇਤੂਆਂ ਨੂੰ ਕੇਂਦਰ ਸਰਕਾਰ ਵੱਲੋਂ ਜਾਰੀ ਸਰਟੀਫਿਕੇਟ ਅਤੇ ਸ਼ੀਲਡ ਦਿੱਤੇ ਗਏ। ਇਸ ਮੌਕੇ ਭਾਜਪਾ ਜ਼ਿਲ੍ਹਾ ਸਕੱਤਰ ਐਡਵੋਕੇਟ ਕ੍ਰਿਸ਼ਨ ਕੁਮਾਰ, ਨਰਿੰਦਰ ਸਿਲੀ, ਪਵਨ ਠਾਕੁਰ, ਅਮਨ ਸ਼ਰਮਾ, ਅਜੀਤਪਾਲ ਸਿੰਘ ਨੰਦਰਾ, ਸਤੀਸ਼ ਮਲਹੋਤਰਾ, ਨਰਿੰਦਰ ਸਿੰਘ, ਸੁਦਰਸ਼ਨ ਗੁੱਡੂ, ਭੀਮ ਕੁਮਾਰ, ਚਿੰਤ ਕੁਮਾਰ, ਸੋਮ ਲਾਲ ਪਾਲ, ਤਿਲਕ ਰਾਜ, ਸੰਦੀਪ, ਅੰਮ੍ਰਿਤ ਮੱਲ੍ਹਣ, ਧਰਮਵੀਰ ਮੰਨਣ, ਮਹਿਲਾ ਮੋਰਚਾ ਪ੍ਰਧਾਨ ਜਸਵਿੰਦਰ ਕੌਰ, ਜੋਤੀ ਬਾਲਾ ਆਦਿ ਹਾਜਰ ਸਨ। ਸਕੂਲਾਂ ਵਲੋਂ ਜੁਝਾਰ ਸਿੰਘ ਸੱਗੂ, ਅਮਰਜੀਤ ਸਿੰਘ ਭੰਵਰਾ, ਨੀਰੂ ਸੈਣੀ, ਵਿਨੋਦ ਸੈਣੀ, ਮਨਮੋਹਨ ਸ਼ਰਮਾ, ਅਨਹਦ ਪੁਰੀ ਆਦਿ ਹਾਜਰ ਸਨ।

# ਜੀ ਡੀ ਗੋਇਨਕਾ ਸਕੂਲ ’ਚ ਇੰਟਰ ਹਾਊਸ ਬੈਡਮਿੰਟਨ ਟੂਰਨਾਮੈਂਟ



**ਕਪੂਰਥਲਾ, (ਹਨੀ)**

ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਵਿਖੇ ਇੰਟਰ ਹਾਊਸ ਬੇਡਮਿੰਟਨ ਟੂਰਨਾਮੈਂਟ ਕਰਵਾਇਆ ਗਿਆ। ਇਸ ਦੌਰਾਨ ਸਕੂਲ ਦੇ ਹਾਊਸਾਂ ਦਰਮਿਆਨ ਸਖਤ ਮੁਕਾਬਲੇ ਦੇਖਣ ਨੂੰ ਮਿਲੇ। ਪਹਿਲਾ ਮੈਚ (ਸਿੰਗਲ) ਸਵਾਮੀ ਵਿਵੇਕਾਨੰਦ ਹਾਊਸ ਅਤੇ ਰਾਧਾ ਕ੍ਰਿਸ਼ਨ ਹਾਊਸ ਵਿਚਕਾਰ ਹੋਇਆ, ਜਿਸ ’ਚ ਸਵਾਮੀ ਵਿਵੇਕਾਨੰਦ ਹਾਊਸ ਜੇਤੂ ਰਿਹਾ। ਦੂਜਾ ਮੈਚ ਮਦਰ ਟੈਰੇਸਾ ਹਾਊਸ ਅਤੇ ਰਾਬਿੰਦਰਨਾਥ ਹਾਊਸ ਵਿਚ ਕਰਵਾਇਆ ਗਿਆ, ਜਿਸ ਵਿਚ ਮਦਰ ਟੈਰੇਸਾ ਹਾਊਸ ਜੇਤੂ ਰਿਹਾ। ਉਪਰੰਤ ਸੈਮੀਫਾਈਨਲ ਵਿੱਚ ਪਹੁੰਚਣ ਵਾਲੀਆਂ ਟੀਮਾਂ ਦਾ ਫਾਈਨਲ ਮੁਕਾਬਲਾ ਕਰਵਾਇਆ ਗਿਆ। ਸਥਾਨ ਸਵਾਮੀ ਵਿਵੇਕਾਨੰਦ ਹਾਊਸ ਟੂਰਨਾਮੈਂਟ ਦਾ ਜੇਤੂ ਰਿਹਾ। ਮਦਰ ਟੈਰੇਸਾ ਉਪਜੇਤੂ ਅਤੇ ਰਾਬਿੰਦਰਨਾਥ ਟੈਗੋਰ ਹਾਊਸ ਤੀਜਾ ਸਥਾਨ ਹਾਸਲ ਕਰਨ ’ਚ ਸਫਲ ਰਿਹਾ। ਡਬਲਜ਼ ਦੇ ਮੁਕਾਬਲੇ ’ਚ ਮਦਰ ਟੈਰੇਸਾ ਹਾਊਸ ਜੇਤੂ ਅਤੇ ਰਾਬਿੰਦਰਨਾਥ ਟੈਗੋਰ ਹਾਊਸ ਉਪਜੇਤੂ ਰਿਹਾ। ਇਸ ਤੋਂ ਇਲਾਵਾ ਲੜਕੀਆਂ ਦਾ ਮੈਚ ਵੀ ਕਰਵਾਇਆ ਗਿਆ। ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ, ਪਰਮਿੰਦਰ ਕੌਰ ਸਕੱਤਰ ਅਤੇ ਪ੍ਰਿੰਸੀਪਲ ਕੰਵਲਜੀਤ ਕੌਰ ਨੇ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਬੋਲਦਿਆਂ ਸੁਖਦੇਵ ਸਿੰਘ ਨਾਨਕਪੁਰ ਨੇ ਜੇਤੂ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ, ਉਨ੍ਹਾਂ ਦੀ ਹੌਸਲਾ ਅਫਜਾਈ ਕੀਤੀ।

# ਗਣਤੰਤਰਤਾ ਦਿਵਸ ਦੇ ਮੱਦੇਨਜ਼ਰ ਪੁਲਸ ਮੁਸਤੈਦ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਗਣਤੰਤਰਤਾ ਦਿਵਸ ਦੇ ਸਬੰਧ ਵਿਚ ਸ੍ਰੀ ਚਮਕੌਰ ਸਾਹਿਬ ਦੀ ਪੁਲਸ ਵਲੋਂ ਚੌਕਸੀ ਵਰਤੀ ਜਾ ਰਹੀ ਹੈ। ਇਸ ਸਬੰਧੀ ਸਥਾਨਕ ਐਸ. ਐੱਚ. ਓ ਨੇ ਦੱਸਿਆ ਕਿ ਜਨਤਕ ਥਾਵਾਂ ਜਿਵੇਂ ਕਿ ਬੱਸ ਸਟੈਂਡ, ਸਕੂਲ, ਕਾਲਜ, ਬੈਕਾਂ ਤੋਂ ਇਲਾਵਾ ਵੱਖ ਵੱਖ ਕਸਬਿਆਂ ਅਤੇ ਚੌਕਾਂ ਵਿਚ ਚੈਕਿੰਗ ਕੀਤੀ ਜਾ ਰਹੀ ਹੈ। ਬੱਸਾਂ ਅਤੇ ਹੋਰ ਵਾਹਨਾਂ ਦੀ ਵੀ ਵਿਸ਼ੇਸ਼ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਪੁਲਸ ਦੇ ਗੁਪਤਚਰ ਵੀ



ਚੱਪੇ ਚੱਪੇ ’ਤੇ ਛਾਏ ਹੋਏ ਹਨ। ਇਸ ਤੋਂ ਇਲਾਵਾ ਪਿੰਡਾਂ ਵਿਚ ਅਤੇ ਪਿੰਡਾਂ ਨੂੰ ਜਾਣ ਵਾਲੇ ਰਸਤਿਆਂ ’ਤੇ ਅਚਨਚੇਤ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਕੋਈ ਵੀ ਲਵਾਰਿਸ ਵਸਤੂ ਪਈ ਕਿਤੇ ਵੀ ਦਿਖੇ ਤਾਂ ਉਸ ਨੂੰ ਛੁਹਿਆ ਨਾ ਜਾਵੇ ਤਰੁੰਤ ਪੁਲਸ ਨੂੰ ਸੂਚਿਤ ਕੀਤਾ ਜਾਵ

# ਧਾਰਮਿਕ, ਸਮਾਜਿਕ ਤੇ ਸਿਆਸੀ ਸ਼ਖ਼ਸੀਅਤਾਂ ਵੱਲੋਂ ਡਾ. ਰਾਜ ਦੇ ਪਿਤਾ ਦਰਸ਼ਨ ਸਿੰਘ ਨੂੰ ਸ਼ਰਧਾਂਜਲੀਆਂ

**ਹੁਸ਼ਿਆਰਪੁਰ (ਓ ਪੀ ਰਾਣਾ )**

ਹਲਕਾ ਚੱਬੇਵਾਲ ਦੇ ਵਿਧਾਇਕ ਅਤੇ ਵਿਧਾਨਸਭਾ ’ਚ ਸੀ ਐਲ ਪੀ ਉਪਨੇਤਾ ਡਾ. ਰਾਜ ਕੁਮਾਰ ਅਤੇ ਡਾ. ਜਤਿੰਦਰ ਕੁਮਾਰ ਦੇ ਪਿਤਾ ਦਰਸ਼ਨ ਸਿੰਘ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਉਨ੍ਹਾਂ ਦੇ ਜੱਦੀ ਪਿੰਡ ਮਾਂਝੀ ਵਿਖੇ ਗੁਰਦੁਆਰਾ ਸਾਹਿਬ ਵਿਚ ਰਖੇ ਪਾਠ ਦੇ ਭੋਗ ਤੋਂ ਉਪਰੰਤ ਰਾਗੀ ਜਥੇ ਵੱਲੋਂ ਬੈਰਾਗਮਈ ਕੀਰਤਨ ਰਾਹੀਂ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਅਤੇ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਤੇ ਸੰਸਥਾਵਾਂ ਦੇ ਪੱਤਵੰਤੇ ਸੱਜਣਾ ਨੇ ਡਾ. ਰਾਜ ਅਤੇ ਡਾ. ਜਤਿੰਦਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਆਤਮਾ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ। ਇਸ ਮੌਕੇ ਬੁਲਾਰਿਆਂ ਨੇ ਸਵ. ਦਰਸ਼ਨ ਸਿੰਘ ਵੱਲੋਂ ਸਖਤ ਮਿਹਨਤ ਅਤੇ ਸਾਦਗੀ ਦਾ ਜੀਵਨ ਜਿਉਂਦਿਆਂ ਆਪਣੇ ਸਪੁੱਤਰ ਡਾ. ਰਾਜ ਕੁਮਾਰ, ਡਾ. ਜਤਿੰਦਰ ਕੁਮਾਰ ਅਤੇ ਆਪਣੀਆਂ ਧੀਆਂ ਨੂੰ ਚੰਗੀ ਸਿੱਖਿਆ ਪ੍ਰਦਾਨ ਕਰਾਕੇ ਸਫਲ ਤੇ ਅਗਾਂਹਵਧੂ ਇਨਸਾਨ ਬਣਾ ਕੇ ਦੇਸ਼, ਸਮਾਜ ਦੀ ਸੇਵਾ ਕਰਨ ਲਈ ਪੈਦਾ ਕੀਤੇ ਜਜ਼ਬੇ ਦੀ ਸਰਾਹਨਾ ਕੀਤੀ। ਇਸ ਮੌਕੇ ਸੰਤਾਂ, ਮਹਾਂਪੁਰਸ਼ਾਂ ਅਤੇ ਰਾਜਨੀਨਕ ਆਗੂਆਂ ਵਲੋਂ ਸਵ.ਦਰਸ਼ਨ ਸਿੰਘ ਦੇ ਧਰਮ ਸੁਪਤਨੀ ਅਤੇ ਸਪੁੱਤਰ ਡਾ. ਰਾਜ ਕੁਮਾਰ, ਡਾ. ਜਤਿੰਦਰ ਕੁਮਾਰ ਨੂੰ ਸਿਰਪਾਓ ਭੇਟ ਕੀਤੇ। ਅੰਤਿਮ ਅਰਦਾਸ ਮੌਕੇ ਸੰਤ ਹਰਮਨਜੀਤ ਸਿੰਘ, ਸੰਤ ਬਲਬੀਰ ਸਿੰਘ, ਸੰਤ ਕਸ਼ਮੀਰ ਸਿੰਘ, ਸੰਤ ਮਹਾਵੀਰ ਸਿੰਘ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ, ਸੰਤ ਅਮਰੀਕ ਸਿੰਘ ਤੋਂ ਇਲਾਵਾ ਸੀਐਲਪੀ ਨੇਤਾ ਪ੍ਰਤਾਪ ਬਾਜਵਾ, ਕੈਬਨਿਟ ਮੰਤਰੀ ਬ੍ਰਹਮਸ਼ੰਕਰ ਜਿੰਪਾ, ਡਿਪਟੀ ਸਪੀਕਰ ਜੈਕਿਸ਼ਨ ਰੋੜੀ, ਡਾ. ਅਮਰ ਸਿੰਘ, ਅਮਰਿਤਾ ਬੜਿੰਗ, ਮਹਿੰਦਰ ਸਿੰਘ ਕੇਪੀ, ਡਾ. ਅਜੈ ਬੱਗਾ, ਸ਼ਮਸ਼ੇਰ ਸਿੰਘ ਦੂਲੋ, ਦਲਜੀਤ ਸਿੰਘ ਸਹੋਤਾ, ਵਿਧਾਇਕ ਨਰੇਸ਼ ਪੁਰੀ ਸੁਜਾਨਪੁਰ, ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਆਦਮਪੁਰ, ਵਿਧਾਇਕ ਹਰਦੇਵ ਲਾਡੀ ਸ਼ੇਰੋਵਾਲੀਆ, ਅਵਿਨਾਸ਼ ਰਾਏ ਖੰਨਾ, ਸਾਬਕਾ ਵਿਧਾਇਕ ਪਵਨ ਆਦੀਆ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਜਿਲਾ ਕਾਂਗਰਸ ਪ੍ਰਧਾਨ ਅਰੁਣ ਡੋਗਰਾ ਮਿੱਕੀ, ਰਣਵੀਰ ਸਿੰਘ ਡਾਇਰੈਕਟਰ ਜੀਐਨਏ, ਸਾਬਕਾ ਵਿਧਾਇਕ ਇੰਦੂ ਬਾਲਾ, ਸਾਹਿਲ ਸਾਂਪਲਾ, ਸਾਬਕਾ ਵਿਧਾਇਕ ਸੁਸ਼ੀਲ ਰਿੰਕੂ, ਟੀਨਾ ਚੌਧਰੀ, ਭਾਰਤ ਭੂਸ਼ਣ ਵਰਮਾ,ਐਡਵੋਕੇਟ ਰੋਹਿਤ ਜੋਸ਼ੀ, ਮਹਿੰਦਰ ਸਿੰਘ ਮੱਲ, ਸੁਰਿੰਦਰ ਸਿੱਧੂ ਆਦਿ ਨੇ ਹਾਜ਼ਰੀ ਭਰੀ ਅਤੇ ਡਾ. ਰਾਜ ਨਾਲ ਦੁੱਖ ਸਾਂਝਾ ਕੀਤਾ।

